24-NOV-PAGE-1.qxd 11/23/2025 9:09 PM Page 1

ਸੋਮਵਾਰ, 24 ਨਵੰਬਰ, 2025
9 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 174

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 24 NOVEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਸਰਬ ਧਰਮ ਸੰਮੇਲਨ ਵਿੱਚ ਨੌਵੇਂ ਪਾਤਸ਼ਾਹ ਨੂੰ ਸ਼ਰਧਾ ਤੇ ਸਤਿਕਾਰ ਭੇਟ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**
ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ 'ਸਰਬ ਧਰਮ ਸੰਮੇਲਨ' ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਐਤਵਾਰ ਵਿਸ਼ਵ ਭਰ ਦੇ ਸਤਿਕਾਰਤ ਧਾਰਮਕ ਆਗੂਆਂ ਨਾਲ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।ਵੱਡੀ ਗਿਣਤੀ ਵਿੱਚ ਸੰਗਤ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਪੂਰੇ ਇਤਿਹਾਸ ਵਿੱਚ ਸ਼ਾਇਦ ਹੀ ਕੋਈ ਅਜਿਹੀ ਮਿਸਾਲ ਮਿਲਦੀ ਹੋਵੇ, ਜਦੋਂ ਦੂਜਿਆਂ ਦੇ ਧਰਮ ਨੂੰ ਬਚਾਉਣ ਲਈ ਸ਼ਹਾਦਤ ਦਿੱਤੀ ਗਈ ਹੋਵੇ। ਉਨ੍ਹਾ ਕਿਹਾ ਕਿ ਗੁਰੂ ਸਾਹਿਬ ਨੇ ਧਾਰਮਕ ਆਜ਼ਾਦੀ ਦੀ ਰਾਖੀ ਕਰਦਿਆਂ ਮਹਾਨ ਬਲੀਦਾਨ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹਮੇਸ਼ਾ ਸਾਰੇ ਧਰਮਾਂ ਲਈ ਸਤਿਕਾਰ ਬਣਾਈ ਰੱਖਣ ਅਤੇ ਸੂਬੇ ਵਿੱਚ ਸ਼ਾਂਤੀ, ਸਦਭਾਵਨਾ ਤੇ ਭਾਈਚਾਰਕ ਏਕਤਾ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਰਹੀ ਹੈ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਨੇ ਮਨੁੱਖਤਾ ਤੇ ਧਾਰਮਕ ਅਧਿਕਾਰਾਂ ਦੀ ਰਾਖੀ ਲਈ ਮਹਾਨ ਕੁਰਬਾਨੀ ਦੇ ਕੇ ਦੁਨੀਆ ਲਈ ਮਿਸਾਲ ਕਾਇਮ ਕੀਤੀ।ਉਹਨਾ ਕਿਹਾ ਕਿ ਇਹ ਸਮਾਗਮ ਆਉਣ ਵਾਲੇ ਸਮੇਂ ਵਿੱਚ ਵੀ ਜਾਰੀ ਰਹਿਣਗੇ। ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਹਰ ਸਾਲ ਸਮਾਗਮ ਕਰਵਾਏ ਜਾਣਗੇ।

## ਸ੍ਰੀ ਗ੍ਰੰਥ ਸਾਹਿਬ ਦਾ ਸਾਂਝੀਵਾਲਤਾ ਦਾ ਸੰਦੇਸ਼ ਮਨੁੱਖਤਾ ਲਈ ਚਾਨਣ-ਮੁਨਾਰਾ : ਮਾਨ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਲੜੀਵਾਰ ਸਮਾਗਮਾਂ ਤਹਿਤ ਐਤਵਾਰ ਇੱਥੇ ਗੁਰਦੁਆਰਾ ਬਾਬਾ ਬੁੱਢਾ ਦਲ ਛਾਉਣੀ ਵਿਖੇ ਗੁਰਮਰਿਆਦਾ ਅਨੁਸਾਰ ਸ੍ਰੀ ਅਖੰਡ ਸਾਹਿਬ ਦੀ ਆਰੰਭਤਾ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅਕਾਲ ਪੁਰਖ ਦਾ ਅਸ਼ੀਰਵਾਦ ਲਿਆ ਅਤੇ ਸੰਗਤ ਨਾਲ ਸਰਬੱਤ ਦੇ ਭਲੇ ਦੀ ਅਰਦਾਸ ਵਿੱਚ ਸ਼ਾਮਲ ਹੋਏ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਤ ਸਮਾਗਮਾਂ ਦੀ ਨਿਰਵਿਘਨ ਸੰਪੂਰਨਤਾ ਲਈ ਅਸ਼ੀਰਵਾਦ ਲਿਆ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਅਮਨ-ਸ਼ਾਂਤੀ ਅਤੇ ਸਾਂਝੀਵਾਲਤਾ ਦਾ ਸੰਦੇਸ਼ ਸਮੁੱਚੀ ਮਨੁੱਖਤਾ ਲਈ ਚਾਨਣ-ਮੁਨਾਰਾ ਹੈ। ਉਨ੍ਹਾ ਕਿਹਾ ਕਿ ਸਾਡੇ ਮਹਾਨ ਸਿੱਖ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ। ਮਾਨ ਨੇ ਲੋਕਾਂ ਨੂੰ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਧਰਮ ਨਿਰਪੱਖਤਾ, ਮਾਨਵਤਾਵਾਦ ਅਤੇ ਆਤਮ ਬਲੀਦਾਨ ਦੀ ਭਾਵਨਾ ਦੇ ਉੱਚ ਆਦਰਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ।

# ਨਵੀਂ ਸਾਜ਼ਿਸ਼ ਖਿਲਾਫ ਪੰਜਾਬ 'ਚ ਉਬਾਲ

### ਸਰਕਾਰ ਸਰਬ ਪਾਰਟੀ ਮੀਟਿੰਗ ਸੱਦ ਕੇ ਸਾਰੇ ਪੰਜਾਬ ਨੂੰ ਲਾਮਬੰਦ ਕਰੇ : ਸੀ ਪੀ ਆਈ, ਸੜਕ ਤੋਂ ਸੰਸਦ ਤੱਕ ਵਿਰੋਧ ਕਰਾਂਗੇ : ਆਪ

**ਚੰਡੀਗੜ੍ਹ** : ਕੇਂਦਰ ਸਰਕਾਰ ਵੱਲੋਂ ਸੰਸਦ ਦੇ ਆਗਾਮੀ ਸਰਦ ਰੁੱਤ ਅਜਲਾਸ ਦੌਰਾਨ ਸੰਵਿਧਾਨ (131ਵੀਂ ਸੋਧ) ਬਿੱਲ 2025 ਰਾਹੀਂ ਚੰਡੀਗੜ੍ਹ ਨੂੰ ਸਥਾਈ ਤੌਰ 'ਤੇ ਆਪਣੇ ਕੰਟਰੋਲ ਹੇਠ ਕਰਨ ਦੀ ਕੋਸ਼ਿਸ਼ ਦਾ ਭਾਰਤੀ ਕਮਿਊਨਿਸਟ ਪਾਰਟੀ ਸਮੇਤ ਪੰਜਾਬ ਦੀਆਂ ਤਕਰੀਬਨ ਸਮੁੱਚੀਆਂ ਰਾਜਸੀ ਪਾਰਟੀਆਂ ਨੇ ਡਟ ਕੇ ਵਿਰੋਧ ਕਰਨ ਦਾ ਐਲਾਨ ਕੀਤਾ ਹੈ। ਪਾਰਟੀਆਂ ਨੇ ਕਿਹਾ ਕਿ ਕੇਂਦਰ ਦੀ ਕੋਝੀ ਕੋਸ਼ਿਸ਼ ਕਿਸੇ ਵੀ ਹਾਲਤ ਵਿੱਚ ਸਫਲ ਨਹੀਂ ਹੋਵੇਗੀ। ਚੰਡੀਗੜ੍ਹ ਪੰਜਾਬ ਦਾ ਹੈ ਤੇ ਪੰਜਾਬ ਦਾ ਹੀ ਰਹੇਗਾ।

ਪੰਜਾਬ ਸੀ ਪੀ ਆਈ ਨੇ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਪੰਜਾਬ ਵਿਰੋਧੀ ਚੱਲ ਰਹੀ ਇੱਕ ਹੋਰ ਸਾਜ਼ਿਸ਼ ਖਿਲਾਫ ਸਾਰੇ ਪੰਜਾਬ ਦਾ ਸੰਘਰਸ਼ ਲਾਮਬੰਦ ਕਰਨ ਲਈ ਪੰਜਾਬ ਸਰਕਾਰ 'ਤੇ ਜ਼ੋਰ ਦਿੱਤਾ ਹੈ ਕਿ ਉਹ ਸਰਬ ਪਾਰਟੀ ਮੀਟਿੰਗ ਬੁਲਾਵੇ ਅਤੇ ਪੰਜਾਬ ਦੀਆਂ ਸਿਆਸੀ ਧਿਰਾਂ ਅਤੇ ਲੋਕਾਂ ਵੱਲੋਂ ਚੰਡੀਗੜ੍ਹ ਬਾਰੇ ਕੇਂਦਰ ਸਰਕਾਰ ਦੇ ਹਮਲੇ ਵਿਰੁੱਧ ਜੋ ਗੁੱਸਾ ਅਤੇ ਵਿਰੋਧ ਪ੍ਰਗਟ ਕੀਤਾ ਜਾ ਰਿਹਾ ਹੈ, ਉਸ ਨੂੰ ਇੱਕਮੁੱਠ ਕਰਨ ਲਈ ਪਹਿਲਕਦਮੀ ਕਰੇ ਅਤੇ ਪੰਜਾਬ ਪ੍ਰਤੀ ਆਪਣਾ ਫਰਜ਼ ਨਿਭਾਵੇ। ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਇਹ ਮੰਗ ਕਰਦਿਆਂ ਨਾਲ ਹੀ ਸੀ ਪੀ ਆਈ ਕਾਡਰ ਨੂੰ ਹਦਾਇਤ ਕੀਤੀ ਕਿ ਉਹ ਭਾਜਪਾ ਸਰਕਾਰ ਦੇ ਇਸ ਪੰਜਾਬ ਵਿਰੋਧੀ ਅਤੇ ਜਮਹੂਰੀਅਤ ਵਿਰੋਧੀ ਅਤੇ ਫੈਡਰਲ ਢਾਂਚੇ ਵਿਰੋਧੀ ਹੋ ਰਹੇ ਹਮਲੇ ਖਿਲਾਫ ਲਗਾਤਾਰ ਮੁਹਿੰਮ ਚਲਾਉਣ, ਜੋ ਜਲਸਿਆਂ, ਜਲੂਸਾਂ, ਮੁਜ਼ਾਹਰਿਆਂ, ਸੈਮੀਨਾਰਾਂ ਰਾਹੀਂ ਜਾਂ ਜੋ ਵੀ ਤਰੀਕਾ ਜ਼ਿਲ੍ਹਾ ਲੀਡਰਸ਼ਿਪ ਸੋਚਣ, ਉਸ ਰਾਹੀਂ ਕਿਸੇ ਵੀ ਦਿਨ ਹੋ ਸਕਦੀ ਹੈ, ਪਰ ਇਸ ਨੂੰ • ਬਾਕੀ ਸਫਾ 2 'ਤੇ

### ਅਜੇ ਕੋਈ ਫ਼ੈਸਲਾ ਨਹੀਂ ਲਿਆ : ਗ੍ਰਹਿ ਮੰਤਰਾਲਾ

**ਨਵੀਂ ਦਿੱਲੀ** : ਕੇਂਦਰੀ ਗ੍ਰਹਿ ਮੰਤਰਾਲੇ ਨੇ ਚੰਡੀਗੜ੍ਹ ਨੂੰ ਰਾਸ਼ਟਰਪਤੀ ਦੇ ਸਿੱਧਾ ਕੰਟਰੋਲ ਹੇਠ ਲਿਆਉਣ ਦੀ ਤਜਵੀਜ਼ ਬਾਰੇ ਐਤਵਾਰ ਸਪੱਸ਼ਟ ਕੀਤਾ ਕਿ ਕੇਂਦਰ ਸਰਕਾਰ ਵੱਲੋਂ ਇਸ ਤਜਵੀਜ਼ ਬਾਰੇ ਅਜੇ ਕੋਈ ਅੰਤਿਮ ਫ਼ੈਸਲਾ ਨਹੀਂ ਲਿਆ ਗਿਆ। ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਲਈ ਕਾਨੂੰਨ ਬਣਾਉਣ ਦੀ ਪ੍ਰਕਿਰਿਆ ਨੂੰ ਸੌਖਾ ਬਣਾਉਣ ਦੀ ਤਜਵੀਜ਼ ਇਸ ਸਮੇਂ ਕੇਂਦਰ ਸਰਕਾਰ ਦੇ ਪੱਧਰ 'ਤੇ ਵਿਚਾਰ ਅਧੀਨ ਹੈ ਅਤੇ ਕੋਈ ਆਖ਼ਰੀ ਫ਼ੈਸਲਾ ਨਹੀਂ ਲਿਆ ਗਿਆ ਗ੍ਰਹਿ ਮੰਤਰਾਲੇ ਨੇ ਕਿਹਾ ਕਿ ਕੋਈ ਵੀ ਫ਼ੈਸਲਾ ਸਾਰੀਆਂ ਸੰ ਬੰ ਧ ਤ • ਬਾਕੀ ਸਫਾ 2 'ਤੇ

## ਬਿਜਲੀ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ ਨਵੇਂ ਲੇਬਰ ਕੋਡ ਖਿਲਾਫ਼ 26 ਨੂੰ ਮੁਜ਼ਾਹਰੇ

**ਲੁਧਿਆਣਾ** : ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਦੇਸ਼ ਵਿੱਚ ਧੱਕੇ ਨਾਲ ਲਾਗੂ ਕਰਨ ਅਤੇ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਖਰੜੇ ਖਿਲਾਫ਼ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੰਗਠਨ ਵੱਲੋਂ ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਦੇਸ਼-ਵਿਆਪੀ ਸੱਦੇ 'ਤੇ 26 ਨਵੰਬਰ ਨੂੰ ਸਮੁੱਚੇ ਪੰਜਾਬ ਦੇ ਬਿਜਲੀ ਦਫਤਰਾਂ ਵਿੱਚ ਡਵੀਜ਼ਨ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਕੇ ਮਜ਼ਦੂਰ ਵਿਰੋਧੀ ਲੇਬਰ ਕੋਡਾਂ ਦੀ ਨੋਟੀਫਿਕੇਸ਼ਨ ਅਤੇ ਬਿਜਲੀ ਸੋਧ ਬਿੱਲ 2025 ਦੇ ਖਰੜੇ ਦੀਆਂ ਕਾਪੀਆਂ ਫੂਕਣ ਦਾ ਐਲਾਨ ਕੀਤਾ ਹੈ। ਇਸ ਸੰਬੰਧੀ ਫੈਸਲਾ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ ਯੂਨੀਅਨ ਪੰਜਾਬ (ਸੰਬੰਧਤ ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਨਾਲ ਸੰਬੰਧਤ ਆਗੂਆਂ ਦੀ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਪ੍ਰਧਾਨਗੀ ਹੇਠ ਐਤਵਾਰ ਹੋਈ ਮੀਟਿੰਗ ਵਿੱਚ ਕੀਤਾ ਗਿਆ।

ਮੀਟਿੰਗ ਦੀ ਕਾਰਵਾਈ ਸੰਬੰਧੀ ਹਰਪਾਲ ਸਿੰਘ ਅਤੇ ਗੁਰਵੇਲ ਸਿੰਘ ਬੱਲਪੁਰੀਆ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਿਹਨਤਕਸ਼ ਜਮਾਤ ਦੇ ਹਿੱਤ ਸੁਰੱਖਿਅਤ ਰੱਖਣ ਵਾਲੇ 44 ਕਿਰਤ ਕਾਨੂੰਨ ਖਤਮ ਕਰਕੇ ਪੂੰਜੀਪਤੀਆਂ ਦੇ ਹਿੱਤ ਪੂਰਨ ਵਾਲੇ ਚਾਰ ਲੇਬਰ ਕੋਡ ਦੇਸ਼ ਵਿੱਚ ਲਾਗੂ ਕਰਕੇ ਕਿਰਤੀ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਆਗੂਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਬਿਜਲੀ ਸੋਧ ਬਿੱਲ 2025 ਦਾ ਲੋਕ ਵਿਰੋਧੀ ਖਰੜਾ ਤਿਆਰ ਕਰਕੇ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਕਾਨੂੰਨ ਪਾਸ ਕਰਨ ਦੇ ਮਨਸੂਬਿਆਂ ਨੂੰ ਵੀ ਅੰਤਮ ਛੋਹਾਂ ਦੇ ਰਹੀ, ਜਿਸ ਦਾ ਮਜ਼ਦੂਰ ਅਤੇ ਮੁਲਾਜ਼ਮ ਸੰਘਰਸ਼ਾਂ ਦੇ ਬਲਬੂਤੇ ਲਗਾਤਾਰ ਵਿਰੋਧ ਕਰਨਗੇ।
• ਬਾਕੀ ਸਫਾ 2 'ਤੇ

## ਏ ਐੱਸ ਆਈ ਦੀ ਰਿਵਾਲਵਰ ਤੋਂ ਚੱਲੀ ਗੋਲੀ ਨਾਲ ਮੌਤ

**ਰੂਪਨਗਰ** : ਨੰਗਲ ਵਿੱਚ ਬੀ ਬੀ ਐੱਮ ਬੀ ਦੇ ਬਾਰਮੂਲਾ ਬੈਰੀਅਰ 'ਤੇ ਤਾਇਨਾਤ ਪੰਜਾਬ ਪੁਲਸ ਦੇ ਏ ਐੱਸ ਆਈ ਅਮਰ ਚੰਦ ਦੀ ਆਪਣੇ ਹੀ ਸਰਵਿਸ ਰਿਵਾਲਵਰ 'ਚੋਂ ਚੱਲੀ ਗੋਲੀ ਲੱਗਣ ਕਾਰਨ ਮੌਤ ਹੋ ਗਈ। ਸੂਤਰਾਂ ਦੱਸਿਆ ਕਿ ਅਮਰ ਚੰਦ ਸ਼ਨੀਵਾਰ ਰਾਤ ਪੰਜਾਬ-ਹਿਮਾਚਲ ਬੈਰੀਅਰ 'ਤੇ ਨੰਗਲ ਕਸਬੇ ਵਿੱਚ ਭਾਖੜਾ ਡੈਮ ਤੱਕ ਬੀ ਬੀ ਐੱਮ ਬੀ ਸੁਰੱਖਿਆ ਬੈਰੀਅਰ 'ਤੇ ਡਿਊਟੀ ਦੇ ਰਿਹਾ ਸੀ। ਬੈਰੀਅਰ 'ਤੇ ਤਾਇਨਾਤ ਹੋਰ ਪੁਲਸ ਮੁਲਾਜ਼ਮਾਂ ਨੇ ਉਸ ਦੇ ਕਮਰੇ 'ਚੋਂ ਗੋਲੀ ਚੱਲਣ ਦੀ ਆਵਾਜ਼ ਸੁਣੀ। ਉਹ ਭੱਜ ਕੇ ਅੰਦਰ ਗਏ ਤਾਂ ਉਨ੍ਹਾਂ ਏ ਐੱਸ ਆਈ ਨੂੰ ਖ਼ੂਨ ਨਾਲ ਲਥਪਥ ਫਰਸ਼ 'ਤੇ ਪਿਆ ਦੇਖਿਆ। ਅਮਰ ਚੰਦ ਨੂੰ ਨੰਗਲ ਦੇ ਬੀ ਬੀ ਐੱਮ ਬੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਸ ਸੂਤਰਾਂ ਨੇ ਦਾਅਵਾ ਕੀਤਾ ਕਿ ਏ ਐੱਸ ਆਈ ਦੀ ਮੌਤ ਉਸ ਦੇ ਸਰਵਿਸ ਰਿਵਾਲਵਰ ਵਿੱਚੋਂ ਅਚਾਨਕ ਗੋਲੀ ਲੱਗਣ ਕਾਰਨ ਹੋਈ। ਉਨ੍ਹਾਂ ਕਿਹਾ ਕਿ ਪੋਸਟਮਾਰਟਮ ਤੋਂ ਬਾਅਦ ਕੇਸ ਦਰਜ ਕੀਤਾ ਜਾਵੇਗਾ।

## ਬਰੈਂਪਟਨ 'ਚ ਘਰ ਨੂੰ ਅੱਗ ਲੱਗਣ ਨਾਲ 3 ਪੰਜਾਬੀਆਂ ਦੀ ਮੌਤ

**ਬਰੈਂਪਟਨ** : ਬਰੈਂਪਟਨ ਦੇ ਪੱਛਮੀ ਪਾਸੇ ਬਨਾਸ ਵੇਅ ਸਥਿਤ ਇੱਕ ਘਰ ਨੂੰ ਰਾਤ ਵੇਲੇ ਲੱਗੀ ਅੱਗ ਵਿੱਚ ਕਿਰਾਏ 'ਤੇ ਰਹਿੰਦੇ ਪਰਵਾਰ ਦੇ ਤਿੰਨ ਜੀਆਂ ਦੀ ਸੜ ਕੇ ਮੌਤ ਹੋ ਗਈ, ਜਦੋਂ ਕਿ ਗਰਭਵਤੀ ਮਹਿਲਾ ਸਮੇਤ ਚਾਰ ਜਣੇ ਗੰਭੀਰ ਜ਼ਖ਼ਮੀ ਹੋ ਗਏ। ਪੰਜਾਬੀ ਦੱਸੇ ਜਾਂਦੇ ਪਰਵਾਰ ਦੇ ਦੋ ਜੀਅ ਲਾਪਤਾ ਹਨ। ਇਸ ਘਰ ਦਾ ਮਕਾਨ ਮਾਲਕ ਵੀ ਪੰਜਾਬੀ ਦੱਸਿਆ ਜਾਂਦਾ ਹੈ। ਅੱਗ ਬੁਝਾਊ ਅਮਲੇ ਵੱਲੋਂ ਦੂਜੇ ਦਿਨ ਸ਼ਾਮ ਤੱਕ ਸੜੀ ਇਮਾਰਤ ਦੇ ਮਲਬੇ ਦੀ ਫਰੋਲਾ-ਫਰਾਲੀ ਕਰਕੇ ਲਾਪਤਾ ਜੀਆਂ ਦੀ ਹੋਣੀ ਦਾ ਪਤਾ ਲਾਇਆ ਗਿਆ। ਫਾਇਰ ਬ੍ਰਿਗੇਡ ਅਧਿਕਾਰੀ ਨੇ ਦੱਸਿਆ ਕਿ ਰਾਤ ਢਾਈ ਕੁ ਵਜੇ ਅੱਗ ਦੀ ਸੂਚਨਾ ਮਿਲਣ 'ਤੇ ਉਹ ਮੌਕੇ ਉੱਤੇ ਪਹੁੰਚੇ ਤਾਂ ਉਪਰਲੀ ਮੰਜ਼ਲ ਪੂਰੀ ਤਰਾਂ ਅੱਗ ਦੀ ਲਪੇਟ ਵਿੱਚ ਸੀ। ਉਨ੍ਹਾ ਤੁਰੰਤ ਆਲੇ-ਦੁਆਲੇ ਦੇ ਘਰ ਖਾਲੀ ਕਰਵਾਏ ਅਤੇ ਅੱਗ 'ਤੇ ਕਾਬੂ ਪਾਉਣ ਦੇ ਯਤਨ ਸ਼ੁਰੂ ਕੀਤੇ। ਇਸ ਦੌਰਾਨ ਅੰਦਰੋਂ ਇੱਕ ਬੱਚੇ ਸਮੇਤ ਦੋ ਜਣਿਆਂ ਦੀਆਂ ਲਾਸ਼ਾਂ ਮਿਲੀਆਂ। ਪਰਵਾਰ ਦੇ ਚਾਰ ਜਣੇ, ਜਿਨ੍ਹਾਂ ਵਿਚ ਇੱਕ ਗਰਭਵਤੀ ਔਰਤ ਤੇ 5 ਸਾਲ ਦਾ ਬੱਚਾ ਸੀ, ਨੇ ਖਿੜਕੀ ਰਾਹੀਂ ਕੁੱਦ ਕੇ ਜਾਨ ਤਾਂ ਬਚਾ • ਬਾਕੀ ਸਫਾ 2 'ਤੇ

## ਮੁਲਜ਼ਮ ਨੂੰ ਪਨਾਹ ਦੇਣ ਦੇ ਦੋਸ਼ 'ਚ ਲੁਧਿਆਣਾ ਦੀ ਕੁੜੀ ਹਿਰਾਸਤ 'ਚ

**ਫਿਰੋਜ਼ਪੁਰ** : ਫਿਰੋਜ਼ਪੁਰ 'ਚ ਕੁਝ ਮੁਲਜ਼ਮਾਂ ਵੱਲੋਂ ਬੀਤੀ 15 ਨਵੰਬਰ ਦੀ ਰਾਤ ਨੂੰ ਆਰ ਐੱਸ ਐੱਸ ਆਗੂ ਬਲਦੇਵ ਕ੍ਰਿਸ਼ਨ ਅਰੋੜਾ ਦੇ ਪੁੱਤਰ ਨਵੀਨ ਅਰੋੜਾ ਦਾ ਕਤਲ ਕਰ ਕੇ ਫ਼ਰਾਰ ਹੋਏ ਮੁਲਜ਼ਮਾਂ ਨੂੰ ਪਨਾਹ ਦੇਣ ਦੇ ਦੋਸ਼ ਹੇਠ ਫਿਰੋਜ਼ਪੁਰ ਪੁਲਸ ਨੇ ਲੁਧਿਆਣਾ ਦੀ ਇਕ ਕੁੜੀ ਨੂੰ ਪੁੱਛਗਿੱਛ ਲਈ ਹਿਰਾਸਤ ਵਿਚ ਲਿਆ ਹੈ। ਐੱਸ ਐੱਚ ਓ ਇੰਸਪੈਕਟਰ ਜਤਿੰਦਰ ਸਿੰਘ ਥਾਣਾ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਜਦੋਂ ਪੁਲਸ ਪਾਰਟੀ ਨਵੀਨ ਅਰੋੜਾ ਦੇ ਕਤਲ ਕੇਸ ਦੇ ਮੁਲਜ਼ਮਾਂ ਨੂੰ ਫੜਨ ਲਈ ਫਿਰੋਜ਼ਪੁਰ ਸ਼ਹਿਰ ਦੇ ਬੱਸ ਸਟੈਂਡ ਨੇੜੇ ਪਹੁੰਚੀ ਤਾਂ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕਿ ਨਵੀਨ ਅਰੋੜਾ ਦਾ ਕਤਲ ਕਰ ਕੇ ਮੁਲਜ਼ਮ ਨਛੱਤਰ ਸਿੰਘ ਵਾਸੀ ਤੇਹਿੰਗ, ਜ਼ਿਲ੍ਹਾ ਜਲੰਧਰ ਫਿਰੋਜ਼ਪੁਰ ਸ਼ਹਿਰ ਤੋਂ ਫ਼ਰਾਰ ਹੋ ਗਿਆ ਸੀ। ਨਛੱਤਰ ਸਿੰਘ ਨੂੰ ਗ੍ਰਿਫ਼ਤਾਰੀ ਤੋਂ ਬਚਾਉਣ ਲਈ ਲੁਧਿਆਣਾ ਦੀ ਇਕ ਕੁੜੀ ਭਾਵਨਾ ਨੇ ਮਦਦ ਕਰਦਿਆਂ ਉਸ ਨੂੰ ਪਨਾਹ ਦਿੱਤੀ ਅਤੇ ਪਤਾ ਲੱਗਾ ਹੈ ਕਿ ਹੁਣ ਨਛੱਤਰ ਸਿੰਘ ਉੱਥੋਂ ਵੀ ਫਰਾਰ ਹੋ ਗਿਆ ਹੈ। ਪੁਲਸ ਵੱਲੋਂ ਥਾਣਾ ਸਿਟੀ 'ਚ ਭਾਵਨਾ ਖ਼ਿਲਾਫ਼ ਮੁਕੱਦਮਾ ਦਰਜ ਕਰ ਕੇ ਉਸ ਤੋਂ ਪੁੱਛ-ਪੜਤਾਲ ਕੀਤੀ ਜਾ ਰਹੀ ਹੈ।

## ਪਿਤਾ ਨੂੰ ਦਿਲ ਦਾ ਦੌਰਾ, ਸਮ੍ਰਿਤੀ ਮੰਧਾਨਾ ਦਾ ਵਿਆਹ ਮੁਲਤਵੀ

**ਨਵੀਂ ਦਿੱਲੀ** : ਅਚਾਨਕ ਆਈ ਦੁਖਦਾਈ ਪਰਿਵਾਰਕ ਐਮਰਜੈਂਸੀ ਕਾਰਨ ਭਾਰਤੀ ਕ੍ਰਿਕਟਰ ਸਮ੍ਰਿਤੀ ਮੰਧਾਨਾ ਅਤੇ ਸੰਗੀਤਕਾਰ ਪਲਾਸ਼ ਮੁੱਛਲ ਦੇ ਵਿਆਹ ਸਮਾਰੋਹ ਨੂੰ ਮੁਲਤਵੀ ਕਰ ਦਿੱਤਾ ਗਿਆ। ਸਮ੍ਰਿਤੀ ਮੰਧਾਨਾ ਦੇ ਪਿਤਾ ਸ੍ਰੀਨਿਵਾਸ ਮੰਧਾਨਾ ਨੂੰ ਸਾਂਗਲੀ ਦੇ ਸਮਡੋਲ ਸਥਿਤ ਮੰਧਾਨਾ ਫਾਰਮ ਹਾਊਸ ਵਿਚ ਵਿਆਹ ਦੀਆਂ ਤਿਆਰੀਆਂ ਦੌਰਾਨ ਦਿਲ ਦਾ ਦੌਰਾ ਪਿਆ। ਉਨ੍ਹਾ ਨੂੰ ਤੁਰੰਤ ਸਾਂਗਲੀ ਦੇ ਇਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਹ ਇਸ ਸਮੇ ਇਲਾਜ ਅਧੀਨ ਹਨ। ਐਤਵਾਰ ਨੂੰ ਸਮ੍ਰਿਤੀ ਮੰਧਾਨਾ ਦੇ ਮੈਨੇਜਰ ਨੇ ਮੀਡੀਆ ਨੂੰ ਜਾਣਕਾਰੀ ਦਿੱਤੀ ਕਿ ਐਤਵਾਰ ਸਵੇਰੇ ਜਦੋਂ ਮੰਧਾਨਾ ਦੇ ਪਿਤਾ • ਬਾਕੀ ਸਫਾ 2 'ਤੇ



# ਸਰਕਾਰੀ ਸਕੂਲ ਗੁਲਾਬੇਵਾਲਾ ਦਾ ਹੱਥ ਲਿਖਤ ਮੈਗਜ਼ੀਨ 'ਭਵਿੱਖ ਦੇ ਵਾਰਿਸ' ਲੋਕ ਅਰਪਣ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**-ਸਰਕਾਰੀ ਪ੍ਰਾਇਮਰੀ ਸਕੂਲ ਗੁਲਾਬੇਵਾਲਾ ਵੱਲੋਂ ਪਿਛਲੇ ਬਾਰਾਂ ਸਾਲਾਂ ਤੋਂ ਲਗਾਤਾਰ ਹੱਥ ਲਿਖਤ ਬਾਲ ਮੈਗਜ਼ੀਨ ਵਿਦਿਆਰਥੀਆਂ ਦੇ ਸਹਿਯੋਗ ਨਾਲ ਤਿਆਰ ਕੀਤਾ ਜਾ ਰਿਹਾ ਹੈ।ਇਸ ਮੈਗਜ਼ੀਨ ਦਾ 12ਵਾਂ ਅੰਕ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਹੈ।ਇਸ ਵਿੱਚ ਬੱਚਿਆਂ ਵੱਲੋਂ ਬਹੁਤ ਮਿਹਨਤ ਨਾਲ ਵੱਖ ਵੱਖ ਪ੍ਰਕਾਰ ਦੀ ਸਮੱਗਰੀ ਇਕੱਤਰ ਕਰਕੇ ਸ਼ਾਮਲ ਕੀਤੀ ਗਈ ਹੈ।ਮੈਗਜ਼ੀਨ 'ਭਵਿੱਖ ਦੇ ਵਾਰਿਸ' ਨੂੰ ਲੋਕ ਅਰਪਣ ਕਰਨ ਦੀ ਰਸਮ ਮਾਨਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ ਸਿੱਖਿਆ ਸ੍ਰੀ ਯਾਦਵਿੰਦਰ ਸਿੰਘ ਮਾਨ ਵੱਲੋਂ ਨਿਭਾਈ ਗਈ। ਇਸ ਮੌਕੇ ਬੀਪੀਈਓ ਸ੍ਰੀ ਜਗਦੀਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸੈਂਟਰ ਹੈੱਡ ਟੀਚਰ ਪ੍ਰਗਟ ਸਿੰਘ ਜੰਬਰ ਦੀ ਅਗਵਾਈ ਹੇਠ ਈਟੀਟੀ ਅਧਿਆਪਕ ਜਸਵਿੰਦਰ ਸਿੰਘ ਦੀ ਸੰਪਾਦਨਾ ਹੇਠ ਮੈਗਜ਼ੀਨ ਤਿਆਰ ਕੀਤਾ ਗਿਆ।ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ ਸਿੱਖਿਆ ਸ੍ਰੀ ਯਾਦਵਿੰਦਰ ਸਿੰਘ ਮਾਨ ਨੇ ਸਰਕਾਰੀ ਪ੍ਰਾਇਮਰੀ ਸਕੂਲ ਗੁਲਾਬੇਵਾਲਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ।ਇਸ ਮੌਕੇ ਸੁਖਦੀਪ ਕਰਮਜੀਤ ਸਿੰਘ ਸਚਦੇਵਾ, ਸੁਖਜਿੰਦਰ ਸਿੰਘ, ਰਮਨ ਕੁਮਾਰ, ਸੁਨੀਲ ਕੁਮਾਰ, ਜਸਵਿੰਦਰ ਕੌਰ, ਗੁਰਪ੍ਰੀਤ ਸਿੰਘ ਤੇ ਭੋਲਾ ਸਿੰਘ ਹਾਜ਼ਰ ਸਨ।

# 350ਵੇਂ ਸ਼ਹਾਦਤ ਦਿਵਸ ਨੂੰ ਸਮਰਪਤ ਸਕੂਲ 'ਚ ਵਿਸ਼ੇਸ਼ ਗਤੀਵਿਧੀਆਂ



**ਜਗਰਾਉਂ (ਅਮਿਤ ਖੰਨਾ)**-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿੱਚ 11 ਅਕਤੂਬਰ ਤੋਂ 21 ਅਕਤੂਬਰ 2025 ਤੱਕ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹਾਦਤ ਨੂੰ ਸਮਰਪਤ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਦੀ ਅਗਵਾਈ ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸਕੈਂਡਰੀ ਸਕੂਲ ਦੇ ਪ੍ਰਿੰਸੀਪਲ ਅਗਵਾਈ ਹੇਠ ਕੀਤੀ ਗਈ। ਕਿਰਨ ਦੀਦੀ ਨੇ ਹਰ ਦਿਨ ਬੱਚਿਆਂ ਨੂੰ ਗੁਰੂ ਸਾਹਿਬ ਦੇ ਜੀਵਨ ਉਪਦੇਸ਼ ਤੇ ਵਿਰਾਸਤ ਬਾਰੇ ਸਮਰਪਤ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਜਨਮ 1 ਅਪ੍ਰੈਲ 1621 ਨੂੰ ਅੰਮ੍ਰਿਤਸਰ ਵਿੱਚ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਤੇ ਮਾਤਾ ਨਾਨਕੀ ਦੇ ਘਰ ਹੋਇਆ।ਚੱਕ ਨਾਨਕੀ ਦੀ ਸਥਾਪਨਾ ਵਿੱਚ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ ਕਿ ਗੁਰੂ ਸਾਹਿਬ ਨੇ ਚੱਕ ਨਾਨਕੀ ਸਥਾਪਨਾ ਕੀਤੀ, ਜੋ ਬਾਅਦ ਵਿੱਚ ਸ੍ਰੀ ਅਨੰਦਪੁਰ ਸਾਹਿਬ ਦੇ ਨਾਮ ਨਾਲ ਪ੍ਰਸਿੱਧ ਹੋਇਆ।ਗੁਰੂ ਸਾਹਿਬ ਜੀ ਨੇ ਦਿੱਲੀ, ਭਰਤਪੁਰ, ਕਨੌਲੀ ਬ੍ਰਾਹਮਣ ਮਾਜਰਾ, ਬੂਰਮਾਜਰਾ ਦੁਗਰੀ, ਕੁਰਾਲੀ ਆਦਿ ਸਥਾਨਾਂ 'ਤੇ ਕੀਤੀਆਂ ਯਾਤਰਾ ਬਾਰੇ ਦੱਸਿਆ ਗਿਆ।ਸੰਨ 1666 ਈਸਵੀ ਵਿੱਚ ਸ੍ਰੀ ਗੋਬਿੰਦ ਸਿੰਘ ਜੀ ਦਾ ਜਨਮ ਹੋਇਆ ਕਿਹਾ ਜਾਂਦਾ ਹੈ ਕਿ ਜਨਮ ਦੀ ਰਾਤ ਆਲੇ ਦੁਆਲੇ ਚਾਨਣ ਮਈ ਮਾਹੌਲ ਬਣ ਗਿਆ।ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸੰਮਿਲਤ ਕੀਤਾ।ਔਰੰਗਜ਼ੇਬ ਨੇ ਲੋਕਾਂ ਨੂੰ ਜਬਰਦਸਤ ਮੁਸਲਮਾਨ ਬਣਾਉਣ ਲਈ ਕਠੋਰ ਹੁਕਮ ਜਾਰੀ ਕੀਤੇ ਤੇ ਧਰਮ ਬਦਲਾਉਣ ਲਈ ਵੀ ਤਸੀਹੇ ਦਿੱਤੇ।ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਮਨੁੱਖਤਾ ਲਈ ਸਭ ਤੋਂ ਵੱਡੀ ਪ੍ਰੇਰਣਾ ਹੈ। ਉਨ੍ਹਾਂ ਬੱਚਿਆਂ ਨੂੰ ਗੁਰੂ ਸਾਹਿਬ ਦੇ ਬਲਿਦਾਨ ਤੇ ਉਪਦੇਸ਼ ਹਮੇਸ਼ਾ ਯਾਦ ਰੱਖਣ ਲਈ ਪ੍ਰੇਰਿਤ ਕੀਤਾ।

# ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਕਾਨਵੈਂਟ ਸਕੂਲ 'ਚ ਸ਼ਹੀਦੀ ਦਿਵਸ ਮਨਾਇਆ




**ਦੋਰਾਹਾ (ਹਰਮਿੰਦਰ ਸੇਠ)**-ਸ਼ਹਿਰ ਦੋਰਾਹਾ ਦੀ ਸਿਰਮੌਰ ਵਿੱਦਿਅਕ ਸੰਸਥਾ ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਕਾਨਵੈਂਟ ਸਕੂਲ ਵਿਖੇ ਚੇਅਰਪਰਸਨ ਜਤਿੰਦਰ ਸ਼ਰਮਾ, ਡਾਇਰੈਕਟਰ ਰਜਤ ਸ਼ਰਮਾ, ਪ੍ਰਿੰਸੀਪਲ ਸੁਰਿੰਦਰ ਕੌਰ ਦੀ ਯੋਗ ਅਗਵਾਈ 'ਚ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਮੌਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਕਾਨਵੈਂਟ ਸਕੂਲ ਦੇ ਚੇਅਰਮੈਨ ਜਤਿੰਦਰ ਸ਼ਰਮਾ ਨੇ ਕਿਹਾ ਕਿ ਗੁਰੂ ਜੀ ਇੱਕ ਰੱਬੀ ਸ਼ਖ਼ਸੀਅਤ ਸਨ।ਉਨ੍ਹਾਂ ਨੇ ਧਰਮ ਦੀ ਰੱਖਿਆ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ।ਸ੍ਰੀ ਜਤਿੰਦਰ ਸ਼ਰਮਾ ਨੇ ਬੱਚਿਆਂ ਨੂੰ ਸੰਦੇਸ਼ ਦਿੰਦੇ ਹੋਏ ਕਿਹਾ ਕਿ ਦੁਨੀਆ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸੂਰਜ, ਚੰਦ ਤੇ ਤਾਰਿਆਂ ਨਾਲੋਂ ਵੀ ਉੱਚਾ ਮੰਨਦੀ ਹੈ ਅਤੇ ਜਦੋਂ ਤੱਕ ਦੁਨੀਆ ਹੈ, ਦੁਨੀਆ ਗੁਰੂ ਮਹਾਰਾਜ ਜੀ ਦੀ ਸ਼ਹਾਦਤ ਨੂੰ ਪ੍ਰਣਾਮ ਕਰਦੀ ਰਹੇਗੀ। ਇਸ ਮੌਕੇ ਸਕੂਲ ਦੇ ਬੱਚਿਆਂ ਨੇ ਗੁਰੂ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਵਿਤਾ ਪੇਸ਼ ਕੀਤੀ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਰਜਤ ਸ਼ਰਮਾ ਨੇ ਇਨ੍ਹਾਂ ਬੱਚਿਆਂ ਵੱਲੋਂ ਪੇਸ਼ ਕੀਤੀ ਗਈ ਕਵਿਤਾ ਦੀ ਸ਼ਲਾਘਾ ਕਰਦਿਆਂ ਸਮੂਹ ਸਟਾਫ਼ ਤੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਇਸ ਮੌਕੇ ਸਕੂਲ ਪ੍ਰਿੰਸੀਪਲ ਸੁਰਿੰਦਰਪਾਲ ਕੌਰ ਵੱਲੋਂ ਬੱਚਿਆਂ ਨੂੰ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਇਸ ਮੌਕੇ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਹਰ ਮਨੁੱਖ 'ਚ ਕੁਝ ਕਮੀਆਂ ਤੇ ਗੁਣ ਵੀ ਹੁੰਦੇ ਹਨ : ਅਮੋਲਕ ਸਿੰਘ



**ਜੈਤੋ (ਸਤੀਸ਼ ਕੁਮਾਰ ਭੀਰੀ)**-ਆਪਣੇ ਪਾਰਟੀ ਵਰਕਰਾਂ ਦੇ ਨਾਮ ਜਾਰੀ ਸੰਦੇਸ਼ ਵਿੱਚ ਜੈਤੋ ਤੋਂ ਐੱਮ ਐੱਲ ਏ ਅਮੋਲਕ ਸਿੰਘ ਨੇ ਕਿਹਾ ਕਿ ਜੀਵਨ ਉਨ੍ਹਾਂ ਦਾ ਸਭ ਤੋਂ ਉੱਤਮ ਹੈ, ਜੋ ਇਸਦਾ ਆਨੰਦ ਮਾਣ ਰਹੇ ਹਨ ਤੇ ਜੋ ਤੁਲਨਾ ਕਰ ਰਹੇ ਹਨ, ਉਨ੍ਹਾਂ ਲਈ ਮੁਸ਼ਕਲ ਹੈ, ਜੋ ਆਲੋਚਨਾ ਕਰ ਰਹੇ ਹਨ ਉਨ੍ਹਾਂ ਲਈ ਸਭ ਤੋਂ ਬੁਰਾ ਹੈ। ਤੁਹਾਡਾ ਆਪਣਾ ਦ੍ਰਿਸ਼ਟੀਕੋਣ ਤੁਹਾਡੇ ਜੀਵਨ ਨੂੰ ਪ੍ਰਭਾਸ਼ਿਤ ਕਰਦਾ ਹੈ। ਅਮੋਲਕ ਸਿੰਘ ਨੇ ਕਿਹਾ ਕਿ ਕਾਂ ਕੋਇਲ ਦੀ ਆਵਾਜ਼ ਨੂੰ ਦਬਾ ਸਕਦਾ ਹੈ, ਪ੍ਰੰਤੂ ਖੁਦ ਦੀ ਆਵਾਜ਼ ਨੂੰ ਮਿੱਠਾ ਨਹੀਂ ਬਣਾ ਸਕਦਾ, ਉਸੇ ਤਰ੍ਹਾਂ ਨਿੰਦਿਆ ਚੁਗਲੀ ਕਰਨ ਵਾਲਾ ਵਿਅਕਤੀ ਸੱਜਣ ਨੂੰ ਬਦਨਾਮ ਤਾਂ ਕਰ ਸਕਦਾ ਹੈ, ਪ੍ਰੰਤੂ ਖੁਦ ਸੱਜਣ ਨਹੀਂ ਬਣ ਸਕਦਾ।ਉਨ੍ਹਾਂ ਕਿਹਾ ਕਿ ਹਨੇਰੇ ਨੂੰ ਹਟਾਉਣ ਵਿੱਚ ਸਮਾਂ ਬਰਬਾਦ ਨਾ ਕਰੋ, ਬਲਕਿ ਦੀਵੇ ਨੂੰ ਜਗਾਉਣ ਵਿੱਚ ਸਮਾਂ ਲਾਓ, ਦੂਜਿਆਂ ਨੂੰ ਨੀਵਾਂ ਦਿਖਾਉਣ ਵਿੱਚ ਨਹੀਂ ਮਜਬੂਰ ਨੂੰ ਉੱਚਾ ਚੁੱਕਣ ਲਈ ਸਮਾਂ ਲਾਓ।ਅੰਤ ਵਿੱਚ ਅਮੋਲਕ ਸਿੰਘ ਨੇ ਕਿਹਾ ਹਰ ਵਿਅਕਤੀ ਵਿੱਚ ਕੁਝ ਨਾ ਕੁਝ ਕਮੀਆਂ ਹੁੰਦੀਆਂ ਹਨ ਤਾਂ ਬਹੁਤ ਸਾਰੇ ਗੁਣ ਵੀ ਹੁੰਦੇ ਹਨ, ਜੇਕਰ ਅਸੀਂ ਖ਼ੁਦ ਦੇ ਜੀਵਨ ਨੂੰ ਸੁਖਾਵੇਂ ਮਾਹੌਲ ਵਿੱਚ ਜਿਉਂਣਾ ਚਾਹੁੰਦੇ ਹੋ ਤਾਂ ਸਾਨੂੰ ਲੋਕਾਂ ਵਿੱਚ ਕਮੀਆਂ ਵੇਖਣ ਦੀ ਆਦਤ ਤਿਆਗਣੀ ਪਵੇਗੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



**ਬੱਧਨੀ ਕਲਾਂ (ਲਵਲੀ ਕੁਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਬਲਾਕ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਸੀ ਪੀ ਆਈ ਦਫਤਰ ਨਿਹਾਲ ਸਿੰਘ ਵਾਲਾ ਵਿਖੇ ਬਲਾਕ ਪਰਧਾਨ ਗੁਰਮੇਲ ਸਿੰਘ ਮਾਨ ਦੌਧਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਸ਼ੁਰੂਆਤ ਸਮੇਂ ਸਾਬਕਾ ਬਲਾਕ ਕੈਸੀਅਰ ਜਗਦੀਸ਼ ਚੰਦਰ ਰਣੀਆਂ ਦੀ ਬੇਵਕਤੀ ਮੌਤ 'ਤੇ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਸਕੱਤਰ ਅਮਨਦੀਪ ਸਿੰਘ ਦੌਧਰ ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਹਿੰਮਤਪੁਰਾ ਨੇ ਸ੍ਰੀ ਗੁਰੂ ਤੇਗ ਬਹਾਦੁਰ ਦੀ ਦੇ 350ਵੇਂ ਸ਼ਹੀਦੀ ਦਿਨ ਨੂੰ ਯਾਦ ਕਰਦਿਆਂ ਗੁਰੂ ਜੀ ਦੇ ਜੀਵਨ ਨਾਲ ਸੰਬੰਧਤ ਵਿਚਾਰ ਹਾਜ਼ਰੀਨ ਨਾਲ ਸਾਂਝੇ ਕੀਤੇ ਅਤੇ ਗੁਰੂ ਜੀ ਦੀਆਂ ਸਿੱਖਿਆਵਾਂ ਉੱਤੇ ਅਮਲ ਕਰਨ ਦੀ ਅਪੀਲ ਕੀਤੀ।ਜ਼ਿਲ੍ਹਾ ਜਨਰਲ ਸਕੱਤਰ ਰਾਜਿੰਦਰ ਸਿੰਘ ਲੋਪੋ, ਚੇਅਰਮੈਨ ਸੋਹਣ ਸਿੰਘ ਸੈਦੋਕੇ, ਡਾਕਟਰ ਭਗਵਾਨ ਸਿੰਘ ਰਾਮਾ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਨੂੰ ਪੰਜਾਬ ਤੋਂ ਖੋਹਣ ਕਾਨੂੰਨੀ ਕੋਝੀਆਂ ਚਾਲਾਂ ਦੀ ਸਖਤ ਨਿੰਦਾ ਕੀਤੀ ਤੇ ਪੰਜਾਬ ਦੀਆਂ ਸਾਰੀਆਂ ਜਨਤਕ ਤੇ ਜਮਹੂਰੀ ਜਥੇਬੰਦੀਆਂ ਵੱਲੋਂ ਯੂਨੀਵਰਸਿਟੀ ਬਚਾਓ ਸੰਘਰਸ਼ ਦੀ ਸਲਾਘਾ ਕੀਤੀ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸੈਨੇਟ ਚੋਣਾਂ ਕਰਵਾਈਆਂ ਜਾਣ, ਤਾਂ ਜੋ ਯੂਨੀਵਰਸਿਟੀ 'ਤੇ ਮੁੜ ਪੰਜਾਬ ਦੀ ਮਲਕੀਅਤ ਬਹਾਲ ਰਹਿ ਸਕੇ।ਪ੍ਰੈੱਸ ਸਕੱਤਰ ਭਗਵਾਨ ਸਿੰਘ ਘੋਟੇ, ਡਾਕਟਰ ਸੁਖਵਿੰਦਰ ਸਿੰਘ ਗੋਲਨ ਜ਼ਿਲ੍ਹਾ ਕਮੇਟੀ ਮੈਂਬਰ ਡਾਕਟਰ ਗਗਨਦੀਪ ਡਾਲਾ ਨੇ ਕਿਹਾ ਕਿ ਸਾਫ ਸੁਥਰੀ ਪ੍ਰੈਕਟਿਸ ਕਰਨ ਗਿਆਨ ਮੁਤਾਬਕ ਇਲਾਜ਼ ਕਰਨ ਘੱਟ ਫੀਸ ਸਹੀ ਸਲਾਹ ਦੇਣ।ਗੈਰ ਸਮਾਜਿਕ ਕੰਮਾਂ ਤੋਂ ਪ੍ਰਹੇਜ਼ ਕਰਨ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਪਾਰਟ ਟਾਈਮ ਟ੍ਰੇਨਿੰਗ ਦੇ ਕੇ ਕਾਨੂੰਨੀ ਮਾਨਤਾ ਦਿੱਤੀ ਜਾਵੇ, ਤਾਂ ਜੋ ਗਰੀਬ ਲੋਕਾਂ ਨੂੰ 24 ਘੰਟੇ ਸਸਤੀਆਂ ਤੇ ਮੁਢਲੀਆਂ ਸਿਹਤ ਸੇਵਾਵਾਂ ਮਹੱਈਆ ਕਰਵਾਈਆਂ ਜਾ ਸਕਣ।ਇਸ ਸਮੇਂ ਰਾਮ ਸਿੰਘ ਸੈਦੋਕੇ, ਗੁਰਪ੍ਰੀਤ ਸਿੰਘ ਰੌਂਤਾ, ਰੁਪਿੰਦਰ ਸਿੰਘ ਦੀਦਾਰੇ ਵਾਲਾ, ਜਗਰਾਜ ਸਿੰਘ ਖਾਈ ਸਹਾਇਕ ਪ੍ਰੈੱਸ ਸਕੱਤਰ, ਅਮਨਪ੍ਰੀਤ ਸਿੰਘ ਲੋਪੋ ਆਦਿ ਹਾਜ਼ਰ ਸਨ।

# ਸਪਤ ਸਿੰਧੂ ਫੋਰਮ ਵੱਲੋਂ ਸੌਲੀਡੈਰਟੀ ਸਿਨੇ ਐਵਾਰਡਜ਼ ਤੇ ਸੰਮੇਲਨ

## ਪੰਜਾਬ ਦੀ ਵਿਰਾਸਤ, ਕਲਾ ਤੇ ਕਲਾਕਾਰਾਂ ਦਾ ਸਨਮਾਨ

**ਬਰਨਾਲਾ (ਰਾਜਿੰਦਰ ਬਰਾੜ)**-ਸਪਤ ਸਿੰਧੂ ਫੋਰਮ ਵੱਲੋਂ ਸਪਤ ਸਿੰਧੂ ਸੌਲੀਡੈਰਟੀ ਸਿਨੇ ਅਵਾਰਡਜ਼ ਤੇ ਕਾਂਕਲੇਵ-2025 ਦਾ ਭਵਿਆ ਆਯੋਜਨ ਕੀਤਾ ਗਿਆ, ਜਿਸ ਵਿੱਚ ਫ਼ਿਲਮ ਉਦਯੋਗ, ਕਾਰੋਬਾਰ ਤੇ ਜਨ ਜੀਵਨ ਨਾਲ ਜੁੜੀਆਂ ਪ੍ਰਸਿੱਧ ਹਸਤੀਆਂ ਨੇ ਸ਼ਿਰਕਤ ਕੀਤੀ ਅਤੇ ਪੰਜਾਬ ਦੀ ਸੰਸਕਾਰਕ ਤੇ ਕਲਾਤਮਿਕ ਵਿਰਾਸਤ ਦਾ ਜਸ਼ਨ ਮਨਾਇਆ।ਇਸ ਸਮਾਰੋਹ ਦੇ ਮੁੱਖ ਮਹਿਮਾਨ ਮਾਣਯੋਗ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਤੇ ਕੇਂਦਰੀ ਸੰਸਕ੍ਰਿਤ ਮੰਤਰੀ ਸ੍ਰੀ ਗਜੇਂਦਰ ਸਿੰਘ ਸ਼ੇਖਾਵਤ ਰਹੇ।

ਇਸ ਮੌਕੇ ਸ੍ਰੀ ਪ੍ਰਦੀਪ ਜੀ ਜੋਸ਼ੀ ਨੇ ਮੁੱਖ ਭਾਸ਼ਣ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਰਚਨਾਤਮਿਕ ਅਭਿਵਿਅਕਤੀ ਦੀ ਭੂਮਿਕਾ ਨੂੰ ਸੰਸਕ੍ਰਿਤਕ ਨਿਰੰਤਰਤਾ ਤੇ ਸੱਭਿਆਚਾਰਕ ਅਸਤਿਤਵ ਦੀ ਰੱਖਿਆ ਲਈ ਬੇਹੱਦ ਮਹੱਤਵਪੂਰਨ ਦੱਸਿਆ।ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਰਾਜ ਸਭਾ ਸਾਂਸਦ ਤੇ ਟ੍ਰਾਈਡੈਂਟ ਗਰੁੱਪ ਦੇ ਚੇਅਰਮੈਨ ਐਮੇਰਿਟਸ ਪਦਮਸ਼੍ਰੀ ਰਜਿੰਦਰ ਗੁਪਤਾ, ਰਾਜ ਸਭਾ ਸਾਂਸਦ ਸੁਭਾਸ਼ ਬਰਾਲਾ, ਹੋਮਲੈਂਡ ਗਰੁੱਪ ਦੇ ਸੀਈਓ ਉਮੰਗ ਜਿੰਦਲ ਤੇ ਟਾਇਨੌਰ ਓਰਥੋਟਿਕਸ ਦੇ ਸਟ੍ਰੈਟੇਜਿਕ ਡਾਇਰੈਕਟਰ ਅਭੈਨੂਰ ਸਿੰਘ ਨੇ ਸ਼ਮੂਲੀਅਤ ਕੀਤੀ।ਇਹ ਕਾਂਕਲੇਵ ਸਪਤ ਸਿੰਧੂ ਫੋਰਮ ਦੇ ਸੰਸਥਾਪਕ ਡਾ. ਵਰਿੰਦਰ ਗਰਗ ਦੀ



ਅਗਵਾਈ ਵਿੱਚ ਨਿਵੇਦਿਤਾ ਟਰੱਸਟ ਤੇ ਪੀ.ਐੱਫ.ਟੀ. ਦੇ ਸਹਿਯੋਗ ਨਾਲ ਕੀਤਾ ਗਿਆ।ਆਯੋਜਕਾਂ ਨੇ ਦੱਸਿਆ ਕਿ ਇਹ ਸਮਾਰੋਹ 12,000 ਸਾਲ ਪੁਰਾਣੀ ਸਪਤ ਸਿੰਧੂ ਸੰਸਕ੍ਰਿਤਕ ਵਿਰਾਸਤ ਨੂੰ ਸਮਰਪਤ ਹੈ, ਜਿਸ ਨੂੰ ਇਤਿਹਾਸ ਵਿੱਚ ਸੱਤ ਦਰਿਆਵਾਂ ਦੀ ਧਰਤੀ ਵਜੋਂ ਜਾਣਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬੀ ਸਿਨੇਮਾ ਲੋਕਧਾਰਾ, ਸਾਹਿਤ, ਸੰਗੀਤ ਤੇ ਜਥੇਬੰਦੀ ਯਾਦਾਂ 'ਤੇ ਆਧਾਰਿਤ ਪ੍ਰਾਚੀਨ ਕਲਾ ਰਿਵਾਜ ਦੀ ਲੰਬੀ ਪ੍ਰੰਪਰਾ ਨੂੰ ਅੱਗੇ ਵਧਾਉਂਦਾ ਹੈ।ਕਾਰਜਕ੍ਰਮ ਦਾ ਮੁੱਖ ਆਕਰਸ਼ਣ ਸਪਤ ਸਿੰਧੂ ਦਾ ਅਧਿਕਾਰਕ ਲੋਗੋ ਜਾਰੀ ਕਰਨਾ ਅਤੇ ਫੋਰਮ ਦੇ ਯੂਟਿਊਬ ਚੈਨਲ ਦੀ ਸ਼ੁਰੂਆਤ ਸੀ, ਜਿਸ ਦਾ ਉਦੇਸ਼ ਸੰਸਕ੍ਰਿਤਕ ਪ੍ਰਸਾਰ ਨੂੰ ਗਲੋਬਲ ਪੱਧਰ 'ਤੇ ਮਜ਼ਬੂਤ ਕਰਨਾ ਹੈ।ਇਸ ਮੌਕੇ ਪੰਜਾਬੀ ਸਿਨੇਮਾ ਦੀ ਲਗਭਗ ਇੱਕ ਸਦੀ ਦੀ ਯਾਤਰਾ 'ਤੇ ਅਧਾਰਤ ਵਿਸ਼ੇਸ਼ ਡਾਕੂਮੈਂਟਰੀ ਦਰਸਾਈ ਗਈ, ਜਿਸ ਵਿੱਚ ਇਤਿਹਾਸਕ ਫ਼ਿਲਮਾਂ, ਮਹਾਨ ਕਲਾਕਾਰਾਂ ਤੇ ਉਦਯੋਗ ਦੀਆਂ ਮਹੱਤਵਪੂਰਨ ਉਪਲਬਧੀਆਂ ਨੂੰ ਪ੍ਰਗਟਾਇਆ ਗਿਆ।ਪਦਮਸ਼੍ਰੀ ਨਿਰਮਲ ਰਿਸ਼ੀ, ਮੁਕੇਸ਼ ਰਿਸ਼ੀ ਤੇ ਪਦਮਸ਼੍ਰੀ ਡਾ. ਜਸਪਿੰਦਰ ਨਰੂਲਾ ਨੂੰ ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ, ਬਿੰਨੂ ਢਿੱਲੋਂ, ਜਸਬੀਰ ਜੱਸੀ, ਤਾਨਿਆ, ਗੁੱਗੂ ਗਿੱਲ, ਨਿੰਜਾ, ਸਰਦਾਰ ਸੋਹੀ, ਅਮਰ ਨੂਰੀ, ਦੇਵ ਖਰੌੜ ਤੇ ਸਮੀਪ ਕੰਗ ਸਮੇਤ ਕਈ ਪ੍ਰਮੁੱਖ ਕਲਾਕਾਰਾਂ ਨੂੰ ਸਨਮਾਨ ਪ੍ਰਦਾਨ ਕੀਤਾ ਗਿਆ।ਸਮਾਰੋਹ ਦਾ ਸਮਾਪਨ ਪ੍ਰਸਿੱਧ ਗਾਇਕ ਮਾਸਟਰ ਸਲੀਮ ਦੇ ਸ਼ਾਨਦਾਰ ਲਾਈਵ ਸੰਗੀਤ ਪ੍ਰਦਰਸ਼ਨ ਨਾਲ ਹੋਇਆ, ਜਿਸ ਨੇ ਦਰਸ਼ਕਾਂ ਵੱਲੋਂ ਜੋਸ਼ ਭਰੀ ਪ੍ਰਸ਼ੰਸਾ ਹਾਸਲ ਕੀਤੀ।ਆਯੋਜਕਾਂ ਨੇ ਦੱਸਿਆ ਕਿ ਅਗਲੇ ਸਮੇਂ ਵਿੱਚ ਫੋਰਮ ਖੋਜ, ਰਚਨਾਤਮਕ ਸਮੱਗਰੀ ਨਿਰਮਾਣ ਤੇ ਗਲੋਬਲ ਪੱਧਰ 'ਤੇ ਪੰਜਾਬੀ ਸੰਸਕ੍ਰਿਤੀ ਦੇ ਪ੍ਰਤੀਨਿਧਤਵ ਨੂੰ ਹੋਰ ਮਜ਼ਬੂਤ ਰੂਪ ਵਿੱਚ ਅੱਗੇ ਵਧਾਉਣ ਲਈ ਲਗਾਤਾਰ ਯਤਨ ਕਰੇਗਾ।

# ਭਾਈ ਕਾਹਨ ਸਿੰਘ ਨਾਭਾ ਦਾ 'ਮਹਾਨਕੋਸ਼' ਤੇ ਰਚਨਾਵਾਂ ਸਾਰਿਆਂ ਲਈ ਪ੍ਰੇਰਨਾਸਰੋਤ : ਪ੍ਰੋ. ਬਡੂੰਗਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਹਾਨਕੋਸ਼ ਦੇ ਰਚੇਤਾ ਭਾਈ ਕਾਹਨ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼ਰਧਾ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਭਾਈ ਕਾਹਨ ਸੰਘ ਨਾਭਾ, ਵੀਹਵੀ ਸਦੀ ਦੇ ਮਹਾਨ ਸਿੱਖ ਵਿਦਵਾਨ ਹੋਏ ਹਨ, ਜਿਨ੍ਹਾਂ ਨੇ ਅਨੇਕਾਂ ਪ੍ਰਮਾਣਿਤ ਰਚਨਾਵਾਂ ਕਰਕੇ ਜਾਣੇ ਜਾਂਦੇ ਹਨ।

ਪ੍ਰੋ. ਬਡੂੰਗਰ ਨੇ ਕਿਹਾ ਕਿ 'ਗੁਰੁਸ਼ਬਦ ਰਤਨਾਕਰ ਮਹਾਨ ਕੋਸ਼' ਸਿੱਖ ਸੰਸਾਰ ਦਾ ਇਕ ਪ੍ਰਕਾਰ ਦਾ ਵਿਸ਼ਵ ਕੋਸ਼ ਅਥਵਾ ਇਨਸਾਈਕਲੋਪੀਡੀਆ ਭਾਈ ਸਾਹਿਬ ਦੀ ਪੂਰੀ ਜ਼ਿੰਦਗੀ ਦੀ ਮਿਹਨਤ ਦਾ ਸਿੱਟਾ ਕਿਹਾ ਜਾ ਸਕਦਾ ਹੈ, ਜਿਸ ਨੂੰ ਹਿਜ਼ ਹਾਈਨੈਸ ਮਹਾਰਾਜਾ ਭੁਪਿੰਦਰ ਸਿੰਘ ਰਿਆਸਤ ਪਟਿਆਲਾ ਨੇ ਦਰਬਾਰ ਪਟਿਆਲਾ ਵੱਲੋਂ 1930 ਵਿੱਚ ਪ੍ਰਕਾਸ਼ਤ ਕਰਵਾਇਆ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਗੁਰਬਾਣੀ ਤੇ ਸਿਖ ਧਰਮ ਤੱਕ ਹੀ ਸੀਮਤ ਨਹੀਂ, ਸਗੋਂ ਭਾਰਤੀ ਸੰਸਕ੍ਰਿਤੀ ਤੇ ਸੱਭਿਆਚਾਰ ਨੂੰ ਸਮਝਣ ਲਈ ਵੀ ਇੱਕ ਅਨੁਪਮ ਗ੍ਰੰਥ ਹੈ।ਕੋਸ਼ਕਾਰੀ ਦੇ ਖੇਤਰ ਵਿੱਚ ਭਾਈ ਸਾਹਿਬ ਨੂੰ ਪੱਥ-ਪ੍ਰਦਰਸ਼ਕ ਵੀ ਮੰਨਿਆ ਜਾ ਸਕਦਾ ਹੈ।ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਨੇ ਦੱਸਿਆ ਕਿ ਭਾਈ ਸਾਹਿਬ ਦੇ ਘਰਾਣੇ ਵਿੱਚੋਂ ਉਨ੍ਹਾਂ ਦੇ ਪੁੱਤਰ ਭਗਵੰਤ ਸਿੰਘ (ਹਰੀ ਜੀ), ਭਾਈ ਸਾਹਿਬ ਦੀ ਨੂੰਹ ਬੀਬੀ ਹਰਨਾਮ ਕੌਰ ਤੇ ਪੋਤ ਨੂੰਹ ਡਾ. ਰਛਪਾਲ ਕੌਰ ਨੇ ਵੀ ਅਪਣੀਆਂ ਸੇਵਾਵਾਂ ਦੁਆਰਾ ਪੰਜਾਬੀ ਸਾਹਿਤ ਭੰਡਾਰ ਵਿੱਚ ਵਡਮੁੱਲਾ ਯੋਗਦਾਨ ਪਾਇਆ।ਪ੍ਰੋ. ਬਡੂੰਗਰ ਨੇ ਕਿਹਾ ਕਿ ਭਾਈ ਮਹਾਨ ਸਿੰਘ ਨਾਭਾ ਦਾ ਜੀਵਨ ਤੇ ਉਨ੍ਹਾਂ ਦੀਆਂ ਰਚਨਾਵਾਂ ਹਮੇਸ਼ਾ ਸਾਰਿਆਂ ਦਾ ਮਾਰਗ ਦਰਸ਼ਨ ਕਰਦੀਆਂ ਰਹਿਣਗੀਆਂ।

# ਇਤਿਹਾਸਕ ਗੁਰਦੁਆਰਾ ਰੋਹਟਾ ਸਾਹਿਬ ਤੇ ਧੰਗੇੜਾ ਸਾਹਿਬ ਲਈ ਇੱਕ ਕਰੋੜ ਦੀ ਗ੍ਰਾਂਟ ਜਾਰੀ : ਡਾ. ਬਲਬੀਰ ਸਿੰਘ

## ਗੁੱਗਾ ਮਾੜੀ ਤੋਂ ਧੰਗੇੜਾ ਕਲੋਨੀ ਤੱਕ ਬਣਨ ਵਾਲੇ ਰਸਤੇ ਦਾ ਰੱਖਿਆ ਨੀਂਹ ਪੱਥਰ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਹਲਕੇ ਦੇ ਪਿੰਡਾਂ ਮੰਡੌਰ, ਰੋਹਟਾ, ਧੰਗੇੜਾ, ਪੇਦਨੀ, ਅਜਨੌਦਾ ਕਲਾਂ, ਸਿੰਬੜੋ, ਲੰਗ, ਅਮਨ ਵਿਹਾਰ ਤੇ ਨਿਊ ਬਾਰਨ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਜਾਰੀ ਕੀਤੇ ਗਏ ਵਿਕਾਸ ਗਰਾਂਟਾਂ ਨੂੰ ਵੰਡਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਉਣ ਲਈ ਪਟਿਆਲਾ ਦਿਹਾਤੀ ਹਲਕੇ ਦੇ ਪਿੰਡਾਂ ਵਿੱਚ ਹੁਣ ਤੱਕ ਲਗਭਗ 7 ਕਰੋੜ ਰੁਪਏ ਦੇ ਵਿਕਾਸ ਕਾਰਜ ਮਨਜ਼ੂਰ ਕੀਤੇ ਜਾ ਚੁੱਕੇ ਹਨ।ਇਹ ਰਕਮ ਮੁੱਖ ਤੌਰ 'ਤੇ ਦਿਹਾਤੀ ਹਲਕੇ ਦੀਆਂ ਸੜਕਾਂ, ਗਲੀਆਂ, ਨਾਲੀਆਂ, ਜਿਮ, ਪਾਰਕ, ਪਿਕਨਿਕ ਸਪਾਟ ਤੇ ਹੋਰ ਬੁਨਿਆਦੀ ਸਹੂਲਤਾਂ ਦੀ ਨਿਰਮਾਣ/ਮੁਰੰਮਤ 'ਤੇ ਖਰਚ ਕੀਤੀ ਜਾਵੇਗੀ।ਇਸ ਨਾਲ ਪਿੰਡਾਂ ਦੀ ਰੂਪ-ਰੇਖਾ ਪੂਰੀ ਤਰ੍ਹਾਂ ਬਦਲੇਗੀ ਤੇ ਪਿੰਡ ਵਾਸੀਆਂ ਨੂੰ ਸ਼ਹਿਰੀ ਪੱਧਰ ਦੀਆਂ ਸੁਵਿਧਾਵਾਂ ਉਪਲਬਧ ਹੋਣਗੀਆਂ।ਇਸ ਮੌਕੇ ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਸਮੁੱਚਾ ਬੁਨਿਆਦੀ ਢਾਂਚਾ ਦੇ ਕੇ ਮਾਡਲ ਪਿੰਡਾ ਵਜੋਂ ਤਿਆਰ ਕੀਤਾ ਜਾ ਰਿਹਾ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਦੋ ਇਤਿਹਾਸਕ ਗੁਰਦਵਾਰਾ ਰੋਹਟਾ ਸਾਹਿਬ ਤੇ ਧੰਗੇੜਾ ਸਾਹਿਬ ਲਈ 1 ਕਰੋੜ ਰੁਪਏ ਮੁੱਖ ਮੰਤਰੀ ਵੱਲੋਂ ਸਪੈਸ਼ਲ ਗ੍ਰਾਂਟ ਵਜੋਂ ਦਿੱਤੇ ਗਏ ਹਨ।ਇਸ ਦੇ ਨਾਲ ਹੀ ਮੰਡੋਰ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਸਥਾਨਕ ਮੰਡੀ ਦਾ ਨਵੀਨੀਕਰਨ ਤੇ ਖਿਡਾਰੀ ਨੌਜਵਾਨਾਂ ਲਈ ਸਰਕਾਰ ਵੱਲੋਂ ਸਟੇਡੀਅਮ ਲਈ ਵੀ ਖਾਸ ਗਰਾਂਟ ਜਾਰੀ ਕੀਤੀ ਗਈ ਹੈ, ਜਿਸ ਨਾਲ ਖਿਡਾਰੀਆਂ ਨੂੰ ਨਵਾਂ ਉਤਸ਼ਾਹ ਮਿਲੇਗਾ।ਇਸ ਦੇ ਨਾਲ ਹੀ ਉਨ੍ਹਾਂ ਅੱਜ ਪਿੰਡ ਧੰਗੇੜਾ ਵਿਖੇ ਗੁੱਗਾ ਮਾੜੀ ਤੋਂ ਧੰਗੇੜਾ ਕਲੌਨੀ ਤੱਕ ਬਣਨ ਵਾਲੇ ਰਸਤੇ ਦਾ ਨੀਂਹ ਪੱਥਰ ਵੀ ਰੱਖਿਆ।ਗਰੀਬ ਤੇ ਬੇਸਹਾਰਾ ਪਰਵਾਰਾਂ ਨੂੰ ਲਾਭ ਪਹੁੰਚਾਉਣ ਨੂੰ ਤਰਜੀਹ ਦਿੰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਘੱਟ ਆਮਦਨੀ ਵਾਲੇ ਪਰਵਾਰਾਂ ਦੇ ਘਰਾਂ ਦੀ ਮੁਰੰਮਤ ਤੇ ਨਵੇਂ ਘਰ ਬਣਾਉਣ ਲਈ ਵੀ ਖਾਸ ਰਕਮ ਜਾਰੀ ਕੀਤੀ ਗਈ ਹੈ। ਇਸ ਮੌਕੇ ਉਨ੍ਹਾ ਨਾਲ ਨਾਭਾ ਦੇ ਐੱਸ ਡੀ ਐੱਮ ਇਸਮਤ ਵਿਜੈ ਸਿੰਘ, ਪਿੰਡਾਂ ਦੇ ਪੰਚ-ਸਰਪੰਚ ਤੇ ਇਲਾਕਾ ਵਾਸੀ ਮੌਜੂਦ ਸਨ।

# ਸਫਾ 1 ਦੇ ਬਾਕੀ...

## ਨਵੀਂ ਸਾਜ਼ਿਸ਼ ਖਿਲਾਫ...

ਚਲਦਾ ਰੱਖਿਆ ਜਾਵੇ। ਸਾਥੀ ਬਰਾੜ ਨੇ ਕਿਹਾ ਕਿ ਭਾਜਪਾ ਸਰਕਾਰ ਲਗਾਤਾਰ ਪੰਜਾਬੀ ਅਤੇ ਪੰਜਾਬ ਵਿਰੋਧੀ ਸਾਜ਼ਿਸ਼ਾਂ 'ਤੇ ਕਾਨੂੰਨ ਬਣਾ ਰਹੀ ਹੈ। ਕਿਸਾਨਾਂ ਵਿਰੋਧੀ ਤਿੰਨ ਕਾਲੇ ਕਾਨੂੰਨ, ਸਰਹੱਦ ਤੋਂ 50 ਕਿਲੋਮੀਟਰ ਅੰਦਰ ਤੱਕ ਕੇਂਦਰੀ ਬਲ ਤੈਨਾਤ ਕਰਨੇ, ਭਾਖੜਾ ਬਿਆਸ ਪ੍ਰਬੰਧਕੀ ਬੋਰਡ ਵਿੱਚ ਪੰਜਾਬ ਦੇ ਹੱਕ ਤੇ ਆਵਾਜ਼ ਨੂੰ ਕਮਜ਼ੋਰ ਕਰਨਾ, ਪੰਜਾਬ ਯੂਨੀਵਰਸਿਟੀ ਦੀ ਚੁਣੀ ਜਾਂਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨਾ ਤੇ ਹੁਣ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹ ਕੇ ਆਪਣੇ ਅਧੀਨ ਕੇਂਦਰੀ ਸ਼ਾਸਤ ਪ੍ਰਦੇਸ਼ ਬਣਾਉਣ ਦੀਆਂ ਕੁਚਾਲਾਂ ਆਦਿ। ਸਾਥੀ ਬਰਾੜ ਨੇ ਖੱਬੀਆਂ ਤੇ ਜਮਹੂਰੀ ਤਾਕਤਾਂ ਨੂੰ ਅਪੀਲ ਕੀਤੀ ਕਿ ਆਓ, ਆਪਾਂ ਸਾਂਝੇ ਸੰਘਰਸ਼ ਨਾਲ ਪੰਜਾਬ ਦੇ ਹਿੱਤਾਂ ਦੀ ਰਾਖੀ ਕਰੀਏ।

ਪੰਜਾਬੀ ਲੇਖਕ ਸਭਾ (ਰਜਿ.) ਚੰਡੀਗੜ੍ਹ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ, ਸੀਨੀਅਰ ਮੀਤ ਪ੍ਰਧਾਨ ਪਾਲ ਅਜਨਬੀ ਅਤੇ ਜਨਰਲ ਸਕੱਤਰ ਭੁਪਿੰਦਰ ਮਲਿਕ, ਸਾਬਕਾ ਪ੍ਰਧਾਨ ਡਾਕਟਰ ਲਾਭ ਸਿੰਘ ਖੀਵਾ ਅਤੇ ਬਲਕਾਰ ਸਿੱਧੂ ਸਮੇਤ ਸਾਰੀ ਕਾਰਜਕਾਰਨੀ ਨੇ ਕੇਂਦਰ ਸਰਕਾਰ ਦੀ ਚੰਡੀਗੜ੍ਹ ਪੰਜਾਬੀਆਂ ਤੋਂ ਖੋਹਣ ਦੀ ਇਸ ਨਾਪਾਕ ਸਾਜ਼ਿਸ਼ ਦਾ ਸਖਤ ਵਿਰੋਧ ਕੀਤਾ ਹੈ, ਇਸ ਖਿਲਾਫ ਸਾਂਝਾ ਸੰਗਰਾਮ ਚਲਾਉਣ ਦਾ ਹੋਕਾ ਦਿੱਤਾ ਹੈ।

'ਸਾਡਾ ਯੁੱਗ' ਦੇ ਮੁੱਖ ਸੰਪਾਦਕ ਭੁਪਿੰਦਰ ਸਾਂਬਰ ਅਤੇ ਸੰਪਾਦਕ ਗੁਰਨਾਮ ਕੰਵਰ ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਚੁੱਕੇ ਜਾ ਰਹੇ ਇਸ ਪੰਜਾਬ ਵਿਰੋਧੀ ਕਦਮ ਦੀ ਜ਼ੋਰਦਾਰ ਨਿੰਦਾ ਕੀਤੀ ਅਤੇ ਇਸ ਨੂੰ ਫੇਲ੍ਹ ਕਰਨ ਲਈ ਸਾਂਝੇ ਸੰਘਰਸ਼ 'ਤੇ ਜ਼ੋਰ ਦਿੱਤਾ। ਵਿੱਤ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਚੇਤਾਵਨੀ ਦਿੱਤੀ ਕਿ ਭਾਜਪਾ ਵੱਲੋਂ ਚੰਡੀਗੜ੍ਹ ਨੂੰ ਖੋਹਣ ਦੀ ਕਿਸੇ ਵੀ ਕੋਸ਼ਿਸ਼ ਖਿਲਾਫ਼ ਦੋ-ਪੱਖੀ ਲੜਾਈ ਲੜੀ ਜਾਵੇਗੀ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਾਨੂੰਨੀ ਲੜਾਈ ਦੇ ਨਾਲ-ਨਾਲ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਤਿੰਨ ਕਰੋੜ ਲੋਕਾਂ ਦੇ ਸਾਥ ਨਾਲ ਸੜਕ ਤੋਂ ਸੰਸਦ ਤੱਕ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ।ਵਿੱਤ ਮੰਤਰੀ ਨੇ ਕਿਹਾ ਕਿ ਭਾਜਪਾ 'ਹਿਟਲਰ ਦੀ ਸੋਚ' 'ਤੇ ਚੱਲ ਕੇ ਦੇਸ਼ ਦੇ ਲੋਕਤੰਤਰੀ ਅਤੇ ਸੰਘੀ ਢਾਂਚੇ ਨੂੰ ਤਬਾਹ ਕਰਨ 'ਤੇ ਤੁਲੀ ਹੋਈ ਹੈ। ਉਨ੍ਹਾ ਕਿਹਾ ਕਿ ਜਦੋਂ ਪੰਜਾਬ ਸਰਕਾਰ ਅਤੇ ਦੇਸ਼ ਦੇ ਲੋਕ ਧਾਰਮਿਕ ਆਜ਼ਾਦੀ ਅਤੇ ਕੌਮੀ ਏਕਤਾ ਦੀ ਭਾਵਨਾ ਨੂੰ ਹੋਰ ਦ੍ਰਿੜ੍ਹ ਕਰਨ ਦੇ ਉਦੇਸ਼ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਮਨਾ ਰਹੇ ਹਨ, ਤਾਂ ਉਸ ਵੇਲੇ ਵੀ ਅਜਿਹੀ ਸਾਜ਼ਿਸ਼ ਰਚਣ ਤੋਂ ਮੰਦਭਾਗਾ ਹੋਰ ਕੁਝ ਨਹੀਂ ਹੋ ਸਕਦਾ।

ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕੇਂਦਰ ਦੀ ਭਾਜਪਾ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਪੰਜਾਬ ਦੇ ਸਬਰ ਦਾ ਇਮਤਿਹਾਨ ਲੈਣਾ ਬੰਦ ਕਰੇ। ਧਾਲੀਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਪੰਜਾਬੀਆਂ ਦੇ ਇਤਿਹਾਸ ਨੂੰ ਨਾ ਭੁੱਲਣ। ਉਨ੍ਹਾ ਕਿਹਾ ਕਿ ਮੋਦੀ ਜੀ, ਤੁਸੀਂ ਪਿਛਲੇ ਕੁਝ ਸਾਲਾਂ ਵਿੱਚ ਦੇਖ ਲਿਆ ਹੈ ਕਿ ਪੰਜਾਬ ਦਾ ਕਿਸਾਨ ਕੀ ਕਰ ਸਕਦਾ ਹੈ। ਕਿਸਾਨਾਂ ਦੇ ਸੰਘਰਸ਼ ਨੇ ਤੁਹਾਡੀ ਸਰਕਾਰ ਨੂੰ ਝੁਕਣ ਲਈ ਮਜਬੂਰ ਕਰ ਦਿੱਤਾ ਸੀ। ਜੇਕਰ ਪੰਜਾਬ ਤੋਂ ਚੰਡੀਗੜ੍ਹ ਨੂੰ ਖੋਹਣ ਦੀ ਕੋਸ਼ਿਸ਼ ਕੀਤੀ ਗਈ ਤਾਂ ਆਮ ਆਦਮੀ ਪਾਰਟੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੰਸਦ ਤੋਂ ਲੈ ਕੇ ਸੜਕਾਂ ਸਮੇਤ ਹਰ ਮੋਰਚੇ 'ਤੇ ਸੰਘਰਸ਼ ਕਰੇਗੀ।ਆਪ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਇਹ ਕਦਮ ਭਾਜਪਾ ਦੇ ਪੰਜਾਬ ਪ੍ਰਤੀ ਡੂੰਘੀ ਜੜ੍ਹਾਂ ਵਾਲੇ ਪੱਖਪਾਤ ਅਤੇ ਦੁਸ਼ਮਣੀ ਨੂੰ ਉਜਾਗਰ ਕਰਦਾ ਹੈ।

ਭਾਜਪਾ ਦੀ 'ਪੰਜਾਬ ਵਿਰੋਧੀ ਮਾਨਸਿਕਤਾ' ਦੀ ਨਿੰਦਾ ਕਰਦੇ ਹੋਏ ਕੰਗ ਨੇ ਕਿਹਾ ਕਿ ਪੰਜਾਬ ਸਨਮਾਨ ਦੀ ਧਰਤੀ ਹੈ। ਭਾਜਪਾ ਭਾਵੇਂ ਪੰਜਾਬ ਅਤੇ ਸਿੱਖਾਂ ਨੂੰ ਜਿੰਨੀ ਮਰਜ਼ੀ ਨਫ਼ਰਤ ਕਰੇ, ਪਰ ਪੰਜਾਬ ਕਦੇ ਵੀ ਕਿਸੇ ਨੂੰ ਆਪਣੇ ਅਧਿਕਾਰਾਂ ਨੂੰ ਲੁੱਟਣ ਨਹੀਂ ਦੇਵੇਗਾ।ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਸੀ, ਹੈ ਅਤੇ ਰਹੇਗਾ।

'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਟਵੀਟ ਕਰਕੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਲੋਂ ਸੰਵਿਧਾਨਕ ਸੋਧਾਂ ਰਾਹੀਂ ਪੰਜਾਬ ਤੋਂ ਚੰਡੀਗੜ੍ਹ 'ਤੇ ਉਸ ਦੇ ਅਧਿਕਾਰ ਖੋਹਣ ਦੀ ਕੋਸ਼ਿਸ਼ ਕਿਸੇ ਆਮ ਕਦਮ ਦਾ ਹਿੱਸਾ ਨਹੀਂ , ਸਗੋਂ ਪੰਜਾਬ ਦੀ ਪਛਾਣ ਅਤੇ ਸੰਵਿਧਾਨਕ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ। ਉਨ੍ਹਾ ਕਿਹਾ ਕਿ ਪੰਜਾਬੀਆਂ ਦੇ ਅਧਿਕਾਰ ਖੋਹਣ ਲਈ ਸੰਘੀ ਢਾਂਚੇ ਨੂੰ ਤੋੜਨ ਦੀ ਇਹ ਮਾਨਸਿਕਤਾ ਬਹੁਤ ਖ਼ਤਰਨਾਕ ਹੈ। ਉਨ੍ਹਾ ਕਿਹਾ ਕਿ ਦੇਸ਼ ਦੀ ਸੁਰੱਖਿਆ, ਅਨਾਜ, ਪਾਣੀ ਅਤੇ ਮਨੁੱਖਤਾ ਲਈ ਹਮੇਸ਼ਾ ਕੁਰਬਾਨੀਆਂ ਦੇਣ ਵਾਲਾ ਪੰਜਾਬ ਅੱਜ ਆਪਣੇ ਹੱਕਦਾਰ ਹਿੱਸੇ ਤੋਂ ਵਾਂਝਾ ਹੈ। ਇਤਿਹਾਸ ਗਵਾਹ ਹੈ ਕਿ ਪੰਜਾਬੀਆਂ ਨੇ ਕਦੇ ਵੀ ਕਿਸੇ ਤਾਨਾਸ਼ਾਹੀ ਅੱਗੇ ਆਪਣਾ ਸਿਰ ਨਹੀਂ ਝੁਕਾਇਆ। ਪੰਜਾਬ ਅੱਜ ਵੀ ਨਹੀਂ ਝੁਕੇਗਾ। ਚੰਡੀਗੜ੍ਹ ਪੰਜਾਬ ਦਾ ਹੈ ਅਤੇ ਪੰਜਾਬ ਦਾ ਹੀ ਰਹੇਗਾ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੰਸਦ ਦੇ ਆਗਾਮੀ ਸਰਦ ਰੁੱਤ ਸੈਸ਼ਨ ਵਿਚ ਸੰਵਿਧਾਨ (131ਵੀਂ ਸੋਧ) ਬਿੱਲ, 2025 ਪੇਸ਼ ਕਰਨ ਦੇ ਕੇਂਦਰ ਸਰਕਾਰ ਦੇ ਕਦਮ 'ਤੇ ਬੋਲਦਿਆਂ ਕਿਹਾ ਕਿ ਇਹ ਪੂਰੀ ਤਰ੍ਹਾਂ ਬੇਇਨਸਾਫ਼ੀ ਹੈ, ਸਰਕਾਰ ਧਾਰਾ 240 ਵਿਚ ਸੋਧ ਕਰਨਾ ਚਾਹੁੰਦੀ ਹੈ। ਸੋਧ ਚੰਡੀਗੜ੍ਹ ਨੂੰ ਬਿਨਾਂ ਵਿਧਾਨ ਸਭਾ ਦੇ ਕੇਂਦਰ ਸ਼ਾਸਤ ਪ੍ਰਦੇਸ਼ ਦਾ ਦਰਜਾ ਦੇਣ ਦੀ ਮੰਗ ਕਰਦੀ ਹੈ। ਉਨ੍ਹਾ ਕਿਹਾ ਕਿ ਸਾਡਾ (ਪੰਜਾਬ) ਚੰਡੀਗੜ੍ਹ 'ਤੇ ਹੱਕ ਹੈ, ਕਿਉਂਕਿ ਦੇਸ਼ ਦੀ ਵੰਡ ਤੋਂ ਪਹਿਲਾਂ ਲਾਹੌਰ ਪੰਜਾਬ ਦੀ ਰਾਜਧਾਨੀ ਸੀ ਅਤੇ ਵੰਡ ਤੋਂ ਬਾਅਦ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਬਣ ਗਿਆ। ਸੂਬੇ ਦੀ ਵੰਡ ਤੋਂ ਬਾਅਦ ਵੀ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਰਿਹਾ। ਸਾਡਾ ਵੀ ਇਸ ਉਤੇ ਹੱਕ ਹੈ, ਕਿਉਂਕਿ ਚੰਡੀਗੜ੍ਹ ਪੰਜਾਬ ਦੇ 13 ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਸੀ।

ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਅਕਾਲੀ ਦਲ ਨੂੰ ਕਦੇ ਉਮੀਦ ਨਹੀਂ ਸੀ ਕਿ ਦੇਸ਼ ਭਰ ਵਿਚ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸਮਾਗਮਾਂ ਦੇ ਮੌਕੇ 'ਤੇ ਕੇਂਦਰ ਸਰਕਾਰ ਪੰਜਾਬ ਤੋਂ ਚੰਡੀਗੜ੍ਹ ਖੋਹਣ ਦੀ ਸਾਜ਼ਿਸ਼ ਕਰੇਗੀ। ਇਸ ਇਤਿਹਾਸਕ ਪਲ 'ਤੇ ਸਾਡੀ ਉਮੀਦ ਸੀ ਕਿ ਕੇਂਦਰ ਕੁਝ ਪੁਰਾਣੀਆਂ ਬੇਇਨਸਾਫ਼ੀਆਂ ਨੂੰ ਦੂਰ ਕਰੇਗਾ, ਨਾ ਕਿ ਪੰਜਾਬ ਦੇ ਜ਼ਖ਼ਮਾਂ 'ਤੇ ਹੋਰ ਨਮਕ ਛਿੜਕੇਗਾ। ਉਨ੍ਹਾ ਕਿਹਾ ਕਿ ਪਾਰਲੀਮੈਂਟ ਦੇ ਆਉਣ ਵਾਲੇ ਸਰਦ ਰੁੱਤ ਦੇ ਸੈਸ਼ਨ ਵਿਚ ਕੇਂਦਰ ਵੱਲੋਂ ਲਿਆਂਦੇ ਜਾ ਰਹੇ ਸੰਵਿਧਾਨ (131ਵੀਂ ਸੋਧ) ਬਿੱਲ ਦੀ ਖ਼ਬਰ ਨੇ ਪੂਰੇ ਪੰਜਾਬ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਸ ਪੰਜਾਬ ਵਿਰੋਧੀ ਕਦਮ ਦਾ ਵਿਰੋਧ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਨੇ 24 ਨਵੰਬਰ ਨੂੰ ਦੁਪਹਿਰ 2 ਵਜੇ ਚੰਡੀਗੜ੍ਹ ਵਿਖੇ ਪਾਰਟੀ ਮੁੱਖ ਦਫ਼ਤਰ ਵਿਚ ਕੋਰ ਕਮੇਟੀ ਦੀ ਐਮਰਜੈਂਸੀ ਮੀਟਿੰਗ ਬੁਲਾਈ ਹੈ, ਜਿਸ ਦੀ ਅਗਵਾਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਕਰਨਗੇ। ਪਾਰਟੀ ਵੱਲੋਂ ਸੀਨੀਅਰ ਸੰਵਿਧਾਨਕ ਮਾਹਰਾਂ ਨਾਲ ਵਿਚਾਰ-ਵਟਾਂਦਰਾ ਕਰ ਕੇ ਇਸ ਗੈਰ-ਸੋਚੇਸਮਝੇ ਲਏ ਜਾ ਰਹੇ ਗਲਤ ਫ਼ੈਸਲੇ ਦੇ ਵਿਰੁੱਧ ਅਗਲੀ ਰਣਨੀਤੀ ਮੀਟਿੰਗ ਵਿਚ ਤੈਅ ਕੀਤੀ ਜਾਵੇਗੀ।

## ਅਜੇ ਕੋਈ ਫ਼ੈਸਲਾ...

ਭਾਈਵਾਲ ਧਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਚੰਡੀਗੜ੍ਹ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਲਿਆ ਜਾਵੇਗਾ।

ਚੇਤੇ ਰਹੇ ਕਿ ਪੰਜਾਬ ਵਿੱਚ ਚੰਡੀਗੜ੍ਹ ਦੇ ਮਾਮਲੇ 'ਤੇ ਸਿਆਸੀ ਤੂਫ਼ਾਨ ਉੱਠਿਆ ਹੋਇਆ ਹੈ ਅਤੇ ਸਿਆਸੀ ਧਿਰਾਂ ਨੇ ਭਾਜਪਾ ਨੂੰ ਨਿਸ਼ਾਨੇ 'ਤੇ ਲਿਆ ਹੈ। ਗ੍ਰਹਿ ਮੰਤਰਾਲੇ ਨੇ ਅੱਜ ਇੱਕ ਤਰੀਕੇ ਨਾਲ ਯੂ-ਟਰਨ ਲੈਂਦਿਆਂ ਕਿਹਾ ਕਿ ਕੇਂਦਰ ਸਰਕਾਰ ਦਾ ਸਰਦ ਰੁੱਤ ਅਜਲਾਸ 'ਚ ਇਸ ਸੰਬੰਧ ਵਿੱਚ ਬਿੱਲ ਪੇਸ਼ ਕਰਨ ਦਾ ਕੋਈ ਇਰਾਦਾ ਨਹੀਂ। ਉਨ੍ਹਾ ਕਿਹਾ ਕਿ ਇਸ ਮਾਮਲੇ 'ਤੇ ਕਿਸੇ ਵੀ ਧਿਰ ਨੂੰ ਕੋਈ ਫ਼ਿਕਰ ਕਰਨ ਦੀ ਲੋੜ ਨਹੀਂ। ਇਸ ਦੇ ਨਾਲ ਹੀ ਗ੍ਰਹਿ ਮੰਤਰਾਲੇ ਨੇ ਕਿਹਾ ਕਿ ਇਹ ਤਜਵੀਜ਼ ਕਿਸੇ ਵੀ ਤਰੀਕੇ ਨਾਲ ਚੰਡੀਗੜ੍ਹ ਦੀ ਸ਼ਾਸਨ ਪ੍ਰਣਾਲੀ ਜਾਂ ਪੰਜਾਬ/ ਹਰਿਆਣਾ ਦੇ ਚੰਡੀਗੜ੍ਹ ਨਾਲ ਰਵਾਇਤੀ ਸੰਬੰਧਾਂ 'ਤੇ ਕੋਈ ਅਸਰ ਪਾਉਣ ਵਾਲੀ ਨਹੀਂ ਹੈ। ਕੇਂਦਰ ਸਰਕਾਰ 1 ਦਸੰਬਰ ਤੋਂ ਸ਼ੁਰੂ ਹੋਣ ਵਾਲੇ ਆਗਾਮੀ ਸਰਦ ਰੁੱਤ ਅਜਲਾਸ ਵਿੱਚ ਸੰਵਿਧਾਨ (131ਵਾਂ ਸੋਧ) ਬਿੱਲ 2025 ਪੇਸ਼ ਕਰਨ ਦੀ ਯੋਜਨਾ ਬਣਾ ਰਹੀ ਹੈ ਅਤੇ ਇਸ ਬਿੱਲ ਵਿੱਚ ਚੰਡੀਗੜ੍ਹ ਨੂੰ ਸੰਵਿਧਾਨ ਦੀ ਧਾਰਾ 240 ਦੇ ਅਧੀਨ ਲਿਆਉਣ ਦਾ ਪ੍ਰਸਤਾਵ ਹੈ, ਜੋ ਰਾਸ਼ਟਰਪਤੀ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਲਈ ਸਿੱਧੇ ਤੌਰ 'ਤੇ ਨਿਯਮ ਬਣਾਉਣ ਦਾ ਅਧਿਕਾਰ ਦਿੰਦਾ ਹੈ। ਮੌਜੂਦਾ ਸਮੇਂ ਪੰਜਾਬ ਦੇ ਰਾਜਪਾਲ ਚੰਡੀਗੜ੍ਹ ਦੇ ਪ੍ਰਸ਼ਾਸਕ ਹਨ। ਚੰਡੀਗੜ੍ਹ ਨੂੰ ਹੋਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਸ਼੍ਰੇਣੀ ਵਿੱਚ ਸ਼ਾਮਲ ਕਰਨ ਦੇ ਤਜਵੀਜ਼ਤ ਬਿੱਲ ਨੂੰ ਲੈ ਕੇ ਚੱਲ ਰਹੀ ਸਿਆਸੀ ਉਥਲ-ਪੁਥਲ ਦਰਮਿਆਨ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਸਪੱਸ਼ਟ ਕੀਤਾ ਕਿ ਉਹ ਜਲਦੀ ਹੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਿਲਣਗੇ ਅਤੇ ਉਨ੍ਹਾ ਨੂੰ ਬਿੱਲ 'ਤੇ ਮੁੜ ਵਿਚਾਰ ਕਰਨ ਅਤੇ ਵਾਪਸ ਲੈਣ ਦੀ ਬੇਨਤੀ ਕਰਨਗੇ। ਜਾਖੜ ਨੇ ਐੱਕਸ 'ਤੇ ਇਕ ਪੋਸਟ ਵਿਚ ਕਿਹਾ ਕਿ ਪੰਜਾਬ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕਰਕੇ ਚੰਡੀਗੜ੍ਹ ਬਾਰੇ ਕੋਈ ਵੀ ਫੈਸਲਾ ਸਿਰਫ਼ ਪ੍ਰਸ਼ਾਸਕੀ ਸਹੂਲਤ ਦੇ ਆਧਾਰ 'ਤੇ ਨਹੀਂ ਲਿਆ ਜਾ ਸਕਦਾ।

## ਬਿਜਲੀ ਮੁਲਾਜ਼ਮ...

ਮੀਟਿੰਗ ਵਿੱਚ ਸ਼ਾਮਲ ਆਗੂਆਂ ਗੁਰਭੇਜ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਢਿੱਲੋਂ, ਸਰਿੰਦਰਪਾਲ ਲਹੌਰੀਆ, ਦਵਿੰਦਰ ਸਿੰਘ ਪਿਸ਼ੌਰ, ਰਾਧੇਸ਼ਿਆਮ, ਰਵੇਲ ਸਿੰਘ ਸਹਾਏਪੁਰ, ਸੁਖਵਿੰਦਰ ਸਿੰਘ ਚਾਹਲ, ਇੰਜੀ. ਹਰਮਨਦੀਪ, ਜਸਵੀਰ ਸਿੰਘ ਆਂਡਲੂ, ਮਨਜੀਤ ਸਿੰਘ ਚਾਹਲ, ਕੌਰ ਸਿੰਘ ਸੋਹੀ, ਬਾਬਾ ਅਮਰਜੀਤ ਸਿੰਘ, ਅਮਰੀਕ ਸਿੰਘ ਮਸੀਤਾਂ, ਦਲੀਪ ਕੁਮਾਰ, ਗੁਰਪਿਆਰ ਸਿੰਘ, ਸੁਖਵਿੰਦਰ ਸਿੰਘ ਦੁਮਣਾ, ਪਵਨਪਰੀਤ ਸਿੰਘ ਆਦਿ ਨੇ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਲਈ ਪਾਵਰਕਾਮ ਅਦਾਰੇ ਵਿੱਚ ਪੰਜਾਬ ਸਰਕਾਰ ਦੀ ਬੇਲੋੜੀ ਦਖਲਅੰਦਾਜ਼ੀ ਦੀ ਤਿੱਖੀ ਨੁਕਤਾਚੀਨੀ ਕਰਦੇ ਹੋਏ ਮੁੱਖ ਮੰਤਰੀ ਅਤੇ ਬਿਜਲੀ ਮੰਤਰੀ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਇਸ ਸਨਅਤੀ ਅਦਾਰੇ ਨੂੰ ਆਪਣੀਆਂ ਰਾਜਸੀ ਲੋੜਾਂ ਲਈ ਵਰਤਣਾ ਤੁਰੰਤ ਬੰਦ ਕੀਤਾ ਜਾਵੇ।ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਨੇ 26 ਨਵੰਬਰ ਨੂੰ ਬਿਜਲੀ ਦਫਤਰਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿੱਚ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ ਵਿੱਚ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਨੂੰ ਵੱਡੇ ਪੱਧਰ 'ਤੇ ਹਿੱਸਾ ਲੈਣ ਦੀ ਅਪੀਲ ਕੀਤੀ। ਮੀਟਿੰਗ ਦੇ ਅਖੀਰ ਵਿੱਚ ਸੰਘਰਸ਼ਾਂ ਦੀ ਅਗਲੇਰੀ ਲਾਮਬੰਦੀ ਲਈ 29 ਨਵੰਬਰ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਯਾਦਗਾਰੀ ਭਵਨ ਲੁਧਿਆਣਾ ਵਿਖੇ ਸੂਬਾ ਪੱਧਰੀ ਮੀਟਿੰਗ ਕਰਨ ਦਾ ਵੀ ਐਲਾਨ ਕੀਤਾ ਹੈ। ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ਼ ਸੰਘਰਸ਼ਾਂ ਦੀ ਲਾਮਬੰਦੀ ਲਈ ਰੱਖੀ ਮੀਟਿੰਗ ਵਿੱਚ ਸੰਘਰਸ਼ਸ਼ੀਲ ਭਰਾਤਰੀ ਜਥੇਬੰਦੀਆਂ ਨੂੰ ਸ਼ਾਮਲ ਹੋਣ ਦੀ ਵੀ ਅਪੀਲ ਕੀਤੀ ਹੈ।

## ਪਿਤਾ ਨੂੰ ਦਿਲ...

ਸ੍ਰੀਨਿਵਾਸ ਮੰਧਾਨਾ ਨਾਸ਼ਤਾ ਕਰ ਰਹੇ ਸਨ, ਤਾਂ ਉਨ੍ਹਾ ਦੀ ਸਿਹਤ ਵਿਗੜਨ ਲੱਗੀ। ਕੁਝ ਦੇਰ ਇੰਤਜ਼ਾਰ ਕਰਨ ਤੋਂ ਬਾਅਦ ਜਦੋਂ ਉਨ੍ਹਾਂ ਦੀ ਹਾਲਤ ਵਿਗੜ ਗਈ ਤਾਂ ਉਨ੍ਹਾ ਨੂੰ ਤੁਰੰਤ ਐਂਬੂਲੈਂਸ ਰਾਹੀਂ ਹਸਪਤਾਲ ਲਿਜਾਇਆ ਗਿਆ, ਜਿਥੇ ਉਹ ਇਸ ਸਮੇਂ ਨਿਗਰਾਨੀ ਹੇਠ ਹਨ। ਉਨ੍ਹਾ ਅੱਗੇ ਕਿਹਾ ਕਿ ਸਮ੍ਰਿਤੀ ਮੰਧਾਨਾ ਨੇ ਫ਼ੈਸਲਾ ਕੀਤਾ ਹੈ ਕਿ ਅੱਜ ਹੋਣ ਵਾਲਾ ਵਿਆਹ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ।

## ਬਰੈਂਪਟਨ 'ਚ...

ਲਈ, ਪਰ ਗੰਭੀਰ ਜ਼ਖ਼ਮੀ ਹੋ ਗਏ। ਇਨ੍ਹਾਂ ਵਿਚੋਂ ਇੱਕ ਦੀ ਹਾਲਤ ਗੰਭੀਰ ਹੈ। ਉਂਟਾਰੀਓ ਦੇ ਮੁੱਖ ਮੰਤਰੀ ਨੇ ਪੀੜਤ ਲੋਕਾਂ ਨਾਲ ਹਮਦਰਦੀ ਪ੍ਰਗਟਾਈ ਹੈ। ਪਰਵਾਰ ਦੇ ਕਿਸੇ ਮੈਂਬਰ ਦੀ ਪਛਾਣ ਅਜੇ ਅਧਿਕਾਰਤ ਤੌਰ 'ਤੇ ਜਨਤਕ ਨਹੀਂ ਕੀਤੀ ਗਈ, ਪਰ ਆਂਢ-ਗੁਆਂਢ ਤੋਂ ਮਿਲੀ ਜਾਣਕਾਰੀ ਅਨੁਸਾਰ ਉਹ ਪੰਜਾਬੀ ਹਨ ਅਤੇ ਕਈ ਸਾਲਾਂ ਤੋਂ ਕਿਰਾਏ 'ਤੇ ਰਹਿੰਦੇ ਸਨ। ਕੁਝ ਲੋਕਾਂ ਨੇ ਦੱਸਿਆ ਕਿ ਪੀੜਤ ਪਰਵਾਰ ਨੂੰ ਮਾਲਕ ਬਾਰੇ ਪੁੱਛਣ 'ਤੇ ਉਹ ਕੋਈ ਉੱਘ-ਸੁੱਘ ਨਹੀਂ ਸੀ ਕੱਢਦੇ। ਤਫ਼ਤੀਸ਼ਕਾਰਾਂ ਵੱਲੋਂ ਅਜੇ ਤੱਕ ਅੱਗ ਦੇ ਕਾਰਨਾਂ ਦਾ ਪਤਾ ਨਹੀਂ ਲਾਇਆ ਜਾ ਸਕਿਆ। ਸਰਕਾਰ ਵੱਲੋਂ ਵਿਦੇਸ਼ ਬੈਠੇ ਮਾਲਕ ਦਾ ਅਤਾ-ਪਤਾ ਲਾਉਣ ਲਈ ਉਸ ਦੇ ਸੰਪਰਕਾਂ ਦਾ ਪਤਾ ਲਾਇਆ ਜਾ ਰਿਹਾ ਹੈ। ਸੂਤਰਾਂ ਅਨੁਸਾਰ ਘਰ ਦਾ ਮਾਲਕ ਪੰਜਾਬ ਦਾ ਸਰਕਾਰੀ ਅਧਿਕਾਰੀ ਹੈ।

# ਅੱਜ-ਨਾਮਾ

ਸੁਰਲੀ ਕੇਂਦਰ ਨੇ ਛੱਡੀ ਤਾਂ ਪਿਆ ਰੌਲਾ,
ਚੰਡੀਗੜ੍ਹ ਦਾ ਮੁੱਦਾ ਪਿਆ ਭੜਕ ਮੀਆਂ।
ਲੱਗਾ ਦਰਜਾ ਸੀ ਹੋਣ ਤਬਦੀਲ ਇਹਦਾ,
ਮਾਰੀ ਪੰਜਾਬ ਸਮੁੱਚੇ ਆ ਬੜਕ ਮੀਆਂ।
ਪੰਜਾਬੀ ਡਿੱਠੇ ਜਦ ਗੁੱਸੇ ਦੇ ਵਿੱਚ ਆਏ,
ਇੱਕੋ ਸੁਰ ਜਦ ਪਏ ਉਹ ਕੜਕ ਮੀਆਂ।
ਵਿਗੜੀ ਗੱਲ ਸੰਭਾਲੀ ਨਹੀਂ ਜਾਣ ਵਾਲੀ,
ਤਾਰ ਦਿੱਲੀ ਨੂੰ ਝੱਟ ਗਈ ਖੜਕ ਮੀਆਂ।
ਘੜੀ ਹਾਲ ਦੀ ਖਿਸਕੇ ਆ ਕਦਮ ਪਿੱਛੇ,
ਕਰ'ਤੀ ਕੇਂਦਰ ਨੇ ਪੇਸ਼ ਸਫਾਈ ਮੀਆਂ।
ਹਾਲੇ ਲੋਕਾਂ ਨੂੰ ਨਹੀਂ ਧਰਵਾਸ ਆਉਂਦਾ,
ਧਾਰਨਾ ਪੱਕੀ ਜੁ ਬਣੀ ਸੀ ਆਈ ਮੀਆਂ।

-ਤੀਸ ਮਾਰ ਖਾਂ

# ਮਾਂ ਦੇ ਦੁੱਧ 'ਚ ਯੂਰੇਨੀਅਮ

**ਪਟਨਾ :** ਬਿਹਾਰ 'ਚ ਤਾਜ਼ਾ ਅਧਿਐਨ ਨੇ ਮਾਵਾਂ ਦੇ ਦੁੱਧ ਵਿੱਚ ਯੂਰੇਨੀਅਮ (ਯੂ 238) ਦੇ ਖਤਰਨਾਕ ਪੱਧਰ ਦਾ ਖੁਲਾਸਾ ਕੀਤਾ ਹੈ। ਅਧਿਐਨ ਦੇ ਸਹਿ-ਲੇਖਕ ਵਜੋਂ ਕੰਮ ਕਰਨ ਵਾਲੇ ਏਮਜ਼ ਦਿੱਲੀ ਦੇ ਡਾ. ਅਸ਼ੋਕ ਸ਼ਰਮਾ ਨੇ ਦੱਸਿਆ ਕਿ 40 ਦੁੱਧ ਪਿਆਉਣ ਵਾਲੀਆਂ ਮਾਵਾਂ ਦੇ ਬ੍ਰੈਸਟ ਮਿਲਕ ਦਾ ਵਿਸ਼ਲੇਸ਼ਣ ਕੀਤਾ ਗਿਆ ਸੀ, ਅਤੇ ਸਾਰੇ ਨਮੂਨਿਆਂ ਵਿੱਚ ਯੂਰੇਨੀਅਮ (ਯੂ 238) ਪਾਇਆ ਗਿਆ। ਹਾਲਾਂਕਿ 70 ਫੀਸਦੀ ਬੱਚਿਆਂ ਵਿੱਚ ਗੈਰ-ਕੈਂਸਰ ਸਿਹਤ ਜੋਖਮ ਦਿਸਿਆ। ਕੁੱਲ ਯੂਰੇਨੀਅਮ ਪੱਧਰ ਤੈਅ ਸੀਮਾ ਤੋਂ ਹੇਠਾਂ ਸੀ ਅਤੇ ਇਹ ਉਮੀਦ ਕੀਤੀ ਜਾਂਦੀ ਹੈ ਕਿ ਮਾਵਾਂ ਅਤੇ ਬੱਚਿਆਂ ਦੋਵਾਂ 'ਤੇ ਬਹੁਤ ਘੱਟ ਪ੍ਰਭਾਵ ਰਿਹਾ ਹੋਵੇਗਾ। ਅਧਿਐਨ ਅਜੇ ਵੀ ਇਹ ਸਿੱਟਾ ਕੱਢਦਾ ਹੈ ਕਿ ਬੱਚੇ ਦੀ ਸਿਹਤ 'ਤੇ ਅਸਲ ਪ੍ਰਭਾਵ ਸੰਭਾਵਤ ਤੌਰ 'ਤੇ ਘੱਟ ਹੈ, ਅਤੇ ਮਾਵਾਂ ਵੱਲੋਂ ਸੋਖਿਆ ਜਾਣ ਵਾਲਾ ਜ਼ਿਆਦਾਤਰ ਯੂਰੇਨੀਅਮ ਮੁੱਖ ਤੌਰ 'ਤੇ ਪਿਸ਼ਾਬ ਰਾਹੀਂ ਬਾਹਰ ਨਿਕਲ ਜਾਂਦਾ ਹੈ ਅਤੇ ਛਾਤੀ ਦੇ ਦੁੱਧ ਵਿੱਚ ਕੇਂਦਰਤ ਨਹੀਂ ਹੁੰਦਾ। ਇਸ ਲਈ, ਛਾਤੀ ਦਾ ਦੁੱਧ ਚੁੰਘਾਉਣ ਦੀ ਸਿਫਾਰਸ਼ ਕੀਤੀ ਜਾਂਦੀ ਹੈ ਜਦੋਂ ਤੱਕ ਕਲੀਨਿਕਲ ਸੰਕੇਤ ਹੋਰ ਸੁਝਾਅ ਨਾ ਦੇਣ।

# ਹੰਕਾਰ ਰਾਵਣ ਨੂੰ ਲੈ ਡੁੱਬਿਆ ਸੀ : ਸ਼ਿੰਦੇ

**ਮੁੰਬਈ :** ਸ਼ਿਵ ਸੈਨਾ ਦੇ ਪ੍ਰਧਾਨ ਤੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਆਪਣੀ ਸਹਿਯੋਗੀ ਭਾਜਪਾ 'ਤੇ ਅਸਿੱਧਾ ਹਮਲਾ ਬੋਲਦਿਆਂ ਕਿਹਾ ਕਿ ਜਿਹੜੇ ਉਨ੍ਹਾ ਦੇ ਵਿਧਾਇਕਾਂ ਨੂੰ ਤੋੜਨ ਦੇ ਜਤਨ ਕਰ ਰਹੇ ਹਨ, ਉਨ੍ਹਾਂ ਦਾ ਹਾਲ ਰਾਵਣ ਦੇ ਪਤਨ ਵਰਗਾ ਹੋਵੇਗਾ। ਸ਼ਿੰਦੇ ਨੇ ਲੋਕਾਂ ਨੂੰ ਰਾਵਣ ਵਰਗੇ ਹੰਕਾਰ ਖਿਲਾਫ ਵੋਟ ਦੇਣ ਦੀ ਅਪੀਲ ਕੀਤੀ ਹੈ। ਸ਼ਿੰਦੇ ਦਹਾਨੂੰ ਵਿਖੇ ਨਗਰ ਪੰਚਾਇਤ ਦੇ ਪ੍ਰਧਾਨ ਦੀ ਚੋਣ ਵਿੱਚ ਪਾਰਟੀ ਉਮੀਦਵਾਰ ਭਾਰਤ ਰਾਜਪੂਤ ਦੀ ਹਮਾਇਤ ਵਿੱਚ ਚੋਣ ਪ੍ਰਚਾਰ ਕਰ ਰਹੇ ਸਨ। ਊਧਵ ਠਾਕਰੇ ਦੀ ਅਗਵਾਈ ਵਾਲੀ ਸ਼ਿਵ ਸੈਨਾ ਤੇ ਕਾਂਗਰਸ ਵੱਲੋਂ ਉਮੀਦਵਾਰ ਵਾਪਸ ਲੈ ਲੈਣ ਤੋਂ ਬਾਅਦ ਇੱਥੇ ਮੁਕਾਬਲਾ ਹੁਣ ਸਰਕਾਰ ਵਿੱਚ ਭਾਈਵਾਲ ਸ਼ਿੰਦੇ ਦੀ ਸ਼ਿਵ ਸੈਨਾ ਤੇ ਭਾਜਪਾ ਵਿਚਾਲੇ ਰਹਿ ਗਿਆ ਹੈ। ਅੱਜਕੱਲ੍ਹ ਭਾਜਪਾ ਸ਼ਿਵ ਸੈਨਾ ਦੇ ਆਗੂਆਂ ਨੂੰ ਆਪਣੇ ਨਾਲ ਕਰਨ ਦੀ ਮੁਹਿੰਮ ਚਲਾ ਰਹੀ ਹੈ।

# ਵਿਧਾਇਕ ਕੋਹਲੀ ਵੱਲੋਂ ਖੰਡਾ ਚੌਕ ਤੇ ਸੜਕ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ੍ਰੀ ਗੁਰੂ ਤੇਗ਼ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਦੇ ਸਨਮਾਨ ਵਿੱਚ ਗੁਰਦੁਆਰਾ ਸ੍ਰੀ ਮੋਤੀ ਬਾਗ਼ ਨੇੜੇ ਖੰਡਾ ਚੌਕ ਤੇ ਸੜਕ ਦਾ ਉਦਘਾਟਨ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਮੇਅਰ ਕੁੰਦਨ ਗੋਗੀਆ ਵੱਲੋਂ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸਾਬਕਾ ਹੈੱਡ ਗ੍ਰੰਥੀ ਗਿਆਨੀ ਸੁਖਦੇਵ ਸਿੰਘ ਜੀ ਨੇ ਕੀਤੀ।ਉਦਘਾਟਨ ਮੌਕੇ ਵਿਧਾਇਕ ਨੇ ਕਿਹਾ ਕਿ ਲਗਭਗ ਇੱਕ ਮਹੀਨੇ ਪਹਿਲਾਂ ਹੀ ਇਹ ਨੀਂਹ ਪੱਥਰ ਰੱਖਿਆ ਗਿਆ ਸੀ ਤੇ ਮੇਅਰ ਕੁੰਦਨ ਗੋਗੀਆ ਦੀ ਮਿਹਨਤ ਕਰਕੇ ਚੌਕ ਨੂੰ ਇਕ ਮਹੀਨੇ ਤੋਂ ਵੀ ਘੱਟ ਸਮੇਂ ਵਿੱਚ ਪੂਰਾ ਕਰਵਾ ਦਿੱਤਾ।ਵਿਧਾਇਕ ਨੇ ਮੇਅਰ ਤੇ ਪੂਰੀ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਵਿਧਾਇਕ ਨੇ ਐਲਾਨ ਕਰਦਿਆਂ ਕਿਹਾ ਕਿ ਜਲਦ ਹੀ ਪਟਿਆਲਾ ਵਿੱਚ ਇਕ ਹੋਰ ਚੌਂਕ ਨਵੇਂ ਰੂਪ ਵਿੱਚ ਬਣਾਇਆ ਜਾਵੇਗਾ, ਤਾਂ ਜੋ ਪੁਰਾਣੀ ਧਾਰਮਿਕ ਵਿਰਾਸਤ ਸਬੰਧੀ ਨਵੀਂ ਪੀੜ੍ਹੀ ਨੂੰ ਜਾਣੂ ਕਰਵਾਇਆ ਜਾਵੇ।ਇਸ ਮੌਕੇ ਯੰਗ ਖਾਲਸਾ ਫਾਊਂਡੇਸ਼ਨ ਤੋਂ ਭਵਨ ਪੁਨੀਤ ਸਿੰਘ, ਗੁਰੂ ਤੇਗ਼ ਬਹਾਦਰ ਸੇਵਕ ਜਥਾ ਰਣਜੀਤ ਸਿੰਘ, ਬਾਬਾ ਦੀਪ ਸਿੰਘ ਸੇਵਾ ਸੋਸਾਇਟੀ, ਖਾਲਸਾ ਅਕਾਲ ਪੁਰਖ ਕੀ ਫੌਜ, ਖਾਲਸਾ ਸ਼ਤਾਬਦੀ ਕਮੇਟੀ ਦਲ ਪੰਥ ਪਟਿਆਲਾ, ਰਣਜੀਤ ਅਖਾੜਾ ਬੁੱਢਾ ਦਲ, ਗੁਰੂ ਨਾਨਕ ਟਰੱਸਟ, ਜੰਗੀ ਜਥਾ ਗੁਰਦੁਆਰਾ ਸੋਸਾਇਟੀ, ਰਾਜਦੀਪ ਸਿੰਘ ਐੱਮ ਡੀ ਪਲੇਅ ਵੇਜ਼, ਚਰਨਜੀਤ ਸਿੰਘ ਗਰੋਵਰ, ਤਰਨਜੀਤ ਸਿੰਘ ਕੋਹਲੀ, ਜਸਬੀਰ ਸਿੰਘ ਮਾਟਾ, ਐੱਮ ਸੀ ਜੋਨੀ ਕੋਹਲੀ, ਰਣਜੀਤ ਸਿੰਘ ਤੋਂ ਇਲਾਵਾ ਨਗਰ ਨਿਗਮ ਦੇ ਅਧਿਕਾਰੀ ਤੇ ਇਲਾਕਾ ਵਾਸੀ ਮੌਜੂਦ ਸਨ।

# ਸਰਕਾਰੀ ਮਿਡਲ ਸਕੂਲ ਲੌਹਕੇ ਖੁਰਦ ਤੇ ਅਲੀਪੁਰ ਵੱਲੋਂ ਸਾਇੰਸ ਸਿਟੀ ਦਾ ਟੂਰ



**ਜ਼ੀਰਾ (ਨਰਿੰਦਰ ਅਨੇਜਾ)**-ਸਕੂਲ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਮਿਡਲ ਸਕੂਲ ਲੋਹਕੇ ਖੁਰਦ ਤੇ ਸਰਕਾਰੀ ਮਿਡਲ ਸਕੂਲ ਅਲੀਪੁਰ ਦੇ ਬੱਚਿਆਂ ਨੇ ਪਿਛਲੇ ਦਿਨੀਂ ਸਾਇੰਸ ਸਿਟੀ ਕਪੂਰਥਲਾ ਦਾ ਵਿੱਦਿਅਕ ਟੂਰ ਲਗਾਇਆ।ਬੱਚਿਆਂ ਨੇ ਸਾਇੰਸ ਸਿਟੀ ਵਿੱਚ ਥਰੀ ਡੀ ਸ਼ੋ, ਲੇਜ਼ਰ ਸ਼ੋ, ਡੋਮ ਥੀਏਟਰ, ਸਾਇੰਸ ਨਾਲ ਸੰਬਧਿਤ ਵੱਖ ਵੱਖ ਪ੍ਰਕਾਰ ਦੀਆਂ ਆਕ੍ਰਿਤੀਆਂ, ਡਾਇਨਾਸੋਰ ਪਾਰਕ, ਪਿਰਾਮਿਡ, ਭੂਚਾਲ ਨਾਲ ਸੰਬਧਿਤ ਲਘੂ ਫ਼ਿਲਮ, ਗਲੋਬਲ ਵਾਰਮਿੰਗ ਬਾਰੇ ਸ਼ੋ ਤੇ ਜੋਲੋਜਿਕਲੀ ਪਾਰਕ ਵਿੱਚ ਬਹੁਤ ਹੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਾਪਤ ਕੀਤੀ। ਸਾਇੰਸ ਨਾਲ ਸੰਬੰਧਤ ਸਾਰੀਆਂ ਹੀ ਐਕਟਿਵਿਟਿਆਂ ਦੇਖਣ ਦੇ ਬਾਅਦ ਵਿੱਚ ਸਾਰੇ ਬੱਚਿਆਂ ਨੂੰ ਸਾਇੰਸ ਸਿਟੀ ਦੇ ਪ੍ਰਬੰਧਕਾਂ ਵੱਲੋਂ ਬੱਚਿਆਂ ਨੂੰ ਦੁਪਹਿਰ ਦਾ ਭੋਜਨ ਦਿੱਤਾ ਗਿਆ। ਵਾਪਸੀ ਸਮੇਂ ਸਾਰੇ ਅਧਿਆਪਕਾਂ ਅਤੇ ਬੱਚਿਆਂ ਨੇ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਦਰਸ਼ਨ ਦੀਦਾਰੇ ਕੀਤੇ।ਇਸ ਮੌਕੇ ਬੱਚਿਆਂ ਨਾਲ ਮੈਡਮ ਹਰਜੀਤ ਕੌਰ, ਮਨਜੋਤ ਸਿੰਘ ਸਾਇੰਸ ਮਾਸਟਰ ਤੇ ਲਵਪ੍ਰੀਤ ਕੌਰ ਹਾਜ਼ਰ ਸਨ।

# ਸ਼ਾਹੀਨ ਨੇ ਅੰਤਰ ਕਾਲਜ ਬਾਕਸਿੰਗ ਮੁਕਾਬਲੇ 'ਚ ਗੋਲਡ ਮੈਡਲ ਜਿੱਤਿਆ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਵਕਫ ਬੋਰਡ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਸਥਾਨਕ ਇਸਲਾਮੀਆ ਗਰਲਜ਼ ਕਾਲਜ ਦੀ ਬੀ.ਏ ਭਾਗ ਪਹਿਲਾ ਦੀ ਵਿਦਿਆਰਥਣ ਸ਼ਾਹੀਨ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਕੈਂਪਸ 'ਚ ਆਯੋਜਿਤ ਬਾਕਸਿੰਗ ਦੇ ਅੰਤਰ ਕਾਲਜ ਮੁਕਾਬਲੇ 'ਚ 51 ਤੋਂ 54 ਕਿਲੋਗ੍ਰਾਮ ਭਾਰ ਵਰਗ 'ਚ ਗੋਲਡ ਮੈਡਲ ਪ੍ਰਾਪਤ ਕਰਕੇ ਕਾਲਜ ਤੇ ਇਲਾਕੇ ਦਾ ਨਾਂਅ ਚਮਕਾਇਆ ਹੈ।ਪ੍ਰਿੰਸੀਪਲ ਡਾ. ਰਾਹਿਲਾ ਨੇ ਦੱਸਿਆ ਕਿ ਸ਼ਾਹੀਨ ਨੇ ਆਪਣੇ ਮੁਕਾਬਲੇ 'ਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ, ਉਸ ਦੇ ਸ਼ਾਨਦਾਰ ਪ੍ਰਦਰਸ਼ਨ ਦੇ ਅਧਾਰ 'ਤੇ ਉਸ ਦੀ ਚੋਣ ਆਲ ਇੰਡੀਆ ਯੂਨੀਵਰਸਿਟੀ 'ਚ ਹੋਈ ਹੈ।ਇਸ ਮੌਕੇ ਪ੍ਰਿੰਸੀਪਲ ਡਾ. ਰਾਹਿਲਾ ਤੇ ਸਪੋਰਟਸ ਇੰਚਾਰਜ ਅਸਿਸਟੈਂਟ ਪ੍ਰੋਫੈਸਰ ਨਸੀਮ ਨੇ ਸ਼ਾਹੀਨ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਵਿਦਿਆਰਥਣ ਨੇ ਕਾਲਜ ਦਾ ਮਾਣ ਵਧਾਇਆ ਹੈ ਤੇ ਇਹ ਪ੍ਰਦਰਸ਼ਨ ਉਨ੍ਹਾਂ ਦੀ ਲਗਨ, ਅਨੁਸ਼ਾਸਨ ਤੇ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਇਹ ਕਾਲਜ ਪੜ੍ਹਾਈ ਦੇ ਨਾਲ-ਨਾਲ ਖੇਡਾਂ ਤੇ ਸੱਭਿਆਚਾਰਕ ਸਰਗਰਮੀਆਂ 'ਚ ਵੀ ਵੱਡੀਆਂ ਮੱਲਾਂ ਮਾਰ ਰਿਹਾ ਹੈ, ਜਿਸ ਦਾ ਸਿਹਰਾ ਕਾਲਜ ਦੇ ਮਿਹਨਤੀ ਸਟਾਫ ਤੇ ਬੱਚਿਆਂ ਦੀ ਸਖ਼ਤ ਮਿਹਨਤ ਨੂੰ ਜਾਂਦਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

24-Nov-PAGE-3.qxd 11/23/2025 10:48 PM Page 1



# ਭੱਠਾ ਮਜ਼ਦੂਰਾਂ ਨੇ ਫੂਕਿਆ ਮੋਦੀ ਸਰਕਾਰ ਦਾ ਪੁਤਲਾ



**ਬੰਗਾ (ਅਵਤਾਰ ਕਲੇਰ)**

ਪਿੰਡ ਸੋਇਤਾ ਦੇ ਇੱਟਾਂ ਦੇ ਭੱਠੇ ਤੇ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਵੱਲੋਂ ਚਾਰ ਕਿਰਤ ਕੋਡ ਰੱਦ ਕਰਨ ਦੀ ਮੰਗ ਨੂੰ ਲੈ ਕੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਤੇ ਔਰਤ ਮਜ਼ਦੂਰ ਵੀ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਇਫਟੂ ਪੰਜਾਬ ਦੇ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸਕੱਤਰ ਅਵਤਾਰ ਸਿੰਘ ਤਾਰੀ ਅਤੇ ਪ੍ਰੈਸ ਸਕੱਤਰ ਜਸਬੀਰ ਦੀਪ ਨੇ ਕਿਹਾ ਕਿ ਕਿਰਤ ਕੋਡ ਲਾਗੂ ਕਰਕੇ ਮੋਦੀ ਸਰਕਾਰ ਨੇ ਮਜ਼ਦੂਰ ਵਰਗ ਉੱਤੇ ਬਹੁਤ ਹੀ ਘਾਤਕ ਹੱਲਾ ਬੋਲਿਆ ਹੈ ਜਿਸ ਦਾ ਮਜ਼ਦੂਰ ਜਮਾਤ ਹਰ ਹਾਲਤ ਵਿੱਚ ਕਰੜਾ ਜਵਾਬ ਦੇਵੇਗੀ। ਉਹਨਾਂ ਕਿਹਾ ਕਿ ਮੋਦੀ ਸਰਕਾਰ 80 ਕਰੋੜ ਉਹਨਾਂ ਲੋਕਾਂ ਦੀ ਹਕੀਕਤ ਨੂੰ ਨਜ਼ਰਅੰਦਾਜ਼ ਕਰ ਰਹੀ ਹੈ ਜੋ 5 ਕਿਲੋ ਮੁਫਤ ਰਾਸ਼ਨ 'ਤੇ ਨਿਰਭਰ ਹਨ। ਇਹ ਐਲਾਨ ਉਸ ਹਕੀਕਤ ਦੇ ਬਾਵਜੂਦ ਕੀਤੇ ਜਾ ਰਹੇ ਹਨ ਕਿ ਬਹੁਤ ਵੱਡੀ ਬਹੁਗਿਣਤੀ ਟਰੇਡ ਯੂਨੀਅਨਾਂ ਨੇ ਇਨ੍ਹਾਂ ਮਜ਼ਦੂਰ ਵਿਰੋਧੀ ਤਬਦੀਲੀਆਂ ਦਾ ਖੁੱਲ੍ਹਾ ਵਿਰੋਧ ਕੀਤਾ ਹੈ, ਟਰੇਡ ਯੂਨੀਅਨਾਂ ਵੱਲੋਂ ਮਸ਼ਵਰਿਆਂ ਦੀਆਂ ਸਾਰੀਆਂ ਮੰਗਾਂ ਨੂੰ ਅਣਦੇਖਾ ਕੀਤਾ ਗਿਆ ਹੈ, ਕਈ ਰਾਜ ਸਰਕਾਰਾਂ ਨੇ ਕੋਡਾਂ ਦੇ ਵਿਰੋਧ ਕਾਰਨ ਅਜੇ ਤੱਕ ਨਿਯਮ ਤਿਆਰ ਨਹੀਂ ਕੀਤਾ। ਇਸ ਮੌਕੇ ਇਫਟੂ ਦੇ ਜ਼ਿਲ੍ਹਾ ਕਮੇਟੀ ਮੈਂਬਰ ਭਰਤ ਕੁਮਾਰ ਬੀਰ ਸਿੰਘ, ਸਾਵਣ ਕੁਮਾਰ, ਸਤੀਸ਼ ਕੁਮਾਰ ,ਵਿਜੇ, ਰਾਜੂ ਪਟੇਲ, ਦਵਿੰਦਰ ਦੀਪ ਸਿੰਘ, ਸਾਹਿਬ ਕੁਮਾਰ, ਰੋਸ਼ਨ ਲਾਲ ,ਰਸ਼ਮੀ ਅੰਮ੍ਰਿਤਾ ਅਤੇ ਗਿਆਨ ਕੌਰ ਭੱਠਾ ਮਜ਼ਦੂਰ ਵੀ ਹਾਜ਼ਰ ਸਨ।

# ਊਸ਼ਾ ਮਾਰਟਿਨ ਵੱਲੋਂ ਮਿਸ਼ਨ ਚੜ੍ਹਦੀ ਕਲਾ ਲਈ 5 ਲੱਖ ਦਾ ਯੋਗਦਾਨ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**-ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਸਮਾਜਿਕ ਕੰਮਾਂ ਨੂੰ ਮਜ਼ਬੂਤ ਕਰਨ ਵਾਲੇ 'ਮਿਸ਼ਨ ਚੜ੍ਹਦੀ ਕਲਾ' ਲਈ ਮਹੱਤਵਪੂਰਨ ਯੋਗਦਾਨ ਪ੍ਰਾਪਤ ਹੋਇਆ ਹੈ। ਵਿਧਾਇਕ ਜਿੰਪਾ ਦੇ ਯਤਨਾਂ ਸਦਕਾ, ਜਤਿੰਦਰ ਵਾਲੀਆ, ਐਸ.ਕੇ. ਚੱਢਾ ਅਤੇ ਗਿਰੀਸ਼ ਵਾਲੀਆ (ਊਸ਼ਾ ਮਾਰਟਿਨ ਕੰਪਨੀ) ਵੱਲੋਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ 5 ਲੱਖ ਦਾ ਚੈੱਕ ਭੇਟ ਕੀਤਾ ਗਿਆ। ਇਹ ਰਕਮ ਮਿਸ਼ਨ ਚੜ੍ਹਦੀ ਕਲਾ ਤਹਿਤ ਲੋਕ ਭਲਾਈ ਕਾਰਜਾਂ ਦੀ ਪ੍ਰਭਾਵਸ਼ਾਲੀ ਨੂੰ ਅੱਗੇ ਵਧਾਉਣ ਵਿੱਚ ਮਦਦ ਕਰੇਗੀ।ਵਿਧਾਇਕ ਜਿੰਪਾ ਨੇ ਇਸ ਯੋਗਦਾਨ ਨੂੰ ਸਮਾਜ ਪ੍ਰਤੀ ਸਮਰਪਣ ਅਤੇ ਜ਼ਿੰਮੇਵਾਰੀ ਦੀ ਇੱਕ ਉੱਤਮ ਉਦਾਹਰਣ ਦੱਸਿਆ। ਉਨ੍ਹਾਂ ਕਿਹਾ ਕਿ ਨਿੱਜੀ ਖੇਤਰ ਅਤੇ ਸਮਾਜਿਕ ਸੰਗਠਨਾਂ ਦੀ ਅਜਿਹੀ ਭਾਗੀਦਾਰੀ ਜ਼ਿਲ੍ਹੇ ਦੇ ਵਿਕਾਸ ਨੂੰ ਨਵੀਂ ਪ੍ਰੇਰਣਾ ਪ੍ਰਦਾਨ ਕਰਦੀ ਹੈ। ਉਨ੍ਹਾਂ ਊਸ਼ਾ ਮਾਰਟਿਨ ਕੰਪਨੀ ਦੇ ਪ੍ਰਤੀਨਿਧੀਆਂ ਜਤਿੰਦਰ ਵਾਲੀਆ, ਐਸ.ਕੇ. ਚੱਢਾ ਅਤੇ ਗਿਰੀਸ਼ ਵਾਲੀਆ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਦਾ ਸਮਰਥਨ ਲੋੜਵੰਦਾਂ ਨੂੰ ਸਹਾਇਤਾ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।





# ਸ੍ਰੀ ਗੁਰੂ ਤੇਗ ਬਹਾਦਰ ਦਾ ਸ਼ਹੀਦੀ ਸਮਾਗਮ ਸ਼ਰਧਾਪੂਰਵਕ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਗੁਰਦੁਆਰਾ ਬੀਬੀਆਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਸਮਾਗਮ ਸਮੂਹ ਸੰਗਤ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਰਾਗੀ ਢਾਡੀ ਸਿੰਘਾਂ ਦੀਆਂ ਵਾਰਾਂ ਦਾ ਆਨੰਦ ਮਾਣਿਆ। ਸਮਾਗਮ ਦੌਰਾਨ ਤਪ ਅਸਥਾਨ ਬਾਬਾ ਬਲਵੰਤ ਸਿੰਘ ਦੇ ਮੁਖੀ ਸੰਤ ਬਾਬਾ ਗੁਰਦਿਆਲ ਸਿੰਘ ਜੀ ਵਿਸ਼ੇਸ਼ ਤੌਰ ਤੇ ਨਤਮਸਤਕ ਹੋਏ ਕਥਾ ਕੀਰਤਨ ਕਰਦਿਆਂ ਸੰਤ ਬਾਬਾ ਗੁਰਦਿਆਲ ਸਿੰਘ ਨੇ ਸਮੂਹ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਤੋਂ ਸਿੱਖਿਆ ਲੈਣ ਦੀ ਅਪੀਲ ਕੀਤੀ ਅਤੇ ਧਰਮ ਵਿੱਚ ਪਰਪੱਕ ਰਹਿਣ ਲਈ ਆਖਿਆ ਸਮਾਗਮ ਦੌਰਾਨ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਗੁਰਦਿਆਲ ਸਿੰਘ ਜੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ਅਖੀਰ ਵਿੱਚ ਪੁੱਜੀ ਸੰਗਤ ਦਾ ਪ੍ਰਬੰਧਕ ਕਮੇਟੀ ਵੱਲੋਂ ਧੰਨਵਾਦ ਕੀਤਾ ਗਿਆ ਸਮਾਗਮ ਦੌਰਾਨ ਸੰਤਾ ਸਿੰਘ, ਪ੍ਰੋਫੈਸਰ ਸਾਹਿਬ ਸਿੰਘ, ਰਾਜਬਿੰਦਰ ਸਿੰਘ, ਨਿਰਮਲ ਸਿੰਘ ਤੁਲੀ ਤੇ ਹੋਰ ਪ੍ਰਬੰਧਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸਤਲੁਜ ਪ੍ਰੈੱਸ ਕਲੱਬ ਸੁਖਸਾਲ ਨੇ ਵੰਡੇ ਹਰਬਲ ਬੂਟੇ

**ਭਲਾਣ, (ਹਰਭਜਨ ਢਿੱਲੋਂ)**-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਤਲੁਜ ਪ੍ਰੈਸ ਕਲੱਬ ਸੁਖਸਾਲ ਵੱਲੋਂ ਆਪਣੀ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਤੋਰਦੇ ਹੋਏ 350 ਵੱਖ-ਵੱਖ ਕਿਸਮ ਦੇ ਹਰਬਲ ਪੌਦੇ ਲੋਕਾਂ ਨੂੰ ਵੰਡੇ ਗਏ। ਇਸ ਮੌਕੇ ਕਲੱਬ ਮੈਂਬਰਾਂ ਨੇ ਦੱਸਿਆ ਕਿ ਸਾਡੇ ਕਲੱਬ ਵੱਲੋਂ ਹਰ ਸਾਲ ਸਮਾਜ ਭਲਾਈ ਦੇ ਕੰਮ ਨਿਰੰਤਰ ਕੀਤੇ ਜਾ ਰਹੇ ਹਨ। ਉਹਨਾਂ ਇਹ ਵੀ ਦੱਸਿਆ ਕਿ ਵਿਗੜ ਰਹੇ ਵਾਤਾਵਰਨ ਨੂੰ ਸੰਭਾਲਣ ਦੇ ਮੰਤਵ ਨਾਲ ਸਾਡੇ ਕਲੱਬ ਵੱਲੋਂ ਹਰ ਸਾਲ ਪਿੰਡਾਂ ਦੀਆਂ ਸਾਂਝੀਆਂ ਥਾਵਾਂ ਤੇ ਤਰਵੈਣੀ ਦੇ ਪੌਦੇ ਵੀ ਲਗਾਏ ਜਾ ਰਹੇ ਹਨ ਜੋ ਕਾਮਯਾਬ ਵੀ ਹਨ। ਇਸ ਮੌਕੇ ਪ੍ਰਧਾਨ ਮਾਸਟਰ ਮਲਕੀਅਤ ਸਿੰਘ, ਜੁਝਾਰ ਸਿੰਘ, ਧਰਮ ਪਾਲ, ਹਰਭਜਨ ਸਿੰਘ ਢਿੱਲੋਂ, ਸੁਧੀਰ ਪ੍ਰਿੰਸ, ਅਸ਼ਵਨੀ ਸੈਣੀ, ਅਜੇ ਕੁਮਾਰ, ਅੰਜੂ ਕੌਸ਼ਲ ਆਦਿ ਹਾਜ਼ਰ ਸਨ।



# 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਜੀ ਦੇ 350ਵਾਂ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਜਨਾਲਾ ਦੇ ਗੁਰਦੁਆਰਾ ਸ਼ਹੀਦਾਂ ਵਾਲਾ ਖੂਹ ਵਿਖੇ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਅਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਸਮੁੱਚੀ ਟੀਮ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਰਾਗੀ ਸਿੰਘਾਂ ਵੱਲੋਂ ਕੀਰਤਨ ਅਤੇ ਕਥਾਵਾਚਕ ਸਿੰਘਾਂ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਜੀ ਦੀ ਸ਼ਹਾਦਤ ਨੂੰ ਯਾਦ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਰਿਆਮ ਸਿੰਘ ਅਤੇ ਧਰਮਿੰਦਰ ਸਿੰਘ ਪ੍ਰਿੰਸ ਵੱਲੋਂ ਬੋਨੀ ਅਮਰਪਾਲ ਸਿੰਘ ਅਜਨਾਲਾ ਅਤੇ ਡਾਕਟਰ ਅਵਤਾਰ ਕੌਰ ਅਜਨਾਲਾ, ਡਾਕਟਰ ਅਨੂਜੋਤ ਕੌਰ ਅਜਨਾਲਾ ਤੇ ਸ਼ਹਿਰੀ ਪ੍ਰਧਾਨ ਮਾਸਟਰ ਵਾਸਦੇਵ ਸ਼ਰਮਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਅਜਨਾਲਾ ਦੇ ਕੌਂਸਲਰ ਵਿਕਰਮ ਬੇਦੀ, ਦੀਪੂ ਅਰੋੜਾ, ਪ੍ਰਦੀਪ ਕੁਮਾਰ ਬੰਟਾ, ਬੰਟੀ ਸ਼ਰਮਾ, ਹਰਿੰਦਰ ਸਿੰਘ ਬੱਬਰ, ਰਜੇਸ਼ ਚੌਹਾਨ, ਸੌਰਵ ਸਰੀਨ, ਵਿਜੇ ਕੁਮਾਰ ਸਰੀਨ ਅਤੇ ਧਰਮਿੰਦਰ ਪ੍ਰਿੰਸ ਆਦਿ ਹਾਜ਼ਰ ਸਨ।

# 13 ਲੱਖ 91 ਹਜ਼ਾਰ ਰੁਪਏ ਨਾਲ ਤਿਆਰ ਹੋਵੇਗੀ ਮਹਿਮੂਦਪੁਰ ਵਾਲੀ ਸੜਕ : ਗਿੱਲ

**ਮਜੀਠਾ (ਸੋਇਮ ਆਨੰਦ)**

ਵਿਧਾਨ ਸਭਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਮਹਿਮੂਦਪੁਰ ਤੋਂ ਜਾਣ ਵਾਲੀ ਸੜਕ ਮਾੜੀ ਲਛਮਣ ਦੀ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਗੱਲਬਾਤ ਕਰਦਿਆਂ ਤਲਬੀਰ ਗਿੱਲ ਨੇ ਕਿਹਾ ਕਿ ਇਹ ਸੜਕ 13 ਲੱਖ 91 ਹਜਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਉਨ੍ਹਾਂ ਕਿਹਾ ਕਿ ਹਲਕੇ ਦਾ ਵਿਕਾਸ ਕਰਾਉਣਾ ਮੇਰੀ ਮੁੱਖ ਜ਼ਿੰਮੇਵਾਰੀ ਹੈ ਅਤੇ ਹਰ ਸਹੂਲਤ ਹਰ ਵਿਅਕਤੀ ਤੱਕ ਪਹੁੰਚਾਉਣੀ ਮੈਂ ਆਪਣੀ ਗੁਰੂ ਮਹਾਰਾਜ ਦੀ ਬਖਸ਼ੀ ਹੋਈ ਸੇਵਾ ਸਮਝਦਾ ਹਾਂ ਅਤੇ ਸੇਵਾ ਕਰਦਾ ਰਹਾਂਗਾ। ਇਸ ਮੌਕੇ ਬਾਪੂ ਜਸਵੰਤ ਸਿੰਘ, ਗੁਰਮੀਤ ਸਿੰਘ, ਸੁਖਵਿੰਦਰ ਸਿੰਘ, ਮਨਪ੍ਰੀਤ ਸਿੰਘ, ਲਖਵਿੰਦਰ ਸਿੰਘ, ਗੁਰਮੁਖ ਸਿੰਘ, ਕਰਨਵੀਰ ਸਿੰਘ, ਪ੍ਰਦੀਪ ਸਿੰਘ, ਦਲਵਿੰਦਰ ਸਿੰਘ, ਗੁਰਦੇਵ ਸਿੰਘ, ਬਲਜੋਤ ਸਿੰਘ, ਮੱਖਣ ਸਿੰਘ, ਧਰਮ ਸਿੰਘ, ਰਵਿੰਦਰ ਸਿੰਘ, ਯੋਧਾ ਸਿੰਘ, ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ ਆਦਿ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਆਗੂ ਹਾਜ਼ਰ ਸਨ।



# ਔੜ ਬਲਾਕ ਦੀ ਮੁੜ ਬਹਾਲੀ ਲਈ ਚੱਕਾ ਜਾਮ 28 ਨੂੰ

**ਬੰਗਾ (ਅਵਤਾਰ ਕਲੇਰ)**-'ਬਲਾਕ ਬਚਾਓ ਸੰਘਰਸ਼ ਕਮੇਟੀ' ਨੇ ਇੱਥੇ ਔੜ ਬਲਾਕ ਦੀ ਮੁੜ-ਬਹਾਲੀ ਲਈ ਕੀਤੇ ਜਾਣ ਵਾਲੇ ਚੱਕਾ ਜਾਮ ਦੀ ਤਿਆਰੀ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਮੀਟਿੰਗ ਕਰਕੇ ਫ਼ੈਸਲਾ ਕੀਤਾ ਕਿ 25 ਨਵੰਬਰ ਨੂੰ 9ਵੀਂ ਪਾਤਸ਼ਾਹੀ ਸ੍ਰੀਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹਾਦਤ ਦਿਵਸ ਸੰਬੰਧੀ ਧਾਰਮਿਕ ਸਮਾਗਮਾਂ ਹੋਣ ਕਾਰਨ ਚੱਕਾ ਜਾਮ ਹੁਣ 25 ਨਵੰਬਰ ਦੀ ਬਜਾਏ 28 ਨਵੰਬਰ ਨੂੰ ਕੀਤਾ ਜਾਵੇਗਾ ਤਾਂ ਜੋ ਸ੍ਰੀ ਆਨੰਦਪੁਰ ਸਾਹਿਬ ਜਾਣ ਵਾਲੀਆਂ ਸੰਗਤਾਂ ਦੀ ਆਵਾਜਾਈ 'ਚ ਕੋਈ ਮੁਸ਼ਕਲ ਨਾ ਆਵੇ। ਮੀਟਿੰਗ ਵਿਚ ਹਾਜ਼ਰ ਨੁਮਾਇੰਦਿਆਂ ਨੇ ਦੱਸਿਆ ਕਿ ਜਾਮ ਨੂੰ ਕਾਮਯਾਬ ਬਣਾਉਣ ਲਈ ਪਿੰਡਾਂ ਵਿਚ ਜ਼ੋਰਦਾਰ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ 28 ਨਵੰਬਰ ਨੂੰ ਬਲਾਕ ਦੇ ਸਮੂਹ ਪਿੰਡਾਂ ਵਿੱਚੋਂ ਲੋਕ ਵੱਡੀ ਗਿਣਤੀ 'ਚ ਚੱਕਾ ਜਾਮ ਵਿਚ ਸ਼ਾਮਲ ਹੋ ਕੇ ਸਰਕਾਰ ਦੇ ਤਾਨਾਸ਼ਾਹ ਫ਼ੈਸਲੇ ਵਿਰੁੱਧ ਆਪਣਾ ਵਿਰੋਧ ਦਰਜ ਕਰਾਉਣਗੇ। ਮੀਟਿੰਗ ਵਿਚ ਕਮਲਜੀਤ ਕੰਵਰ ਗੜ੍ਹੀ, ਰਾਜ ਕੁਮਾਰ ਮਾਹਲ ਖ਼ੁਰਦ, ਰਾਮ ਜੀ ਦਾਸ ਖੜਕੂਵਾਲ, ਰੂਪ ਲਾਲ ਧੀਰ, ਸਰਪੰਚ ਨਿੰਦਰਪਾਲ ਮਾਈਦਿੱਤਾ, ਸਰਪੰਚ ਕਮਲਜੀਤ ਔੜ, ਸਰਪੰਚ ਮਨਜੀਤ ਸਿੰਘ ਅੜਕ ਚਾਹਲ ਖ਼ੁਰਦ, ਭੁਪਿੰਦਰ ਸਿੰਘ ਗਿੱਲ, ਸਾਜਨ ਔੜ, ਕ੍ਰਿਸ਼ਨ ਲਾਲ ਬੇਗੋਵਾਲ, ਬੂਟਾ ਸਿੰਘ ਮਹਿਮੂਦਪੁਰ ਅਤੇ ਬਚਿਤਰ ਸਿੰਘ ਮਹਿਮੂਦਪੁਰ ਹਾਜ਼ਰ ਸਨ।

# ਸ਼ਗੁਨ 'ਹੋਣਹਾਰ ਵਿਦਿਆਰਥਣ ਐਵਾਰਡ' ਨਾਲ ਸਨਮਾਨਿਤ




**ਬਟਾਲਾ (ਡਾ. ਮਲਵਿੰਦਰ ਸਿੰਘ)** ਬਟਾਲਾ ਦੇ ਆਰ. ਡੀ. ਖੋਸਲਾ ਸਕੂਲ ਵਿਖੇ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਬੈਸਟ ਸਟੂਡੈਂਟ ਐਵਾਰਡ ਸਮਾਰੋਹ ਕਰਵਾਇਆ ਗਿਆ ।ਇਸ ਵਿੱਚ ਬਟਾਲਾ ਦੇ ਵੱਖ-ਵੱਖ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਜਿਸ ਵਿੱਚ ਡੀ. ਆਰ. ਹੈਰੀਟੇਜ ਪਬਲਿਕ ਸਕੂਲ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਸ਼ਗੁਨ ਨੂੰ ਹੋਣਹਾਰ ਵਿਦਿਆਰਥਣ ਦਾ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ।ਇਹ ਐਵਾਰਡ ਵਿਦਿਆਰਥੀਆਂ ਨੂੰ ਪੂਰੇ ਸਾਲ ਦੀ ਅਕਾਦਮਿਕ ਕਾਰਗੁਜ਼ਾਰੀ ਨੂੰ ਵੇਖਦੇ ਹੋਏ ਦਿੱਤਾ ਗਿਆ ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਸ਼ਗੁਨ ਅਤੇ ਉਸਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਇਸੇ ਤਰ੍ਹਾਂ ਜ਼ਿੰਦਗੀ ਵਿੱਚ ਸਫਲ ਹੋਣ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਕੂਲ ਦਾ ਨਾਮ ਰੌਸ਼ਨ ਕਰਨ ਦੀ ਪ੍ਰੇਰਨਾ ਦਿੱਤੀ।

# ਸੇਖਵਾਂ ਵੱਲੋਂ ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ ਦੀ ਅਪੀਲ




**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਸਮਾਗਮਾਂ ਸਬੰਧੀ ਹਲਕਾ ਕਾਦੀਆਂ ਬਲਾਕ ਧਾਰੀਵਾਲ ਤੋਂ 3 ਬੱਸਾਂ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਕੀਤੀਆਂ ਗਈਆਂ।ਐਡਵੋਕੇਟ ਜਗਰੂਪ ਸਿੰਘ ਸੇਖਵਾਂ ਹਲਕਾ ਇੰਚਾਰਜ ਕਾਦੀਆਂ ਵੱਲੋਂ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਅਰਦਾਸ ਬੇਨਤੀ ਕਰਕੇ ਸੰਗਤਾਂ ਦੇ ਜੱਥੇ ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਕੀਤੇ। ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੰਜਾਬ ਸਰਕਾਰ ਵੱਲੋਂ 23, 24 ਅਤੇ 25 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਵੱਡੇ ਪੱਧਰ ਤੇ ਸਮਾਗਮ ਕਰਵਾਏ ਜਾ ਰਹੇ ਹਨ, ਜਿਸ ਵਿੱਚ ਸੰਤ-ਮਹਾਂਪੁਰਸ਼, ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀ ਅਤੇ ਉਚ ਸ਼ਖਸੀਅਤਾਂ ਸਮਾਗਮਾਂ ਵਿੱਚ ਪਹੁੰਚ ਕੇ ਨਤਮਸਤਕ ਹੋਣਗੀਆਂ।ਉਨ੍ਹਾਂ ਦੱਸਿਆ ਕਿ 24 ਨਵੰਬਰ ਨੂੰ ਵਿਸ਼ੇਸ਼ ਵਿਧਾਨ ਸਭਾ ਦਾ ਇਜਲਾਸ ਵੀ ਹੋਵੇਗਾ।ਉਨ੍ਹਾਂ ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣ ਦੀ ਅਪੀਲ ਕੀਤੀ।ਉਨ੍ਹਾਂ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੇ ਮਾਨਵਤਾ ਦੀ ਖਾਤਰ ਆਪਣਾ ਬਲੀਦਾਨ ਦਿੱਤਾ ਸੀ ਅਤੇ ਉਨ੍ਹਾਂ ਵੱਲੋਂ ਦਿੱਤੀ ਕੁਰਬਾਨੀ ਅਤੇ ਗੁਰੂ ਜੀ ਦੇ ਵਿਚਾਰ ਅੱਜ ਵੀ ਸਾਂਝੀਵਾਲਤਾ ਦਾ ਸੁਨੇਹਾ ਦਿੰਦੇ ਹਨ।

# ਆਜ਼ਾਦੀ ਘੁਲਾਟੀਏ ਬਾਪੂ ਗੁਰਚਰਨ ਸਿੰਘ ਲਾਧੂਪੁਰ ਦਾ 115ਵਾਂ ਜਨਮ ਦਿਹਾੜਾ ਮਨਾਇਆ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਸਿੰਘ ਵਿੱਕੀ)**-ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਸ਼ਹੀਦਾਂ ਨੂੰ ਬੜੇ ਮਾਣ ਨਾਲ ਯਾਦ ਕੀਤਾ ਜਾਂਦਾ ਹੈ। ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਕਾਹਨੂੰਵਾਨ ਲਾਗਲੇ ਪਿੰਡ ਲਾਧੂਪੁਰ ਦੇ ਜੰਮਪਲ ਮਰਹੂਮ ਆਜ਼ਾਦੀ ਘੁਲਾਟੀਏ ਬਾਪੂ ਗੁਰਚਰਨ ਸਿੰਘ ਦਾ 115ਵਾਂ ਜਨਮ ਦਿਨ ਉਨ੍ਹਾਂ ਦੇ ਜੱਦੀ ਪਿੰਡ ਲਾਧੂਪੁਰ ਵਿਖੇ ਉਨ੍ਹਾਂ ਦੀ ਯਾਦ ਵਿੱਚ ਬਣੇ ਸਮਾਰਕ ਵਿੱਚ ਮਨਾਇਆ ਗਿਆ। ਇਸ ਮੌਕੇ ਬਾਪੂ ਗੁਰਚਰਨ ਸਿੰਘ ਫਰੀਡਮ ਫਾਈਟਰ ਚੈਰੀਟੇਬਲ ਟਰੱਸਟ ਤੇ ਆਲ ਇੰਡੀਆ ਫਰੀਡਮ ਫਾਈਟਰ ਫੈਮਿਲੀ ਐਸੋਸੀਏਸ਼ਨ ਅਤੇ ਜਮਾਇਤੇ ਉਲਮਾ-ਏ-ਹਿੰਦ, ਰਿਆੜਕੀ ਸਿੱਖਿਆ ਸੰਸਥਾਵਾਂ, ਬੀਕੇਯੂ (ਸਾਦੀਪੁਰ) ਵੱਲੋਂ ਫਰੀਡਮ ਫਾਈਟਰ ਬਾਪੂ ਗੁਰਚਰਨ ਸਿੰਘ ਲਾਧੂਪੁਰ ਜੀ ਦੇ 115 ਜਨਮ ਦਿਨ ਮੌਕੇ ਉਨ੍ਹਾਂ ਦੀ ਯਾਦ ਵਿੱਚ ਫਰੀਡਮ ਫਾਈਟਰ ਸਮਾਰਕ ਲਾਧੂਪੁਰ ਵਿਖੇ ਕਰਵਾਏ ਸਮਾਗਮ ਵਿੱਚ ਨੌਵੇਂ ਪਾਤਸ਼ਾਹ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਸਿੱਖਿਆਵਾਂ ਅਤੇ ਸ਼ਹਾਦਤ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਪ੍ਰਸੰਸਕ, ਪ੍ਰਵਾਰਿਕ ਮੈਂਬਰ ਅਤੇ ਉਨ੍ਹਾਂ ਦੀ ਸੋਚ ਤੇ ਪਹਿਰਾ ਦੇਣ ਵਾਲੇ ਲੋਕ ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਰਿਆੜਕੀ ਕਾਲਜ ਤੁਗਲਵਾਲਾ ਦੀਆਂ ਵਿਦਿਆਰਥਣਾਂ ਨੇ ਸ਼ਬਦ ਗਾਇਨ ਨਾਲ ਕੀਤੀ। ਉਪਰੰਤ ਸੈਮੀਨਾਰ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਬਾਪੂ



ਗੁਰਚਰਨ ਸਿੰਘ ਲਾਧੂਪੁਰ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਉਨ੍ਹਾਂ ਵਲੋਂ ਚੜ੍ਹਦੀ ਉਮਰੇ ਹੀ ਦੇਸ਼ ਦੀ ਆਜ਼ਾਦੀ ਲਈ ਪਾਏ ਯੋਗਦਾਨ, ਸੰਘਰਸ਼ਾਂ, ਅੰਗਰੇਜ਼ ਸਰਕਾਰ ਦੇ ਜ਼ੁਲਮਾਂ ਅਤੇ ਜ਼ੇਲ੍ਹਾਂ ਕੱਟਣ ਬਾਰੇ ਚਾਨਣਾ ਪਾਇਆ ਗਿਆ। ਸੈਮੀਨਾਰ ਦੌਰਾਨ ਬੁਲਾਰਿਆਂ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਸਿੱਖਿਆਵਾਂ ਅਤੇ ਸ਼ਹਾਦਤ ਬਾਰੇ ਚਾਨਣਾ ਪਾਉਂਦੇ ਹੋਏ ਗੁਰੂ ਦੇ ਜੀਵਨ ਬਾਰੇ ਵਿਸਥਾਰਪੂਰਕ ਜਾਣਕਾਰੀ ਦਿੱਤੀ। ਬੁਲਾਰਿਆਂ ਨੇ ਸਰਕਾਰਾਂ ਵੱਲੋਂ ਸਰਕਾਰੀ ਅਦਾਰਿਆਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਅਤੇ ਸਰਕਾਰੀ ਜਾਇਦਾਦ ਵੇਚਣ ਵਾਲੇ ਫੈਸਲਿਆਂ ਦੀ ਸਖਤ ਨਿੰਦਾ ਕਰਦਿਆਂ ਕਿਹਾ ਸਰਕਾਰਾਂ ਕਾਰਪੋਰੇਟ ਘਰਾਣਿਆਂ ਨੂੰ ਲਾਭ ਦੇਣ ਲਈ ਲੋਕ ਮਾਰੂ ਨੀਤੀਆਂ ਅਪਣਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ 'ਤੇ ਸਿਰਫ ਪੰਜਾਬ ਦਾ ਹੱਕ ਹੈ, ਹੋਰ ਕਿਸੇ ਦਾ ਕੋਈ ਹੱਕ ਨਹੀਂ। ਸੈਮੀਨਾਰ ਦੇ ਅੰਤ ਵਿੱਚ ਫਰੀਡਮ ਫਾਈਟਰ ਅਸ਼ੋਸੀਏਸ਼ਨ ਦੇ ਪ੍ਰਧਾਨ ਤੇ ਮੁੱਖ ਪ੍ਰਬੰਧਕ ਬਖਤਾਵਰ ਸਿੰਘ ਲਾਧੂਪੁਰ ਨੇ ਸੈਮੀਨਾਰ ਵਿੱਚ ਹਾਜ਼ਰ ਸਮੂਹ ਸਖਸ਼ੀਅਤਾਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵਲੋਂ ਅਹਿਮ ਸਖਸ਼ੀਅਤਾਂ ਨੂੰ ਲੋਈਆਂ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਬਲਵੀਰ ਸਿੰਘ ਮੱਲ੍ਹਾ ਨੇ ਨਿਭਾਈ। ਸੈਮੀਨਾਰ ਵਿੱਚ ਸੁਲੱਖਣ ਸਿੰਘ ਗੁਰਾਇਆ, ਬਲਰਾਜ ਸਿੰਘ ਯੂਐਸਏ, ਕਾਮਰੇਡ ਅਜੀਤ ਸਿੰਘ ਠੱਕਰਸੰਧੂ, ਕਾਮਰੇਡ ਬਾਪੂ ਵੱਸਣ ਸਿੰਘ ਸੰਧੂ ਰਾਮਪੁਰ, ਆਪ ਆਗੂ ਕਾਮਰੇਡ ਗੁਰਮੇਜ ਸਿੰਘ ਕਾਦੀਆਂ, ਸ਼੍ਰੋਮਣੀ ਅਕਾਲੀ ਦਲ ਬਾਦਲ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ, ਸਟੇਟ ਅਵਾਰਡੀ ਮਾਸਟਰ ਜਸਵਿੰਦਰ ਸਿੰਘ ਕੀੜੀ ਅਫਗਾਨਾ, ਮੁਲਾਨਾ ਸ਼ਕੀਲ ਕਾਸਮ, ਮੁਲਾਨਾ ਦਿਲਸ਼ਾਦ ਕਾਸਮੀ, ਮੁਫਤੀ ਸਲੀਮ ਅਹਿਮਦ ਕਾਸਮੀ (ਜਮਾਇਤੇ ਉਲਮਾ-ਏ-ਹਿੰਦ), ਗੁਰਬਚਨ ਸਿੰਘ ਬਾਜਵਾ, ਚਤਿੰਨ ਸਿੰਘ ਸੇਖੋਂ (ਮਾਨਸਾ), ਸਾਬਕਾ ਸੈਨਿਕ ਪ੍ਰਧਾਨ ਐਸ ਪੀ ਸਿੰਘ ਗੋਸਲ, ਜ਼ਿਲ੍ਹਾ ਗਾਇਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ, ਅਮਰੀਕ ਸਿੰਘ ਬਾਲੇਵਾਲ,ਦਲਬੀਰ ਸਿੰਘ ਡੁੱਗਰੀ, ਸਰਵਨ ਸਿੰਘ ਮਾਨ, ਭੁਪਿੰਦਰ ਸਿੰਘ ਲੀਲ ਕਲਾਂ, ਨੰਬਰਦਾਰ ਹਰਭਜਨ ਸਿੰਘ, ਭੁਪਿੰਦਰ ਸਿੰਘ ਹਯਾਤ ਨਗਰ, ਨੰਬਰਦਾਰ ਠਾਕੁਰ ਕਸ਼ਮੀਰ ਸਿੰਘ ਕਾਹਨੂੰਵਾਨ, ਮਾਸਟਰ ਸਤਵੰਤ ਸਿੰਘ ਲਾਧੂਪੁਰ, ਜਸਵੰਤ ਸਿੰਘ ਅਠਵਾਲ, ਕੈਪਟਨ ਤਰਸੇਮ ਸਿੰਘ ਬਟਾਲਾ, ਕੇਵਲ ਕ੍ਰਿਸ਼ਨ ਗੁਰਦਾਸਪੁਰ, ਖਜੂਰ ਸਿੰਘ, ਸਰਬਜੀਤ ਕੌਰ, ਜਗੀਰ ਸਿੰਘ ਅੰਮ੍ਰਿਤਸਰ, ਬਲਕਰਨ ਸਿੰਘ,ਦੀਪਕ ਕੁਮਾਰ ਵੋਹਰਾ, ਸੁਖਦੇਵ ਸਿੰਘ ਬੁੱਟਰ ਬਟਾਲਾ, ਅਵਤਾਰ ਸਿੰਘ ਸਿੰਘਾਪੁਰਾ (ਡੇਰਾ ਬਾਬਾ ਨਾਨਕ), ਰਤਨ ਸਿੰਘ ਵਿਰਸਾਲ ਚੱਕ ਆਦਿ ਸਮੇਤ ਵੱਡੀ ਗਿਣਤੀ ਵਿੱਚ ਲੋਕ ਅਤੇ ਫਰੀਡਮ ਫਾਈਟਰ ਪਰਿਵਾਰ ਹਾਜ਼ਰ ਸਨ।

# ਤਲਬੀਰ ਸਿੰਘ ਗਿੱਲ ਨੇ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜਾਂ ਦੇ ਨੀਂਹ ਪੱਥਰ ਰੱਖੇ



**ਮਜੀਠਾ (ਸੋਇਮ ਆਨੰਦ)**

ਹਲਕਾ ਮਜੀਠਾ ਦਾ ਵਿਕਾਸ ਕਰਵਾਉਣਾ ਮੇਰੀ ਜ਼ਿੰਮੇਵਾਰੀ ਹੀ ਨਹੀਂ ਮੇਰਾ ਫਰਜ਼ ਬਣਦਾ ਹੈ ਕਿਉਂਕਿ ਇਹ ਹਲਕਾ ਮਜੀਠਾ ਮੇਰਾ ਪਰਿਵਾਰ ਹੈ ਤੇ ਇਸ ਹਲਕੇ ਨਾਲ ਮੇਰਾ ਦਿਲੋਂ ਲਗਾਵ ਹੈ।ਇਨ੍ਹਾਂ ਸਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕੇ ਦੀਆਂ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਅੱਜ ਪਿੰਡ ਬੱਗਾ ਨੂੰ ਜਾਣ ਵਾਲੀ ਸੜਕ ਅਤੇ ਰੂਪੋਵਾਲੀ ਬ੍ਰਾਹਮਣਾਂ ਵਾਇਆ ਗਦਰਜ਼ਾਦਾ ਦੀ ਸੜਕ ਦੇ ਨਵੀਨੀਕਰਨ ਲਈ ਜਿਸ ਦੀ ਕੁੱਲ ਰਕਮ 73 ਲੱਖ 16 ਹਜਾਰ ਦੇ ਨੀਂਹ ਪੱਥਰ ਰੱਖਿਆ ਹੈ।ਗੁਰੂ ਸਾਹਿਬ ਕਿਰਪਾ ਕਰਨ ਤੁਹਾਡੇ ਸਹਿਯੋਗ ਨਾਲ ਹਲਕਾ ਮਜੀਠਾ ਨੂੰ ਵਿਕਾਸ ਪੱਖੋਂ ਮੋਹਰੀ ਬਣਾਇਆ ਜਾਵੇਗਾ।ਇਸ ਮੌਕੇ ਹਰਪ੍ਰੀਤ ਸਿੰਘ ਬੱਗਾ, ਸੂਬੇਦਾਰ ਮਹਿੰਦਰ ਸਿੰਘ, ਜੁਗਰਾਜ ਸਿੰਘ, ਸੁਰਿੰਦਰ ਵੀਰ ਸਿੰਘ, ਲਵਪ੍ਰੀਤ ਸਿੰਘ, ਗੁਰਿੰਦਰ ਪਾਲ ਸਿੰਘ, ਪ੍ਰਿਤਪਾਲ ਸਿੰਘ ਬੱਗਾ, ਮੇਵਾ ਸਿੰਘ ਰੂਪੋਵਾਲੀ ਬ੍ਰਾਹਮਣਾਂ, ਗੁਰਦੇਵ ਸਿੰਘ, ਗੁਰਪਾਲ ਸਿੰਘ, ਜਸਪਾਲ ਸਿੰਘ, ਬਚਿੱਤਰ ਸਿੰਘ ਬੱਗਾ, ਮਨਜੀਤ ਸਿੰਘ ਟਹਾਲੀ ਸਾਹਿਬ, ਸਿਕੰਦਰ ਸਿੰਘ ਖਿਦੋਵਾਲੀ, ਬਲਹਾਰ ਸਿੰਘ ਏਪੀ ਚਵਿੰਡਾ ਦੇਵੀ, ਲੱਖੀ ਰੂਪੋਵਾਲੀ ਬ੍ਰਾਹਮਣਾਂ, ਨੰਬਰਦਾਰ ਬੱਬੀ ਆਦਿ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਫੋਰਟਿਸ ਹਸਪਤਾਲ ਲੁਧਿਆਣਾ ਵੱਲੋਂ ਹੈਲਮੇਟ ਸੁਰੱਖਿਆ ਮੁਹਿੰਮ ਦਾ ਆਗਾਜ਼

**ਲੁਧਿਆਣਾ:** ਫੋਰਟਿਸ ਹੈਲਥਕੇਅਰ ਨੇ ਸੜਕ ਸੁਰੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਦੋਪਹੀਆ ਵਾਹਨਾਂ ਦੇ ਹਾਦਸਿਆਂ ਕਾਰਨ ਹੋਣ ਵਾਲੀਆਂ ਟਾਲਣਯੋਗ ਐਮਰਜੈਂਸੀਆਂ ਨੂੰ ਰੋਕਣ ਦੇ ਉਦੇਸ਼ ਨਾਲ ਇੱਕ ਦੇਸ਼ ਵਿਆਪੀ ਹੈਲਮੇਟ ਸੁਰੱਖਿਆ ਮੁਹਿੰਮ ਸ਼ੁਰੂ ਕੀਤੀ ਹੈ।ਇਹ ਪਹਿਲ ਪੂਰੇ ਭਾਰਤ ਵਿੱਚ ਫੋਰਟਿਸ ਦੇ ਕਈ ਸਥਾਨਾਂ ਤੇ ਸਬੰਧਤ ਸਥਾਨਕ ਟ੍ਰੈਫਿਕ ਪੁਲਿਸ ਵਿਭਾਗਾਂ ਦੇ ਨੇੜਲੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ।ਭਾਰਤ ਦੇ ਸਾਰੇ ਫੋਰਟਿਸ ਹਸਪਤਾਲਾਂ ਵਿੱਚ ਜ਼ਿਆਦਾ ਭੀੜਭਾੜ ਵਾਲੇ ਟ੍ਰੈਫਿਕ ਜ਼ੋਨਾਂ ਵਿੱਚ 1500 ਤੋਂ ਵੱਧ ਹੈਲਮੇਟ ਅਤੇ ਫਸਟ-ਏਡ ਬੁਕਲੇਟ ਵੀ ਵੰਡੀਆਂ ਗਈਆਂ।ਮੁਹਿੰਮ ਦੇ ਹਿੱਸੇ ਵਜੋਂ ਫੋਰਟਿਸ ਹਸਪਤਾਲ ਲੁਧਿਆਣਾ ਨੇ ਆਪਣੇ ਹਸਪਤਾਲਾਂ ਦੇ ਨੇੜੇ ਜ਼ਿਆਦਾ ਭੀੜਭਾੜ ਵਾਲੇ ਟ੍ਰੈਫਿਕ ਚੌਰਾਹਿਆਂ ਤੇ ਬਿਨਾਂ ਹੈਲਮੇਟ ਪਾਏ ਗਏ ਦੋਪਹੀਆ ਵਾਹਨ ਸਵਾਰਾਂ ਨੂੰ ਲਗਭਗ 50 ਬ੍ਰਾਂਡ ਵਾਲੇ ਹੈਲਮੇਟ ਦੇ ਨਾਲ-ਨਾਲ ਫਸਟ-ਏਡ ਬੁਕਲੇਟ ਵੀ ਵੰਡੀਆਂ।ਹੈਲਮੇਟ ਵੰਡ ਮੁਹਿੰਮ ਬਾਰੇ ਗੱਲ ਕਰਦੇ ਹੋਏ ਫੋਰਟਿਸ ਹੈਲਥਕੇਅਰ ਦੀ ਚੀਫ ਗ੍ਰੋਥ ਐਂਡ ਇਨੋਵੇਸ਼ਨ ਅਫਸਰ ਡਾ. ਰਿਤੂ ਗਰਗ ਨੇ ਕਿਹਾ ਕਿ ਸਾਡਾ ਮੁੱਖ ਉਦੇਸ਼ ਜਾਨਾਂ ਬਚਾਉਣ ਵਿੱਚ ਹੈਲਮੇਟ ਦੀ ਵਰਤੋਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ।

# ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਲਈ ਕਰੀਅਰ ਏਜੰਟ ਅਕੈਡਮੀ ਪ੍ਰੋਗਰਾਮ ਕਰਵਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਕਾਲਜ ਦੇ ਵਣਜ ਅਤੇ ਵਪਾਰ ਪ੍ਰਸ਼ਾਸਨ ਵਿਭਾਗ ਵੱਲੋਂ ਬਜਾਜ ਫਿਨਸਰਵ ਲਿਮਟਿਡ ਦੇ ਸਹਿਯੋਗ ਨਾਲ ਸੀ. ਪੀ. ਬੀ. ਐੱਫ. ਆਈ. ਪ੍ਰਮਾਣਿਤ ਵਿਦਿਆਰਥੀਆਂ ਲਈ ਸਿਖਲਾਈ ਪ੍ਰੋਗਰਾਮ 'ਕਰੀਅਰ ਏਜੰਟ ਅਕੈਡਮੀ' ਕਰਵਾਇਆ ਗਿਆ।ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ—ਨਿਰਦੇਸ਼ਾਂ 'ਤੇ ਕਰਵਾਇਆ ਗਿਆ ਉਕਤ ਪ੍ਰੋਗਰਾਮ ਸੰਸਥਾ ਅਤੇ ਬਜਾਜ ਲਿਮ: ਦਰਮਿਆਨ ਬੈਂਕਿੰਗ, ਵਿੱਤ ਅਤੇ ਬੀਮਾ ਖੇਤਰ 'ਚ ਵਿਦਿਆਰਥੀਆਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਮਕਸਦ ਨਾਲ ਵਿਹਾਰਕ ਸਿਖਲਾਈ ਅਤੇ ਜ਼ਰੂਰੀ ਹੁਨਰ ਪ੍ਰਦਾਨ ਕਰਨ ਲਈ ਕੀਤੇ ਸਮਝੌਤੇ ਦਾ ਇਕ ਹਿੱਸਾ ਸੀ।ਉਕਤ ਸਮਾਗਮ ਪ੍ਰਿੰ: ਡਾ. ਰੰਧਾਵਾ, ਮੁਖੀ ਡਾ. ਸਵਰਾਜ ਕੌਰ, ਪ੍ਰੋਗਰਾਮ ਕੋਆਰਡੀਨੇਟਰ ਡਾ. ਅਜੈ ਸਹਿਗਲ ਅਤੇ ਸਹਾਇਕ ਕੋਆਰਡੀਨੇਟਰ ਡਾ. ਨਿਧੀ ਸਭਰਵਾਲ ਦੀ ਨਿਗਰਾਨੀ ਹੇਠ ਯੋਜਨਾਬੱਧ ਢੰਗ ਨਾਲ ਕਰਵਾਇਆ ਗਿਆ ਸੀ।ਇਸ ਦੌਰਾਨ ਪ੍ਰਿੰ: ਡਾ. ਰੰਧਾਵਾ ਨੇ ਵਿਦਿਆਰਥੀਆਂ ਦੇ ਪੇਸ਼ੇਵਰ ਵਿਕਾਸ ਲਈ ਵਿੱਤ ਦੇ ਸਿਧਾਂਤਕ ਪਹਿਲੂਆਂ ਦੇ ਨਾਲ—ਨਾਲ ਵਿਹਾਰਕ ਗਿਆਨ ਦੀ ਮਹੱਤਤਾ 'ਤੇ ਚਾਨਣਾ ਪਾਇਆ।ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸਿਖਲਾਈ ਪ੍ਰੋਗਰਾਮ ਨੂੰ ਸਫਲਤਾਪੂਰਵਕ ਪੂਰਾ ਕਰਨ ਲਈ ਵਧਾਈ ਦਿੱਤੀ।ਇਸ ਮੌਕੇ ਡਾ. ਸਵਰਾਜ ਕੌਰ ਨੇ ਵਿਦਿਆਰਥੀਆਂ ਲਈ ਪ੍ਰੋਗਰਾਮ ਦੇ ਫਾਇਦਿਆਂ 'ਤੇ ਚਾਨਣਾ ਪਾਉਂਦਿਆਂ 'ਜ਼ਗਾਰ ਯੋਗਤਾ ਨੂੰ ਵਧਾਉਣ ਲਈ ਸਹੀ ਰਵੱਈਆ, ਡੋਮੇਨ ਗਿਆਨ ਅਤੇ ਸੰਚਾਰ ਹੁਨਰ ਵਿਕਸਤ ਕਰਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਡਾ. ਸਹਿਗਲ ਨੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਅਤੇ ਬੀਮਾ ਏਜੰਟ ਪ੍ਰੀਖਿਆ 'ਚ ਸਫਲਤਾਪੂਰਵਕ ਪਾਸ ਹੋਣ ਲਈ ਸ਼ਲਾਘਾ ਕੀਤੀ।ਜਦਕਿ ਡਾ. ਤਮਿੰਦਰ ਸਿੰਘ ਭਾਟੀਆ, ਡਾ. ਦਲਜੀਤ ਸਿੰਘ, ਡਾ. ਏ. ਕੇ. ਕਾਹਲੋਂ, ਡਾ. ਦੀਪਕ ਦੇਵਗਨ ਅਤੇ ਡਾ. ਪੂਨਮ ਸ਼ਰਮਾ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਬੀ. ਕਾਮ (ਆਨਰਜ਼) ਪੰਜਵੇਂ ਸਮੈਸਟਰ ਦੇ ਵਿਦਿਆਰਥੀਆਂ 'ਚ ਮਹਿਕਪ੍ਰੀਤ ਕੌਰ, ਸਨੇਹਾ, ਰਣਦੀਪ ਸਿੰਘ, ਸ਼ੁਭਸੀਰਤ ਕੌਰ, ਮਨਰੂਪ ਕੌਰ, ਜਸਪ੍ਰੀਤ ਸਿੰਘ, ਯਸ਼ ਆਦਿ ਨੇ ਹਿੱਸਾ ਲਿਆ ਅਤੇ ਇਸ ਤਿੰਨ ਦਿਨਾ ਟ੍ਰੇਨਿੰਗ ਪ੍ਰੋਗਰਾਮ ਨੂੰ ਸਫਲਤਾਪੂਰਵਕ ਪੂਰਾ ਕੀਤਾ, ਇਸ ਦੇ ਨਾਲ ਹੀ ਆਈ. ਆਰ. ਡੀ. ਏ. ਦੁਆਰਾ ਕਰਵਾਏ ਗਏ ਬੀਮਾ ਏਜੰਟ ਦੀ ਪ੍ਰੀਖਿਆ ਨੂੰ ਵੀ ਪਾਸ ਕੀਤਾ।

# ਅਣਪਛਾਤੇ ਵਿਅਕਤੀ ਦੀ ਮੌਤ

**ਕੁਰਾਲੀ (ਮੋਹਨ ਅੱਗਰਵਾਲ)**-ਕੁਰਾਲੀ ਸ਼ਹਿਰ ਦੀ ਹੱਦ ਵਿੱਚ ਲਾਵਾਰਿਸ, ਅਣਪਛਾਤੇ ਅਤੇ ਬੇਸਹਾਰਾ ਨਾਗਰਿਕਾਂ ਦੀ ਸੇਵਾ ਨੂੰ ਸਮਰਪਿਤ ਸੰਸਥਾ ਪ੍ਰਭ ਆਸਰਾ ਦੇ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਾਜਿੰਦਰ ਕੌਰ ਨੇ ਦੱਸਿਆ ਕਿ ਇੱਕ



ਅਣਪਛਾਤਾ ਵਿਅਕਤੀ, ਜੋ ਕਿ ਪਿੰਡ ਕਾਠਗੜ੍ਹ ਵਿਚ ਕਰੀਬ ਇੱਕ ਮਹੀਨੇ ਤੋਂ ਤਰਸਯੋਗ ਹਾਲਤ ਵਿੱਚ ਘੁੰਮ ਰਿਹਾ ਸੀ ਅਤੇ ਜਿਸ ਦੀ ਦਿਮਾਗੀ ਹਾਲਤ ਠੀਕ ਨਹੀਂ ਸੀ । ਇਨ੍ਹਾਂ ਹਲਾਤਾਂ ਨੂੰ ਦੇਖਦੇ ਹੋਏ ਪਿੰਡ ਦੀ ਪੰਚਾਇਤ ਅਤੇ ਪ੍ਰਸ਼ਾਸਨ ਦੀ ਮਦਦ ਨਾਲ 6 ਸਾਲ ਪਹਿਲਾ ਇਲਾਜ, ਸੰਭਾਲ ਲਈ ਪ੍ਰਭ ਆਸਰਾ ਵਿਖੇ ਦਾਖਲ ਕਰਵਾਇਆ ਸੀ ।ਸੰਸਥਾ ਵਿੱਚ ਇਲਾਜ ਦੌਰਾਨ ਵਿਅਕਤੀ ਨੇ ਆਪਣਾ ਨਾਮ ਰਾਜੂ ਦੱਸਿਆ ਸੀ ਅਤੇ ਉਮਰ ਲਗਭਗ 46 ਸਾਲ । ਹੁਣ ਇਹ ਸੰਸਥਾ ਦੀ ਫੇਰੂਰਾਈ, ਲੁਧਿਆਣਾ ਸਥਿਤ ਬ੍ਰਾਂਚ ਵਿੱਚ ਇਲਾਜ ਅਤੇ ਸੰਭਾਲ ਅਧੀਨ ਸਨ । ਉੱਥੇ ਅਚਨਚੇਤ ਦੌਰਾ ਪੈਣ ਕਾਰਨ ਅਕਾਲ ਚਲਾਣਾ ਕਰ ਗਏ।

# 239 ਪ੍ਰਾਇਮਰੀ ਅਧਿਆਪਕਾਂ ਦਾ ਬਲਾਕ ਪੱਧਰੀ ਤਿੰਨ ਰੋਜ਼ਾ ਸੈਮੀਨਾਰ ਆਯੋਜਿਤ

**ਪਠਾਨਕੋਟ, (ਦਵਿੰਦਰ ਸਿੰਘ)**

ਮਾਨਯੋਗ ਡਾਇਰੈਕਟਰ ਐੱਸਸੀਈਆਰਟੀ ਦੇ ਹੁਕਮਾਂ ਅਨੁਸਾਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿੱ.) ਪਠਾਨਕੋਟ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡੀ. ਜੀ. ਸਿੰਘ ਦੀ ਯੋਗ ਅਗਵਾਈ ਹੇਠ ਪਹਿਲੀ ਅਤੇ ਦੂਜੀ ਜ਼ਮਾਤ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਦੇ ਪਹਿਲੇ ਬੈਚ ਤਹਿਤ 239 ਅਧਿਆਪਕਾਂ ਨੂੰ 7 ਬਲਾਕਾਂ ਵਿੱਚ ਬਣੇ ਰਿਸੋਰਸਰੂਮ ਵਿਚ ਜ਼ਿਲ੍ਹੇ ਤੋਂ ਟ੍ਰੇਨਿੰਗ ਪ੍ਰਾਪਤ 21 ਬਲਾਕ ਰਿਸੋਰਸਪਰਸਨਜ਼ ਵੱਲੋਂ ਤਿੰਨ ਰੋਜ਼ਾ ਸਿਖਲਾਈ ਕਮ ਵਰਕਸ਼ਾਪ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਦੀ ਅਗਵਾਈ ਹੇਠ ਲਗਾਈ ਜਾ ਰਹੀ ਹੈ। ਇਨ੍ਹਾਂ ਟ੍ਰੇਨਿੰਗ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡੀ. ਜੀ. ਸਿੰਘ ਵੱਲੋਂ ਸ਼ਮੂਲੀਅਤ ਕਰ ਰਹੇ ਅਧਿਆਪਕਾਂ ਨੂੰ ਬਲਾਕ ਪੱਧਰੀ ਟ੍ਰੇਨਿੰਗਾਂ ਵਿੱਚ ਗ੍ਰਹਿਣ ਕੀਤੇ ਗਏ ਗਿਆਨ ਨੂੰ 100% ਬੱਚਿਆਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਸ੍ਰੀਮਤੀ ਕਮਲਦੀਪ ਕੌਰ ਵੱਲੋਂ ਵੀਡੀਓ ਕਾਲ ਕਰਕੇ ਵੱਖ ਵੱਖ ਬਲਾਕਾਂ ਦੇ ਟ੍ਰੇਨਿੰਗ ਲਗਾ ਰਹੇ ਅਧਿਆਪਕਾਂ ਨਾਲ ਟ੍ਰੇਨਿੰਗ ਬਾਰੇ ਗੱਲਬਾਤ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਕਮਲਦੀਪ ਕੌਰ ਨੇ ਦੱਸਿਆ ਕਿ ਟ੍ਰੇਨਿੰਗ ਦੇ ਪਹਿਲੇ ਦਿਨ ਐਂਨਸੀਐੱਫ-ਐੱਫਐੱਸ ਅਨੁਸਾਰ ਮਿੱਥੇ ਗਏ ਡੋਮੇਨਸ, ਪਾਠਕ੍ਰਮ ਉਦੇਸ਼, ਕੁਸ਼ਲਤਾਵਾਂ, ਸਿੱਖਣ ਪਰਿਣਾਮਾਂ ਅਤੇ ਨਿਪੁੰਨ (ਐੱਫ਼ਐੱਲਐੱਨ) ਦੇ ਰਿਵਾਈਜ਼ਡ ਲਕਸ਼ੈ ਬਾਰੇ ਗੱਲ ਕੀਤੀ ਗਈ।ਇਸ ਤੋਂ ਇਲਾਵਾ ਪੰਜਾਬੀ ਵਿਸ਼ੇ ਤੇ ਗੱਲ ਕਰਦੇ ਹੋਏ ਜਮਾਤ ਪਹਿਲੀ ਅਤੇ ਦੂਜੀ ਦੇ ਪਾਠਕ੍ਰਮ ਦਾ ਐਨ.ਸੀ.ਐਫ. - ਐਫ਼.ਐਸ ਦੀਆਂ ਕੁਸ਼ਲਤਾਵਾਂ ਅਤੇ ਨਿਪੁੰਨ ਦੇ ਲਕਸ਼ੈ ਨਾਲ ਸੁਮੇਲ ਦਰਸਾਉਂਦੇ ਹੋਏ ਪਾਠ ਪੁਸਤਕ ਵਿੱਚ ਉਹਨਾਂ ਬਾਰੇ ਸੰਬੰਧ ਦਸਿਆ ਗਿਆ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡੀ. ਜੀ. ਸਿੰਘ ਨੇ ਦੱਸਿਆ ਕਿ ਟ੍ਰੇਨਿੰਗ ਦੇ ਦੂਜੇ ਦਿਨ ਗਣਿਤ ਵਿਸ਼ੇ ਦੇ ਜਮਾਤ ਪਹਿਲੀ



ਅਤੇ ਦੂਜੀ ਦੇ ਪਾਠਕ੍ਰਮ ਦਾ ਕੁਸ਼ਲਤਾਵਾਂ ਅਤੇ ਨਿਪੁੰਨ ਲਕਸ਼ੈ ਨਾਲ ਸੰਬੰਧ ਦੱਸਿਆ ਗਿਆ। ਗਣਿਤ ਕਿੱਟ ਵਿੱਚਲੇ ਸਾਮਾਨ ਅਤੇ ਉਸ ਦੀ ਵਰਤੋਂ ਕਿਵੇਂ ਕਰਨੀ ਹੈ, ਬਾਰੇ ਦੱਸਿਆ ਗਿਆ। ਇਸ ਤੋਂ ਇਲਾਵਾ ਸਟੇਟ ਵੱਲੋਂ ਸੈਸ਼ਨ 2021-22 ਤੋਂ 2025-26 ਤੱਕ ਐੱਫ਼. ਐੱਲ. ਐੱਨ. ਨੂੰ ਪ੍ਰਫੁੱਲਿਤ ਕਰਨ ਲਈ ਜੋ ਉਪਰਾਲੇ ਕੀਤੇ ਗਏ ਹਨ ਉਸ ਤੇ ਚਰਚਾ ਕੀਤੀ ਗਈ।ਟ੍ਰੇਨਿੰਗ ਦੇ ਤੀਜੇ ਦਿਨ ਅੰਗਰੇਜ਼ੀ ਭਾਸ਼ਾ ਤੇ ਗੱਲ ਕੀਤੀ ਗਈ ਅਤੇ ਇਸ ਵਿੱਚ ਵੀ ਪਾਠਕ੍ਰਮ ਦਾ ਕੁਸ਼ਲਤਾਵਾਂ ਅਤੇ ਐੱਫ਼. ਐੱਲ. ਐੱਨ. ਦੇ ਲਕਸ਼ੈ ਬਾਰੇ ਗੱਲਬਾਤ ਕੀਤੀ ਗਈ।ਇਸ ਤੋਂ ਇਲਾਵਾ ਇਨ੍ਹਾਂ ਤਿੰਨਾਂ ਦਿਨਾਂ ਦੌਰਾਨ ਸਾਰੇ ਵਿਸ਼ਿਆਂ ਨੂੰ ਜਮਾਤ ਵਿੱਚ ਕਰਵਾਉਣ ਲਈ ਵਰਤੀ ਜਾਂਦੀ ਸਿੱਖਣ ਸਿਖਾਉਣ ਪ੍ਰਕਿਰਿਆ ਦੇ ਤਹਿਤ ਚਾਰ ਨੁਕਾਤੀ ਤਕਨੀਕ, ਈਐੱਲਪੀਐੱਸ ਅਪ੍ਰੋਚ ਅਤੇ ਜੀਆਰਆਰ ਤਕਨੀਕ ਬਾਰੇ ਗੱਲਬਾਤ ਕੀਤੀ ਗਈ।ਡੀਆਰਸੀ ਵਨੀਤ ਮਹਾਜਨ ਨੇ ਦੱਸਿਆ ਕਿ ਜਮਾਤ ਪਹਿਲੀਂ ਅਤੇ ਦੂਜੀ ਦੇ ਵਿਦਿਆਰਥੀਆਂ ਦੇ ਹੋਲਿਸਟਿਕ ਪ੍ਰੋਗਰੈਸ ਕਾਰਡ ਕਿਵੇਂ ਭਰਨੇ ਹਨ ਬਾਰੇ ਚਰਚਾ ਕੀਤੀ ਗਈ ਅਤੇ ਸਾਰੇ ਵਿਸ਼ਿਆਂ ਵਿੱਚ ਪਾਠ ਯੋਜਨਾ ਕਿਵੇਂ ਤਿਆਰ ਕਰਨੀ ਹੈ ਉਸ ਦੀ ਬਣਤਰ ਬਾਰੇ ਦੱਸਿਆ ਗਿਆ।ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਕਮਲਦੀਪ ਕੌਰ ਵੱਲੋ ਬਲਾਕ ਪਠਾਨਕੋਟ-2 ਦੇ ਰਿਸੋਰਸ ਸੈਂਟਰ ਸਰਕਾਰੀ ਪ੍ਰਾਇਮਰੀ ਸਕੂਲ ਭੋਆ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡੀ. ਜੀ. ਸਿੰਘ ਵੱਲੋਂ ਬਲਾਕ ਨਰੋਟ ਜੈਮਲ ਸਿੰਘ, ਬੀਪੀਈਓ ਧਾਰ-2 ਵੱਲੋ ਬਲਾਕ ਪਠਾਨਕੋਟ-3 ਅਤੇ ਡੀਆਰਸੀ ਵਨੀਤ ਮਹਾਜਨ ਵੱਲੋਂ ਬਲਾਕ ਪਠਾਨਕੋਟ-2, ਬਲਾਕ ਨਰੋਟ ਜੈਮਲ ਸਿੰਘ, ਬਲਾਕ ਬਮਿਆਲ, ਧਾਰ-1, ਪਠਾਨਕੋਟ -3 ਅਤੇ ਧਾਰ-2 ਦੇ ਰਿਸੋਰਸ ਰੂਮ ਵਿੱਚ ਜਾਕੇ ਅਧਿਆਪਕਾਂ ਨਾਲ ਰਾਬਤਾ ਕਾਇਮ ਕੀਤਾ ਗਿਆ।ਇਸ ਮੌਕੇ ਬੀਪੀਈਓ ਰਾਕੇਸ਼ ਠਾਕੁਰ, ਸਰਬਜੀਤ ਕੌਰ ਬਲਾਕ ਨੋਡਲ ਇੰਚਾਰਜ ਨਰੋਟ ਜੈਮਲ ਸਿੰਘ, ਵਿਜੇ ਸਿੰਘ ਬਲਾਕ ਨੋਡਲ ਇੰਚਾਰਜ ਬਮਿਆਲ, ਕਵਿੰਦਰ ਕੁਮਾਰ ਬਲਾਕ ਨੋਡਲ ਇੰਚਾਰਜ ਧਾਰ-1, ਗੁਲਸ਼ਨ ਸਿਆਲ ਬਲਾਕ ਨੋਡਲ ਇੰਚਾਰਜ ਪਠਾਨਕੋਟ -1, ਸੁਨੀਲ ਕੁਮਾਰ ਬਲਾਕ ਨੋਡਲ ਇੰਚਾਰਜ ਪਠਾਨਕੋਟ -2, ਕੈਲਾਸ਼ ਚੰਦਰ ਬਲਾਕ ਨੋਡਲ ਇੰਚਾਰਜ ਪਠਾਨਕੋਟ -3, ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।

# ਜੀ ਐੱਨ ਡੀ ਯੂ ਦਾ 56ਵਾਂ ਸਥਾਪਨਾ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਅੱਜ ਜੱਦੋਂ ਸਾਰਾ ਸੰਸਾਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਉਸ ਮਹਾਨ ਸ਼ਹਾਦਤ ਦੇ 350 ਸਾਲ ਨੂੰ ਪੂਰੀ ਸ਼ਰਧਾ-ਭਾਵਨਾ ਨਾਲ ਮਨਾ ਰਿਹਾ ਹੈ ਤਾਂ ਉਦੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਅਗਵਾਈ ਵਿਚ ਆਪਣਾ 56ਵਾਂ ਸਥਾਪਨਾ ਦਿਵਸ ਨੌਵੇਂ ਪਾਤਸ਼ਾਹ ਜੀ ਦੇ ਅਮਰ ਸੰਦੇਸ਼; ਸ਼ਹਾਦਤ, ਮਨੁੱਖਤਾ ਅਤੇ ਭੈ ਮੁਕਤ ਜੀਵਨ ਰਹਿਣੀ—ਨੂੰ ਸਮਰਪਿਤ ਕਰਕੇ ਇਕ ਮਹੱਤਵਪੂਰਨ ਕਦਮ ਚੁੱਕਿਆ ਹੈ।ਪੂਰੀ ਦੁਨੀਆ ਨੂੰ ਫਿਰਕੂ ਵੰਡ, ਅਸਹਿਣਸ਼ੀਲਤਾ ਅਤੇ ਭੈ ਵਿੱਚੋਂ ਬਾਹਰ ਕੱਢਣ ਲਈ ਗੁਰੂ ਸਾਹਿਬ ਜੀ ਦੀ ਅਮਰ ਬਾਣੀ ਭੈ ਕਾਹੂ ਕੋ ਦੇਤ ਨਹਿ, ਨਹਿ ਭੈ ਮਾਨਤ ਆਨ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇਸ ਲਈ ਦੁਹਰਾਇਆ ਹੈ ਕਿ ਇਨ੍ਹਾਂ ਸਭ ਮਸਲਿਆਂ ਦਾ ਹੱਲ ਗੁਰੂ ਸਾਹਿਬ ਜੀ ਦੀ ਬਾਣੀ ਵਿਚ ਹੀ ਪਿਆ ਹੈ।ਸੱਚ ਦੀ ਆਵਾਜ਼ ਨੂੰ ਦਬਾਉਣ ਵਾਲੀ ਮਾਨਸਿਕਤਾ ਦਾ ਤਿਆਗ ਕਰਨਾ ਹੀ ਪਵੇਗਾ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਸੁਚੱਜੀ ਅਗਵਾਈ ਹੇਠ ਯੂਨੀਵਰਸਿਟੀ ਨੇ ਪਿਛਲੇ 55 ਸਾਲਾ ਦੀ ਵਿਰਾਸਤ ਨੂੰ ਅੱਗੇ ਵਧਾਇਆ ਹੈ ਉੱਥੇ ਉਨ੍ਹਾਂ ਇੱਕ ਸਾਲ ਵਿਚ ਹੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਸਰਕਾਰੀ ਯੂਨੀਵਰਸਿਟੀਆਂ ਵਿੱਚੋਂ ਭਾਰਤ ਵਿੱਚ 11ਵਾਂ ਸਥਾਨ ਤੇ ਪਹੁੰਚਾ ਦਿੱਤਾ ਹੈ। ਇਸ ਸਮੇਂ ਯੂਨੀਵਰਸਿਟੀ ਦਾ ਐੱਚ -ਇੰਡੈਕਸ 175 ਹੋ ਗਿਆ ਹੈ। ਇਸ ਤੋਂ ਇਲਾਵਾ ਸਕੋਪਸ-ਇੰਡੈਕਸਡ ਖੋਜ ਪੇਪਰਾਂ ਵਿਚ ਵੱਡਾ ਵਾਧਾ ਹੋਇਆ ਹੈ।ਸ੍ਰੀ ਗੁਰੂ ਨਾਨਕ ਦੇਵ ਜੀ ਦੇ ਈਮਾਨਦਾਰੀ, ਮਿਹਨਤ ਅਤੇ ਸੇਵਾ ਦੇ ਸੰਦੇਸ਼ ਦੀ ਲਗਾਤਾਰ ਚੱਲ ਰਹੀ ਵਿਰਾਸਤ ਨੂੰ ਯੂਨੀਵਰਸਿਟੀ ਵਿੱਚ ਅੱਗੇ ਤੋਰਿਆ ਜਾ ਰਿਹਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਵਿਦਿਆਰਥੀਆਂ ਲਈ ਕੁਝ ਰਿਆਇਤਾਂ ਦੇਣ ਦਾ ਫੈਸਲਾ ਕੀਤਾ ਗਿਆ ਹੈ।ਇਸ ਤੋਂ ਇਲਾਵਾ, ਯੂਨੀਵਰਸਿਟੀ ਨੇ ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਇੱਕ ਪਿੰਡ ਨੂੰ ਗੋਦ ਲੈ ਕੇ ਉਸ ਦੇ ਵਿਕਾਸ ਅਤੇ ਹੋਰ ਕੰਮਾਂ ਲਈ ਹਰ ਤਰ੍ਹਾਂ ਦੀ ਮਦਦ ਪ੍ਰਦਾਨ ਕਰਨ ਵਾਸਤੇ ਆਪਣੀ ਟੀਮ ਨੂੰ ਤੈਨਾਤ ਕੀਤਾ ਹੈ।24 ਨਵੰਬਰ ਨੂੰ ਹੋਣ ਵਾਲੇ 56ਵੇਂ ਸਥਾਪਨਾ ਦਿਵਸ ਸਮਾਗਮ ਵਿਚ ਡਾ. ਬ੍ਰਿਜਪਾਲ ਸਿੰਘ (ਸਾਬਕਾ ਫੈਕਲਟੀ, ਲਾਲ ਬਹਾਦੁਰ ਸ਼ਾਸਤਰੀ ਰਾਸ਼ਟਰੀ ਪ੍ਰਸ਼ਾਸਨ ਅਕਾਦਮੀ, ਮਸੂਰੀ), ਡਾ. ਕੇਹਰ ਸਿੰਘ (ਪ੍ਰਸਿੱਧ ਪੰਜਾਬੀ ਸਾਹਿਤਕ ਵਿਦਵਾਨ) ਅਤੇ ਇੰਜ. ਸੁਪਰੀਤਪਾਲ ਸਿੰਘ (ਇੰਡੋਨੇਸ਼ੀਆ) ਆਪੋ-ਆਪਣੇ ਵਿੱਦਿਅਕ ਭਾਸ਼ਣ ਰਾਹੀਂ ਖੋਜ, ਅਕਾਦਮਿਕਤਾ ਅਤੇ ਚੰਗੇ ਨੈਤਿਕ ਜੀਵਨ ਸੰਬੰਧੀ ਨਵੀਆਂ ਦਿਸ਼ਾਵਾਂ ਪੇਸ਼ ਕਰਨਗੇ।ਸਵੇਰੇ ਅਤੇ ਸ਼ਾਮ ਨੂੰ ਗੁਰਬਾਣੀ-ਕੀਰਤਨ ਤੋਂ ਇਲਾਵਾ ਚਿੱਤਰ-ਪ੍ਰਦਰਸ਼ਨੀ ਅਤੇ ਲੋਕ-ਕਲਾ ਪ੍ਰਦਰਸ਼ਨੀ ਨਾਲ ਵਿਦਿਆਰਥੀਆਂ ਨੂੰ ਪੰਜਾਬ ਦੀ ਰੂਹਾਨੀ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਦਾ ਉਪਰਾਲਾ ਹੋਵੇਗਾ।

ਨਵਾਂ ਜ਼ਮਾਨਾ

ਸੋਮਵਾਰ, 24 ਨਵੰਬਰ 2025

# ਮਜ਼ਦੂਰਾਂ ’ਤੇ ਮਾਰੂ ਹਮਲਾ

ਮਿਹਨਤਕਸ਼ਾਂ ਦੇ ਭਾਰੀ ਵਿਰੋਧ ਦੇ ਬਾਵਜੂਦ ਕੇਂਦਰ ਸਰਕਾਰ ਨੇ 21 ਨਵੰਬਰ ਨੂੰ ਚਾਰ ਲੇਬਰ ਕੋਡ ਫੌਰੀ ਤੌਰ ’ਤੇ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ। 29 ਲੇਬਰ ਕਾਨੂੰਨਾਂ ਨੂੰ ਚਾਰ ਕੋਡਾਂ—ਤਨਖਾਹ ਕੋਡ (2019), ਕਾਰੋਬਾਰੀ ਸੁਰੱਖਿਆ, ਸਿਹਤ ਤੇ ਕਾਰਜ ਸ਼ਰਤ ਕੋਡ (2020), ਸਮਾਜੀ ਸੁਰੱਖਿਆ ਕੋਡ (2020) ਅਤੇ ਸਨਅਤੀ ਸੰਬੰਧ ਕੋਡ (2020) ਵਿੱਚ ਬਦਲਣ ਨੂੰ ਸਰਕਾਰ ਨੇ ‘ਕਿਰਤ ਸੁਧਾਰ’ ਦੱਸਿਆ ਹੈ, ਪਰ ਇਹ ਲਾਜ਼ਮੀ ਤੌਰ ’ਤੇ ਅਜਿਹੇ ਔਜ਼ਾਰ ਹਨ, ਜਿਹੜੇ ਵਪਾਰ ਕਰਨ ਦੀ ਸੌਖ ਦੀ ਓਟ ਹੇਠ ਵੱਡੇ ਕਾਰੋਬਾਰ ਤੇ ਕਾਰਪੋਰੇਟ ਹਿੱਤਾਂ ਦੇ ਮੁਨਾਫੇ ਲਈ ਆਧੁਨਿਕ ਗੁਲਾਮੀ ਤੇ ਸ਼ੋਸ਼ਣ ਨੂੰ ਵਧਾਉਣਗੇ। ਇਹ ਕੋਡ ਸਨਅਤੀ ਸੁਰੱਖਿਆ ਦੀ ਪਾਲਣਾ ਤੇ ਮਜ਼ਦੂਰ ਦੀਆਂ ਲੋੜਾਂ ਨੂੰ ਭਿਆਨਕ ਤੌਰ ’ਤੇ ਸਿੱਥਲ ਕਰਦੇ ਹਨ ਅਤੇ ਅਣਥਕ ਸੰਘਰਸ਼ਾਂ ਨਾਲ ਹਾਸਲ ਜਥੇਬੰਦੀ ਬਣਾਉਣ ਤੇ ਸਮੂਹਕ ਕਾਰਵਾਈ ਵਰਗੇ ਤਮਾਮ ਅਧਿਕਾਰਾਂ ਨੂੰ ਨੇਸਤਾਨਾਬੂਦ ਕਰਦੇ ਹਨ। ਇੱਕ ਕੋਡ ਸਨਅਤਕਾਰ ਨੂੰ ਇਹ ਹੱਕ ਵੀ ਦਿੰਦਾ ਹੈ ਕਿ ਉਹ ਜਦੋਂ ਜੀ ਚਾਹੇ ਵਰਕਰ ਨੂੰ ਕੱਢ ਬਾਹਰ ਕਰੇ।

ਇਨ੍ਹਾਂ ਕੋਡਾਂ ਦਾ ਸ਼ੁਰੂ ਤੋਂ ਹੀ ਵਿਰੋਧ ਕਰਦੀਆਂ ਆ ਰਹੀਆਂ 10 ਕੇਂਦਰੀ ਟਰੇਡ ਯੂਨੀਅਨਾਂ, ਜਿਨ੍ਹਾਂ ਵਿੱਚ ਸੀ ਪੀ ਆਈ ਨਾਲ ਸੰਬੰਧਤ ਏਟਕ, ਸੀ ਪੀ ਆਈ (ਐੱਮ) ਨਾਲ ਸੰਬੰਧਤ ਸੀਟੂ ਤੇ ਕਾਂਗਰਸ ਨਾਲ ਸੰਬੰਧਤ ਇੰਟਕ ਸ਼ਾਮਲ ਹਨ, ਦੇ ਸਾਂਝੇ ਮੰਚ ਨੇ ਨੋਟੀਫਿਕੇਸ਼ਨ ਜਾਰੀ ਹੋਣ ਦੇ ਤੁਰੰਤ ਬਾਅਦ ਉਸ ਨੂੰ ਮਜ਼ਦੂਰ ਜਮਾਤ ਖਿਲਾਫ ਜੰਗ ਕਰਾਰ ਦਿੰਦਿਆਂ ਸੰਘਰਸ਼ ਦਾ ਐਲਾਨ ਕਰ ਦਿੱਤਾ ਹੈ, ਜਿਹੜਾ ਨੋਟੀਫਿਕੇਸ਼ਨ ਵਾਪਸ ਹੋਣ ਤੱਕ ਜਾਰੀ ਰਹੇਗਾ। ਟਰੇਡ ਯੂਨੀਅਨਾਂ ਦਾ ਕਹਿਣਾ ਹੈ ਕਿ ਲੇਬਰ ਕੋਡ ਉਨ੍ਹਾਂ ਨਾਲ ਯੋਗ ਸਲਾਹ-ਮਸ਼ਵਰੇ ਤੋਂ ਬਿਨਾਂ ਲਾਗੂ ਕੀਤੇ ਗਏ ਹਨ। ਇਨ੍ਹਾਂ ਉੱਤੇ ਮਜ਼ਦੂਰ ਯੂਨੀਅਨਾਂ, ਸਰਕਾਰ ਤੇ ਮਾਲਕਾਂ ਦੇ ਤਿੰਨ-ਧਿਰੀ ਮੰਚ ‘ਭਾਰਤੀ ਕਿਰਤ ਕਾਨਫਰੰਸ’ ਵਿੱਚ ਵੀ ਵਿਚਾਰ-ਵਟਾਂਦਰਾ ਨਹੀਂ ਕੀਤਾ ਗਿਆ। ਟਰੇਡ ਯੂਨੀਅਨਾਂ ਨੇ ਸੰਯੁਕਤ ਕਿਸਾਨ ਮੋਰਚਾ ਨਾਲ ਮਿਲ ਕੇ ਬੁੱਧਵਾਰ ਪ੍ਰੋਟੈੱਸਟ ਦਾ ਐਲਾਨ ਕੀਤਾ ਹੈ। ਇਸ ਤੋਂ ਇਲਾਵਾ ਮਜ਼ਦੂਰ ਸੋਮਵਾਰ ਤੋਂ ਗੇਟ ਮੀਟਿੰਗਾਂ ਤੇ ਨੁੱਕੜ ਮੀਟਿੰਗਾਂ ਵੀ ਸ਼ੁਰੂ ਕਰਨ ਜਾ ਰਹੇ ਹਨ। ਕੌਮਾਂਤਰੀ ਕਿਰਤ ਜਥੇਬੰਦੀ (ਆਈ ਐੱਲ ਓ) ਦੇ ਡਾਇਰੈਕਟਰ ਜਨਰਲ ਗਿਲਬਰਟ ਐੱਫ ਹੌਂਗਬੋ ਨੇ ਵੀ ਕਿਹਾ ਹੈ ਕਿ ਜਦੋਂ ਲੇਬਰ ਕੋਡਾਂ ਨੂੰ ਲਾਗੂ ਕੀਤਾ ਜਾ ਰਿਹਾ ਤਾਂ ਇਹ ਯਕੀਨੀ ਬਣਾਉਣ ਕਿ ਇਹ ਮਜ਼ਦੂਰਾਂ ਤੇ ਕਾਰੋਬਾਰ ਦੋਹਾਂ ਲਈ ਵਧੀਆ ਹਨ, ਸਰਕਾਰ, ਮਾਲਕਾਂ ਤੇ ਮਜ਼ਦੂਰਾਂ ਵਿਚਾਲੇ ਗੱਲਬਾਤ ਹੋਣੀ ਜ਼ਰੂਰੀ ਹੈ।

ਟਰੇਡ ਯੂਨੀਅਨਾਂ ਦੇ ਅੰਦੋਲਨ ਸ਼ੁਰੂ ਕਰਨ ਦੇ ਐਲਾਨ ਦਰਮਿਆਨ ਇਹ ਖਬਰ ਆਈ ਹੈ ਕਿ ਸਰਕਾਰ ਨੋਟੀਫਿਕੇਸ਼ਨ ਨੂੰ ਦੁਬਾਰਾ ਲਾਗੂ ਕਰੇਗੀ ਅਤੇ ਇਸ ਲਈ ਟਰੇਡ ਯੂਨੀਅਨਾਂ ਤੇ ਹੋਰਨਾਂ ਤੋਂ ਫੀਡਬੈਕ ਲਵੇਗੀ। ਪਹਿਲਾਂ ਉਸ ਨੇ ਇਸ ਦੀ ਲੋੜ ਹੀ ਨਹੀਂ ਸਮਝੀ ਸੀ। ਦੱਸਿਆ ਜਾ ਰਿਹਾ ਹੈ ਕਿ ਕਾਨੂੰਨੀ ਮਾਮਲਿਆਂ ਦੇ ਵਿਭਾਗ ਨੇ ਕਿਰਤ ਮੰਤਰਾਲੇ ਨੂੰ ਸਲਾਹ ਦਿੱਤੀ ਹੈ ਕਿ ਉਹ ਸੰਬੰਧਤ ਧਿਰਾਂ ਨਾਲ ਮਸ਼ਵਰਾ ਕਰਕੇ ਕੋਡਾਂ ਨੂੰ ਦੁਬਾਰਾ ਨੋਟੀਫਾਈ ਕਰੇ, ਕਿਉਂਕਿ ਇਹ ਸੰਸਦ ਨੇ ਪੰਜ ਸਾਲ ਪਹਿਲਾਂ ਪਾਸ ਕੀਤੇ ਸਨ ਤੇ ਉਦੋਂ ਤੋਂ ਸਮਾਂ ਕਾਫੀ ਬਦਲ ਚੁੱਕਾ ਹੈ। ਸਰਕਾਰ ਕੁਝ ਨਰਮ ਪੈਂਦੀ ਨਜ਼ਰ ਆ ਰਹੀ ਹੈ, ਪਰ ਜਿਸ ਤਰ੍ਹਾਂ ਇਸ ਨੇ ਤਿੰਨ ਖੇਤੀ ਕਾਨੂੰਨਾਂ ਵਾਂਗ ਇਨ੍ਹਾਂ ਕੋਡਾਂ ਨੂੰ ਧੱਕੇ ਨਾਲ ਸੰਸਦ ਵਿੱਚ ਪਾਸ ਕਰਵਾਇਆ ਸੀ, ਉਸ ਨੂੰ ਦੇਖਦਿਆਂ ਮਜ਼ਦੂਰ ਆਪਣੇ ਹਿੱਤਾਂ ’ਤੇ ਹਮਲੇ ਬਾਰੇ ਅਵੇਸਲੇ ਨਹੀਂ ਰਹਿ ਸਕਦੇ। ਉਨ੍ਹਾਂ ਨੂੰ ਸੰਘਰਸ਼ ਦੇ ਕਮਰਕੱਸੇ ਢਿੱਲੇ ਨਹੀਂ ਕਰਨੇ ਚਾਹੀਦੇ। ਇਹ ਕੋਡ ਉਨ੍ਹਾਂ ਦੇ ਹੱਕਾਂ ’ਤੇ ਹੁਣ ਤੱਕ ਦਾ ਸਭ ਤੋਂ ਵੱਡਾ ਹਮਲਾ ਹਨ। ਕਿਸਾਨਾਂ ’ਤੇ ਵੀ ਅਜਿਹਾ ਹਮਲਾ ਕੀਤਾ ਗਿਆ ਸੀ, ਜਿਸ ਨੂੰ ਪਛਾੜਨ ਲਈ ਉਨ੍ਹਾਂ ਨੂੰ ਲੰਮਾ ਸੰਘਰਸ਼ ਕਰਨਾ ਪਿਆ ਤੇ ਸ਼ਹੀਦੀਆਂ ਦੇਣੀਆਂ ਪਈਆਂ ਸਨ। ਉਦੋਂ ਮਜ਼ਦੂਰ ਕਿਸਾਨਾਂ ਨਾਲ ਖੜ੍ਹੇ ਸਨ ਤੇ ਮਜ਼ਦੂਰਾਂ ਖਿਲਾਫ ਹੋਏ ਹਮਲੇ ਦੇ ਟਾਕਰੇ ਲਈ ਕਿਸਾਨ ਮਜ਼ਦੂਰਾਂ ਨਾਲ ਖੜ੍ਹੇ ਹਨ। ਸਰਕਾਰ ਤੇ ਕਾਰਪੋਰੇਟ ਦੇ ਗੱਠਜੋੜ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕਰਨ ਲਈ ਇਹ ਏਕਾ ਹੋਰ ਮਜ਼ਬੂਤ ਕਰਨਾ ਪਏਗਾ।

## ਲੰਬੀ ਛੁੱਟੀ ਜਥੇਦਾਰਾਂ ਦੀ

ਕਿਸੇ ਵੇਲੇ ‘ਸ਼੍ਰੋਮਣੀ’ ਵਾਕਿਆ ਈ ਸੀ,
ਸੰਸਥਾ ਪੰਥ ਦੀ ਹੁਣ ਗੁਲਾਮ ਭਾਈ।
ਅਹੁਦੇਦਾਰ ਬਣਾਉਂਦੇ ਹਰ ਸਾਲ ਜਿਹੜੇ,
ਕਰਦੇ ‘ਮਾਲਕ’ ਦੇ ਤਾਈਂ ਸਲਾਮ ਭਾਈ।
ਪੰਥਕ ਫਲਸਫਾ ਅਤੇ ‘ਰਵਾਇਤ’ ਛੱਡੀ,
ਐਸੀ ਕਲਾ ਵਰਤਾਉਂਦਾ ਹੈ ‘ਦਾਮ’ ਭਾਈ।
ਪਿਛਲੇ ਸਾਲ ਜੋ ਹੋਇਆ ‘ਫਸੀਲ’ ’ਤੇ,
‘ਫੂਲਾ ਸਿੰਘ ਅਕਾਲੀ’ ਦੇ ‘ਨਾਮ’ ਭਾਈ।
ਜਿਹੜੇ ‘ਉੱਪਰਲੇ ਹੁਕਮਾਂ’ ਤੋਂ ਹੋਏ ਆਕੀ,
‘ਜਥੇਦਾਰ’ ਝੱਟ ਬਦਲ ਕੇ ‘ਹੋਰ’ ਦਿੱਤੇ।
ਦੋ ਦਸੰਬਰ ਨੂੰ ਜਿਹੜੇ ਸੀ ‘ਸਿੰਘ ਸਾਹਿਬ’,
‘ਲੰਬੀ ਛੁੱਟੀ’ ’ਤੇ ਰਹਿੰਦੇ ਵੀ ਤੋਰ ਦਿੱਤੇ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਗੁਰੂ ਤੇਗ ਬਹਾਦਰ ਸਾਹਿਬ ਦੀ ਬਾਣੀ ਵਿੱਚ ਵੈਰਾਗ, ਤਿਆਗ ਅਤੇ ਨਿਰਭੈਤਾ ਦਾ ਸੰਕਲਪ



ਡਾ. ਅਮਨਦੀਪ ਸਿੰਘ ਟੱਲੇਵਾਲੀਆ

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਦੇ 59 ਸ਼ਬਦ ਅਤੇ 57 ਸ਼ਲੋਕ ਦਰਜ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਮੁੱਚੀ ਬਾਣੀ 30 ਰਾਗਾਂ ਵਿੱਚ ਹੈ, ਪਰ 31ਵਾਂ ਜੈਜਾਵੰਤੀ ਰਾਗ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਵਰਤਿਆ ਹੈ। ਗੁਰੂ ਸਾਹਿਬ ਨੇ ਆਪਣੀ ਬਾਣੀ 15 ਰਾਗਾਂ ਵਿੱਚ ਰਚੀ ਹੈ।ਜੈਜਾਵੰਤੀ ਰਾਗ ਇਕ ਰਾਜਪੂਤੀ ਰਾਗ ਹੈ ਅਤੇ ਰਾਜਪੂਤਾਂ ਵਿੱਚ ਇਹ ਰਾਗ ਲੜਾਈ ਦੇ ਸਮੇਂ ਗਾਇਆ ਜਾਂਦਾ ਸੀ।ਡਾ. ਤਾਰਨ ਸਿੰਘ ਗੁਰੂ ਸਾਹਿਬ ਦੀ ਬਾਣੀ ਬਾਰੇ ਲਿਖਦੇ ਹਨ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਲੋਕ ਅਤੇ ਸ਼ਬਦਾਂ ਦਾ ਵਿਸ਼ਾ ਵਸਤੂ ਤੇ ਵਿਚਾਰਧਾਰਾ ਇੱਕੋ ਹੈ ਅਤੇ ਸ਼ੈਲੀ ਸਮਾਨ ਹੈ। ਤਿੰਨ-ਚਾਰ ਮੁੱਖ ਖਿਆਲ ਮੁੜ-ਮੁੜ ਦੁਹਰਾਏ ਹਨ, ਪਰ ਹਰ ਸ਼ਬਦ ਆਪਣੇ ਆਪ ਵਿੱਚ ਸੰਪੂਰਨ ਸੱਜਰਾ ਅਤੇ ਚਮਤਕਾਰੀ ਹੈ, ਰਾਗ ਪ੍ਰਬੰਧ ਅਨੁਸਾਰ ਸ਼ਬਦਾਵਲੀ, ਬਿੰਬਾਵਲੀ ਅਤੇ ਸ਼ੈਲੀ ਵਿੱਚ ਸੂਖਮ ਅੰਤਰ ਹੈ, ਭਾਵੇਂ ਚਿੰਤਨ ਅਤੇ ਭਾਵਨਾ ਵਿੱਚ ਫਰਕ ਨਹੀਂ ਹੈ। ਗੁਰੂ ਸਾਹਿਬ ਨੇ ਸਮੁੱਚੀ ਬਾਣੀ ਬ੍ਰਜ ਭਾਸ਼ਾ ਵਿੱਚ ਲਿਖੀ ਹੈ। ਬੇਸ਼ੱਕ ਉਸ ਸਮੇਂ ਫਾਰਸੀ ਅਤੇ ਅਰਬੀ ਭਾਸ਼ਾ ਪ੍ਰਚੱਲਤ ਸੀ, ਪਰ ਸਮੇਂ ਦੀ ਲੋੜ ਨੂੰ ਮੁੱਖ ਰੱਖਦਿਆਂ ਸੌਖੀ ਅਤੇ ਲੋਕ ਬੋਲੀ ਵਿੱਚ ਗੁਰੂ ਸਾਹਿਬ ਨੇ ਆਪਣੀ ਬਾਣੀ ਉਚਾਰਨ ਕੀਤੀ ਹੈ। ਪ੍ਰੋਫੈਸਰ ਪਿਆਰਾ ਸਿੰਘ ਪਦਮ ਅਨੁਸਾਰ ਗੁਰੂ ਸਾਹਿਬ ਨੇ ਆਪਣੀ ਸਾਰੀ ਰਚਨਾ ਸਰਲ ਹਿੰਦੁਸਤਾਨੀ ਵਿੱਚ ਕੀਤੀ ਹੈ, ਇਸ ਵਿੱਚ ਆਰਬੀ, ਫਾਰਸੀ ਦਾ ਕੋਈ ਅਮੂਰਤ ਨਹੀਂ ਮਿਲਦਾ, ਇਉਂ ਲੱਗਦਾ ਹੈ ਜਿਵੇਂ ਕ੍ਰਾਂਤੀਕਾਰੀ ਧਰਮਾਤਮਾ ਨੇ ਤੁਰਕ ਸ਼ਬਦਾਵਲੀ ਨਾਲ ਨਾ ਮਿਲਵਰਤਨ ਹੀ ਕਰ ਛੱਡਿਆ ਸੀ, ਫਿਰ ਜੋ ਹਵਾਲੇ ਵਰਤੇ ਉਹ ਪੰਚਾਲੀ, ਅਜਾਮਲ, ਗਨਿਕਾ ਅਤੇ ਗਜ ਆਦਿ ਦੇ ਹਨ, ਜੋ ਭੈਅ, ਭੀਤ ਭਾਰਤੀ ਜਨਤਾ ਦੀ ਬੇਵਸੀ ਪ੍ਰਗਟਾਉਂਦੇ ਹਨ। ਗੁਰੂ ਸਾਹਿਬ ਦਾ ਮੁੱਖ ਮਕਸਦ ਲੋਕਾਈ ਨੂੰ ਮਾਇਆ ਦੇ ਪ੍ਰਭਾਵ ਤੋਂ ਦੂਰ ਕਰਕੇ ਵੈਰਾਗ ਦੀ ਅਵਸਥਾ ਪੈਦਾ ਕਰਕੇ ਇਕ ਅਜਿਹੇ ਕਾਰਜ ਵੱਲ ਪ੍ਰੇਰਿਤ ਕਰਨਾ ਸੀ, ਜੋ ਉਸ ਸਮੇਂ ਭੈਅ ਭੀਤ ਹੋ ਕੇ ਜ਼ੁਲਮ ਨੂੰ ਸਹਿਣ ਕਰਨ ਦੀ ਆਦੀ ਹੋ ਚੁੱਕੀ ਸੀ। ਪ੍ਰੋਫੈਸਰ ਰਾਮ ਸਿੰਘ ਲਿਖਦੇ ਹਨ- ਗੁਰੂ ਤੇਗ ਬਹਾਦਰ ਸਾਹਿਬ ਦੀ ਬਾਣੀ ਦੀ ਭਾਸ਼ਾ ਪੰਜਾਬੀ ਨਹੀਂ, ਸ਼ਾਇਦ ਇਹ ਹਿੰਦੀ ਬੋਲਦੇ ਇਲਾਕੇ ਵਿੱਚ ਬੈਠ ਕੇ ਰਚੀ ਗਈ ਹੈ, ਇਸ ਵਿੱਚ ਇੱਕੋ ਵਿਸ਼ੇ ਦੇ ਸ਼ਬਦ ਅਤੇ ਸ਼ਲੋਕ ਮੁੜ-ਮੁੜ ਆਉਣ ਦੇ ਦੋ ਕਾਰਨ ਹੋ ਸਕਦੇ ਹਨ। ਗੁਰੂ ਸਾਹਿਬ ਹਿੰਦੀ ਭਾਸ਼ੀ ਇਲਾਕੇ ਵਿੱਚ ਥਾਂ-ਥਾਂ ਸੰਗਤਾਂ ਨੂੰ ਉਪਦੇਸ਼ ਦੇ ਰਹੇ ਹਨ, ਸੰਗਤ ਬਦਲ ਜਾਣ ਕਰਕੇ ਇੱਕੋ ਵਿਸ਼ਾ ਦੁਹਰਾਉਣਾ ਜਾਇਜ਼ ਹੈ ਜਾਂ ਇਕੋ ਸੰਗਤ ਨੂੰ ਉਹ ਰੋਜ਼-ਰੋਜ਼ ਆਪਣਾ ਉਪਦੇਸ਼ ਦੁਹਰਾਉਂਦੇ ਹਨ ਤਾਂ ਕਿ ਇਹ ਉਹਨਾਂ ਦੇ ਅੰਦਰ ਡੂੰਘਾ ਵਸ ਕੇ ਉਹਨਾਂ ਦੇ ਆਚਰਨ ਨੂੰ ਬਦਲ ਸਕੇ। ਗੁਰੂ ਤੇਗ ਬਹਾਦਰ ਜੀ ਦੀ ਬਾਣੀ ਜੀਵਨ ਸਾਹਿਤ ਹੈ, ਇਸ ਦਾ ਸੋਂਦਰਯ ਵਿਸ਼ੇ ਦੇ ਅਧੀਨ ਹੈ, ਇਸ ਤੋਂ ਸੁਤੰਤਰ ਨਹੀਂ। ਡਾ. ਬਲਦੇਵ ਰਾਜ ਗੁਪਤਾ ਅਨੁਸਾਰ ਅਰਬੀ, ਫਾਰਸੀ ਸ਼ਬਦ ਨਾ ਵਰਤੇ ਜਾਣ ਦਾ ਕਾਰਨ ਇਹ ਸੀ ਕਿ ਭਾਸ਼ਾ ਸਦਾ ਭਾਵਾਂ ਦਾ ਅਨੁਸਰਨ ਕਰਦੀ ਹੈ। ਗੁਰੂ ਤੇਗ ਬਹਾਦਰ ਜੀ ਦੀ ਬਾਣੀ ਨੇ ਡਰੇ, ਧਮਕਾਏ ਅਤੇ ਦੱਬੇ ਹੋਏ ਲੋਕਾਂ ਵਿੱਚ ਉਤਸ਼ਾਹ ਪੈਦਾ ਕਰਨਾ ਸੀ, ਇਹ ਤਾਂ ਹੀ ਸੰਭਵ ਸੀ ਕਿ ਗੁਰੂ ਜੀ ਰਾਜ ਨਾਲ ਸੰਬੰਧਤ ਸ਼ਬਦਾਵਲੀ ਤੋਂ ਟੁੱਟ ਕੇ ਜਨਤਾ ਦੀ ਝੋਲੀ ਵਿੱਚ ਨਿਡਰਤਾ ਪੈਦਾ ਕਰਨ ਵਾਲੇ ਫੁੱਲ ਪਾਉਂਦੇ। ਗੁਰੂ ਜੀ ਦੀ ਬਾਣੀ ਦਾ ਬਹੁਤ ਸਾਰਾ ਹਿੱਸਾ ਸੰਸਾਰ ਦੀ ਨਾਸ਼ਮਾਨਤਾ ਅਤੇ ਕਰਤਾਰ ਦੀ ਸਥਿਰਤਾ ਬਾਰੇ ਹੈ, ਅਜਿਹੇ ਭਾਵਾਂ ਨੂੰ ਵਿਅਕਤ ਕਰਨ ਲਈ ਗੈਰ-ਫਾਰਸੀ ਸ਼ਬਦਾਵਲੀ ਉਸ ਸਮੇਂ ਜ਼ਿਆਦਾ ਢੁੱਕਵੀਂ ਸੀ।

ਗੁਰੂ ਸਾਹਿਬ ਦੀ ਸਮੁੱਚੀ ਬਾਣੀ ਵੈਰਾਗ, ਭਗਤੀ ਅਤੇ ਨਿਰਭੈਤਾ ਦੀ ਧੁਨ ਛੇੜਦੀ ਹੈ, ਜਿਸ ਵਿੱਚ ਵੈਰਾਗ ਦਾ ਸੁਰ ਸਭ ਤੋਂ ਉੱਚਾ ਹੈ। ਹਰ ਲੇਖਕ ਅਤੇ ਚਿੰਤਕ ਨੇ ਗੁਰੂ ਸਾਹਿਬ ਨੂੰ ਬੈਰਾਗ ਮੂਰਤਿ ਅਤੇ ਆਪ ਦੀ ਬਾਣੀ ਨੂੰ ਵੈਰਾਗ ਪੁੰਜ ਕਿਹਾ ਹੈ, ਪਰ ਇਤਿਹਾਸ ਤੋਂ ਪਤਾ ਲੱਗਦਾ ਹੈ ਕਿ ਉਹਨਾਂ ਦੀ ਰਹਿਣੀ-ਬਹਿਣੀ ਬੈਰਾਗੀ ਸਾਧੂਆਂ ਵਾਲੀ ਹਰਗਿਜ਼ ਨਹੀਂ ਸੀ, ਉਹ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਲਾਇਕ ਸਪੁੱਤਰ ਅਤੇ ਮਹਾਨ ਧਰਮੀ ਯੋਧੇ ਗੁਰੂ ਗੋਬਿੰਦ ਸਿੰਘ ਜੀ ਦੇ ਪਿਤਾ ਸਨ। ਆਪ ਸ਼ਸਤਰਧਾਰੀ ਕਲਗੀ ਸਜਾਉਣ ਵਾਲੇ ਗ੍ਰਹਿਸਤੀ ਮਹਾਂਪੁਰਸ਼ ਸਨ ਤੇ ਉਹਨਾਂ ਨੂੰ ਸ਼ਿਕਾਰ ਖੇਡਣ ਦਾ ਵੀ ਸ਼ੌਕ ਸੀ। ਵੈਰਾਗਮਈ ਬਾਣੀ ਰਚਨਾ ਉਸ ਸਮੇਂ ਦੀ ਲੋੜ ਸੀ, ਉਹ ਇਸ ਗੱਲ ਨੂੰ ਵੀ ਭਲੀ-ਭਾਂਤ ਸਮਝਦੇ ਸਨ ਕਿ ਕੱਟੜਵਾਦੀ ਸੋਚ ਦਾ ਮੁਕਾਬਲਾ ਸਿਰਫ ਕੁਰਬਾਨੀ ਨਾਲ ਹੀ ਹੋ ਸਕਦਾ ਹੈ, ਸਾਧ-ਫਕੀਰ ਬਣ ਕੇ ਨਹੀਂ।ਅਜਿਹੇ ਉਦੇਸ਼ ਦੀ ਪੂਰਤੀ ਲਈ ਵੈਰਾਗ ਅਤੇ ਤਿਆਗ ਦਾ ਉਪਦੇਸ਼ ਜ਼ਰੂਰੀ ਸੀ, ਜੋ ਉਹਨਾਂ ਆਪਣੀ ਗੁਰਬਾਣੀ ਵਿੱਚ ਦਿੱਤਾ। ਹਿੰਦੁਸਤਾਨੀ ਵਿਚਾਰਧਾਰਾ ਵਿੱਚ ਤਾਂ ਵੈਰਾਗੀ ਉਸ ਨੂੰ ਕਿਹਾ ਜਾਂਦਾ ਹੈ, ਜੋ ਦੁਨੀਆ ਛੱਡ ਕੇ ਇਕੱਲ ਵਾਂਝੇ ਜਾ ਬੈਠੇ ਦੁਨੀਆਂਦਾਰੀ ਨਾਲ ਕੋਈ ਸੰਬੰਧ ਨਾ ਰੱਖੇ। ਸਨਾਤਨੀ ਵਿਚਾਰਧਾਰਾ ਵਿੱਚ ਤਾਂ ਇਥੋਂ ਤੱਕ ਵੀ ਕਿਹਾ ਗਿਆ ਹੈ ਕਿ ਵੈਰਾਗੀ ਬਣਨ ਵਾਸਤੇ ਸੰਸਾਰ ਨਾਲ ਘਿਰਨਾ ਕਰਨੀ ਜ਼ਰੂਰੀ ਹੈ। ਇਸ ਘਿਰਣਾ ਤੋਂ ਹੀ ਵੈਰਾਗ ਉਪਜਦਾ ਹੈ, ਪਰ ਗੁਰੂ ਸਾਹਿਬ ਇਸ ਦ੍ਰਿਸ਼ਟੀਕੋਣ ਨਾਲ ਸਹਿਮਤ ਨਹੀਂ ਸਨ। ਗੁਰੂ ਸਾਹਿਬ ਰਾਜ ਜੋਗੀ ਸਨ, ਜੋ ਸੰਸਾਰ ਵਿੱਚ ਵਿਚਰਦੇ ਹੋਏ ਵਿਸ਼ੇ-ਵਿਕਾਰਾਂ ਤੋਂ ਮਨ ਨੂੰ ਉੱਚਾ ਰੱਖਣ ਦੀ ਸਿੱਖਿਆ ਦਿੰਦੇ ਸਨ। ਸੰਸਾਰ ਤਿਆਗ ਦੀ ਨਹੀਂ, ਸੰਸਾਰੀ ਪਦਾਰਥਾਂ ਦੀ ਲਾਲਸਾ ਦੇ ਤਿਆਗ ਦੀ ਤਾਕੀਦ ਕਰਦੇ ਸਨ।ਗੁਰੂ ਸਾਹਿਬ ਨੇ ਤਾਂ ਆਪਣੀ ਬਾਣੀ ਵਿੱਚ ਕਹਿ ਦਿੱਤਾ ਹੈ ਕਿ ਮਨੁੱਖ ਨੂੰ ਜੰਗਲਾਂ ਵਿੱਚ ਭਟਕਣ ਦੀ ਲੋੜ ਨਹੀਂ ਪਰਮਾਤਮਾ ਤਾਂ ਮਨੁੱਖ ਦੇ ਅੰਦਰ ਹੀ ਵਸਦਾ ਹੈ। ਭਗਤੀ ਦਾ ਸੰਬੰਧ ਮਨੁੱਖੀ ਭਾਵਨਾਵਾਂ ਨਾਲ ਹੈ। ਆਦਰਸ਼ ਮਨੁੱਖ ਭਗਤੀ ਲਈ ਜੰਗਲਾਂ ਵੱਲ ਰੁਖ ਨਹੀਂ ਕਰਦਾ, ਉਹ ਆਪਣੇ ਅੰਦਰਲੇ ਵਿਕਾਰਾਂ ਦੇ ਜੰਗਲ ਨੂੰ ਸਾਫ ਕਰਕੇ ਆਪਣੇ ਅੰਦਰ ਵਿਆਪਕ ਅਕਾਲ ਪੁਰਖ ਨਾਲ ਇੱਕ ਸੁਰ ਹੋ ਜਾਂਦਾ ਹੈ।

ਘਰ-ਬਾਰ ਛੱਡ ਕੇ ਭਗਵੇਂ ਕੱਪੜੇ ਪਾ ਕੇ ਜੋਗੀਆਂ, ਸੰਨਿਆਸੀਆਂ ਵਾਲਾ ਬਾਣਾ ਪਾ ਕੇ ਸਮਾਧੀ ਲਾਉਣ ਦੇ ਉਹ ਕਦੇ ਵੀ ਹਮਾਇਤੀ ਨਹੀਂ ਰਹੇ, ਸਗੋਂ ਵਿਸ਼ੇ-ਵਿਕਾਰਾਂ ਅਤੇ ਲੋਭ ਮੋਹ ਦੇ ਜੰਜਾਲ ਤੋਂ ਉੱਪਰ ਉੱਠ ਕੇ ਜੋ ਮਨੁੱਖ ਪਰਮਾਤਮਾ ਨਾਲ ਆਪਣੀ ਲਿਵ ਜੋੜਦਾ ਹੈ, ਉਹੀ ਅਸਲੀ ਬੈਰਾਗੀ ਹੈ :

ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ॥
ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ॥

ਗੁਰੂ ਜੀ ਆਪਣੀ ਬਾਣੀ ਵਿੱਚ ਥਾਂ-ਥਾਂ ਮਨੁੱਖ ਨੂੰ ਉਪਦੇਸ਼ ਕਰ ਰਹੇ ਹਨ ਕਿ ਸੰਸਾਰ ਵਿੱਚ ਹਰ ਦਿਸਦੀ ਚੀਜ਼ ਦਾ ਇਕ ਦਿਨ ਅੰਤ ਹੋ ਜਾਂਦਾ ਹੈ, ਜੋ ਉਪਜਦਾ ਹੈ, ਉਸ ਨੇ ਇਕ ਦਿਨ ਬਿਨਸਣਾ ਹੈ। ਅਜਿਹੀਆਂ ਉਦਾਹਰਨਾਂ ਦੇ ਕੇ ਗੁਰੂ ਸਾਹਿਬ ਮਨੁੱਖ ਅੰਦਰ ਕੋਈ ਡਰ ਜਾਂ ਨਿਰਾਸ਼ਾ ਪੈਦਾ ਨਹੀਂ ਸਨ ਕਰਨਾ ਚਾਹੁੰਦੇ, ਉਹ ਤਾਂ ਸਿਰਫ ਮਨੁੱਖ ਨੂੰ ਸਮਝਾਉਣਾ ਕਰਦੇ ਹਨ ਕਿ ਹੇ, ਮਨੁੱਖ ਤੇਰੇ ਕੋਲੇ ਇੱਕ ਸੀਮਤ ਸਮਾਂ ਹੈ

ਗੁਰੂ ਸਾਹਿਬ ਮਨੁੱਖ ਨੂੰ ਚੰਗਾ ਮਨੁੱਖ ਬਣਨ ਦਾ ਉਪਦੇਸ਼ ਦਿੰਦੇ ਹਨ। ਘਰ-ਬਾਰ ਦਾ ਤਿਆਗ ਕਰਨ ਜਾਂ ਜ਼ੁੰਮੇਵਾਰੀਆਂ ਤੋਂ ਭੱਜਣ ਦੀ ਗੱਲ ਗੁਰਬਾਣੀ ਵਿੱਚ ਕਿਤੇ ਵੀ ਨਹੀਂ ਆਈ, ਕਿਉਂਕਿ ਗੁਰੂ ਸਾਹਿਬ ਖੁਦ ਗ੍ਰਹਿਸਤੀ ਸਨ ਅਤੇ ਉਹਨਾਂ ਗ੍ਰਹਿਸਤੀ ਜੀਵਨ ਨੂੰ ਹੀ ਪ੍ਰਮਾਣਿਕਤਾ ਦਿੱਤੀ ਹੈ, ਜੋ ਤਿਆਗ ਦੀ ਗੱਲ ਗੁਰਬਾਣੀ ਵਿੱਚ ਆਈ ਹੈ, ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਦੇ ਤਿਆਗ ਦੀ ਗੱਲ ਕੀਤੀ ਹੈ ਨਾ ਕਿ ਜ਼ਿੰਮੇਵਾਰੀਆਂ ਤੋਂ ਭੱਜ ਕੇ ਸੰਸਾਰ ਨੂੰ ਤਿਆਗਣ ਦੀ। ਪਦਾਰਥਕ ਖਿੱਚਾਂ ਅਤੇ ਪਰਵਾਰ ਦੇ ਮੋਹ ਵਿੱਚ ਜਕੜਿਆ ਮਨੁੱਖ ਉੱਚੇ ਆਦਰਸ਼ ਲਈ ਆਵਾਜ਼ ਨਹੀਂ ਉਠਾ ਸਕਦਾ। ਲੋਕਾਂ ਦਾ ਸ਼ੋਸ਼ਣ ਕਰਨ ਵਾਲੇ ਨਿਜ਼ਾਮ ਨੂੰ ਠੱਲ੍ਹਣ ਲਈ ਸੰਘਰਸ਼ ਦੀ ਲੋੜ ਹੁੰਦੀ ਹੈ। ਗੁਰੂ ਤੇਗ ਬਹਾਦਰ ਸਾਹਿਬ ਦੀ ਬਾਣੀ ਮਨੁੱਖ ਅੰਦਰ ਨਿਰਾਸ਼ਾ ਨਹੀਂ, ਸਗੋਂ ਚੜ੍ਹਦੀ ਕਲਾ ਦਾ ਜਜ਼ਬਾ ਪੈਦਾ ਕਰਦੀ ਹੈ।

ਗੁਰੂ ਸਾਹਿਬ ਨੇ ਸਮਝਾਇਆ ਕਿ ਆਤਮਿਕ ਬਲ ਤੋਂ ਬਗੈਰ ਮਾਨਸਿਕ ਅਤੇ ਸਰੀਰਕ ਬੰਧਨ ਵਿਆਪਦੇ ਹਨ :

ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ॥
ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ॥

ਭਗਤੀ ਸਿਮਰਨ ਕਰਨ ਵਾਲਾ ਮਨੁੱਖ ਪ੍ਰਭੂ ਨਾਲ ਅਭੇਦ ਹੋ ਜਾਂਦਾ ਹੈ, ਉਸ ਨੂੰ ਕਿਸੇ ਦੀ ਪਰਵਾਹ ਨਹੀਂ ਰਹਿੰਦੀ, ਉਹ ਨਾ ਕਿਸੇ ਤੋਂ ਭੈ ਖਾਂਦਾ ਹੈ ਨਾ ਕਿਸੇ ਨੂੰ ਭੈਅ ਦਿੰਦਾ ਹੈ, ਇਸੇ ਨੂੰ ਹੀ ਗੁਰਾਂ ਨੇ ਗੁਰਮੁਖ ਗਿਆਨੀ ਜਾਂ ਸੋਝੀਵਾਨ ਪੁਰਸ਼ ਕਿਹਾ ਹੈ:

ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ॥
ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ॥

ਮੁਗਲ ਰਾਜ ਦੀ ਗੁਲਾਮੀ ਹੇਠ ਪਿਸ ਰਹੇ ਭਾਰਤੀ ਨਿਰਭੈ ਨਹੀਂ ਸਨ, ਅਜਿਹੇ ਸਮੇਂ ਨਿਰਭੈਤਾ ਦਾ ਸੰਦੇਸ਼ਾ ਦੇਣਾ ਹਕੂਮਤ ਨਾਲ ਟੱਕਰ ਲੈਣ ਬਰਾਬਰ ਸੀ, ਪਰ ਗੁਰੂ ਸਾਹਿਬ ਨੇ ਅਜਿਹਾ ਹੀ ਕੀਤਾ। ਇਸ ਤੋਂ ਬਿਨਾਂ ਚੜ੍ਹਦੀ ਕਲਾ ਦੀ ਅਵਸਥਾ ਪੈਦਾ ਨਹੀਂ ਸੀ ਹੋ ਸਕਦੀ ਅਤੇ ਨਾ ਹੀ ਭਗਤੀ ਹੋ ਸਕਦੀ ਸੀ। ਸਤਿਗੁਰਾਂ ਨੇ ਅਜਿਹੇ ਸੰਤ ਸਿਪਾਹੀ ਤਿਆਰ ਕੀਤੇ, ਜੋ ਦੁੱਖ ਵਿੱਚ ਦੁੱਖ ਨਾ ਮੰਨਣ, ਖੁਸ਼ੀ, ਗਮੀ, ਨਿੰਦਾ, ਉਸਤਤ ਨੂੰ ਇੱਕ ਸਮਾਨ ਸਮਝਣ, ਅਜਿਹਾ ਸਭ ਕੁਝ ਨਾਮ ਦੇ ਸਿਮਰਨ ਨਾਲ ਹੀ ਸੰਭਵ ਸੀ।

ਜਦੋਂ ਮਨੁੱਖ ਗੁਰੂ ਦੇ ਦੱਸੇ ਨਾਮ ਸਿਮਰਨ ਵਾਲੇ ਮਾਰਗ ਤੇ ਚੱਲਦਾ ਹੈ ਤਾਂ ਸਾਰੇ ਬੰਧਨ ਕੱਟੇ ਜਾਂਦੇ ਹਨ, ਸੁਰਤ ਬਲਵਾਨ ਹੋਵੇ ਤਾਂ ਸਰੀਰ ਵੀ ਬਲਸ਼ਾਲੀ ਹੋ ਜਾਂਦਾ ਹੈ ਤੇ ਬੰਧਨ ਟੁੱਟ ਜਾਂਦੇ ਹਨ:

ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ॥
ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ॥

ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਨੇ ਸਿੱਖਾਂ ਵਿੱਚ ਮੌਤ ਦਾ ਡਰ ਖਤਮ ਕਰ ਦਿੱਤਾ ਅਤੇ ਇੱਕ ਅਜਿਹੀ ਨਵੀਂ ਰੂਹ ਜਾਗ੍ਰਿਤ ਕੀਤੀ, ਜੋ 1699 ਦੀ ਵਿਸਾਖੀ ਵੇਲੇ ਖਾਲਸਾ ਪੰਥ ਦੇ ਰੂਪ ਵਿੱਚ ਪ੍ਰਗਟ ਹੋਈ।

# ਸੰਪਰਕ : 98146-99446

# ਬਿਜਲੀ ਸਪਲਾਈ ਨੂੰ ਨਿੱਜੀਕਰਨ ਦਾ ਸੋਧਾ

ਜਗਮੇਲ ਸਿੰਘ

ਕਾਨੂੰਨ ਸ਼ੀਸ਼ਾ ਹੁੰਦੈ, ਰਾਜ ਦਾ ਆਰਥਿਕ, ਸਮਾਜਿਕ ਨਿਜ਼ਾਮ ਦਾ। ਹਾਕਮਾਂ ਦੀ ਨੀਤੀ ਤੇ ਨੀਤ ਦਾ। ਰਾਜਾ ਤੇ ਪਰਜਾ ਦੇ ਸਬੰਧਾਂ ਦਾ। ਲੋਕਾਂ ਦੇ ਹੱਕਾਂ ਤੇ ਹਿੱਤਾਂ ਦਾ। ਲੋਕਾਂ ਦੀ ਹਾਲਤ ਦਾ।

ਗੱਲ ਬਿਜਲੀ ਕਾਨੂੰਨ ਦੀ। ਕਾਨੂੰਨ ਜਿਹੜਾ ਬਣਨ ਦੇ ਗੇੜ ਵਿੱਚ ਐ। ਬਿਜਲੀ ਸੋਧ ਬਿੱਲ 2025। 2003 ਦੇ ਕਾਨੂੰਨ ਨੂੰ ਹੋਰ ਸੁਧਾਰਨਾ।ਇਸ ਦੀ ਜੰਮਣ ਭੌਂਇ, ਇਥੋਂ ਦਾ ਪ੍ਰਬੰਧ, ਜਿਹੜਾ ਮੂਲੋਂ ਵੱਡਿਆਂ ਦਾ।ਜਗੀਰਦਾਰਾਂ ਤੇ ਸਰਮਾਏਦਾਰਾਂ ਦਾ ਸਾਮਰਾਜ ਦਾ ਪਾਣੀ ਭਰਦਾ, ਅੱਧ ਬੋਲਿਆ ਪੂਰਾ ਕਰਦਾ। ਦੇਸੀ, ਵਿਦੇਸ਼ੀ ਕੰਪਨੀਆਂ ਦੇ ਹਿੱਤ ਪਾਲਦਾ, ਉਹਨਾਂ ਨੂੰ ਮੁਨਾਫ਼ੇ ਮੁੱਛਣ ਦੀ ਖੁੱਲ੍ਹ ਦਿੰਦਾ।ਇਹਦੇ ਉਲਟ ਲੋਕਾਂ ਨੂੰ ਲੁੱਟਦਾ, ਆਏ ਦਿਨ ਲੁੱਟ ਵਧਾਉਂਦਾ ਜਾਂਦੈ।ਇਹ ਬਿਜਲੀ ਕਾਨੂੰਨ, ਲੋਕ ਹਿੱਤਾਂ ਦੇ ਉਲਟ ਭੁਗਤੂ।ਜਿਹੋ ਜਿਹੀ ਕੋਕੋ, ਉਹੋ ਜਿਹੇ ਉਹਦੇ ਬੱਚੇ।

ਇਥੇ ਪਬਲਿਕ ਸੈਕਟਰ ਤੇ ਪ੍ਰਾਈਵੇਟ ਸੈਕਟਰ ਨਾਲੋ-ਨਾਲ। ਬਿਜਲੀ ਖੇਤਰ ਪਬਲਿਕ ਸੈਕਟਰ ਵਿੱਚ। ਬਿਜਲੀ ਕਾਨੂੰਨ 1948, ਬਿਜਲੀ ਬੋਰਡ ਸੂਬੇ ਦੇ ਅਧਿਕਾਰ ਵਿੱਚ। ਲੋਕਾਂ ਦੀਆਂ ਜ਼ਮੀਨਾਂ ਤੇ ਟੈਕਸਾਂ ਨਾਲ ਢਾਂਚਾ ਉਸਾਰਿਆ। ਦਫ਼ਤਰ, ਥਰਮਲ, ਗਰਿੱਡ ਤੇ ਅਮਲਾ-ਫੈਲਾ। ਲਾਈਨਾਂ ਦਾ ਜਾਲ। ਬਿਜਲੀ ਦਾ ਹੋ ਗਿਆ, ਬਿਜਲੀਕਰਨ। ਬਿਜਲੀ ਖੇਤਰ ਮੁਨਾਫ਼ੇ ਵਿੱਚ।ਪੈਸੇ ਦੇ ਪੁੱਤਾਂ, ਕਾਰਪੋਰੇਟ ਲਾਣੇ ਦੀਆਂ ਬਿਜਲੀ ਕਮਾਈ ਤੇ ਲਾਰਾਂ। ਪੈਸੇ ਦਾ ਲੋਭ, ਸਿਰ ਨੂੰ ਚੜ੍ਹਿਆ।

ਕਦੇ ਆਰਥਿਕ ਸੁਧਾਰਾਂ ਦਾ ਸ਼ੋਰ, ਕਦੇ ਢਾਂਚਾ-ਢਲਾਈ ਦਾ ਢੋਲ ਤੇ ਹੁਣ ਵਿਕਾਸ ਦੇ ਵਾਜੇ-ਪੀਪਣੀਆਂ।ਹਰ ਪਾਸੇ ਨਿੱਜੀਕਰਨ ਤੇ ਵਪਾਰੀਕਰਨ ਦਾ ਦੈਂਤ।ਹਰ ਖੇਤਰ ਸਾਮਰਾਜ ਤੇ ਉਸ ਦੇ ਦੇਸੀ ਏਜੰਟਾਂ ਲਈ ਕਮਾਈ ਦੀ ਲੁੱਟ ਦੇ ਖੇਤਰ। ਨਵੇਂ-ਨਵੇਂ ਫੁਰਮਾਨ, ਪਬਲਿਕ ਸੈਕਟਰ ਵਾਲਾ ਨਕਾਬ ਉਤਾਰੋ ਪ੍ਰਾਈਵੇਟ ਸੈਕਟਰ ਵਾਲੀ ਪੁਸ਼ਾਕ ਪਹਿਨੋ, ਅੱਪਨਿਵੇਸ਼ ਕਰ ਕੰਪਨੀਆਂ ਦਾ ਦਾਖ਼ਲਾ ਕਰਾਓ।ਭਾਜਪਾ ਸਰਕਾਰ ਲੈ ਆਈ 2003 ਦਾ ਕਾਨੂੰਨ। ਬਿਜਲੀ ਖੇਤਰ ਵਿੱਚ ਕੰਪਨੀਆਂ ਦੇ ਦਾਖ਼ਲੇ ਦਾ। 2010 ਵਿੱਚ ਅਕਾਲੀ ਸਰਕਾਰ ਨੇ 2003 ਵਾਲਾ ਕਾਨੂੰਨ ਮੜ੍ਹਤਾ। ਪੰਜਾਬ ਰਾਜ ਬਿਜਲੀ ਬੋਰਡ ਦੀ ਥਾਂ ਦੋ ਕਾਰਪੋਰੇਸ਼ਨਾਂ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਤੇ ਪੰਜਾਬ ਰਾਜ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ। ਹੋ ਗਿਆ ਨਿੱਜੀ ਕੰਪਨੀਆਂ ਦਾ ਦਾਖ਼ਲਾ। ਪ੍ਰਾਈਵੇਟ ਥਰਮਲ ਪਲਾਂਟ, ਸੋਲਰ ਪਲਾਂਟ ਸ਼ੁਰੂ। ਇਹਨਾਂ ਲਈ ਜ਼ਮੀਨਾਂ, ਰੇਲਵੇ ਲਾਈਨਾਂ ਤੇ ਸੜਕਾਂ ਸਭ ਰਿਆਇਤੀ। ਬਿਜਲੀ ਮਹਿੰਗੇ ਰੇਟ ਖਰੀਦਣ ਦਾ ਸਮਝੌਤਾ।ਬਿਨ ਵਰਤਿਆਂ ਵੀ ਬਿੱਲ ਤਾਰੇ, ਕੋਲਾ ਵੀ ਧੋ-ਧੋ ਦਿੱਤਾ। ਕੰਪਨੀਆਂ ਦਾ ਢਿੱਡ ਨਾ ਭਰੇ। ਪੈਸੇ ਦੀ ਤਮਾ ਘਟਣ ਦਾ ਨਾਂਅ ਨਾ ਲਵੇ।ਭਾਜਪਾ ਸਰਕਾਰ ਹੋਰ ਅੱਗੇ ਵਧੀ। 2020 ਵਿੱਚ ਬਿੱਲ ਲੈ ਆਈ। ਉਦੋਂ ਕਿਸਾਨ ਘੋਲ ਨੇ ਨੱਕਾ ਮਾਰ ਦਿੱਤਾ।ਹੁਣ 2025 ’ਚ ਫੇਰ ਲੈ ਆਈ।ਅਖੇ 2003 ਵਾਲੇ ਕਾਨੂੰਨ ਵਿੱਚ ਸੋਧ ਸਰਕਾਰਾਂ ਨੂੰ ਕੋਈ ਫ਼ਿਕਰ ਨਹੀਂ, ਬਿਜਲੀ ਤਾਣੇ-ਬਾਣੇ ਦਾ ਤੇ ਖਪਤਕਾਰਾਂ ਦਾ। ਸਰਕਾਰ ਨੂੰ ਝੋਰਾ, ਕੰਪਨੀਆਂ ਦੀ ਕਮਾਈ ਦਾ। ਉਹਨਾਂ ਲਈ ਕਾਨੂੰਨ ਬਣਾਉਣਾ।

ਹਾਕਮਾਂ ਦੀ ਨੀਤ, ਬਦਨੀਤ ਆ। ਇਹ ਕਾਨੂੰਨ, ਬਿਜਲੀ ਸਪਲਾਈ ਨੂੰ ਸੋਧਾ।ਬਿਜਲੀ ਵੰਡ ਦੀ ਬਾਂਦਰ-ਵੰਡ ਕਰਨਾ। ਵੰਡ ਕਾਰਪੋਰੇਟ ਲਾਣੇ ਹੱਥ ਦੇਣਾ। ਲੋਕਾਂ ਦੀ ਲੁੱਟ ਕਰਨ ਦੀ ਖੁੱਲ੍ਹ ਮਚਾਉਣਾ।ਬਿਜਲੀ ਮਹਿੰਗੀ ਕਰਨਾ।ਰੁਜ਼ਗਾਰ ਤੇ ਨਿੱਜੀਕਰਨ ਦੀ ਤਲਵਾਰ ਵਾਹੁਣਾ।ਇੱਕ ਗਲੀ ਹੋਵੇ ਜਾਂ ਇੱਕ ਸ਼ਹਿਰ, ਕੰਪਨੀਆਂ ਕਈ ਹੋ ਸਕਣਗੀਆਂ।ਰੇਟ ਤਹਿ ਕਰਨ ਦਾ ਅਧਿਕਾਰ ਕੰਪਨੀਆਂ ਕੋਲ।ਤਹਿ ਕਰਨ ਵੇਲੇ ਕੁੱਲ ਖਰਚੇ ਜੁੜਨਗੇ।ਕਿਹੜੇ ਖਪਤਕਾਰ ਨੂੰ ਬਿਜਲੀ ਦੇਣੀ ਤੇ ਕਿਹੜੇ ਨੂੰ ਨਹੀਂ ਦੇਣੀ? ਇਹਦਾ ਫੈਸਲਾ ਵੀ ਕੰਪਨੀ ਹੱਥ।ਮੁਨਾਫ਼ੇਖੋਰ ਨੂੰ ਮੁਨਾਫ਼ਾ ਪਿਆਰਾ।ਸਿੱਧੀ ਸਪਾਟ ਆ, ਵੱਧ ਬਿੱਲ ਤਾਰਨ ਵਾਲੇ ਨੂੰ ਪਹਿਲ।ਕਰਾਸ ਸਬਸਿਡੀ ’ਤੇ ਕਾਟਾ। ਫਰੀ ਸਪਲਾਈ ਦੀ ਨੀਤੀ ਰੱਦੀ ਦੀ ਟੋਕਰੀ ’ਚ।ਇਹਦੇ ਲਈ ਬਿਜਲੀ ਵੰਡ ਖੇਤਰ ਨੂੰ ਵਿੱਤੀ ਤੌਰ ’ਤੇ ਲਚਕੀਲਾ ਕਰਨਾ।ਵਾਤਾਵਰਣ ਪੱਖੋਂ ਟਿਕਾਊ ਬਣਾਉਣਾ ਤੇ ਵਿਸ਼ਵ ਪੱਧਰ ’ਤੇ ਖਿੱਚ-ਪਾਊ।

ਇਸ ਕਾਨੂੰਨ ਦਾ ਸਿੱਧਾ ਅਰਥ ਬਿਜਲੀ ਖੇਤਰ ਨੂੰ ਮੁਕੰਮਲ ਨਿੱਜੀਕਰਨ ਵੱਲ ਹੋਰ ਧੱਕਣਾ।ਬਿਜਲੀ ਸਪਲਾਈ ਦੀ ਸਵਿੱਚ ਕੰਪਨੀਆਂ ਹੱਥ ਦੇਣਾ। ਉਹਨਾਂ ਨੂੰ ਕਮਾਈ ਕਰਨ ਦਾ ਹੋਰ ਮੌਕਾ ਦੇਣਾ।ਲੋਕਾਂ ਤੋਂ ਬਿਜਲੀ ਸਹੂਲਤ ਖੋਹਣਾ। ਸਰਕਾਰ ਪਹਿਲਾਂ ਵੀ ਧੁਰਲੀਆਂ ਜਿਹੀਆਂ ਮਾਰ ਰਹੀ ਆ, ਕਦੇ ਟੈਰਿਫ ਵਧਾ ਕੇ, ਤੇਜ਼ ਚੱਲਣ ਵਾਲੇ ਮੀਟਰ ਲਾ ਕੇ।ਬਿਜਲੀ ਬਿੱਲਾਂ ਵਿੱਚ ਵਾਧੂ ਖਰਚੇ ਜੋੜ ਕੇ।

ਬਿਜਲੀ ਖੇਤਰ ਲੋਕਾਂ ਦੀਆਂ ਜ਼ਮੀਨਾਂ ਤੇ ਟੈਕਸਾਂ ਨਾਲ ਉਸਰਿਆ ਖੇਤਰ।ਕਾਰਪੋਰੇਟਾਂ ਹੱਥ ਦੇਣਾ ਸਰਾਸਰ ਧੱਕਾ, ਅਨਿਆਂ।ਪਬਲਿਕ ਸੈਕਟਰ ਵਿੱਚ ਹੀ ਰਹਿਣਾ ਚਾਹੀਦਾ। ਪੈਦਾਵਾਰ ਤੇ ਸਪਲਾਈ ਸਰਕਾਰ ਖੁਦ ਕਰੇ। ਪ੍ਰਾਈਵੇਟ ਥਰਮਲ ਪਲਾਂਟਾਂ ਤੇ ਸੋਲਰ ਪਲਾਂਟਾਂ ਨੂੰ ਸਰਕਾਰ ਆਵਦੇ ਹੱਥ ਲਵੇ।ਪਣ ਬਿਜਲੀ ਪਲਾਂਟ ਤੇ ਸੋਲਰ ਪਲਾਂਟ ਸਰਕਾਰੀ ਖੇਤਰ ਵਿੱਚ ਲਾਏ ਜਾਣ।ਨਵੀਂ ਤਕਨੀਕ ਵਾਲੇ ਨਵੇਂ ਥਰਮਲ ਲਾਏ ਜਾਣ। ਕਾਮਿਆਂ ਦੀ ਨਵੀਂ ਰੈਗੂਲਰ ਭਰਤੀ ਕੀਤੀ ਜਾਵੇ।ਵੱਡੇ ਜਗੀਰਦਾਰਾਂ, ਸਰਮਾਏਦਾਰਾਂ ਤੇ ਕਾਰਖਾਨੇਦਾਰਾਂ ਤੋਂ ਬਿੱਲ ਉਗਰਾਹੇ ਜਾਣ।

ਜਿਹਨਾਂ ਨੇ ਇਹ ਬਿੱਲ ਲਿਆਂਦਾ, ਉਹਨਾਂ ਦੇ ਵਾਪਸ ਲਿਆਂ ਹੀ ਵਾਪਸ ਹੋਊ। ਉਹਨਾਂ ਦਾ ਰਵੱਈਆ ਸਾਹਮਣੇ ਆ। ਕਿਸੇ ਦੀ ਨਾ ਸੁਣਨ ਵਾਲਾ।ਵੱਖਰੇ ਵਿਚਾਰਾਂ ਦਾ ਗਲ਼ਾ ਘੁੱਟਣ ਵਾਲਾ। ਵਿਰੋਧ ਨੂੰ ਕੁਚਲਣ ਵਾਲਾ, ਪਰ ਸੰਘਰਸ਼ਾਂ ਮੂਹਰੇ ਝੁਕਣ ਵਾਲਾ। ਪਿੱਛੇ ਹਟਣ ਵਾਲਾ। ਸੰਘਰਸ਼ ਦਾ ਰਾਹ ਹੀ ਸਵੱਲੜਾ ਰਾਹ। ਇਹੀ ਰਾਹ, ਅਜਿਹੇ ਕਾਨੂੰਨਾਂ ਦੀ ਜੰਮਣ ਭੌਂਇ ਇਥੋਂ ਦੇ ਪ੍ਰਬੰਧ ਨੂੰ ਬਦਲਣ ਵੱਲ ਜਾਂਦੈ। ਇਸ ਰਾਹ ਤੁਰਨ ਲਈ ਅੱਗੇ ਆਉਣਾ ਚਾਹੀਦਾ।

# ਸੰਪਰਕ : 94172-24822

# ਗੁਰੂ ਨਾਨਕ ਦੇਵ ’ਵਰਸਿਟੀ ਦੇ ਵਿਸ਼ਵ-ਪੱਧਰੀ ਸਿੱਖਿਆ ਦਾ ਪਾਵਰ ਹਾਊਸ ਬਣਨ ਵੱਲ ਵਧਦੇ ਕਦਮ



ਪ੍ਰਵੀਨ ਪੁਰੀ

ਅੱਜ ਦਾ ਦਿਨ (24 ਨਵੰਬਰ 2025) ਗੁਰੂ ਨਾਨਕ ਦੇਵ ਯੂਨੀਵਰਸਿਟੀ ਲਈ ਨਾ ਸਿਰਫ਼ ਇਸ ਦਾ 56ਵਾਂ ਸਥਾਪਨਾ ਦਿਵਸ ਇਕ ਇਤਿਹਾਸਕ ਯਾਦਗਾਰ ਹੈ, ਸਗੋਂ ਇਹ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੇ (25 ਨਵੰਬਰ 2025) 350 ਸਾਲ ਪੂਰੇ ਹੋਣ ਨੂੰ ਵੀ ਸਮਰਪਿਤ ਹੋਣ ਕਰਕੇ ਹੋਰ ਯਾਦਗਾਰੀ ਬਣ ਗਿਆ ਹੈ, ਜਿਸ ਵੇਲ਼ੇ ਸੰਸਾਰ ਭਰ ਵਿੱਚ ਗੁਰੂ ਸਾਹਿਬ ਦੀ ਅਮਰ ਸ਼ਹਾਦਤ ਨੂੰ ਸ਼ਰਧਾ ਨਾਲ ਯਾਦ ਕੀਤਾ ਜਾ ਰਿਹਾ ਹੈ, ਉਸ ਵੇਲੇ ਯੂਨੀਵਰਸਿਟੀ ਨੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਅਗਵਾਈ ਵਿੱਚ ਇਸ ਦਿਨ ਨੂੰ ਗੁਰੂ ਸਾਹਿਬ ਦੇ ਅਮਰ ਸੰਦੇਸ਼ ‘ਭੈ ਮੁਕਤ ਜੀਵਨ’ ਨੂੰ ਸਮਰਪਤ ਕਰਕੇ ਯੂਨੀਵਰਸਿਟੀ ਦੇ ਇਤਿਹਾਸ ਵਿਚ ਇੱਕ ਮਿਸਾਲ ਕਾਇਮ ਕੀਤੀ ਹੈ। ਗੁਰੂ ਸਾਹਿਬ ਦੀ ਬਾਣੀ ‘ਭੈ ਕਾਹੂ ਕੋ ਦੇਤ ਨਹਿ, ਨਹਿ ਭੈ ਮਾਨਤ ਆਨ’ ਅੱਜ ਵੀ ਫਿਰਕੂ ਵੰਡ, ਅਸਹਿਣਸ਼ੀਲਤਾ ਅਤੇ ਭੈ ਨੂੰ ਦੂਰ ਕਰਨ ਲਈ ਪ੍ਰੇਰਨਾ ਦਾ ਸਰੋਤ ਬਣੀ ਹੋਈ ਹੈ। ਯੂਨੀਵਰਸਿਟੀ ਨੇ ਇਸ ਸੰਦੇਸ਼ ਨੂੰ ਨਾ ਸਿਰਫ਼ ਦੁਹਰਾਇਆ ਹੈ, ਬਲਕਿ ਆਪਣੇ ਅਕਾਦਮਿਕ ਅਤੇ ਸਮਾਜਿਕ ਕਾਰਜਾਂ ਰਾਹੀਂ ਵਿਹਾਰਕ ਰੂਪ ਵਿੱਚ ਅਪਣਾਉਣ ਦੀ ਕੋਸ਼ਿਸ਼ ਵੀ ਕੀਤੀ ਹੈ। ਅੱਜ ਦੇ ਸੰਦਰਭ ਵਿੱਚ, ਜਦੋਂ ਪੂਰੀ ਦੁਨੀਆ ਅਸਥਿਰਤਾ ਨਾਲ ਜੂਝ ਰਹੀ ਹੈ ਤਾਂ ਗੁਰੂ ਸਾਹਿਬ ਦਾ ਨਿਡਰਤਾ ਵਾਲਾ ਆਦਰਸ਼ ਨਵੀਂ ਉਮੀਦ, ਹਿੰਮਤ ਅਤੇ ਸਥਿਰਤਾ ਦੇਣ ਦੇ ਸਮਰੱਥ ਹੈ। ਇਸ ਸਥਾਪਨਾ ਦਿਵਸ ਨੂੰ ਹੋਰ ਵੀ ਵਿਸ਼ੇਸ਼ ਬਣਾਉਂਦੇ ਹੋਏ ਯੂਨੀਵਰਸਿਟੀ ਨੇ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਨੂੰ ਪੱਤਰ ਲਿਖ ਕੇ 24 ਅਕਤੂਬਰ ਨੂੰ ਵਿਸ਼ਵ ਪੱਧਰ ਉੱਤੇ ‘ਦਾ ਡੇ ਆਫ ਯੂਨੀਵਰਸਲ ਕੰਸਾਇੰਸ’ (ਵਿਸ਼ਵ ਨੈਤਿਕ ਚੇਤਨਾ ਦਿਵਸ) ਵਜੋਂ ਮਨਾਉਣ ਦਾ ਪ੍ਰਸਤਾਵ ਦਿੱਤਾ ਹੈ। ਇਹ ਪ੍ਰਸਤਾਵ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਹੈ ਅਤੇ ਸੰਸਾਰ ਵਿੱਚ ਜ਼ਮੀਰ, ਮਾਣ, ਮਨੁੱਖੀ ਆਜ਼ਾਦੀ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਹੈ। ਅੰਮ੍ਰਿਤਸਰ ਤੋਂ ਨਿਊ ਯਾਰਕ ਤੱਕ ਇਹ ਸੰਦੇਸ਼ ਲਿਜਾਉਣਾ ਗੁਰੂ ਸਾਹਿਬ ਦੀ ਦਿਖਾਏ ਰਾਹ ਉੱਤੇ ਚੱਲਣ ਦੀ ਵਿਸ਼ਵ-ਪੱਧਰੀ ਪਹਿਲ-ਕਦਮੀ ਹੈ।

ਗੁਰੂ ਨਾਨਕ ਦੇਵ ਯੂਨੀਵਰਸਿਟੀ, ਜਿਸ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਪ੍ਰਕਾਸ਼ ਦਿਹਾੜੇ ਉੱਤੇ 500 ਏਕੜ ਵਿਚ 24 ਨਵੰਬਰ 1969 ਨੂੰ ਸਥਾਪਤ ਕੀਤਾ ਗਿਆ ਸੀ, ਅੱਜ ਪੰਜਾਬ ਅਤੇ ਭਾਰਤ ਦੀ ਸਿੱਖਿਆ ਵਿੱਚ ਇੱਕ ਮੀਲ ਪੱਥਰ ਵਜੋਂ ਸਥਾਪਤ ਹੋ ਚੁੱਕੀ ਹੈ। ਵਾਈਸ-ਚਾਂਸਲਰ ਪ੍ਰੋ. ਕਰਮਜੀਤ ਸਿੰਘ ਯੂਨੀਵਰਸਿਟੀ ਦੀ ਆਪਣੀ ਇਸ ਵਿਰਾਸਤ ਨੂੰ ਨਾ ਸਿਰਫ਼ ਸੰਭਾਲ ਹੀ ਰਹੇ ਹਨ, ਸਗੋਂ ਉਹ ਇਸ ਨੂੰ ਆਧੁਨਿਕ ਯੁੱਗ ਨਾਲ ਜੋੜਨ ਦਾ ਵੀ ਕੰਮ ਕਰ ਰਹੇ ਹਨ। ਪਿਛਲੇ ਇੱਕ ਸਾਲ ਵਿੱਚ ਹੀ ਯੂਨੀਵਰਸਿਟੀ ਨੂੰ ਸਰਕਾਰੀ ਯੂਨੀਵਰਸਿਟੀਆਂ ਵਿੱਚ ਭਾਰਤ ਵਿੱਚ 11ਵਾਂ ਸਥਾਨ ਪ੍ਰਾਪਤ ਹੋਇਆ ਹੈ, ਜੋ ਇੱਕ ਵੱਡੀ ਪ੍ਰਾਪਤੀ ਹੈ। ਯੂਨੀਵਰਸਿਟੀ ਦਾ ਐਚ-ਇੰਡੈਕਸ 175 ਤੱਕ ਪਹੁੰਚ ਗਿਆ ਹੈ ਅਤੇ ਸਕੋਪਸ-ਇੰਡੈਕਸਡ ਖੋਜ ਪੇਪਰਾਂ ਵਿੱਚ ਵੱਡਾ ਵਾਧਾ ਵੇਖਣ ਨੂੰ ਮਿਲਿਆ ਹੈ। ਇਹ ਸਭ ਗੁਰੂ ਨਾਨਕ ਦੇਵ ਜੀ ਦੇ ਈਮਾਨਦਾਰੀ, ਮਿਹਨਤ ਅਤੇ ਸੇਵਾ ਦੇ ਸੰਦੇਸ਼ ਨੂੰ ਅਪਣਾਉਣ ਦਾ ਨਤੀਜਾ ਹੈ, ਜੋ ਯੂਨੀਵਰਸਿਟੀ ਵਿੱਚ ਚੱਲ ਰਹੀ ਵਿਰਾਸਤ ਨੂੰ ਅੱਗੇ ਵਧਾ ਰਹੇ ਹਨ। ਨੌਜਵਾਨਾਂ ਨੂੰ ਨੌਕਰੀਆਂ ਦੇਣ ਦੇ ਸਮਰੱਥ ਬਣਾਉਣ ਲਈ ਯੂਨੀਵਰਸਿਟੀ ਨੇ ਆਰਟੀਫਿਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ, ਡਾਟਾ ਸਾਇੰਸ ਅਤੇ ਸਾਈਬਰ ਸਕਿਉਰਿਟੀ ਵਰਗੇ ਆਧੁਨਿਕ ਕੋਰਸ ਸ਼ੁਰੂ ਕੀਤੇ ਹਨ। ਇਸ ਤੋਂ ਇਲਾਵਾ 13 ਲੱਖ ਰੁਪਏ ਤੱਕ ਦੇ ਪਲੇਸਮੈਂਟ ਪੈਕੇਜ ਅਤੇ ਸਰਹੱਦੀ ਤੇ ਪੇਂਡੂ ਖੇਤਰਾਂ ਦੇ ਵਿਦਿਆਰਥੀਆਂ ਲਈ ਉੱਚੇਰੀ ਸਿੱਖਿਆ ਦੇ ਮੌਕੇ ਪ੍ਰਦਾਨ ਕਰਕੇ ਨੌਜਵਾਨਾਂ ਵਿੱਚ ਆਤਮ-ਵਿਸ਼ਵਾਸ ਜਗਾਇਆ ਜਾ ਰਿਹਾ ਹੈ।

ਯੂਨੀਵਰਸਿਟੀ ਦੀ ਵਿਸ਼ਵ-ਪੱਧਰੀ ਪਹੁੰਚ ਨੂੰ ਦਰਸਾਉਂਦੇ ਹੋਏ ਭਾਰਤ ਦੀ ਕਿਸੇ ਵੀ ਸਰਕਾਰੀ ਯੂਨੀਵਰਸਿਟੀ ਵੱਲੋਂ ਪਹਿਲੀ ਵਾਰ ਕੈਲੀਫੋਰਨੀਆ ਵਿੱਚ ਆਫਸ਼ੋਰ ਕੈਂਪਸ ਖੋਲ੍ਹਣ ਦਾ ਪ੍ਰਸਤਾਵ ਅਤੇ ਸਿੱਖ ਅਧਿਐਨ ਲਈ ਤਿੰਨ ਕਰੋੜ ਰੁਪਏ ਦੀ ਸਿੱਖ ਸਟੱਡੀ ਚੇਅਰ ਸਥਾਪਤ ਕਰਨ ਵਰਗੇ ਕਦਮ ਵੱਡੀ ਮਹੱਤਤਾ ਰੱਖਦੇ ਹਨ। ਇਹ ਕਦਮ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਨਵੀਂਆਂ ਪੀੜ੍ਹੀਆਂ ਨੂੰ ਆਪਣੀਆਂ ਜੜ੍ਹਾਂ, ਰੂਹਾਨੀਅਤ ਅਤੇ ਸੱਭਿਆਚਾਰ ਨਾਲ ਮੁੜ ਜੋੜਨ ਵਿੱਚ ਮਦਦ ਕਰਨਗੇ। ਇਸ ਦੇ ਨਾਲ ਹੀ ਹੜ੍ਹ ਪ੍ਰਭਾਵਤ ਪਿੰਡਾਂ ਦੇ ਵਿਦਿਆਰਥੀਆਂ ਲਈ ਰਿਆਇਤਾਂ, ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਇੱਕ ਪਿੰਡ ਨੂੰ ਗੋਦ ਲੈਣ ਅਤੇ ਹੜ੍ਹਾਂ ਨੂੰ ਨਿਯੰਤਰਿਤ ਕਰਨ ਲਈ ਇੱਕ ਵਿਸਤ੍ਰਿਤ ਦਸਤਾਵੇਜ਼ ਤਿਆਰ ਕਰਕੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਭੇਜਣ ਵਰਗੇ ਸ਼ੁਰੂ ਕੀਤੇ ਕਾਰਜ ਯੂਨੀਵਰਸਿਟੀ ਦੀ ਸਮਾਜਿਕ ਜ਼ਿੰਮੇਵਾਰੀ ਨੂੰ ਉਜਾਗਰ ਕਰਦੇ ਹਨ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਮਿਆਰੀ ਸਿੱਖਿਆ ਦੇ ਪਾਵਰ ਹਾਊਸ (ਸ਼ਕਤੀ ਕੇਂਦਰ) ਵਜੋਂ ਉਸਾਰਨ ਲਈ ਇੱਕ ਉੱਚ ਪੱਧਰੀ ਰੋਡ ਮੈਪ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਪ੍ਰਸ਼ਾਸਨਿਕ ਸੁਧਾਰਾਂ, ਅਕਾਦਮਿਕ ਨਵੀਨਤਾ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨੂੰ ਕੇਂਦਰ ਵਿੱਚ ਰੱਖਿਆ ਗਿਆ ਹੈ। ਯੂਨੀਵਰਸਿਟੀ ਵਿੱਚ ਆਨਲਾਈਨ ਸ਼ਿਕਾਇਤਾਂ, ਛੁੱਟੀਆਂ ਅਤੇ ਨਵੇਂ ਪ੍ਰੀਖਿਆ ਸਿਸਟਮ ਨਾਲ 15 ਦਿਨਾਂ ਵਿੱਚ ਨਤੀਜੇ ਐਲਾਨੇ ਜਾ ਚੁੱਕੇ ਹਨ। ਇਸ ਰੋਡ ਮੈਪ ਨੇ ਵਰਕ ਕਲਚਰ ਨੂੰ ਨਵੀਂ ਦਿਸ਼ਾ ਦਿੱਤੀ ਹੈ ਅਤੇ ਕਾਗਜ਼ੀ ਕੰਮ ਨੂੰ ਘਟਾ ਕੇ ਵਾਤਾਵਰਨ ਰੱਖਿਆ ਵਿਚ ਯੋਗਦਾਨ ਪਾਇਆ ਹੈ। 2025-26 ਅਕਾਦਮਿਕ ਸੈਸ਼ਨ ਲਈ ਡਿਜੀਟਲ ਦਾਖਲਾ ਪ੍ਰਣਾਲੀ, ਵਰਚੁਅਲ ਕਾਊਂਸਲਿੰਗ ਅਤੇ ਸਕਾਲਰਸ਼ਿਪ ਸਕੀਮਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ।

ਖੋਜ ਨੂੰ ਵਧਾਉਣ ਲਈ ਜਲਵਾਯੂ ਪਰਿਵਰਤਨ ’ਤੇ ਫੋਕਸ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪੰਜਾਬ ਵਿੱਚ ਜਲਵਾਯੂ-ਅਨੁਕੂਲ ਖੇਤੀ, ਸਮਾਰਟ ਸਿੰਚਾਈ ਅਤੇ ਨਵਿਆਉਣਯੋਗ ਊਰਜਾ ’ਤੇ ਖੋਜ ਹੋਵੇਗੀ। ਅਤਿ-ਆਧੁਨਿਕ ਜਲਵਾਯੂ ਲੈਬ ਅਤੇ ਸਕਾਲਰਸ਼ਿਪ ਨਾਲ ਖੋਜ ਨੂੰ ਵਿਸ਼ਵਵਿਆਪੀ ਪਹੁੰਚ ਮਿਲੇਗੀ। ਅਧਿਆਪਕਾਂ ਲਈ ਏ ਆਈ-ਅਧਾਰਤ ਸਿਖਲਾਈ ਅਤੇ ਵਿਦਿਆਰਥੀਆਂ ਲਈ ਈ-ਲਰਨਿੰਗ ਪਲੇਟਫਾਰਮ ਪ੍ਰਦਾਨ ਕੀਤੇ ਜਾ ਰਹੇ ਹਨ। ਸਕੋਪਸ ਅਤੇ ਵੈੱਬ ਆਫ ਸਾਇੰਸ ਦੀ ਪਹੁੰਚ ਨਾਲ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਮਿਆਰੀ ਸਿੱਖਿਆ ਦਾ ਪਾਵਰ ਹਾਊਸ (ਸ਼ਕਤੀ ਕੇਂਦਰ) ਬਣਾਉਣ ਲਈ ਤਿਆਰ ਕੀਤਾ ਜਾ ਰਿਹਾ ਹੈ। ‘++’ ਗ੍ਰੇਡ ਅਤੇ ‘ਕੈਟੇਗਰੀ-ਵਨ’ ਸਥਿਤੀ ਨਾਲ ਯੂਨੀਵਰਸਿਟੀ ਅਗਲੇ ਸੈਸ਼ਨ ਵਿੱਚ ਨਵੀਂਆਂ ਯੋਜਨਾਵਾਂ ਲਾਗੂ ਕਰੇਗੀ।

ਅੱਜ ਦੇ ਸਮਾਗਮ ਵਿੱਚ ਡਾ. ਬ੍ਰਿਜਪਾਲ ਸਿੰਘ (ਸਾਬਕਾ ਫੈਕਲਟੀ, ਲਾਲ ਬਹਾਦੁਰ ਸ਼ਾਸਤਰੀ ਰਾਸ਼ਟਰੀ ਪ੍ਰਸ਼ਾਸਨ ਅਕਾਦਮੀ, ਮਸੂਰੀ), ਡਾ. ਕੇਹਰ ਸਿੰਘ (ਪ੍ਰਸਿੱਧ ਪੰਜਾਬੀ ਸਾਹਿਤਕ ਵਿਦਵਾਨ) ਅਤੇ ਇੰਜ. ਸੁਪਰੀਤਪਾਲ ਸਿੰਘ (ਇੰਡੋਨੇਸ਼ੀਆ) ਆਪਣੇ ਵਿਦਿਅਕ ਭਾਸ਼ਣਾਂ ਰਾਹੀਂ ਖੋਜ, ਅਕਾਦਮਿਕਤਾ ਅਤੇ ਨੈਤਿਕ ਜੀਵਨ ਨੂੰ ਨਵੀਂਆਂ ਦਿਸ਼ਾਵਾਂ ਪੇਸ਼ ਕਰਨਗੇ। ਸਵੇਰੇ ਅਤੇ ਸ਼ਾਮ ਨੂੰ ਇਲਾਹੀ ਗੁਰਬਾਣੀ ਦਾ ਕੀਰਤਨ, ਚਿੱਤਰ ਪ੍ਰਦਰਸ਼ਨੀ ਅਤੇ ਲੋਕ ਕਲਾ ਪ੍ਰਦਰਸ਼ਨੀ ਨਾਲ ਵਿਦਿਆਰਥੀਆਂ ਨੂੰ ਪੰਜਾਬ ਦੀ ਰੂਹਾਨੀ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਿਆ ਜਾਵੇਗਾ। ਵਿਦਿਆਰਥੀਆਂ, ਫੈਕਲਟੀ ਅਤੇ ਖੋਜੀਆਂ ਨੂੰ ਅਪੀਲ ਹੈ ਕਿ ਉਹ ਗੁਰੂ ਸਾਹਿਬ ਦੇ ਸੰਦੇਸ਼ ‘ਈਮਾਨਦਾਰੀ, ਹਿੰਮਤ, ਨਿਮਰਤਾ, ਦਯਾ ਅਤੇ ਸੇਵਾ’ ਨੂੰ ਰੋਜ਼ਾਨਾ ਜੀਵਨ ਵਿੱਚ ਅਪਣਾਉਣ। ਇਹ 56ਵਾਂ ਸਥਾਪਨਾ ਦਿਵਸ ਸਿਰਫ਼ ਇੱਕ ਸਮਾਗਮ ਨਹੀਂ, ਬਲਕਿ ਨੌਵੇਂ ਗੁਰੂ ਦੇ ਨਿਡਰਤਾ, ਮਨੁੱਖਤਾ ਅਤੇ ‘ਸਰਬੱਤ ਦਾ ਭਲਾ’ ਵਾਲੇ ਸੰਦੇਸ਼ ਨੂੰ ਸਿੱਖਿਆ ਅਤੇ ਵਿਸ਼ਵ ਸੰਬੰਧਾਂ ਵਿੱਚ ਜਿਉਣ ਦਾ ਨਵਾਂ ਸੰਕਲਪ ਹੈ। ਇਸ ਦਿਨ ਦੀ ਬਰਕਤ ਨਾਲ ਸਾਰੀ ਮਨੁੱਖਤਾ ਨੂੰ ਨਵੀਂ ਹਿੰਮਤ ਅਤੇ ਭਾਵਨਾ ਪ੍ਰਾਪਤ ਹੋਵੇ।

#ਸੰਪਰਕ : 98782-77423

# ਭਾਸ਼ਾ ਵਿਭਾਗ ਵੱਲੋਂ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲਾ ਯਾਦਗਾਰੀ ਹੋ ਨਿੱਬੜਿਆ

## ਸੰਧਵਾਂ ਵੱਲੋਂ ਰੈਵੋ ਕੁਇਜ਼ ਬੋਰਡ ਤੇ ਸਕੋਰ ਬੋਰਡ ਦਾ ਉਦਘਾਟਨ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਦੀ ਅਗਵਾਈ ਹੇਠ ਮਨਾਏ ਜਾ ਰਹੇ ਪੰਜਾਬੀ 'ਮਾਹ-2025' ਦੇ ਸਮਾਗਮਾਂ ਦੀ ਲੜੀ ਤਹਿਤ ਇਸ ਸਾਲ ਦਾ ਰਾਜ ਪੱਧਰੀ ਬਾਲ ਗਿਆਨ ਪ੍ਰਸ਼ਨੋਤਰੀ ਮੁਕਾਬਲਾ ਸੈਕਰਡ ਹਾਰਟ ਸਕੂਲ, ਮੋਗਾ ਵਿਖੇ ਵੱਡੇ ਪੱਧਰ 'ਤੇ ਕੀਤਾ ਗਿਆ।ਇਸ ਸਮਾਗਮ ਵਿੱਚ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ, ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਦੀਪ ਸੰਧੂ, ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਸ. ਗੁਰਦਿਆਲ ਸਿੰਘ ਤੇ ਸ਼੍ਰੋਮਣੀ ਪੰਜਾਬੀ ਸਾਹਿਤਕਾਰ ਬਲਦੇਵ ਸਿੰਘ ਸੜਕਨਾਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਸਮਾਗਮ ਦਾ ਸੰਚਾਲਨ ਭਾਸ਼ਾ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਆਲੋਕ ਚਾਵਲਾ ਦੀ ਦੇਖ-ਰੇਖ ਹੇਠ ਕੀਤਾ ਗਿਆ।ਇਸ ਮੁਕਾਬਲੇ ਦੀ ਵਿਸ਼ੇਸ਼ ਪ੍ਰਾਪਤੀ ਰੈਵੋ ਸੌਫਟਵੇਅਰ ਕੰਪਨੀ ਦੁਆਰਾ ਤਿਆਰ ਕੀਤਾ ਗਿਆ ਡਿਜੀਟਲ ਕੁਇਜ਼ ਬੋਰਡ ਤੇ ਸਕੋਰ ਬੋਰਡ ਸੀ, ਜੋ ਕਿ ਆਪਣੇ ਆਪ ਵਿੱਚ ਇਕ ਵਿਲੱਖਣ ਤਜਰਬਾ ਸੀ।ਇਸ ਸੌਫਟਵੇਅਰ ਦੀ ਮਦਦ ਨਾਲ ਮੰਚ ਉੱਪਰ ਲੱਗੀ ਵੱਡੀ ਸਕਰੀਨ ਉੱਤੇ ਪ੍ਰਤੀਯੋਗੀਆਂ ਨੂੰ ਪੁੱਛੇ ਜਾਣ ਵਾਲੇ ਸਵਾਲ ਤੇ ਉਨ੍ਹਾਂ ਵੱਲੋਂ ਹਾਸਲ ਕੀਤੇ ਜਾ ਰਹੇ ਅੰਕ ਤੇ ਨਤੀਜੇ ਪ੍ਰਦਰਸ਼ਤ ਕੀਤੇ ਗਏ, ਜੋ ਕਿ ਦਰਸ਼ਕਾਂ ਲਈ ਖਿੱਚ ਦੇ ਕੇਂਦਰ ਬਣੇ ਰਹੇ।ਪ੍ਰਸਿੱਧ ਪੰਜਾਬੀ ਵਿਅੰਗਕਾਰ ਕੇ. ਐਲ. ਗਰਗ ਦੀ ਪ੍ਰਧਾਨਗੀ ਹੇਠ ਆਯੋਜਿਤ ਸੈਕਰਡ ਹਾਰਟ ਸਕੂਲ, ਮੋਗਾ ਦੇ ਚੇਅਰਮੈਨ ਚਾਰਲਸ ਜੋਬਾ ਕੁਮਾਰ, ਪ੍ਰਿੰਸੀਪਲ ਵਿਜਯਾ ਜੋਬਾ ਕੁਮਾਰ ਤੇ ਪ੍ਰਸ਼ਾਸਕ ਕੀਰਤ ਗਿੱਲ ਦੇ ਵਿਸ਼ੇਸ਼ ਸਹਿਯੋਗ ਨਾਲ ਆਯੋਜਿਤ ਇਸ ਸਮਾਗਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਤੇ ਭਾਸ਼ਾ ਵਿਭਾਗ, ਪੰਜਾਬ ਦੀ ਵਿਭਾਗੀ ਧੁਨੀ ਨਾਲ ਕੀਤੀ ਗਈ।

ਮੰਚ ਸੰਚਾਲਨ ਕਰ ਰਹੇ ਖੋਜ ਅਫ਼ਸਰ ਮੋਗਾ ਬਿਮਲ ਕੁਮਾਰ ਨੇ ਆਏ ਹੋਏ ਮਹਿਮਾਨਾਂ ਨਾਲ ਜਾਣ ਪਹਿਚਾਣ ਕਰਵਾਈ।ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਹ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਵਰ੍ਹੇ ਨੂੰ ਸਮਰਪਤ ਹੈ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਜਟਾਣਾ ਨੇ ਕਿਹਾ ਕਿ ਇਸ ਮੌਕੇ ਰਿਹਾਨ ਮਨਚੰਦਾ ਦੀ ਕੰਪਨੀ ਰੈਵੋ ਸੌਫਟਵੇਅਰ ਦੁਆਰਾ ਤਿਆਰ ਕੀਤੇ ਗਏ ਰੈਵੋ ਕੁਇਜ਼ ਬੋਰਡ ਤੇ ਸਕੋਰਬੋਰਡ ਦਾ ਉਦਘਾਟਨ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਤੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਵੱਲੋਂ ਕੀਤਾ ਗਿਆ।ਕੁਇਜ਼ ਮਾਸਟਰ ਰਿਸ਼ੀ ਮਨਚੰਦਾ ਦੁਆਰਾ ਇਹ ਸਾਫਟਵੇਅਰ ਭਾਸ਼ਾ ਵਿਭਾਗ ਪੰਜਾਬ ਨੂੰ ਸਮਰਪਤ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਸਮੁੱਚੇ ਸਮਾਗਮ ਦੇ ਆਯੋਜਨ ਦੀ ਸ਼ਲਾਘਾ ਕਰਦਿਆਂ ਪੰਜਾਬੀ ਕੌਮ ਦੇ ਉੱਚ ਚਰਿੱਤਰ ਵਾਲੇ ਇਤਿਹਾਸ ਉੱਪਰ ਮਾਣ ਕਰਨ ਨੂੰ ਕਿਹਾ ਤੇ ਸਭ ਨੂੰ ਸਿੱਖ ਗੁਰੂਆਂ ਵਲੋਂ ਸੁਝਾਈ ਉੱਚ ਜੀਵਨ ਜਾਚ ਅਤੇ ਨੈਤਿਕ ਕਦਰਾਂ ਕੀਮਤਾਂ ਉੱਪਰ ਪਹਿਰਾ ਦੇਣ ਦਾ ਹੋਕਾ ਦਿੱਤਾ।ਇਸ ਮੌਕੇ ਪੰਜਾਬ ਦੇ 21 ਜ਼ਿਲ੍ਹਿਆਂ ਦੇ ਮਿਡਲ, ਸੈਕੰਡਰੀ ਤੇ ਕਾਲਜ ਪੱਧਰ ਦੇ ਜ਼ਿਲ੍ਹਾ ਪੱਧਰੀ ਜੇਤੂ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ।ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ, ਮੈਡਲਾਂ ਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।ਸਾਰੀ ਕਾਗਜ਼ੀ ਕਾਰਵਾਈ ਜ਼ਿਲ੍ਹਾ ਭਾਸ਼ਾ ਦਫ਼ਤਰ, ਮੋਗਾ ਦੇ ਸੀਨੀਅਰ ਸਹਾਇਕ ਨਵਦੀਪ ਸਿੰਘ, ਕਲਰਕ ਚਿਮਨ ਲਾਲ ਵੱਲੋਂ ਬਾਖੂਬੀ ਮੁਕੰਮਲ ਕੀਤੀ ਗਈ। ਸੈਕਰਡ ਹਾਰਟ ਸਕੂਲ ਦੇ ਪ੍ਰਿੰਸੀਪਲ, ਪ੍ਰਸ਼ਾਸਕ ਅਤੇ ਸਮੂਹ ਸਟਾਫ਼ ਮੈਂਬਰਾਂ ਤੇ ਕਰਮਚਾਰੀਆਂ ਵੱਲੋਂ ਭਰਪੂਰ ਸਹਿਯੋਗ ਦਿੱਤਾ ਗਿਆ। ਮੰਚ ਦੀ ਸਜਾਵਟ ਸਕੂਲ ਦੇ ਫਾਈਨ ਆਰਟਸ ਵਿਭਾਗ ਵੱਲੋਂ ਬਹੁਤ ਖ਼ੂਬਸੂਰਤ ਢੰਗ ਨਾਲ ਕੀਤੀ ਗਈ।

# ਮੋਦੀ ਸਰਕਾਰ ਦਾ ਚੰਡੀਗੜ੍ਹ ਸੰਬੰਧੀ ਦਖਲ ਨਿੰਦਣਯੋਗ : ਰਾਜਿੰਦਰ ਸਿੰਘ

## ਚੰਡੀਗੜ੍ਹ ਨੂੰ ਆਰਟੀਕਲ 240 ਹੇਠ ਲਿਆਉਣ ਦੀ ਕੇਂਦਰ ਦੀ ਕੋਸ਼ਿਸ਼ ਪੰਜਾਬ ਦੇ ਅਧਿਕਾਰਾਂ 'ਤੇ ਹਮਲਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕਾਂਗਰਸ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕੇਂਦਰ ਵੱਲੋਂ ਸੰਵਿਧਾਨ ਦੇ 131ਵੇਂ ਤਰਮੀਮ ਬਿੱਲ ਰਾਹੀਂ ਚੰਡੀਗੜ੍ਹ ਨੂੰ ਆਰਟੀਕਲ 240 ਹੇਠ ਲਿਆਉਣ ਦੀ ਕੋਸ਼ਿਸ਼ ਨੂੰ ਪੰਜਾਬ ਦੇ ਇਤਿਹਾਸਕ, ਸੰਘੀ ਢਾਂਚੇ ਤੇ ਜਾਇਜ਼ ਹੱਕਾਂ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ।ਸੰਧੂ ਨੇ ਕਿਹਾ ਕਿ 1966 ਵਿੱਚ ਚੰਡੀਗੜ੍ਹ ਨੂੰ ਪੰਜਾਬ ਦੀ ਰਾਜਧਾਨੀ ਵਜੋਂ ਬਣਾਇਆ ਗਿਆ ਸੀ ਤੇ ਕਈ ਸਾਲਾਂ ਤੱਕ ਪੰਜਾਬ ਦੇ ਗਵਰਨਰ ਨੇ ਇਸ ਦੇ ਐਡਮਿਨਿਸਟ੍ਰੇਟਰ ਵਜੋਂ ਕੰਮ ਕੀਤਾ ਹੈ।ਇਸ ਪਿੱਠ ਭੂਮੀ ਵਿੱਚ ਕੇਂਦਰ ਦੀ ਇਹ ਤਾਜ਼ਾ ਕੋਸ਼ਿਸ਼ ਚੰਡੀਗੜ੍ਹ ਨੂੰ ਪੰਜਾਬ ਤੋਂ ਵੱਖ ਦਿਖਾਉਣ ਦੀ ਨੀਤੀ ਦਾ ਹਿੱਸਾ ਹੈ। ਰਾਜਿੰਦਰ ਸਿੰਘ ਨੇ ਦੋਸ਼ ਲਾਇਆ ਕਿ ਭਾਜਪਾ ਸਰਕਾਰ ਰਾਜਨੀਤਕ ਮਨਸੂਬਿਆਂ ਨਾਲ ਭਰਪੂਰ 131ਵਾਂ ਤਰਮੀਮ ਬਿੱਲ ਲਿਆ ਕੇ ਚੰਡੀਗੜ੍ਹ ਨੂੰ ਯੂਨੀਅਨ ਟੈਰੀਟਰੀ ਵਾਂਗ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਕਿ ਪੰਜਾਬ ਦੇ ਹਿੱਤਾਂ ਵਿਰੁੱਧ ਇਕ ਹੋਰ ਜਾਣ-ਬੁੱਝ ਕੇ ਕੀਤਾ ਕਦਮ ਹੈ।ਭਾਜਪਾ ਮੁਤਾਬਕ ਚੰਡੀਗੜ੍ਹ ਤੇ ਦਰਿਆਈ ਪਾਣੀਆਂ ਤੋਂ ਪੰਜਾਬ ਯੂਨੀਵਰਸਿਟੀ ਤੱਕ, ਕੇਂਦਰ ਲਗਾਤਾਰ ਪੰਜਾਬ ਦੇ ਹੱਕਾਂ ਨੂੰ ਘਟਾ ਰਹੀ ਹੈ।ਉਨ੍ਹਾਂ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਕੇਂਦਰ ਦੀ ਇਸ ਬੇਮਿਸਾਲ ਦਖਲ ਦੇ ਵਿਰੁੱਧ ਇਕੱਠੇ ਹੋ ਕੇ ਸਾਂਝੀ ਰਣਨੀਤੀ ਬਣਾਈ ਜਾਵੇ, ਤਾਂ ਜੋ ਪੰਜਾਬ ਦੇ ਸੰਵਿਧਾਨਕ ਤੇ ਇਤਿਹਾਸਕ ਅਧਿਕਾਰਾਂ ਦੀ ਰੱਖਿਆ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਹਮੇਸ਼ਾ ਪੰਜਾਬ ਦੇ ਹਿੱਤਾਂ 'ਤੇ ਡਾਕਾ ਮਾਰਿਆ ਹੈ ਤੇ ਪੰਜਾਬ ਨਾਲ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਜਾਰੀ ਕਰਨ ਸਮੇਂ ਹਮੇਸ਼ਾ ਵਿਕਤਰਾ ਕੀਤਾ ਜਾਂਦਾ ਰਿਹਾ ਹੈ। ਇਸ ਮੌਕੇ ਕਈ ਹੋਰ ਕਾਂਗਰਸੀ ਆਗੂ ਹਾਜ਼ਰ ਸਨ।

# ਸੀ ਪੀ ਆਈ ਬਲਾਕ ਫਾਜ਼ਿਲਕਾ ਦਾ ਡੈਲੀਗੇਟ ਅਜਲਾਸ ਸਫਲਤਾਪੂਰਵਕ ਸੰਪੰਨ

## ਕਾਮਰੇਡ ਸ਼ੁਬੇਗ ਝੰਗੜ ਭੈਣੀ ਚੁਣੇ ਗਏ ਬਲਾਕ ਸਕੱਤਰ, ਮੀਤ ਸਕੱਤਰ ਕੁਲਦੀਪ ਬੱਖੂ ਸ਼ਾਹ ਤੇ ਖਜ਼ਾਨਚੀ ਭਜਨ ਲਾਲ ਬਣੇ



ਫਾਜ਼ਿਲਕਾ (ਪਰਮਜੀਤ ਢਾਬਾਂ)-ਸੀਪੀਆਈ ਦੇ ਜ਼ਿਲ੍ਹਾ ਦਫ਼ਤਰ ਕਾਮਰੇਡ ਵਧਾਵਾ ਰਾਮ ਭਵਨ ਫਾਜ਼ਿਲਕਾ ਵਿਖੇ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਬਲਾਕ ਫਾਜ਼ਿਲਕਾ ਦਾ ਡੈਲੀਗੇਟ ਅਜਲਾਸ ਸਫਲਤਾ ਪੂਰਵਕ ਨੇਪਰੇ ਚੜ੍ਹਿਆ।ਇਸ ਮੌਕੇ ਚੋਣ ਡੈਲੀਗੇਟ ਅਜਲਾਸ ਨੂੰ ਕਰਵਾਉਣ ਲਈ ਬਤੌਰ ਆਬਜ਼ਰਵਰ ਕਾਮਰੇਡ ਸੁਰਿੰਦਰ ਢੰਡੀਆਂ ਜ਼ਿਲ੍ਹਾ ਮੀਤ ਸਕੱਤਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਹਾਊਸ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਸੀਪੀਆਈ ਪਾਰਟੀ ਦੀਆਂ ਪ੍ਰਾਪਤੀਆਂ ਤੇ ਇਤਿਹਾਸ ਸ਼ਾਨਾਮੱਤਾ ਹੈ।ਇਸ ਪਾਰਟੀ ਦਾ ਮੈਂਬਰ ਬਣਨਾ ਹੀ ਬੜੀ ਮਾਣ ਵਾਲੀ ਗੱਲ ਹੈ।ਇਸ ਤੋਂ ਬਾਅਦ ਬਲਾਕ ਫਾਜ਼ਿਲਕਾ ਦੇ ਇੰਚਾਰਜ ਸ਼ੁਬੇਗ ਝੰਗੜ ਭੈਣੀ ਨੇ ਤਿੰਨ ਸਾਲਾਂ ਦੀ ਪਾਰਟੀ ਦੀਆਂ ਪ੍ਰਾਪਤੀਆਂ ਦੀ ਰਿਪੋਰਟ ਪੇਸ਼ ਕੀਤੀ ਗਈ।ਇਸ ਤੇ ਬਹਿਸ ਕਰਦਿਆਂ ਹਾਊਸ ਵੱਲੋਂ ਵਾਧਾ ਕਰਦਿਆਂ ਸਰਬ ਸੰਮਤੀ ਨਾਲ ਰਿਪੋਰਟ ਨੂੰ ਪਾਸ ਕੀਤਾ ਗਿਆ।ਇਸ ਮੌਕੇ 21 ਮੈਂਬਰੀ ਕਮੇਟੀ ਦੀ ਤਜਵੀਜ਼ ਪੇਸ਼ ਕੀਤੀ ਗਈ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਚੁਣੀ ਗਈ ਬਲਾਕ ਕਮੇਟੀ ਵੱਲੋਂ ਸਰਬਸੰਮਤੀ ਨਾਲ ਕਾਮਰੇਡ ਸ਼ੁਬੇਗ ਝੰਗੜ ਭੈਣੀ ਨੂੰ ਬਲਾਕ ਸਕੱਤਰ ਚੁਣਿਆ ਗਿਆ।ਇਸ ਦੇ ਨਾਲ ਹੀ ਬਲਾਕ ਮੀਤ ਸਕੱਤਰ ਕੁਲਦੀਪ ਬੱਖੂਸ਼ਾਹ ਅਤੇ ਖਜ਼ਾਨਚੀ ਭਜਨ ਲਾਲ ਨੂੰ ਚੁਣਿਆ ਗਿਆ।ਕਾਮਰੇਡ ਸ਼ੁਬੇਗ ਸਿੰਘ, ਕੁਲਦੀਪ ਬੱਖੂਸ਼ਾਹ, ਭਜਨ ਲਾਲ, ਭਰਪੂਰ ਸਿੰਘ, ਰਾਜ ਸਿੰਘ, ਮਹਿੰਦਰ ਸਿੰਘ, ਜਸਵੀਰ ਸਿੰਘ, ਪ੍ਰੇਮ ਸਿੰਘ, ਪਾਲਾ ਸਿੰਘ, ਸੀਤਾ ਸਿੰਘ, ਬਲਵਿੰਦਰ ਝੰਗੜ ਭੈਣੀ, ਰਮੇਸ਼ ਸਿੰਘ ਨਵਾਂ ਮੁੰਬਾ, ਹਰਬੰਸ ਸਿੰਘ, ਗੁਰਨਾਮ ਸਿੰਘ, ਬਲਵਿੰਦਰ ਬੱਖੂਸ਼ਾਹ, ਸ਼ਿੰਦਰ ਕੌਰ ਮਿਆਣੀ, ਸੁਮਿੱਤਰਾ ਦੇਵੀ, ਹੁਸ਼ਿਆਰ ਕਾਵਾਂਵਾਲੀ, ਰਾਜਵਿੰਦਰ ਨਿਊਲਾ ਬਲਾਕ ਫਾਜ਼ਿਲਕਾ ਕਮੇਟੀ ਦੀਆਂ 19 ਸੀਟਾਂ ਭਰੀਆਂ ਗਈਆਂ ਹਨ ਤੇ 2 ਸੀਟਾਂ ਖ਼ਾਲੀ ਛੱਡੀਆਂ ਗਈਆਂ ਹਨ, ਜੋ ਆਉਣ ਵਾਲੇ ਦਿਨਾਂ ਵਿੱਚ ਭਰੀਆਂ ਜਾਣਗੀਆਂ।ਇਸ ਚੋਣ ਵਿਚ ਵੱਖ ਵੱਖ ਪਿੰਡ ਬਰਾਂਚਾਂ ਤੋਂ ਵੱਡੀ ਗਿਣਤੀ ਵਿੱਚ ਆਏ ਡੈਲੀਗੇਟਾਂ ਨੇ ਹਿੱਸਾ ਲਿਆ।ਇਸ ਅਜਲਾਸ ਵਿੱਚ ਚੁਣੇ ਗਏ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਸੀ ਪੀ ਆਈ ਪਾਰਟੀ ਦੇ ਦਿਨ ਰਾਤ ਇੱਕ ਕਰ ਕੇ ਪਾਰਟੀ ਲਈ ਕੰਮ ਕਰਨਗੇ ਤੇ ਪਾਰਟੀ ਨੂੰ ਬੁਲੰਦੀਆਂ ਤੱਕ ਲੈ ਕੇ ਜਾਣਗੇ।

## ਕਾਤਰਾਂ

### ਲੜਕੀ ਨਾਲ ਛੇੜਛਾੜ ਕਰਨ ਦੇ ਦੋਸ਼ 'ਚ ਗ੍ਰਿਫਤਾਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਇੱਕ ਲੜਕੀ ਨਾਲ ਛੇੜਛਾੜ ਕਰਨ ਦੇ ਦੋਸ਼ ਹੇਠ ਸੰਘੋਲ ਪੁਲਸ ਵੱਲੋਂ ਇੱਕ ਟ੍ਰੇਨਿੰਗ ਅਕੈਡਮੀ ਦੇ ਸੰਚਾਲਕ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਇੱਕ 20 ਸਾਲਾ ਲੜਕੀ ਨੇ ਦੱਸਿਆ ਕਿ ਸੰਘੋਲ ਵਿਖੇ ਪ੍ਰੀਤਮ ਸਿੰਘ ਨਾਮਕ ਵਿਅਕਤੀ ਵੱਲੋਂ ਚਲਾਈ ਜਾ ਰਹੀ ਇੱਕ ਪੁਲਸ/ਫੌਜ ਭਰਤੀ ਟ੍ਰੇਨਿੰਗ ਅਕੈਡਮੀ ਵਿੱਚ ਉਹ ਸਿਖਲਾਈ ਲੈ ਰਹੀ ਸੀ।ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਬੀਤੇ ਦਿਨ ਜਦੋਂ ਉਹ ਟ੍ਰੇਨਿੰਗ ਅਕੈਡਮੀ ਦੇ ਆਪਣੇ ਰਿਹਾਇਸ਼ੀ ਕਮਰੇ 'ਚ ਮੌਜੂਦ ਸੀ ਤਾਂ ਅਕੈਡਮੀ ਦੇ ਸੰਚਾਲਕ ਪ੍ਰੀਤਮ ਸਿੰਘ ਵੱਲੋਂ ਉਸ ਨਾਲ ਛੇੜਛਾੜ ਕੀਤੀ ਗਈ।ਪੀੜਤਾ ਦੇ ਬਿਆਨਾਂ 'ਤੇ ਥਾਣਾ ਖਮਾਣੋਂ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਪ੍ਰੀਤਮ ਸਿੰਘ ਵਾਸੀ ਪਿੰਡ ਕਲਾਲ ਮਾਜਰਾ ਨੂੰ ਗ੍ਰਿਫ਼ਤਾਰ ਕਰਕੇ ਸੰਘੋਲ ਪੁਲਸ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਹਰਮਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਔਰਤ ਤੋਂ ਪਰਸ ਝਪਟਣ ਵਾਲੇ ਪੁਲਸ ਅੜਿੱਕੇ

ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)-ਉੱਪ ਕਪਤਾਨ ਪੁਲਸ ਧੂਰੀ ਰਣਬੀਰ ਸਿੰਘ ਨੇ ਆਪਣੇ ਦਫ਼ਤਰ ਵਿਖੇ ਸੱਦੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਬ ਡਵੀਜ਼ਨ ਧੂਰੀ ਦੀ ਪੁਲਸ ਵੱਲੋਂ ਨਸ਼ੇ ਦਾ ਕਾਰੋਬਾਰ ਕਰਨ ਤੇ ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀ-ਸ਼ੁਦਾ ਮੋਟਰਸਾਈਕਲ, ਪਿਸਟਲ ਤੇ ਗੱਡੀ ਬ੍ਰਾਮਦ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਲੰਘੀ 20 ਨਵੰਬਰ ਨੂੰ ਪ੍ਰੇਮ ਕੁਮਾਰ ਰਤਨ ਅਪਣੀ ਭੈਣ ਰਾਜ ਕੁਮਾਰੀ ਰਤਨ ਨਾਲ ਵਕਤ ਕਰੀਬ 05:17 ਵਜੇ ਸ਼ਾਮ ਸਦਰ ਬਜ਼ਾਰ ਧੂਰੀ ਵਿੱਚ ਕਿਸੇ ਖਰੀਦੋ ਫਰੋਖਤ ਕਰਨ ਲਈ ਆਇਆ ਸੀ ਤਾਂ ਇੰਨੇ ਵਿੱਚ 3 ਨੌਜਵਾਨ ਸਪਲੈਂਡਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ, ਜਿਨ੍ਹਾਂ ਨੇ ਉਸਦੀ ਭੈਣ ਦੇ ਹੱਥ ਵਿੱਚ ਫੜਿਆ ਪਰਸ ਝਪਟ ਮਾਰ ਕੇ ਖੋਹ ਲਿਆ ਤੇ ਆਪਣੇ ਮੋਟਰਸਾਈਕਲ 'ਤੇ ਫਰਾਰ ਹੋ ਗਏ।ਇਸ ਵਾਰਦਾਤ ਵਿੱਚ ਉਸ ਦੀ ਭੈਣ ਰਾਜ ਕੁਮਾਰੀ ਰਤਨ ਦੇ ਸੜਕ ਪਰ ਡਿੱਗਣ ਕਾਰਨ ਕਾਫੀ ਸੱਟਾਂ ਲੱਗੀਆਂ ਤੇ ਮੁਦਈ ਦੇ ਬਿਆਨ 'ਤੇ ਅਮਰਜੀਤ ਸਿੰਘ ਉਰਫ ਖੜਕਲੀ ਵਾਸੀ ਟਿੱਬਾ, ਮੁਹੰਮਦ ਸ਼ਾਮਿਦ ਵਾਸੀ ਨੇੜੇ ਲੋਹਾ ਬਾਜ਼ਾਰ ਮਲੇਰਕੋਟਲਾ ਅਤੇ ਇੱਕ ਨਾ-ਮਾਲੂਮ ਵਿਅਕਤੀ ਖਿਲਾਫ ਮੁੱਕਦਮਾ ਨੰਬਰ 204 ਦਰਜ ਕੀਤਾ ਗਿਆ ਅਤੇ ਮੁਲਜ਼ਮਾਂ ਨੂੰ ਸਮੇਤ ਚੋਰੀ ਦੇ 3 ਮੋਟਰਸਾਈਕਲਾਂ ਦੇ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਦਾ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੋ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਸਕੇ।

### ਕੁਠਾਲਾ ਵਿਖੇ ਸ਼ਹੀਦੀ ਸਾਕੇ ਨੂੰ ਸਮਰਪਤ ਗੁਰਮਤਿ ਸਮਾਗਮ ਭਲਕੇ

ਮਾਲੇਰਕੋਟਲਾ (ਅਸਗਰ ਪਰਿਹਾਰ)-ਮਾਲੇਰਕੋਟਲਾ ਦੇ ਇਤਿਹਾਸਕ ਪਿੰਡ ਕੁਠਾਲਾ ਦੇ ਗੁਰਦੁਆਰਾ ਸਾਹਿਬ ਜੀ ਸ਼ਹੀਦੀ ਦੀ ਪ੍ਰਬੰਧਕ ਕਮੇਟੀ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਉਨ੍ਹਾਂ ਦੇ ਅਨਿੰਨ ਸਿੱਖਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ 350ਵਾਂ ਸ਼ਤਾਬਦੀ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350ਵਾਂ ਗੁਰਿਆਈ ਦਿਵਸ ਨੂੰ ਸਮਰਪਤ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਇਹ ਸਮਾਗਮ ਬਾਬਾ ਬਲਜੀਤ ਸਿੰਘ ਬੁਰਜ ਨਕਲੀਆ ਵਾਲੇ 25 ਨਵੰਬਰ ਮੰਗਲਵਾਰ ਨੂੰ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਸਵੇਰੇ 8:00 ਵਜੇ ਤੋਂ 10:00 ਵਜੇ ਤੱਕ ਮਾਣਮੱਤੇ ਕੁਰਬਾਨੀਆਂ ਨਾਲ ਭਰੇ ਸਿੱਖ ਗੁਰੂ ਇਤਿਹਾਸ ਨੂੰ ਸੁਣਾਕੇ ਸੰਗਤਾਂ ਨੂੰ ਨਿਹਾਲ ਕਰਨਗੇ।

# ਅੰਤਿਮ ਅਰਦਾਸ 'ਤੇ ਰਣਜੀਤ ਸਿੰਘ ਸਾਮਾ ਨੂੰ ਚਾਹੁਣ ਵਾਲਿਆਂ ਦਾ ਵੱਡਾ ਜਨ ਸੈਲਾਬ, ਸਮਾਜ ਸੇਵਾ ਲਈ ਕੀਤਾ ਯਾਦ



ਸ਼੍ਰੀ ਮੁਕਤਸਰ ਸਾਹਿਬ /ਫਿਰੋਜ਼ਪੁਰ (ਸ਼ਮਿੰਦਰ ਪਾਲ/ਪੂਜਾ)-ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਰਣਜੀਤ ਸਿੰਘ ਸਾਮਾ ਦੇ ਅਚਾਨਕ ਸਦੀਵੀਂ ਵਿਛੋੜੇ ਨੇ ਸਾਰੇ ਇਲਾਕੇ ਨੂੰ ਗ਼ਮਗੀਨ ਕਰ ਦਿੱਤਾ।ਉਨ੍ਹਾਂ ਦੀ ਅੰਤਿਮ ਅਰਦਾਸ ਮੌਕੇ ਉਹਨਾਂ ਨੂੰ ਚਾਹੁਣ ਵਾਲਿਆਂ ਦਾ ਵੱਡਾ ਜਨ ਸਲਾਬ ਉਮੜਿਆ ਤੇ ਸਾਰੀ ਸੰਗਤ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਸਾਮਾ ਜੀ ਦੀ ਲੰਬੇ ਸਮੇਂ ਤੱਕ ਕੀਤੀ ਸਮਾਜਸੇਵਾ ਅਤੇ ਲੋਕ ਭਲਾਈ ਲਈ ਉਨ੍ਹਾਂ ਦੀ ਲਗਨ ਨੂੰ ਯਾਦ ਕਰਦਿਆਂ ਸਾਰੇ ਹਾਜ਼ਰ ਨੇਤਾ ਤੇ ਸੰਗਤਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਇਸ ਮੌਕੇ ਖਾਸ ਤੌਰ 'ਤੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ, ਜਲਾਲਾਬਾਦ ਤੋਂ ਵਿਧਾਇਕ ਜਗਦੀਪ ਗੋਲਡੀ ਕੰਬੋਜ, ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਰਜਨੀਸ਼ ਕੁਮਾਰ ਦਹੀਆ, ਫਿਰੋਜ਼ਪੁਰ ਸ਼ਹਿਰ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ, ਸਾਬਕਾ ਵਿਧਾਇਕ ਜੁਗਿੰਦਰ ਸਿੰਘ ਜਿੰਦੂ, ਮਲਕੀਤ ਸਿੰਘ ਥਿੰਦ ਚੇਅਰਮੈਨ ਬੀ ਸੀ ਕਮਿਸ਼ਨ, ਭਾਜਪਾ ਆਗੂ ਅਨੁਮੀਤ ਸਿੰਘ ਹੀਰਾ ਸੋਢੀ, ਨਗਰ ਕੌਂਸਲ ਤਲਵੰਡੀ ਭਾਈ ਦੇ ਪ੍ਰਧਾਨ ਤਰਸੇਮ ਸਿੰਘ ਮੱਲਾ, ਐਸ.ਜੀ.ਪੀ.ਸੀ. ਮੈਂਬਰ ਸਤਪਾਲ ਸਿੰਘ ਤਲਵੰਡੀ, ਦਰਸ਼ਨ ਸਿੰਘ ਸ਼ੇਰਖਾਂ, ਪ੍ਰੀਤਮ ਸਿੰਘ ਮਲਸੀਹਾਂ, ਕਾਂਗਰਸੀ ਆਗੂ ਗੁਰਦੀਪ ਸਿੰਘ ਢਿੱਲੋਂ ਸਮੇਤ ਇਲਾਕੇ ਦੀਆਂ ਵੱਡੀਆਂ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਪਹੁੰਚੀਆਂ।ਨੇਤਾਵਾਂ ਨੇ ਸਾਮਾ ਜੀ ਨੂੰ ਯਾਦ ਕਰਦੇ ਕਿਹਾ ਕਿ ਉਹ ਹਮੇਸ਼ਾਂ ਸਮਾਜ ਭਲਾਈ, ਧਾਰਮਿਕ ਕਾਰਜਾਂ ਅਤੇ ਲੋਕਾਂ ਦੇ ਹਿੱਤ ਲਈ ਅੱਗੇ ਰਹਿੰਦੇ ਸਨ।ਉਨ੍ਹਾਂ ਦੀ ਸਾਫ-ਸੁਥਰੀ ਛਵੀ ਅਤੇ ਲੋਕਾਂ ਨਾਲ ਬੇਲੋਭ ਸੇਵਾ ਉਨ੍ਹਾਂ ਨੂੰ ਸਭ ਤੋਂ ਵੱਖ ਬਣਾਉਂਦੀ ਸੀ।ਸਾਮਾ ਜੀ ਨੇ ਆਪਣੀ ਜ਼ਿੰਦਗੀ ਗਰੀਬਾਂ ਤੇ ਨਿਮਰ ਵਰਗ ਦੀ ਮਦਦ ਲਈ ਸਮਰਪਤ ਰੱਖੀ। ਚਾਹੇ ਕਿਸੇ ਪਰਿਵਾਰ ਦੀ ਮੁਸ਼ਕਲ ਹੋਵੇ ਜਾਂ ਕਿਸੇ ਧਾਰਮਿਕ ਮੋਰਚੇ ਦੀ ਲੋੜ, ਉਹ ਹਮੇਸ਼ਾ ਪਹਿਲ ਕਦਮ ਲੈਂਦੇ ਸਨ।

ਸੰਗਤਾਂ ਨੇ ਭਾਵੁਕ ਹੋਕਰ ਕਿਹਾ ਕਿ ਸਾਮਾ ਜੀ ਵੱਲੋਂ ਕੀਤੇ ਸਮਾਜ ਸੁਧਾਰਕ ਕੰਮਾਂ ਦੀ ਬਦੌਲਤ ਉਨ੍ਹਾਂ ਦਾ ਯੋਗਦਾਨ ਕਦੇ ਭੁੱਲਿਆ ਨਹੀਂ ਜਾ ਸਕੇਗਾ।ਉਨ੍ਹਾਂ ਦੀ ਰਹਿਣ-ਸਹਿਣ, ਨਿਮਰ ਸੁਭਾਉ ਤੇ ਲੋਕਾਂ ਦੀ ਭਲਾਈ ਲਈ ਲਗਨ ਨੇ ਹਰ ਕਿਸੇ ਦੇ ਦਿਲ 'ਚ ਉਹਨਾਂ ਲਈ ਖਾਸ ਥਾਂ ਬਣਾਈ।ਅੰਤਿਮ ਅਰਦਾਸ ਦੌਰਾਨ ਹਜੂਮ ਦੀ ਵੱਡੀ ਗਿਣਤੀ ਨੇ ਸਾਬਿਤ ਕੀਤਾ ਕਿ ਰਣਜੀਤ ਸਿੰਘ ਸਾਮਾ ਸਿਰਫ਼ ਇੱਕ ਅਹੁਦਾ ਨਹੀਂ ਸਗੋਂ ਲੋਕਾਂ ਦੇ ਦਿਲਾਂ ਦੇ ਚੇਅਰਮੈਨ ਸਨ।

# ਮਰੀ ਮੱਝ ਦਾ ਬੀਮਾ ਨਾ ਦੇਣ 'ਤੇ ਕਿਸਾਨ ਨੇ ਕੰਪਨੀ ਅੱਗੇ ਰੋਸ ਜਤਾਇਆ

ਮਾਨਸਾ (ਗੀਤਵਾਲ)-ਬੀਮਾ ਕੰਪਨੀ ਵੱਲੋਂ ਮਰੀ ਹੋਈ ਮੱਝ ਦਾ ਬੀਮਾ ਨਾ ਦਿੱਤੇ ਜਾਣ 'ਤੇ ਭੜਕੇ ਕਿਸਾਨ ਨੇ ਮ੍ਰਿਤਕ ਮੱਝ ਨੂੰ ਕੰਪਨੀ ਅੱਗੇ ਲਿਆ ਕੇ ਰੋਸ ਜਤਾਇਆ।ਕਿਸਾਨ ਵੱਲੋਂ ਦੋਸ਼ ਲਗਾਇਆ ਗਿਆ ਕਿ ਬੀਮਾ ਕਰਵਾਏ ਜਾਣ ਦੇ ਬਾਵਜੂਦ ਮੱਝ ਦੇ ਮਰਨ ਬਾਅਦ ਬੀਮਾ ਨਹੀਂ ਦਿੱਤਾ ਜਾ ਰਿਹਾ।ਕਿਸਾਨ ਨੇ ਗਗਨਦੀਪ ਸ਼ਰਮਾ ਨੇ ਦੱਸਿਆ ਕਿ ਉਸ ਨੇ 3 ਲੱਖ 60 ਹਜ਼ਾਰ ਰੁਪਏ ਦੀਆਂ ਸਾਲ 2023 ਵਿੱਚ ਚਾਰ ਮੱਝਾਂ 'ਤੇ ਲੋਨ ਲਿਆ ਸੀ।ਇਨ੍ਹਾਂ ਮੱਝਾਂ ਦਾ ਬੀਮਾ ਵੀ ਕੀਤਾ ਗਿਆ ਸੀ।ਉਨ੍ਹਾਂ ਕਿਹਾ ਕਿ ਬੀਮੇ ਵਜੋਂ ਬੀਮਾ ਕੰਪਨੀ ਵੱਲੋਂ 60 ਹਜ਼ਾਰ ਰੁਪਏ ਕੱਟਿਆ ਸੀ।3 ਲੱਖ ਰੁਪਏ ਉਨ੍ਹਾਂ ਨੂੰ ਦੇ ਦਿੱਤੇ ਗਏ ਸਨ, ਪਰ ਜਦੋਂ ਅਚਾਨਕ ਮੱਝ ਦੀ ਮੌਤ ਹੋ ਗਈ ਤੇ ਉਨ੍ਹਾਂ ਨੇ ਬੀਮਾ ਕੰਪਨੀ ਤੇ ਬੈਂਕ ਵਾਲਿਆਂ ਨੂੰ ਵਾਰ ਵਾਰ ਫ਼ੋਨ ਕੀਤਾ।ਉਨ੍ਹਾਂ ਕਿਹਾ ਕਿ ਮੱਝ ਦੀ ਫੋਟੋ ਖਿੱਚੀ ਜਾਵੇ ਤੇ ਬੀਮਾ ਦਿੱਤਾ ਜਾਵੇ, ਪਰ ਜਦ ਕੋਈ ਨਾ ਆਇਆ ਤਾਂ ਮਜਬੂਰਨ ਮੱਝ ਇੱਥੇ ਲਿਆਉਣੀ ਪਈ ਤੇ ਕਿਸਾਨਾਂ ਨਾਲ ਆ ਕੇ ਰੋਸ ਜਤਾਉਣਾ ਪਿਆ।ਕਿਸਾਨ ਆਗੂ ਜਗਦੇਵ ਸਿੰਘ ਨੇ ਕਿਹਾ ਕਿ ਮੱਝ ਅਚਾਨਕ ਮਰ ਗਈ, ਪਰ ਬੀਮਾ ਕੰਪਨੀ ਦੁਆਰਾ ਨਾ ਤਾਂ ਉਸ ਦਾ ਕੋਈ ਫ਼ੋਟੋ ਲਿਆ ਗਿਆ ਹੈ ਅਤੇ ਨਾ ਹੀ ਘਰ ਜਾ ਕੇ ਪੀੜਤ ਕਿਸਾਨ ਦੀ ਗੱਲ ਸੁਣੀ ਗਈ, ਜਿਸ ਦੇ ਚੱਲਦਿਆਂ ਉਹ ਮੱਝ ਨੂੰ ਬੈਂਕ ਦੇ ਬਾਹਰ ਲੈ ਕੇ ਪਹੁੰਚੇ ਹਨ।ਉਨ੍ਹਾਂ ਕਿਹਾ ਕਿ ਜਦੋਂ ਤੱਕ ਪੀੜਤ ਕਿਸਾਨ ਨੂੰ ਮੱਝ ਦਾ ਬੀਮਾ ਨਹੀਂ ਮਿਲਦਾ, ਤਦ ਤੱਕ ਸੰਘਰਸ਼ ਕੀਤਾ ਜਾਵੇਗਾ।

# ਅਕਾਲੀ ਦਲ ਦੀ ਮਜ਼ਬੂਤੀ ਵੱਲ ਵਧਦਾ ਰੁਝਾਨ 2027 'ਚ ਸਰਕਾਰ ਬਣਨ ਦਾ ਦਾਅਵਾ : ਅਕਾਲੀ ਆਗੂ



ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੀ ਵਧਦੀ ਮਜ਼ਬੂਤੀ ਤੇ ਲੋਕਾਂ ਦੇ ਦੁਬਾਰਾ ਅਕਾਲੀ ਦਲ ਨਾਲ ਜੁੜਨ ਦੇ ਰੁਝਾਨ ਨੂੰ ਦਰਸਾਉਂਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਬਚਿੱਤਰ ਸਿੰਘ ਕਾਲੇਕੇ, ਸੀਨੀਅਰ ਅਕਾਲੀ ਆਗੂ ਤਰਲੋਚਨ ਸਿੰਘ ਕਾਲੇਕੇ, ਹਰਜਿੰਦਰ ਸਿੰਘ ਕੈਨੇਡਾ, ਐਸਓਆਈ ਦੇ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ ਅਤੇ ਪ੍ਰਧਾਨ ਪਵਨ ਗੋਇਲ ਨੇ ਕਿਹਾ ਕਿ ਪੰਜਾਬ ਵਿਚ ਰਾਜਨੀਤਕ ਹਵਾ ਇਕ ਵਾਰ ਫਿਰ ਅਕਾਲੀ ਦਲ ਦੇ ਹੱਕ ਵਿਚ ਵੱਗਦੀ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਵਿੱਚ ਕਾਫ਼ੀ ਵਾਧਾ ਹੋ ਰਿਹਾ ਹੈ।ਕਾਲੇ ਕੇ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਲੋਕ ਮੁੜ ਅਕਾਲੀ ਦਲ 'ਤੇ ਭਰੋਸਾ ਜਤਾਉਂਦੇ ਨਜ਼ਰ ਆ ਰਹੇ ਹਨ।ਬੀਤੇ ਸਮੇਂ ਦੌਰਾਨ ਬਾਦਲ ਵੱਲੋਂ ਪਾਰਟੀ ਨੂੰ ਇੱਕਜੁਟ, ਜ਼ਮੀਨ ਨਾਲ ਜੁੜਿਆ ਹੋਇਆ ਤੇ ਲੋਕਾਂ ਦੇ ਸੁੱਖ-ਦੁੱਖ ਵਿੱਚ ਭਾਗੀਦਾਰ ਬਣਾਉਣ ਲਈ ਲਗਾਤਾਰ ਕੀਤੀ ਗਈ ਮਿਹਨਤ ਹੁਣ ਫਲ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀਆਂ ਨੇ ਆਪਣੇ ਤਜਰਬਿਆਂ ਤੋਂ ਸਿੱਖਦਿਆਂ ਇਹ ਫੈਸਲਾ ਕਰ ਲਿਆ ਹੈ ਕਿ 2027 ਦੀਆਂ ਚੋਣਾਂ ਵਿਚ ਉਹ ਅਕਾਲੀ ਦਲ ਨੂੰ ਮੁੜ ਸੱਤਾ ਸੌਂਪਣਗੇ।ਬਚਿੱਤਰ ਸਿੰਘ ਕਾਲੇਕੇ ਅਤੇ ਤਰਲੋਚਨ ਸਿੰਘ ਕਾਲੇਕੇ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾਂ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਸਭ ਵਰਗਾਂ ਦੇ ਹੱਕਾਂ ਲਈ ਲੜਦਾ ਆਇਆ ਹੈ।ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿਚ ਜਨਤਾ ਆਪ ਹੀ ਮਹਿਸੂਸ ਕਰ ਰਹੀ ਹੈ ਕਿ ਪੰਜਾਬ ਨੂੰ ਇੱਕ ਅਨੁਭਵੀ ਅਤੇ ਸਥਾਪਿਤ ਨੇਤ੍ਰਿਤਵ ਦੀ ਲੋੜ ਹੈ, ਜੋ ਸਿਰਫ਼ ਅਕਾਲੀ ਦਲ ਹੀ ਦੇ ਸਕਦਾ ਹੈ।ਇਸ ਕੜੀ ਵਿਚ ਲੋਕਾਂ ਦੀ ਮੁੜ ਆ ਰਹੀ ਸਮਰਥਨ ਲਹਿਰ ਇਕ ਸਾਕਾਰਾਤਮਕ ਸੰਕੇਤ ਹੈ।ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ ਤੇ ਹਰਜਿੰਦਰ ਸਿੰਘ ਕੈਨੇਡਾ ਨੇ ਵੀ ਦਾਅਵਾ ਕੀਤਾ ਕਿ ਮੋਗਾ ਜ਼ਿਲ੍ਹਾ ਹਮੇਸ਼ਾ ਹੀ ਅਕਾਲੀ ਦਲ ਦਾ ਮਜ਼ਬੂਤ ਗੜ੍ਹ ਰਿਹਾ ਹੈ ਤੇ 2027 ਵਿੱਚ ਜ਼ਿਲ੍ਹੇ ਦੀਆਂ ਚਾਰੋਂ ਵਿਧਾਨ ਸਭਾ ਸੀਟਾਂ ਅਕਾਲੀ ਦਲ ਜਿੱਤ ਕਰਕੇ ਆਪਣੀ ਪੁਰਾਣੀ ਸਿਆਸੀ ਪਕੜ ਨੂੰ ਹੋਰ ਮਜ਼ਬੂਤ ਕਰੇਗਾ।ਪਵਨ ਗੋਇਲ ਨੇ ਕਿਹਾ ਕਿ ਜ਼ਿਲ੍ਹੇ ਦੀ ਕੋਰ ਕਮੇਟੀ ਦੇ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਮਜ਼ਬੂਤ ਅਗਵਾਈ ਹੇਠ ਪਾਰਟੀ ਦਾ ਹਰੇਕ ਵਰਕਰ ਮੈਦਾਨ ਵਿੱਚ ਉਤਸ਼ਾਹ ਨਾਲ ਉਤਰਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਮਾਹਲਾ ਦੀ ਦੂਰਦਰਸ਼ੀ, ਤਜਰਬੇਕਾਰ ਤੇ ਨਿਸ਼ਕਪਟ ਨੇਤ੍ਰਿਤਵ ਦੇ ਕਾਰਨ ਅਕਾਲੀ ਦਲ ਜ਼ਿਲ੍ਹੇ ਵਿੱਚ ਪਹਿਲਾਂ ਤੋਂ ਜ਼ਿਆਦਾ ਸੰਗਠਿਤ ਹੈ ਤੇ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹੈ। ਆਗੂਆਂ ਨੇ ਯਕੀਨ ਜਤਾਇਆ ਕਿ 2027 ਵਿੱਚ ਪੰਜਾਬ ਦੇ ਲੋਕ ਅਕਾਲੀ ਦਲ ਨੂੰ ਭਾਰੀ ਬਹੁਮਤ ਨਾਲ ਸੱਤਾ ਵਿੱਚ ਲਿਆਉਣਗੇ ਤੇ ਮੋਗਾ ਜ਼ਿਲ੍ਹਾ ਇਸ ਇਤਿਹਾਸਕ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਏਗਾ।

# ਸਟੱਡੀ ਸਰਕਲ ਵੱਲੋਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਭਾਸ਼ਣ ਮੁਕਾਬਲੇ

## ਮਸਤੂਆਣਾ ਅਕੈਡਮੀ ਦੀ ਗੁਰਮਹਿਕਦੀਪ ਕੌਰ ਰਹੀ ਅੱਵਲ



ਸੰਗਰੂਰ (ਪ੍ਰਵੀਨ ਸਿੰਘ)-ਸਥਾਨਕ ਆਦਰਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਗਰੂਰ ਜ਼ੋਨ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸਮਾਗਮਾਂ ਦੀ ਲੜੀ ਅਧੀਨ ਅੰਤਰ ਸਕੂਲ ਭਾਸ਼ਣ ਮੁਕਾਬਲੇ ਸਾਹਿਤ ਸਦਨ ਸੰਗਰੂਰ ਦੇ ਸਹਿਯੋਗ ਨਾਲ ਕਰਵਾਏ ਗਏ।ਪ੍ਰਿੰਸੀਪਲ ਜੋਗਾ ਸਿੰਘ ਤੂਰ, ਪਰਮਿੰਦਰ ਕੌਰ ਅਧਿਆਪਕ ਇੰਚਾਰਜ, ਮਨਜੀਤ ਕੌਰ ਅਧਿਆਪਕ ਪੰਜਾਬੀ ਵਿਭਾਗ ਦੀ ਦੇਖ-ਰੇਖ ਹੇਠ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ, ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਕੱਕੜਵਾਲ, ਦਿੱਲੀ ਪਬਲਿਕ ਸਕੂਲ ਧੂਰੀ ਸਮੇਤ ਮਸਤੂਆਣਾ ਸਾਹਿਬ, ਬਹਾਦਰਪੁਰ ਤੇ ਸੰਗਰੂਰ ਸ਼ਹਿਰ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਸਮਾਗਮ ਦੀ ਸ਼ੁਰੂਆਤ ਸਕੂਲ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ।ਉਪਰੰਤ ਸੁਰਿੰਦਰ ਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗੇਨਾਈਜ਼ਰ ਨੇ ਸਮਾਗਮ ਦੇ ਮੰਤਵ ਬਾਰੇ ਦੱਸਿਆ ਤੇ ਸਟੇਜ ਦਾ ਸੰਚਾਲਨ ਬਾਖੂਬੀ ਕੀਤਾ।ਪ੍ਰਤੀਯੋਗੀਆਂ ਵੱਲੋਂ ਭਾਸ਼ਣ ਦੇ ਵਿਸ਼ੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ, ਮੁੱਢਲੇ ਅਧਿਕਾਰਾਂ ਦੇ ਰੱਖਿਅਕ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੇ ਜੀਵਨ ਇਤਿਹਾਸ ਬਾਰੇ ਭਾਸ਼ਣ ਰਾਹੀਂ ਆਪਣੇ ਵਿਚਾਰਾਂ ਨੂੰ ਪੇਸ਼ ਕਰਦਿਆਂ ਸਰੋਤਿਆਂ ਨੂੰ ਪ੍ਰਭਾਵਿਤ ਕੀਤਾ।ਇਸ ਮੌਕੇ ਡਾ. ਦਰਸ਼ਨ ਸਿੰਘ ਆਸਟ੍ਰੇਲੀਆ, ਸੁਖਵਿੰਦਰ ਸਿੰਘ ਫੁੱਲ, ਹਰਭਜਨ ਸਿੰਘ ਭੱਟੀ ਮੁੱਖ ਸੇਵਾਦਾਰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਤੇ ਗੁਰਮੇਲ ਸਿੰਘ ਜ਼ੋਨਲ ਵਿੱਤ ਸਕੱਤਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਡਾ. ਭਗਵੰਤ ਸਿੰਘ ਮੰਗਵਾਲ, ਦਰਸ਼ਨ ਸਿੰਘ ਨੌਰਥ ਤੇ ਪ੍ਰੋ. ਹਰਵਿੰਦਰ ਕੌਰ ਨੇ ਜੱਜ ਸਾਹਿਬਾਨ ਦੀ ਸੇਵਾ ਨਿਭਾਈ, ਜਦੋਂਕਿ ਗੁਲਜ਼ਾਰ ਸਿੰਘ ਤੇ ਅਮਨਦੀਪ ਕੌਰ ਨੇ ਸਮਾਂ ਵਾਚਕ ਦੀ ਸੇਵਾ ਨਿਭਾਈ।ਇਸ ਤੋਂ ਪਹਿਲਾਂ ਸਕੂਲ ਪ੍ਰਿੰਸੀਪਲ ਜੋਗਾ ਸਿੰਘ ਤੂਰ ਨੇ ਮਹਿਮਾਨਾਂ ਤੇ ਅਧਿਆਪਕ ਇੰਚਾਰਜਾਂ ਦਾ ਸਵਾਗਤ ਕੀਤਾ।ਮੁਕਾਬਲੇ ਤੋਂ ਬਾਅਦ ਡਾ. ਭਗਵੰਤ ਸਿੰਘ ਨੇ ਵਿਦਿਆਰਥੀਆਂ ਨੂੰ ਸਟੇਜ 'ਤੇ ਬੋਲਣ ਲਈ ਵੱਖ ਵੱਖ ਨੁਕਤਿਆਂ ਦੀ ਰੌਸ਼ਨੀ ਵਿੱਚ ਸੇਧ ਤੇ ਅਗਵਾਈ ਦਿੱਤੀ।ਕੁਲਵੰਤ ਸਿੰਘ ਨਾਗਰੀ ਜ਼ੋਨਲ ਪ੍ਰਧਾਨ ਨੇ ਸੰਗਰੂਰ ਜ਼ੋਨ ਵੱਲੋਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਕੀਤੀਆਂ ਸਰਗਰਮੀਆਂ ਬਾਰੇ ਦੱਸਿਆ।ਹਰਭਜਨ ਸਿੰਘ ਭੱਟੀ ਨੇ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਇਤਿਹਾਸ ਤੇ ਸ਼ਹਾਦਤ ਬਾਰੇ ਜਾਣਕਾਰੀ ਦਿੱਤੀ। ਪਰਮਿੰਦਰ ਕੌਰ ਅਧਿਆਪਕ ਇੰਚਾਰਜ ਨੇ ਧੰਨਵਾਦੀ ਸ਼ਬਦ ਕਹੇ।ਸਟੱਡੀ ਸਰਕਲ ਵੱਲੋਂ ਜੱਜ ਸਾਹਿਬਾਨ, ਸਕੂਲ ਪ੍ਰਿੰਸੀਪਲ ਤੇ ਹਰਭਜਨ ਸਿੰਘ ਭੱਟੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਮੁਕਾਬਲੇ ਦੇ ਜੇਤੂਆਂ ਨੂੰ ਸਟੱਡੀ ਸਰਕਲ ਵੱਲੋਂ ਸਨਮਾਨ ਚਿੰਨ੍ਹ, ਮੈਡਲ ਦੇਣ, ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਤੇ ਅਧਿਆਪਕ ਇੰਚਾਰਜਾਂ ਨੂੰ ਸਨਮਾਨਤ ਕਰਨ ਦੀ ਰਸਮ ਪ੍ਰਿੰਸੀਪਲ ਦੇ ਨਾਲ ਵਿਸ਼ੇਸ਼ ਮਹਿਮਾਨ, ਜੱਜ ਸਾਹਿਬਾਨ ਤੇ ਸਟੱਡੀ ਸਰਕਲ ਦੇ ਨੁਮਾਇੰਦਿਆਂ ਨੇ ਨਿਭਾਈ।ਇਨ੍ਹਾਂ ਮੁਕਾਬਲਿਆਂ ਲਈ ਸਟਾਫ ਮੈਂਬਰ ਗੁਰਪ੍ਰੀਤ ਕੌਰ, ਗੁਰਬੀਰ ਸਿੰਘ ਤੋਂ ਇਲਾਵਾ ਮਾਸਟਰ ਪ੍ਰੀਤਮ ਸਿੰਘ ਤੇ ਗੁਰਿੰਦਰ ਸਿੰਘ ਗੁਜਰਾਲ ਸੀ ਏ ਨੇ ਵਿਸ਼ੇਸ਼ ਸਹਿਯੋਗ ਦਿੱਤਾ।ਸਮੁੱਚੇ ਤੌਰ 'ਤੇ ਨਤੀਜੇ ਅਨੁਸਾਰ ਸੰਤ ਅਤਰ ਸਿੰਘ ਅਕਾਲ ਅਕੈਡਮੀ ਮਸਤੂਆਣਾ ਸਾਹਿਬ ਦੀ ਵਿਦਿਆਰਥਣ ਗੁਰਮਹਿਕਦੀਪ ਕੌਰ ਅੱਵਲ ਰਹੀ।ਇਸ ਦੇ ਨਾਲ ਗੁਰਨੂਰ ਕੌਰ ,ਜਥੇਦਾਰ ਕਰਤਾਰ ਸਿੰਘ ਦਰਵੇਸ਼ ਸਕੂਲ ਆਫ ਐਮੀਨੈਂਸ ਸੰਗਰੂਰ ਤੇ ਨਿਸ਼ਠਾ ਸਪਰਿੰਗਡੇਲਜ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੰਗਰੂਰ ਨੇ ਕ੍ਰਮਵਾਰ ਦੂਸਰਾ ਤੇ ਤੀਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਅਮਨਦੀਪ ਕੌਰ, ਗੁਰਪ੍ਰੀਤ ਸਿੰਘ, ਪਰਮਿੰਦਰ ਕੌਰ, ਮਿਨਾਕਸ਼ੀ ਰਾਣੀ, ਬਲਜੀਤ ਕੌਰ, ਸੁਪ੍ਰਿਆ, ਰਾਜੇਸ਼ਵਰ ਕੁਮਾਰ, ਸੁਖਵੀਰ ਕੌਰ ਆਦਿ ਸਮੇਤ ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਬਾਬਾ ਨਾਮਦੇਵ ਜੀ ਦਾ 755ਵਾਂ ਆਗਮਨ ਪੁਰਬ ਮਨਾਇਆ



ਭੀਖੀ (ਗੁਰਿੰਦਰ ਸਿੰਘ ਔਲਖ)-ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ 755ਵਾਂ ਆਗਮਨ ਪੁਰਬ ਬਾਬਾ ਨਾਮਦੇਵ ਵੈੱਲਫੇਅਰ ਸਭਾ ਭੀਖੀ ਵੱਲੋਂ ਸਥਾਨਕ ਨਾਮਦੇਵ ਭਵਨ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਗੁਰੂ ਘਰ ਪਾਤਸ਼ਾਹੀ ਨੌਵੀਂ ਦੇ ਰਾਗੀ ਜਥਾ ਭਾਈ ਗੁਰਪ੍ਰੀਤ ਸਿੰਘ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਉਨ੍ਹਾਂ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦੇ ਜੀਵਨ ਦਰਸ਼ਨ 'ਤੇ ਵੀ ਚਾਨਣਾ ਪਾਇਆ। ਇਸ ਤੋਂ ਇਲਾਵਾ ਭਾਈ ਰਘਬੀਰ ਸਿੰਘ ਮਾਝੂ ਦੇ ਕਵਿਸ਼ਰੀ ਜਥੇ ਵੱਲੋਂ ਬੀਰਰਸ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਬਾਬਾ ਨਾਮਦੇਵ ਵੈੱਲਫੇਅਰ ਸਭਾ ਦੇ ਪ੍ਰਧਾਨ ਡਾਕਟਰ ਪਵਿੱਤਰ ਸਿੰਘ ਔਲਖ ਨੇ ਬਾਬਾ ਨਾਮਦੇਵ ਜੀ ਦੇ ਜੀਵਨ ਦਰਸ਼ਨ ਦੇ ਚਾਨਣਾ ਪਾਉਂਦੇ ਕਿਹਾ ਕਿ ਬਾਬਾ ਜੀ ਦਾ ਜੀਵਨ ਬੜਾ ਸਾਦਾ ਤੇ ਭਗਤੀ ਭਰਿਆ ਸੀ।ਉਨ੍ਹਾਂ ਆਪਣੀਆਂ ਸਿੱਖਿਆਵਾਂ ਰਾਹੀਂ ਸਮਾਜ ਨੂੰ ਕੁਰੀਤੀਆਂ 'ਚੋਂ ਕੱਢਿਆ ਤੇ ਭਟਕੇ ਮਨੁੱਖ ਨੂੰ ਸਹੀ ਰਸਤੇ ਪਾਇਆ। ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਸਮਾਗਮ 'ਚ ਹਲਕਾ ਵਿਧਾਇਕ ਡਾ. ਵਿਜੇ ਸਿੰਗਲਾ ਜਿੱਥੇ ਬਾਬਾ ਨਾਮਦੇਵ ਜੀ ਦੁਆਰਾ ਦਰਸਾਏ ਜੀਵਨ ਮਾਰਗ ਦੇ ਚੱਲਣ ਲਈ ਵੀ ਪ੍ਰੇਰਿਤ ਕੀਤਾ, ਉੱਥੇ ਹੀ ਬਾਬਾ ਨਾਮਦੇਵ ਜੀ ਆਗਮਨ ਪੁਰਬ ਦੀਆਂ ਵਧਾਈਆਂ ਵੀ ਦਿੱਤੀਆਂ।ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਮਾਲਵਾ ਬੈਸਟ ਜੋਨ ਦੇ ਕੁਆਰਡੀਨੇਟਰ ਚੁਸਪਿੰਦਰ ਵੀਰ ਸਿੰਘ ਚਾਹਲ ਨੇ ਸਭਾ ਨੂੰ ਵਿਸ਼ਵਾਸ ਦਵਾਇਆ ਕਿ ਉਹ ਹਰ ਸਮੇਂ ਸਭਾ ਦੇ ਨਾਲ ਹਨ ਤੇ ਭਵਨ ਦੇ ਵਿਕਾਸ ਲਈ ਹਰ ਸਮੇਂ ਤਤਪਰ ਰਹਿਣਗੇ।ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ, ਸਾਬਕਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ, ਰਮੇਸ਼ ਸਿੰਘ ਖਿਆਲਾ, ਕਾਂਗਰਸੀ ਆਗੂ ਮਾਈਕਲ ਗਾਗੋਵਾਲ, ਮਾਰਕੀਟ ਕਮੇਟੀ ਭੀਖੀ ਦੇ ਚੇਅਰਮੈਨ ਵਰਿੰਦਰ ਸੋਨੀ, ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ ਨੇ ਵੀ ਸਮੁੱਚੀਆਂ ਸੰਗਤਾਂ ਨੂੰ ਇਸ ਆਗਮਨ ਪੁਰਬ ਦੀ ਵਧਾਈ ਦਿੱਤੀ।ਇਸ ਮੌਕੇ ਸਭਾ ਦੇ ਪ੍ਰਧਾਨ ਡਾਕਟਰ ਪਵਿਤਰ ਸਿੰਘ ਔਲਖ, ਰਜਿੰਦਰ ਸਿੰਘ ਮੋਹਲ, ਲਖਵਿੰਦਰ ਸਿੰਘ ਰਤਨ, ਗੁਰਿੰਦਰ ਸਿੰਘ ਔਲਖ, ਜਨਕ ਸਿੰਘ ਬਲਕਾਰ ਸਿੰਘ ਔਲਖ ਸਮਰਜੀਤ ਸਿੰਘ ਸੁਰਿੰਦਰ ਸਿੰਘ ਔਲਕ ਰਾਜਵੀਰ ਸਿੰਘ ਰਾਜੂ ਬਲਜਿੰਦਰ ਸਿੰਘ ਭੋਲਾ ਸਿੰਘ ਰਤਨ ਕੁਲਵਿੰਦਰ ਜੱਸਲ ਰਸ਼ਪਾਲ ਸਿੰਘ ਤੇ ਸਭਾ ਦੇ ਸਮੂਹ ਮੈਂਬਰ ਹਾਜ਼ਰ ਸਨ।

# ਕਿਸਾਨ ਅੰਦੋਲਨ ਦੀ ਵਰ੍ਹੇਗੰਢ ਮੌਕੇ ਚੰਡੀਗੜ੍ਹ ਰੈਲੀ ਦੀ ਤਿਆਰੀ

## ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਕਿਰਤ ਕੋਡ ਰੱਦ ਕਰਨ ਦੀ ਮੰਗ



ਜਗਰਾਉਂ (ਨਛੱਤਰ ਸੰਧੂ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਹੰਬੜਾਂ ਦੀ ਮੀਟਿੰਗ ਬਲਾਕ ਪ੍ਰਧਾਨ ਬੇਅੰਤ ਸਿੰਘ ਬਾਣੀਏਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਦਰਜਨ ਦੇ ਕਰੀਬ ਪਿੰਡਾਂ ਦੀਆਂ ਇਕਾਈਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ।ਇਸ ਸਮੇਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਲੀ ਕਿਸਾਨ ਸੰਘਰਸ਼ ਦੀ ਵਰ੍ਹੇਗੰਢ ਮੌਕੇ 26 ਨਵੰਬਰ ਨੂੰ ਪੂਰੇ ਦੇਸ਼ ਵਾਂਗ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਰੈਲੀ 'ਚ ਵੱਡੀ ਗਿਣਤੀ 'ਚ ਪੁੱਜਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਜ਼ਿਲ੍ਹਾ ਮੀਤ ਪ੍ਰਧਾਨ ਹਾਕਮ ਸਿੰਘ ਭੱਟੀਆਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਬਲਾਕ ਸੱਕਤਰ ਹਰਬੰਸ ਸਿੰਘ ਬੀਰਮੀ ਨੇ ਦੱਸਿਆ ਕਿ ਮੀਟਿੰਗ ਵਿੱਚ ਦੇਸ਼ ਤੇ ਲੋਕ ਵਿਰੋਧੀ ਬਿਜਲੀ ਬਿਲ 2025 ਨੂੰ ਤੁਰੰਤ ਵਾਪਸ ਲੈਣ, ਪੰਜਾਬ ਦੀਆਂ ਸਰਕਾਰੀ ਜ਼ਮੀਨਾਂ ਵੇਚਣ ਦੀ ਤਜਵੀਜ਼ ਰੱਦ ਕਰਨ, ਪੰਜਾਬ ਯੂਨੀਵਰਸਿਟੀ ਵਿਦਿਆਰਥੀਆਂ ਦੇ ਘੋਲ ਦੀ ਹਮਾਇਤ ਕਰਨ ਤੇ ਸੈਨੇਟ ਚੋਣਾਂ ਦਾ ਐਲਾਨ ਕਰਨ, ਪੰਜਾਬ ਸਰਕਾਰ ਵੱਲੋਂ ਰੋਕੀ ਹੋਈ ਨਵੀਂ ਖੇਤੀ ਨੀਤੀ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ।ਮੀਟਿੰਗ ਵਿੱਚ ਕੇਂਦਰ ਸਰਕਾਰ ਵਲੋਂ ਦੇਸ ਦੀ ਮਜ਼ਦੂਰ ਜਮਾਤ ਦੇ ਲੰਮੇ ਵਿਰੋਧ ਦੇ ਬਾਵਜੂਦ ਮਜ਼ਦੂਰ ਵਿਰੋਧੀ ਘਾਤਕ ਕਿਰਤ ਕੋਡ ਲਾਗੂ ਕਰਨ ਦੀ ਵੀ ਸਖ਼ਤ ਨਿੰਦਾ ਕਰਦਿਆਂ ਮਜ਼ਦੂਰ ਸੰਗਠਨਾਂ ਦੇ ਸੰਘਰਸ਼ ਦੀ ਹਮਾਇਤ ਦਾ ਐਲਾਨ ਕੀਤਾ ਗਿਆ।ਇਸ ਸਮੇਂ ਪੰਜਾਬ ਸਰਕਾਰ ਤੋਂ ਸੂਬੇ ਦੀਆਂ ਅਨਾਜ ਮੰਡੀਆਂ ਵਿੱਚ ਵਿਕਣ ਲਈ ਪਏ ਝੋਨੇ ਦੀ ਰੋਕੀ ਖਰੀਦ ਤੁਰੰਤ ਬਹਾਲ ਕਰਨ ਤੇ ਕੱਚੀਆਂ ਮੰਡੀਆਂ 'ਚੋਂ ਝੋਨੇ ਦੀਆਂ ਬੋਰੀਆਂ ਦੀ ਲਿਫਟਿੰਗ ਤੁਰਤ ਕਰਵਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਦੱਸਿਆ ਕਿ 24 ਨਵੰਬਰ ਨੂੰ ਇਨ੍ਹਾਂ ਦੋਹਾਂ ਮਸਲਿਆਂ ਨੂੰ ਲੈਣ ਕੇ ਏ ਡੀ ਸੀ ਜਗਰਾਓਂ ਨੂੰ ਮਜ਼ਦੂਰਾਂ ਕਿਸਾਨਾਂ ਦਾ ਵੱਡਾ ਵਫ਼ਦ ਮਿਲੇਗਾ।ਉਨ੍ਹਾਂ ਕਿਹਾ ਕਿ ਖਰੀਦ ਤੇ ਲਿਫਟਿੰਗ ਨਾ ਕਰਨ ਵਿਰੁੱਧ ਮਜਬੂਰਨ ਚੱਕਾ ਜਾਮ ਕੀਤਾ ਜਾਵੇਗਾ।ਮੀਟਿੰਗ 'ਚ ਸੰਘੀ ਗੁੰਡਿਆਂ ਵੱਲੋਂ ਜਮਹੂਰੀ ਅਧਿਕਾਰ ਸਭਾ ਦੀ ਆਗੂ, ਸਾਬਕਾ ਵਿਦਿਆਰਥੀ ਆਗੂ ਐਡਵੋਕੇਟ ਅਮਨਦੀਪ ਕੌਰ ਨੂੰ ਧਮਕੀਆਂ ਦੇਣ ਦੀ ਵੀ ਸਖ਼ਤ ਨਿੰਦਾ ਕੀਤੀ ਗਈ। ਇਸ ਮੌਕੇ ਅਮਰਜੀਤ ਸਿੰਘ ਬਾਸੀਆਂ, ਕੇਵਲ ਸਿੰਘ ਈਸੇਵਾਲ, ਬਸੰਤ ਸਿੰਘ ਭਰੋਵਾਲ, ਹਰਦੀਪ ਸਿੰਘ ਸਲੇਮਪੁਰ, ਕੁਲਵੰਤ ਸਿੰਘ ਬੁਰਜਮਾਨ, ਸੰਤੋਖ ਸਿੰਘ ਖਾਲਸਾ, ਲੇਖ ਰਾਜ ਭੱਠਾਧੂਹਾ, ਬੰਤਾ ਸਿੰਘ ਭਰੋਵਾਲ, ਤੇਜਿੰਦਰ ਸਿੰਘ, ਗੁਰਨਾਮ ਆਦਿ ਆਗੂ ਹਾਜ਼ਰ ਸਨ।

# ਰੋਟਰੀ ਕਲੱਬ ਫ਼ਰੀਦਕੋਟ ਦੇ ਲੇਡੀਜ਼ ਵਿੰਗ ਦੀ ਸਥਾਪਨਾ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਪਿਛਲੇ ਲੰਬੇ ਸਮੇਂ ਤੋਂ ਰੋਟਰੀ ਕਲੱਬ ਫ਼ਰੀਦਕੋਟ ਵੱਲੋਂ ਸਮਾਜ ਸੇਵਾ ਖੇਤਰ ਅੰਦਰ ਨਿਰੰਤਰ ਕੀਤੇ ਸ਼ਾਨਦਾਰ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਫ਼ਰੀਦਕੋਟ ਸ਼ਹਿਰ ਅੰਦਰ ਸਮਾਜ ਸੇਵਾ ਕਾਰਜਾਂ 'ਚ ਹਮੇਸ਼ਾ ਯਤਨਸ਼ੀਲ ਰਹਿਣ ਵਾਲੀਆਂ ਲੇਡੀਜ਼ ਵੱਲੋਂ ਰੋਟਰੀ ਇੰਟਰਨੈਸ਼ਨਲ ਦੇ ਜ਼ਿਲ੍ਹਾ ਗਵਰਨਰ ਭੁਪੇਸ਼ ਮਹਿਤਾ ਦੀ ਯੋਗ ਸਰਪ੍ਰਸਤੀ, ਪ੍ਰਧਾਨ ਰੋਟਰੀ ਕਲੱਬ ਫ਼ਰੀਦਕੋਟ ਦੇ ਪ੍ਰਧਾਨ ਅਸ਼ਵਨੀ ਬਾਂਸਲ ਦੀ ਸਪਾਂਸਰਸ਼ਿਪ ਸਦਕਾ ਔਰਤਾਂ ਦੇ ਫ਼ਰੀਦਕੋਟ ਸ਼ਹਿਰ ਅੰਦਰ ਪਹਿਲੇ ਰੋਟਰੀ ਕਲੱਬ ਫ਼ਰੀਦਕੋਟ ਚੈਂਪੀਅਨ ਦੀ ਸਥਾਪਨਾ ਕੀਤੀ ਹੈ।ਇਸ ਕਲੱਬ ਦੇ ਸਲਾਹਕਾਰ ਦੀ ਜ਼ਿੰਮੇਵਾਰੀ ਰੋਟਰੀ ਕਲੱਬ ਫ਼ਰੀਦਕੋਟ ਦੇ ਜਨਰਲ ਸਕੱਤਰ, ਸ਼ਹਿਰ ਦੇ ਨਾਮਵਰ ਸਮਾਜ ਸੇਵੀ ਦਵਿੰਦਰ ਸਿੰਘ ਪੰਜਾਬ ਮੋਟਰਜ਼ ਨੂੰ ਸੌਂਪੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰੋਟਰੀ ਕਲੱਬ ਫ਼ਰੀਦਕੋਟ ਦੇ ਪ੍ਰਧਾਨ ਅਸ਼ਵਨੀ ਬਾਂਸਲ ਤੇ ਸਕੱਤਰ ਦਵਿੰਦਰ ਸਿੰਘ ਪੰਜਾਬ ਮੋਟਰਜ਼ ਨੇ ਦੱਸਿਆ ਕਿ ਰੋਟਰੀ ਕਲੱਬ ਫ਼ਰੀਦਕੋਟ ਚੈਂਪੀਅਨ ਬਣਨ ਨਾਲ ਕਲੱਬ ਸ਼ਹਿਰ ਅੰਦਰ ਔਰਤਾਂ ਤੇ ਬੇਟੀਆਂ ਦੀ ਭਲਾਈ ਅਤੇ ਸਮਾਜ ਸੇਵਾ ਦੇ ਕਾਰਜ ਹੋਰ ਸੁਹਿਰਦਤਾ ਨਾਲ ਕਰੇਗਾ।ਰੋਟਰੀ ਕਲੱਬ ਫ਼ਰੀਦਕੋਟ ਚੈਂਪੀਅਨ 'ਚ ਰੋਟੇਰੀਅਨ ਮੰਜੂ ਸੁਖੀਜਾ ਨੂੰ ਚਾਰਟਿਡ ਪ੍ਰਧਾਨ, ਸੇਵਾ ਮੁਕਤ ਪ੍ਰਿੰਸੀਪਲ ਰੋਟੇਰੀਅਨ ਸੁਰਿੰਦਰਪਾਲ ਕੌਰ ਸਰਾਂ ਨੂੰ ਚਾਰਟਿਡ ਸਕੱਤਰ, ਸ਼੍ਰੀਮਤੀ ਰੋਟੇਰੀਅਨ ਤੇਜਿੰਦਰਪਾਲ ਕੌਰ ਨੂੰ ਚਾਰਟਿਡ ਖਜ਼ਾਨਚੀ ਤੇ ਸ਼੍ਰੀਮਤੀ ਰੋਟੇਰੀਅਨ ਸ਼ੁਕਲਾ ਸੇਠੀ ਨੂੰ ਕਲੱਬ ਆਈ ਐੱਸ ਓ ਚੁਣਿਆ ਗਿਆ ਹੈ।ਇਸ ਮੌਕੇ ਰੋਟਰੀ ਕਲੱਬ ਫ਼ਰੀਦਕੋਟ ਚੈਂਪੀਅਨ ਦੇ ਪ੍ਰਧਾਨ ਰੋਟੇਰੀਅਨ ਮੰਜੂ ਸੁਖੀਜਾ, ਸਕੱਤਰ ਰੋਟੇਰੀਅਨ ਸੁਰਿੰਦਰਪਾਲ ਕੌਰ ਸਰਾਂ, ਖਜ਼ਾਨਚੀ ਰੋਟੇਰੀਅਨ ਤੇਜਿੰਦਰਪਾਲ ਕੌਰ ਤੇ ਸ਼੍ਰੀਮਤੀ ਰੋਟੇਰੀਅਨ ਸ਼ੁਕਲਾ ਸੇਠੀ ਆਈ.ਐੱਸ.ਓ. ਨੇ ਜ਼ਿਲ੍ਹਾ ਗਵਰਨਰ ਰੋਟਰੀ ਇੰਟਰਨੈਸ਼ਨਲ ਭੁਪੇਸ਼ ਜੈਨ, ਪ੍ਰਧਾਨ ਅਸ਼ਵਨੀ ਬਾਂਸਲ, ਸਕੱਤਰ ਦਵਿੰਦਰ ਸਿੰਘ ਪੰਜਾਬ ਮੋਟਰਜ਼ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਰੋਟਰੀ ਇੰਟਰਨੈਸ਼ਨਲ ਵੱਲੋਂ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਜ਼ਿੰਮੇਵਾਰੀ ਨਾਲ ਨਿਭਾਉਣ ਵਾਸਤੇ ਵਚਨਬੱਧ ਹਨ।ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ ਕੁਲਦੀਪ ਕੌਰ, ਰਜਨੀ ਮਹਿਤਾ, ਸ਼ੋਭਾ ਅਗਰਵਾਲ, ਜਸਪ੍ਰੀਤ ਕੌਰ ਕੰਗ, ਡਾ.ਗੁਰਲੀਨ ਕੌਰ, ਸ਼ਸ਼ੀ ਮੰਗੇਵਾਲੀਆ, ਭਰਪੂਰ ਕੌਰ, ਕਿਰਨ ਸੁਖੀਜਾ, ਅਨੀਤਾ ਚਾਵਲਾ, ਅਮਨਦੀਪ ਕੌਰ, ਸੁਨੀਤਾ ਦਿਓੜਾ, ਬਲਜੀਤ ਸ਼ਰਮਾ, ਅੰਜੂ ਦਿਓੜਾ, ਸੁਮੀਤ ਬਰਾੜ ਤੇ ਨਿਸ਼ੀ ਗੁਪਤਾ ਨੂੰ ਕਲੱਬ ਦੇ ਮੈਂਬਰ ਬਣਾਇਆ ਗਿਆ ਹੈ।

# ਨੌਵੇਂ ਪਾਤਸ਼ਾਹ ਦੇ ਸ਼ਹੀਦੀ ਜੋੜ ਮੇਲ ਦੀ ਸ੍ਰੀ ਆਖੰਡ ਪਾਠ ਸਾਹਿਬ ਨਾਲ ਆਰੰਭਤਾ

## ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਸੰਬੰਧੀ ਗੁਰਮਤਿ ਸਮਾਗਮ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਜੋੜ ਮੇਲ ਸਬੰਧੀ ਅੱਜ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਦੀਵਾਨ ਹਾਲ ਵਿਖੇ ਜਿੱਥੇ ਧਾਰਮਕ ਸਮਾਗਮ ਦੀ ਆਰੰਭਤਾ ਸ੍ਰੀ ਅਖੰਡ ਪਾਠ ਸਾਹਿਬ ਨਾਲ ਕੀਤੀ ਗਈ, ਉਥੇ ਹੀ ਦਸਮੇਸ਼ ਪਿਤਾ ਦੇ ਗੁਰਤਾਗੱਦੀ ਦਿਵਸ ਦੇ ਸਬੰਧ ਵਿਚ ਰੱਖੇ ਗਏ ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ ਵੀ ਪਾਏ ਗਏ।ਇਸ ਦੌਰਾਨ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ।ਧਾਰਮਕ ਸਮਾਗਮ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਉਚੇਚੇ ਤੌਰ 'ਤੇ ਸ਼ਾਮਲ ਹੋਏ।

ਇਸ ਦੌਰਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ 350 ਸਾਲਾ ਸ਼ਤਾਬਦੀ ਜਿੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਹੋ ਜਲਾਲ ਨਾਲ ਮਨਾਈ ਜਾ ਰਹੀ ਹੈ, ਉਥੇ ਹੀ ਗੁਰੂ ਸਾਹਿਬ ਦਾ ਸ਼ਹੀਦੀ ਜੋੜ ਮੇਲ ਹਰ ਸਾਲ ਸੰਗਤਾਂ ਦੇ ਸਹਿਯੋਗ ਨਾਲ ਸਫਲਤਾਪੂਰਵਕ ਕਰਵਾਇਆ ਜਾਂਦਾ ਹੈ।ਸ਼ਹੀਦੀ ਜੋੜ ਮੇਲ ਦੇ ਸਬੰਧ ਵਿੱਚ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਦੱਸਿਆ ਕਿ ਧਾਰਮਕ ਸਮਾਗਮ ਦੀ ਆਰੰਭਤਾ ਹੋ ਚੁੱਕੀ ਹੈ ਤੇ ਭਲਕੇ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਤੋਂ ਸਵੇਰੇ 11.00 ਵਜੇ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿਚੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸਮਾਗਮ ਹੋਵੇਗਾ।ਉਨ੍ਹਾਂ ਦੱਸਿਆ ਸ਼ਹੀਦੀ ਜੋੜ ਮੇਲ ਦੇ ਸਬੰਧ ਵਿਚ 24 ਨਵੰਬਰ ਨੂੰ ਕਵੀ ਤੇ ਢਾਡੀ ਦਰਬਾਰ ਹੋਵੇਗਾ ਅਤੇ 25 ਨਵੰਬਰ ਬਾਦ ਦੁਪਹਿਰ ਤੋਂ ਰਾਤ ਦੇ 11.00 ਵਜੇ ਤੱਕ ਮਹਾਨ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ 25 ਨਵੰਬਰ ਨੂੰ ਪੰਚਮੀ ਦਾ ਪਵਿੱਤਰ ਦਿਹਾੜਾ ਵੀ ਹੈ, ਜਿਸ ਦਿਨ ਸੰਗਤਾਂ ਵੱਡੀ ਗਿਣਤੀ ਵਿਚ ਨਤਮਸਤਕ ਹੋਣਗੀਆਂ ਅਤੇ ਸਵੇਰੇ 11.00 ਵਜੇ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਅੰਮ੍ਰਿਤ ਸੰਚਾਰ ਵੀ ਹੋਵੇਗਾ।

# ਦੇਸ਼ ਭਗਤ ਯੂਨੀਵਰਸਿਟੀ ਵਿਖੇ ਦੋ-ਰੋਜ਼ਾ ਵਰਕਸ਼ਾਪ ਦਾ ਸਫਲਤਾਪੂਰਵਕ ਸੰਪੰਨ

## ਮੇਜ਼ਬਾਨੀ ਲਈ ਡੀ ਬੀ ਯੂ ਦੀ ਭੂਮਿਕਾ ਸ਼ਲਾਘਾਯੋਗ : ਗਰਿਮਾ ਰੋਹੇਲਾ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਵਿਖੇ ਨਵੀਨਤਾ, ਡਿਜ਼ਾਈਨ ਤੇ ਉੱਦਮਤਾ (ਆਈਡੀਈ) 'ਤੇ ਦਿਨਾ ਸਮਰੱਥਾ ਨਿਰਮਾਣ ਵਰਕਸ਼ਾਪ ਦਾ ਇੱਕ ਰਸਮੀ ਸਮਾਪਤੀ ਸਮਾਰੋਹ ਨਾਲ ਸਫਲਤਾਪੂਰਵਕ ਸਮਾਪਨ ਹੋਇਆ, ਜਿਸ ਵਿੱਚ ਪ੍ਰੋਗਰਾਮ ਦੇ ਪ੍ਰਭਾਵ ਨੂੰ ਉਜਾਗਰ ਕੀਤਾ ਗਿਆ ਤੇ ਭਾਗੀਦਾਰਾਂ ਵਿਚਾਰ, ਫੀਡਬੈਕ ਤੇ ਮੁੱਖ ਨੁਕਤੇ ਸ਼ਾਮਲ ਸਨ।ਇਸ ਸਮਾਗਮ ਵਿੱਚ ਸ੍ਰੀਮਤੀ ਗਰਿਮਾ ਰੋਹੇਲਾ, ਡਾਇਰੈਕਟਰ ਵਿੱਤ, ਏਆਈਸੀਟੀਈ ਨਵੀਂ ਦਿੱਲੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਸ੍ਰੀਮਤੀ ਰੋਹੇਲਾ ਨੇ ਵਰਕਸ਼ਾਪ ਦੀ ਸਫਲਤਾਪੂਰਵਕ ਮੇਜ਼ਬਾਨੀ ਕਰਨ ਲਈ ਦੇਸ਼ ਭਗਤ ਯੂਨੀਵਰਸਿਟੀ ਦੀ ਸ਼ਲਾਘਾ ਕੀਤੀ ਤੇ ਭਾਰਤ ਦੇ ਨਵੀਨਤਾ ਵਾਤਾਵਰਣ ਪ੍ਰਣਾਲੀ ਨੂੰ ਉਤਸ਼ਾਹਤ ਕਰਨ ਵਿੱਚ ਸਿੱਖਿਅਕਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ।ਇਸ ਸਮਾਰੋਹ ਦੌਰਾਨ ਸ਼੍ਰੀਮਤੀ ਰੋਹੇਲਾ ਨੇ ਸ਼੍ਰੀ ਰਾਜੀਵ ਕੁਮਾਰ ਸਹਾਇਕ ਡਾਇਰੈਕਟਰ ਏ.ਕਿਊ.ਟੀ. ਐਸ.ਸੀ.ਈ.ਆਰ.ਟੀ. ਪੰਜਾਬ, ਪ੍ਰੋ. ਬੂਟਾ ਸਿੰਘ ਸਿੱਧੂ ਪ੍ਰੋ ਵਾਈਸ ਚਾਂਸਲਰ (ਖੋਜ ਤੇ ਨਵੀਨਤਾ) ਅਤੇ ਪ੍ਰੋ. ਅਮਰਜੀਤ ਸਿੰਘ ਪ੍ਰੋ ਵਾਈਸ ਚਾਂਸਲਰ (ਅਕਾਦਮਿਕ) ਡੀਬੀਯੂ ਦੇ ਨਾਲ, ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ।ਇਸ ਮੌਕੇ ਡੀ.ਬੀ.ਯੂ. ਦੇ ਚਾਂਸਲਰ ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਇਸ ਪ੍ਰੋਗਰਾਮ ਦੀ ਸਫਲਤਾ ਲਈ ਪ੍ਰਬੰਧਕ ਕਮੇਟੀ ਨੂੰ ਉਨ੍ਹਾਂ ਦੇ ਸਮਰਪਤ ਯਤਨਾਂ ਲਈ ਵਧਾਈ ਦਿੱਤੀ।ਇਸ ਸਮਾਰੋਹ ਦੀ ਸਮਾਪਤੀ ਮੌਕੇ ਡਾਇਰੈਕਟਰ ਮੀਡੀਆ ਡੀ.ਬੀ.ਯੂ ਪ੍ਰੋ. ਸੁਰਜੀਤ ਪਥੇਜਾ ਨੇ ਸਾਰੇ ਪਤਵੰਤਿਆਂ, ਟਰੇਨਰਾਂ ਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

# ਐਡਵੋਕੇਟ ਅਮਨਦੀਪ ਕੌਰ ਨੂੰ ਧਮਕੀਆਂ ਦਾ ਨੋਟਿਸ ਲੈਂਦਿਆਂ ਜਥੇਬੰਦੀਆਂ ਨੇ ਕੀਤੀ ਸਖ਼ਤ ਨਿਖੇਧੀ

**ਲੌਂਗੋਵਾਲ (ਪ੍ਰਦੀਪ ਸੱਪਲ)**-ਲੌਂਗੋਵਾਲ ਇਲਾਕੇ ਦੀਆਂ ਜਨਤਕ, ਜਮਹੂਰੀ ਤੇ ਲੋਕ ਪੱਖੀ ਜਥੇਬੰਦੀਆਂ ਨੇ ਮਨੁੱਖੀ ਅਧਿਕਾਰਾਂ ਦੀ ਉੱਘੀ ਕਾਰਕੁਨ ਐਡਵੋਕੇਟ ਅਮਨਦੀਪ ਕੌਰ ਨੂੰ ਦਿੱਤੀਆਂ ਜਾ ਰਹੀਆਂ ਜਾਨੋਂ ਮਾਰਨ ਦੀਆਂ ਧਮਕੀਆਂ ਦਾ ਸਖ਼ਤ ਨੋਟਿਸ ਲੈਂਦਿਆਂ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸ ਮੌਕੇ ਭਗਤ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਅਨਿਲ ਕੁਮਾਰ, ਤਰਕਸ਼ੀਲ ਸੁਸਾਇਟੀ ਦੇ ਜੁਝਾਰ ਲੌਂਗੋਵਾਲ, ਕਮਲਜੀਤ ਵਿੱਕੀ, ਬੀਰਬਲ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਚੰਦਰ ਸ਼ੇਖਰ, ਦਾਤਾ ਸਿੰਘ ਨਮੋਲ, ਜਸਵੀਰ ਨਮੋਲ ਆਦਿ ਆਗੂਆਂ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਬਚਾਉਣ ਲਈ ਚੱਲ ਰਹੇ ਸੰਘਰਸ਼ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀ ਅਮਨਦੀਪ ਕੌਰ ਨੂੰ ਧਮਕੀਆਂ ਦੇਣ ਵਾਲਿਆਂ ਨੂੰ ਕਿਹਾ ਕਿ ਜਾਗਦੀ ਜ਼ਮੀਰ ਵਾਲੇ ਸੰਘਰਸ਼ੀ ਲੋਕਾਂ ਤੇ ਕਾਰਕੁਨਾਂ ਨੂੰ ਡਰਾਉਣ ਦਾ ਭਰਮ ਆਪਣੇ ਦਿਮਾਗਾਂ ਵਿੱਚੋਂ ਕੱਢ ਦੇਣ। ਪੂਰਾ ਮੁਲਕ ਪੰਜਾਬ ਯੂਨੀਵਰਸਿਟੀ ਦੇ ਇਸ ਸੰਘਰਸ਼ ਤੇ ਇਸ ਧੀ ਨਾਲ ਖੜ੍ਹਾ ਹੈ, ਜੋ ਲੋਕਾਂ ਲਈ ਸੱਚ ਦੀ ਅਵਾਜ਼ ਬਣ ਕੇ ਖੜ੍ਹੀ ਹੈ।

# ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹਾਂ : ਕਾਕਾ ਬਰਾੜ

## ਵਿਧਾਇਕ ਨੇ ਨਿੱਜੀ ਖਰਚੇ 'ਚੋਂ ਬਿਲਡਿੰਗ ਕਰਵਾਈ ਸ਼ੁਰੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਹਲਕੇ ਦੇ ਪਿੰਡ ਡੋਹਕ ਵਿਖੇ ਚੋਣਾਂ ਸਮੇਂ ਕੀਤਾ ਇੱਕ ਹੋਰ ਵਾਅਦੇ ਨੂੰ ਪੂਰਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਪਣੇ ਨਿੱਜੀ ਫੰਡ ਵਿੱਚੋਂ ਭਗਵਾਨ ਵਾਲਮੀਕਿ ਜੀ ਦੀ ਜਗ੍ਹਾ 'ਤੇ ਇਮਾਰਤ ਬਣਾਉਣ ਦੇ ਕੰਮ ਦੀ ਸ਼ੁਰੂ ਕਰਵਾਈ ਗਈ।ਇਸ ਮੌਕੇ ਮਾਰਕਿਟ ਕਮੇਟੀ ਮੁਕਤਸਰ ਚੇਅਰਮੈਨ ਸੁਰਜੀਤ ਸਿੰਘ ਸੰਧੂ, ਮਾਰਕਿਟ ਕਮੇਟੀ ਬਰੀਵਾਲਾ ਚੇਅਰਮੈਨ ਰਾਜਿੰਦਰ ਸਿੰਘ ਬਰਾੜ ਤੇ ਸੁਖਪਾਲ ਸਿੰਘ ਪਾਲ ਵੱਟਰਵਾਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਉਹ ਹਲਕੇ ਦੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹਨ ਤੇ ਹਲਕੇ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੇ ਅਸਥਾਨ 'ਤੇ ਇਮਾਰਤ ਬਣਨ ਨਾਲ ਸੰਗਤ ਨੂੰ ਵੱਡੀ ਸਹੂਲਤ ਮਿਲੇਗੀ।ਉਨ੍ਹਾਂ ਦੱਸਿਆ ਕਿ ਇਸ ਇਮਾਰਤ ਵਿੱਚ ਇੱਕ ਵੱਡਾ ਹਾਲ ਤੇ ਹੋਰ ਲੋੜੀਂਦੀਆਂ ਸਹੂਲਤਾਂ ਹੋਣਗੀਆਂ।ਉਨ੍ਹਾਂ ਕਿਹਾ ਕਿ ਪਿੰਡ ਡੋਹਕ ਵਿਖੇ ਪੱਕੇ ਖਾਲ ਤੇ ਹੋਰ ਵਿਕਾਸ ਕਾਰਜ ਕਰਵਾਏ ਗਏ ਹਨ ਤੇ ਹੋਰ ਰਹਿੰਦੇ ਵਿਕਾਸ ਕਾਰਜ ਵੀ ਜਲਦ ਕਰਵਾਏ ਜਾਣਗੇ। ਬਰਾੜ ਨੇ ਹਮੇਸ਼ਾ ਹੀ ਲੋਕਾਂ ਦੀਆਂ ਮੁਸ਼ਕਲਾਂ ਨੂੰ ਆਪਣੀਆਂ ਮੁਸ਼ਕਲਾਂ ਸਮਝਿਆ ਹੈ ਅਤੇ ਉਨ੍ਹਾਂ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕੀਤੇ ਹਨ।ਉਨ੍ਹਾਂ ਕਿਹਾ ਕਿ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਹਲਕੇ ਵਿੱਚ ਸਿੱਖਿਆ, ਸਿਹਤ ਤੇ ਹੋਰ ਖੇਤਰਾਂ ਵਿੱਚ ਬਹੁਤ ਵਧੀਆ ਕੰਮ ਕੀਤੇ ਹਨ ਤੇ ਉਹ ਹਲਕੇ ਦੇ ਲੋਕਾਂ ਦੀਆਂ ਦੁਆਵਾਂ ਲੈ ਰਹੇ ਹਨ।ਇਸ ਮੌਕੇ ਪਿੰਡ ਦੇ ਪਤਵੰਤਿਆਂ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਧੰਨਵਾਦ ਕੀਤਾ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਹਲਕੇ ਦੇ ਵਿਕਾਸ ਲਈ ਬਹੁਤ ਵਧੀਆ ਕੰਮ ਕਰ ਰਹੇ ਹਨ ਤੇ ਉਨ੍ਹਾਂ ਦੀ ਅਗਵਾਈ ਵਿੱਚ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ... ਤਰਲੋਚਨ ਸਿੰਘ, ਮੈਂਬਰ ਸੁਖਾ ਸਿੰਘ, ਮੈਂਬਰ ਮਹਿੰਦਰਪ੍ਰੀਤ ਕੌਰ, ਮੈਂਬਰ ਅਮਰਜੀਤ ਕੌਰ, ਮੈਂਬਰ ਪਰਜੀਤ ਕੌਰ, ਮੈਂਬਰ ਕਰਮਜੀਤ ਕੌਰ, ਜ਼ਸਮੇਲ ਸਿੰਘ ਖਾਲਸਾ, ਜੰਗੀਰ ਸਿੰਘ, ਜਗਨਨਾਥ, ਗੁਰਮੇਲ ਸਿੰਘ, ਦਰਸ਼ਨ ਸਿੰਘ, ਬਲਜੀਤ ਸਿੰਘ, ਪੱਪੂ ਸਿੰਘ, ਪਿਰਥਾ ਸਿੰਘ, ਮੋਠਾ ਸਿੰਘ, ਅਮਰੀਕ ਸਿੰਘ, ਪਰਮਪਾਲ ਸਿੰਘ, ਹਰਦੇਵ ਸਿੰਘ ਮੇਟ, ਸਤਿੰਦਰ ਸਿੰਘ ਭੁੱਲਰ ਸੀਰਵਾਲੀ, ਹਰਜਿੰਦਰ ਸਿੰਘ ਸੰਮੇਵਾਲੀ ਆਦਿ ਹਾਜ਼ਰ ਸਨ।

# ਸਪਰਿੰਗ ਫੀਲਡ ਸਕੂਲ ਦੇ ਪੰਜਾਬ ਪੱਧਰੀ ਖੇਡਾਂ 'ਚ ਹਿੱਸਾ ਲੈਣ ਵਾਲੇ ਖਿਡਾਰੀ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਦੇ ਬੱਚਿਆਂ ਨੇ ਜਿੱਥੇ ਪੜ੍ਹਾਈ ਵਿੱਚ ਹਰ ਸਾਲ ਸਕੂਲ ਦਾ ਵਧੀਆ ਰਿਜ਼ਲਟ ਲਿਆਉਂਦੇ ਹਨ, ਉੱਥੇ ਖੇਡਾਂ 'ਚ ਵੀ ਮੱਲਾਂ ਮਾਰੀਆਂ, ਪੰਜਾਬ ਸਕੂਲ ਐਜੂਕੇਸ਼ਨ ਬੋਰਡ ਵੱਲੋਂ ਕਰਵਾਈਆਂ ਖੇਡਾਂ ਵਿੱਚ ਜ਼ੋਨ ਬਾਘਾ ਪੁਰਾਣਾ ਵਿੱਚ ਅਥਲੈਟਿਕਸ ਤੇ ਬੈਡਮਿੰਟਨ ਵਿੱਚ ਪਹਿਲਾ ਸਥਾਨ ਹਾਸਲ ਕਰਕੇ 'ਤੇ ਜ਼ਿਲ੍ਹਾ ਲੈਵਲ ਦੀਆਂ ਖੇਡਾਂ ਵਿੱਚ ਜਿੱਤ ਹਾਸਲ ਕਰ ਕੇ ਪੰਜਾਬ ਲੈਵਲ ਦੀਆਂ ਅਥਲੈਟਿਕਸ ਤੇ ਬੈਡਮਿੰਟਨ ਦੀਆਂ ਖੇਡਾਂ ਵਿੱਚ ਹਿੱਸਾ ਲਿਆ।ਸਕੂਲ ਦੇ ਬੱਚਿਆਂ ਦਾ ਪੰਜਾਬ ਲੈਵਲ ਦੀਆਂ ਖੇਡਾਂ ਵਿੱਚ ਜ਼ਿਲ੍ਹਾ ਮੋਗੇ ਵੱਲੋਂ ਖੇਡ ਕੇ ਸਕੂਲ ਦਾ ਨਾਮ ਉੱਚਾ ਕੀਤਾ।ਇਸ ਮੌਕੇ ਸਕੂਲ ਦੇ ਸਮਾਗਮ ਵਿੱਚ ਮੁੱਖ ਮਹਿਮਾਨ ਡੀ.ਐੱਸ.ਪੀ. ਦਲਬੀਰ ਸਿੰਘ ਬਾਘਾ ਪੁਰਾਣਾ ਤੇ ਸਤਿੰਦਰ ਸਿੰਘ ਮੁੱਖ ਅਫਸਰ ਥਾਣਾ ਬਾਘਾ ਪੁਰਾਣਾ ਨੇ ਪੰਜਾਬ ਲੈਵਲ ਦੀਆਂ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਬੱਚੇ ਰਾਜਦੀਪ ਕੌਰ, ਨੈਨਸੀ, ਜੈਸਮੀਨ ਕੌਰ, ਸਾਇਕ ਗਾਇਨ, ਰੀਨਾ ਤੇ ਤਰੀਸ਼ਾ ਨੂੰ ਸਨਮਾਨ ਚਿੰਨ੍ਹ ਦਿੱਤੇ ਅਤੇ ਦੂਸਰੇ ਬੱਚਿਆਂ ਨੂੰ ਖੇਡਾਂ ਵਿੱਚ ਇਨ੍ਹਾਂ ਬੱਚਿਆਂ ਤੋਂ ਪ੍ਰੇਰਨਾ ਲੈਣ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਸਿੱਖਿਆ ਦਿੱਤੀ।ਸਕੂਲ ਚੇਅਰਮੈਨ ਨਰ ਸਿੰਘ ਬਰਾੜ, ਪ੍ਰਿੰਸੀਪਲ ਬਾਇਜੂ ਵਿਜੇ ਤੇ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਮਾਤਾ ਗੁਜਰੀ ਸਕੂਲ 'ਚ ਐੱਨ ਸੀ ਸੀ ਯੂਨਿਟ ਦੀ ਸ਼ੁਰੂਆਤ



**ਦੇਵੀਗੜ੍ਹ (ਰਾਜਿੰਦਰ ਸਿੰਘ ਬਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿੱਚ ਐੱਨ.ਸੀ.ਸੀ. (ਨੈਸ਼ਨਲ ਕੈਡੈਂਟ ਕੋਰ) ਯੂਨਿਟ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਐੱਨ.ਸੀ.ਸੀ ਪ੍ਰਬੰਧਕ ਸ੍ਰੀ ਕੇਸ਼ਵ ਕਾਂਤ ਨੇ ਦੱਸਿਆ ਕਿ ਐੱਨ.ਸੀ.ਸੀ. ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਦੇਸ਼-ਭਗਤੀ, ਨੇਤ੍ਰਿਤਵ ਤੇ ਚੇਤਨਸ਼ੀਲ ਨਾਗਰਿਕ ਬਣਨ ਦੇ ਗੁਣ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਸ਼ੁਰੂਆਤੀ ਸਮਾਰੋਹ ਦੌਰਾਨ ਵਿਦਿਆਰਥੀਆਂ ਨੂੰ ਐੱਨ.ਸੀ.ਸੀ. ਦੇ ਉਦੇਸ਼ਾਂ, ਭਵਿੱਖੀ ਮੌਕਿਆਂ ਤੇ ਟ੍ਰੇਨਿੰਗ ਪ੍ਰਕਿਰਿਆ ਬਾਰੇ ਜਾਣੂ ਕਰਵਾਇਆ ਗਿਆ।ਸਕੂਲ ਨਿਰਦੇਸ਼ਕ ਸ੍ਰ. ਭੁਪਿੰਦਰ ਸਿੰਘ ਨੇ ਇਸ ਯੂਨਿਟ ਦੀ ਸ਼ੁਰੂਆਤ ਨੂੰ ਸਕੂਲ ਲਈ ਗੌਰਵਮਈ ਕਦਮ ਦੱਸਦਿਆਂ ਕਿਹਾ ਕਿ ਇਹ ਪਹਿਲ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਏਗੀ।ਸਕੂਲ ਵੱਲੋਂ ਉਮੀਦ ਜਤਾਈ ਗਈ ਕਿ ਵਿਦਿਆਰਥੀ ਐੱਨ.ਸੀ.ਸੀ. ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣਗੇ ਤੇ ਭਵਿੱਖ ਵਿੱਚ ਜ਼ਿਲ੍ਹਾ, ਰਾਜ ਤੇ ਰਾਸ਼ਟਰੀ ਪੱਧਰ 'ਤੇ ਸਕੂਲ ਦਾ ਮਾਣ ਵਧਾਉਣਗੇ। ਇਸ ਮੌਕੇ ਸਕੂਲ ਦੇ ਪ੍ਰਧਾਨ ਮੈਡਮ ਸ੍ਰੀਮਤੀ ਰਵਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਮਮਤਾ ਮੱਕੜ ਵੀ ਹਾਜ਼ਰ ਸਨ।

# ਆਰੀਆ ਕਾਲਜ ਦੀਆਂ ਵਿਦਿਆਰਥਣਾਂ ਦੀ ਵਿਦਿਅਕ ਯਾਤਰਾ



**ਧੂਰੀ (ਮਨੋਹਰ ਸਿੰਘ ਸੱਗੂ)**-ਆਰੀਆ ਕਾਲਜ (ਲੜਕੀਆਂ) ਧੂਰੀ ਦੀਆਂ ਵਿਦਿਆਰਥਣਾਂ ਨੂੰ ਕਾਲਜ ਦੀ ਪ੍ਰਬੰਧਕ ਕਮੇਟੀ ਵੱਲੋਂ ਪ੍ਰਿੰਸੀਪਲ ਸ੍ਰੀਮਤੀ ਰਿਦੀਮਾ ਪਾਲ ਸਿੰਗਲਾ, ਮੈਨੇਜਰ ਰਾਮਪਾਲ ਆਰੀਆ, ਪ੍ਰਧਾਨ ਦੀਵਾਨ ਚੰਦ ਬਾਂਸਲ, ਕਾਰਜਕਾਰੀ ਪ੍ਰਧਾਨ ਪਵਨ ਕੁਮਾਰ ਗਰਗ ਦੀ ਅਗਵਾਈ ਹੇਠ ਇੱਕ ਦਿਨਾ ਵਿੱਦਿਅਕ ਯਾਤਰਾ ਕਰਵਾਈ ਗਈ।ਯਾਤਰਾ ਦੌਰਾਨ ਵਿਦਿਆਰਥਣਾਂ ਨੂੰ ਮਨਸਾ ਦੇਵੀ ਮੰਦਰ ਤੇ ਗੁਰਦੁਆਰਾ ਨਾਢਾ ਸਾਹਿਬ ਦੇ ਦਰਸ਼ਨ ਕਰਵਾਉਣ ਤੋਂ ਇਲਾਵਾ ਚੰਡੀਗੜ੍ਹ ਵਿਖੇ ਸੁਖਨਾ ਲੇਖ ਤੇ ਏਲਾਂਟੇ ਮਾਲ 'ਤੇ ਘੁਮਾਇਆ ਗਿਆ।ਸੁੰਦਰ ਸ਼ਹਿਰ ਚੰਡੀਗੜ੍ਹ ਵਿਖੇ ਵਿਦਿਆਰਥਣਾਂ ਸ਼ਹਿਰ ਦੀ ਸਾਫ਼ ਸਫ਼ਾਈ ਤੇ ਹਰਿਆਲੀ ਦੇਖ ਕੇ ਪ੍ਰਭਾਵਿਤ ਹੋਈਆਂ।ਇਸ ਇੱਕ ਦਿਨਾ ਵਿੱਦਿਅਕ ਯਾਤਰਾ ਦੌਰਾਨ ਵਿਦਿਆਰਥਣਾਂ ਨਾਲ-ਨਾਲ ਸਕੂਲ ਮੈਨੇਜਮੈਂਟ ਕਮੇਟੀ ਤੇ ਸਟਾਫ਼ ਨੇ ਵੀ ਯਾਤਰਾ ਦਾ ਆਨੰਦ ਮਾਣਿਆ।

# ਸੀਵਰੇਜ ਦੇ ਕੰਮ ਦਾ ਵਿਧਾਇਕ ਦਿਆਲਪੁਰਾ ਵੱਲੋਂ ਉਦਘਾਟਨ

## ਗੁਰੋਂ ਕਾਲੋਨੀ ਵਾਸੀਆਂ ਨੂੰ ਬਰਸਾਤੀ ਪਾਣੀ ਤੋਂ ਮਿਲੇਗੀ ਰਾਹਤ : ਪ੍ਰਧਾਨ ਕੁੰਦਰਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੇ ਡਾਕਘਰ ਤੋਂ ਲੈ ਕੇ ਪ੍ਰਾਇਮਰੀ ਸਕੂਲ ਨੰਬਰ 1 ਤੱਕ ਜਾਂਦੀ ਸੜਕ 'ਤੇ ਚੱਲ ਰਹੇ ਸੀਵਰੇਜ ਦੇ ਕੰਮ ਦਾ ਉਦਘਾਟਨ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ ਕੀਤਾ ਗਿਆ। ਵਿਧਾਇਕ ਦਿਆਲਪੁਰਾ ਨੇ 18 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਕਾਰਜ ਸਬੰਧੀ ਨੀਂਹ ਪੱਥਰ ਤੋਂ ਪਰਦਾ ਹਟਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਮਾਛੀਵਾੜਾ ਦੇ ਪ੍ਰਧਾਨ ਤੇ ਸਮੂਹ ਕੌਂਸਲਰਾਂ ਵੱਲੋਂ ਸ਼ਹਿਰ ਦੀ ਦਿੱਖ ਨੂੰ ਸੁੰਦਰ ਬਣਾਉਣ ਲਈ ਜੋ ਯਤਨ ਕੀਤੇ ਜਾ ਰਹੇ ਹਨ, ਉਹ ਸ਼ਲਾਘਾਯੋਗ ਹਨ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਪਿਛਲੇ 15 ਸਾਲ ਤੋਂ ਡਾਕਘਰ ਤੋਂ ਲੈ ਕੇ ਪ੍ਰਾਇਮਰੀ ਸਕੂਲ ਵਾਲੀ ਸੜਕ 'ਤੇ ਖੜ੍ਹਦੇ ਬਰਸਾਤੀ ਪਾਣੀ ਤੋਂ ਲੋਕ ਅੰਤਾਂ ਦੇ ਪ੍ਰੇਸ਼ਾਨ ਸਨ, ਕਿਉਂਕਿ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਸੜਕ ਤੋਂ ਗੁਜ਼ਰਨ ਵਾਲੇ ਸਕੂਲੀ ਬੱਚੇ ਤੇ ਗੁਰੂ ਕਾਲੋਨੀ ਨੂੰ ਜਾਣ ਵਾਲੇ ਸ਼ਹਿਰ ਵਾਸੀਆਂ ਨੂੰ ਵੱਡੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਸੀ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਇਸ ਮੰਗ ਨੂੰ ਦੇਖਦਿਆਂ ਹੁਣ ਇਸ ਸੜਕ ਉੱਪਰ ਪਹਿਲਾਂ 18 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਪਾਈਪਾਂ ਪਾਈਆਂ ਜਾਣਗੀਆਂ ਤਾਂ ਜੋ ਬਰਸਾਤੀ ਪਾਣੀ ਦੀ ਨਿਕਾਸੀ ਹੋ ਸਕੇ। ਉਨ੍ਹਾਂ ਕਿਹਾ ਕਿ ਸੀਵਰੇਜ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਡਾਕਘਰ ਤੋਂ ਲੈ ਕੇ ਗੁਰੋਂ ਕਾਲੋਨੀ ਤੱਕ ਨਵੀਂ ਸੜਕ ਦਾ ਨਿਰਮਾਣ ਕੀਤਾ ਜਾਵੇਗਾ। ਇਸ ਮੌਕੇ ਕਾਰਜ ਸਾਧਕ ਅਫ਼ਸਰ ਵਿਕਰਮਜੀਤ ਸਿੰਘ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਜਗਮੀਤ ਸਿੰਘ ਮੱਕੜ, ਅਮਨਦੀਪ ਸਿੰਘ ਤਨੇਜਾ, ਰਵਿੰਦਰਜੀਤ ਕੌਰ, ਪ੍ਰਕਾਸ਼ ਕੌਰ, ਕਿਸ਼ੋਰ ਕੁਮਾਰ (ਸਾਰੇ ਕੌਂਸਲਰ), ਅਰਵਿੰਦਰਪਾਲ ਸਿੰਘ ਵਿੱਕੀ, ਨਿਰੰਜਨ ਸਿੰਘ ਨੂਰ, ਪ੍ਰਵੀਨ ਮੱਕੜ, ਨਿਰਮਲ ਸਿੰਘ, ਜਸਵੀਰ ਸਿੰਘ ਭੱਟੀਆਂ ਵਾਲੇ ਹਾਜ਼ਰ ਸਨ।

# 10 ਗ੍ਰਾਮ ਚਿੱਟੇ ਸਮੇਤ ਦੋ ਕਾਬੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਥਾਣਾ ਠੁੱਲੀਵਾਲ (ਬਰਨਾਲਾ) ਪੁਲਸ ਵੱਲੋਂ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਅਨਾਜ ਮੰਡੀ ਹਮੀਦੀ ਵਿਖੇ ਦੋ ਨੌਜਵਾਨਾਂ ਨੂੰ 10 ਗ੍ਰਾਮ ਚਿੱਟੇ ਨਸ਼ੀਲੇ ਪਦਾਰਥ ਸਮੇਤ ਕਾਬੂ ਕਰਨ ਦੀ ਖ਼ਬਰ ਹੈ।ਇਸ ਸਬੰਧੀ ਡੀ ਐੱਸ ਪੀ ਮਹਿਲ ਕਲਾਂ ਜਸਪਾਲ ਸਿੰਘ ਧਾਲੀਵਾਲ ਨੇ ਦੱਸਿਆ ਕਿ ਐੱਸ ਐੱਸ ਪੀ ਬਰਨਾਲਾ ਮੁਹੰਮਦ ਸਰਫ਼ਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੁਲਸ ਥਾਣਾ ਠੁੱਲੀਵਾਲ ਨੇ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕਰਦੇ ਹੋਏ ਸਫਲਤਾ ਹਾਸਲ ਕੀਤੀ ਹੈ।ਐੱਸ ਐੱਚ ਓ ਠੁੱਲੀਵਾਲ ਗੁਰਪਾਲ ਸਿੰਘ ਸਮੇਤ ਪੁਲਸ ਪਾਰਟੀ ਦਾਣਾ ਮੰਡੀ ਹਮੀਦੀ ਵਿਖੇ ਗਸ਼ਤ ਉੱਪਰ ਸਨ, ਇਤਲਾਹ ਮਿਲਣ 'ਤੇ ਕੀਤੀ ਗਈ ਰੇਡ ਦੌਰਾਨ 10 ਗ੍ਰਾਮ ਚਿੱਟਾ ਨਸ਼ੀਲਾ ਪਦਾਰਥ ਸਮੇਤ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਦੀ ਪਹਿਚਾਣ ਗੁਰਪ੍ਰੀਤ ਸਿੰਘ ਗੁਰੀ ਵਾਸੀ ਹਰਦਾਸਪੁਰਾ ਤੇ ਤਲਵਿੰਦਰ ਸਿੰਘ ਹੈਪੀ ਵਾਸੀ ਕਰਮਗੜ੍ਹ ਵਜੋਂ ਹੋਈ।ਦੋਵਾਂ ਖਿਲਾਫ ਥਾਣਾ ਠੁੱਲੀਵਾਲ ਵਿਖੇ ਪਰਚਾ ਦਰਜ ਕੀਤਾ ਗਿਆ ਹੈ।

# ਪੰਜਾਬ ਸਰਕਾਰ ਵੱਲੋਂ ਸੰਘਰੇੜੀ ਨੂੰ 50 ਲੱਖ ਦੀ ਗ੍ਰਾਂਟ ਜਾਰੀ



**ਬਰੇਟਾ (ਰੀਤਵਾਲ)**-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਵਾਂ ਸਾਲ ਮਹਾਨ ਸ਼ਹੀਦੀ ਦਿਹਾੜੇ 'ਤੇ ਪੰਜਾਬ ਸਰਕਾਰ ਵੱਲੋਂ ਗੁਰੂ ਤੇਗ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਵਿੱਚ ਆਉਂਦੇ ਬਰੇਟਾ ਏਰੀਆ ਦੇ ਇੱਕ ਹੋਰ ਪਿੰਡ ਸੰਘਰੇੜੀ ਨੂੰ 50 ਲੱਖ ਦੀ ਗ੍ਰਾਂਟ ਜਾਰੀ ਕਰਕੇ ਬਹੁਤ ਵੱਡਾ ਮਾਨ ਦਿੱਤਾ।ਪਿੰਡ ਦੀ ਸਰਪੰਚ ਮਨਪ੍ਰੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦਾ ਉਹ ਸਾਰੇ ਹੀ ਪਿੰਡ ਨਿਵਾਸੀਆਂ ਵੱਲੋਂ ਤਹਿ ਦਿਲੋਂ ਧੰਨਵਾਦ ਕਰਦੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਗ੍ਰਾਂਟ ਨਾਲ ਉਹ ਮਾਨਸਾ ਜ਼ਿਲ੍ਹੇ ਦੇ ਛੋਟੇ ਜਿਹੇ ਪਿੰਡ ਸੰਘਰੇੜੀ ਦਾ ਨਕਸ਼ਾ ਬਦਲ ਦੇਣਗੇ ਤੇ ਪਿੰਡ ਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਪੰਜਾਬ ਸਰਕਾਰ ਕੋਲ ਸਮੇਂ ਸਮੇਂ ਸਿਰ ਪਿੰਡ ਦੀਆਂ ਆਉਣ ਵਾਲੀਆਂ ਸਮੱਸਿਆਵਾਂ ਦੇ ਮੁੱਦੇ ਚੁੱਕੇ ਜਾਣਗੇ, ਕਿਉਂਕਿ ਇਸ ਪਿੰਡ ਵਿੱਚ ਕੋਈ ਬੱਸ ਗੱਡੀ ਆਉਣ ਸਾਧਨ ਵੀ ਨਹੀਂ।

# ਬੱਚਿਆਂ ਦੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ



**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਲੌਂਗੋਵਾਲ ਵਿਖੇ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਅਤੇ ਸ਼ਹੀਦ ਭਾਈ ਦਿਆਲਾ ਜੀ, ਸ਼ਹੀਦ ਭਾਈ ਮਤੀ ਦਾਸ ਜੀ ਤੇ ਸ਼ਹੀਦ ਭਾਈ ਸਤੀ ਦਾਸ ਜੀ ਦੀ ਲਾਸਾਨੀ ਸ਼ਹਾਦਤ ਅਤੇ ਪੰਥ ਰਤਨ ਸਵਰਗਵਾਸੀ ਜਥੇਦਾਰ ਗੁਰਚਰਨ ਸਿੰਘ ਜੀ ਟੌਹੜਾ ਦੀ ਬਰਸੀ ਨੂੰ ਸਮਰਪਤ ਬੱਚਿਆਂ ਦੇ ਲੰਬੇ ਕੇਸਾਂ ਤੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਤਕਰੀਬਨ 400 ਬੱਚਿਆਂ ਨੇ ਭਾਗ ਲਿਆ।ਇਸ ਸਮੇਂ ਜੱਜ ਦੀ ਭੂਮਿਕਾ ਹਰਪ੍ਰੀਤ ਸਿੰਘ ਡੀ ਪੀ ਈ, ਮੈਡਮ ਭੁਪਿੰਦਰ ਕੌਰ ਡੀ ਪੀ ਈ ਤੇ ਸਤਿਨਾਮ ਸਿੰਘ ਖਹਿਰਾ ਨੇ ਨਿਭਾਈ।ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਤੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਸੀਮਾ ਠਾਕੁਰ ਨੇ ਬੱਚਿਆਂ ਨੂੰ ਕੇਸਾਂ ਦੀ ਮਹੱਤਤਾ ਤੇ ਦਸਤਾਰ ਸਜਾਉਣ ਬਾਰੇ ਪ੍ਰੇਰਿਤ ਕੀਤਾ ਅਤੇ ਜੇਤੂ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਧੂਰੀ ਦੇ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਨੇ ਗਰਾਂਟਾਂ ਦੇ ਗੱਫ਼ੇ ਦਿੱਤੇ : ਚੱਠਾ

**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੂਬਾਈ ਆਗੂ ਤੇ ਸਾਬਕਾ ਚੇਅਰਮੈਨ ਸਤਿੰਦਰ ਸਿੰਘ ਚੱਠਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਲਕਾ ਧੂਰੀ ਦੇ ਸਰਵਪੱਖੀ ਵਿਕਾਸ ਲਈ ਗ੍ਰਾਂਟਾਂ ਦਾ ਖੁੱਲ੍ਹੇ ਦਿਲ ਨਾਲ ਐਲਾਨ ਕੀਤਾ ਗਿਆ ਹੈ।ਚੱਠਾ ਨੇ ਦੱਸਿਆ ਕਿ ਮੌਜੂਦਾ ਸਰਕਾਰ ਨੇ ਧੂਰੀ ਹਲਕੇ ਲਈ ਇੰਨੀ ਵੱਡੀ ਮਾਤਰਾ ਵਿੱਚ ਰਕਮ ਜਾਰੀ ਕੀਤੀ ਹੈ ਕਿ ਅੱਜ ਹਰੇਕ ਪਿੰਡ ਵਿੱਚ ਤਰੱਕੀ ਦੇ ਕਾਰਜ ਰਫ਼ਤਾਰ ਨਾਲ ਚੱਲ ਰਹੇ ਹਨ।ਸੜਕਾਂ ਦੀ ਮੁਰੰਮਤ ਤੋਂ ਲੈ ਕੇ ਗਲੀਆਂ-ਨਾਲੀਆਂ ਦੀ ਨਵੀਂ ਤਾਮੀਰ, ਪਾਣੀ ਸਪਲਾਈ ਪ੍ਰਣਾਲੀ ਦੀ ਸੁਧਾਰ ਤੋਂ ਲੈ ਕੇ ਸੀਵਰੇਜ ਤੇ ਸਿਹਤ ਸੰਸਥਾਵਾਂ ਦੇ ਵਿਸਥਾਰ ਤੱਕ ਹਰ ਖੇਤਰ ਵਿੱਚ ਉੱਦਮ ਨਜ਼ਰ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਧੂਰੀ, ਜਿਸ ਨੂੰ ਪਿਛਲੀਆਂ ਸਰਕਾਰਾਂ ਨੇ ਲਗਭਗ ਅਣਗੌਲਿਆ ਬਣਾਈ ਰੱਖਿਆ ਸੀ, ਹੁਣ ਤੇਜ਼ੀ ਨਾਲ ਵਿਕਾਸ ਰਾਹੀਂ ਅੱਗੇ ਵਧ ਰਿਹਾ ਹੈ।ਚੱਠਾ ਦੇ ਬਿਆਨ ਅਨੁਸਾਰ ਜਲਦੀ ਹੀ ਧੂਰੀ ਪੰਜਾਬ ਦੇ ਵਿਕਾਸਸ਼ੀਲ ਸ਼ਹਿਰਾਂ ਦੀ ਕਤਾਰ ਵਿੱਚ ਸਿਰਮੌਰ ਸਥਾਨ ਹਾਸਲ ਕਰੇਗਾ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਦੀ ਨੀਅਤ ਸਾਫ਼ ਹੈ ਤੇ ਵਿਕਾਸ ਕਾਰਜਾਂ ਵਿੱਚ ਖ਼ਾਨਾਪੂਰਤੀ ਨਹੀਂ, ਸਗੋਂ ਧਰਾਤਲੀ ਤਬਦੀਲੀ ਲਈ ਲਗਾਤਾਰ ਯਤਨ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਾ ਨਿਯਮਿਤ ਦੌਰੇ ਕਰਨਾ ਤੇ ਹਲਕੇ ਦੇ ਲੋਕਾਂ ਦੀਆਂ ਮੰਗਾਂ ਨੂੰ ਤਰਜੀਹ ਦੇਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਧੂਰੀ ਦਾ ਭਵਿੱਖ ਸੁਰੱਖਿਅਤ ਹੱਥਾਂ ਵਿੱਚ ਹੈ।ਚੱਠਾ ਨੇ ਕਿਹਾ ਕਿ ਸਰਕਾਰ ਦੇ ਸਹਿਯੋਗ ਨਾਲ ਧੂਰੀ ਤਰੱਕੀ ਦੀ ਨਵੀਂ ਉਡਾਨ ਭਰ ਰਿਹਾ ਹੈ ਤੇ ਇਹ ਸਫ਼ਰ ਅੱਗੇ ਹੋਰ ਤੇਜ਼ੀ ਨਾਲ ਜਾਰੀ ਰਹੇਗਾ।

# ਏਕਮਵੀਰ ਸਿੰਘ ਦੀ ਯਾਦ 'ਚ ਪਹਿਲਾ ਖ਼ੂਨਦਾਨ ਕੈਂਪ

## ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ : ਕੋਹਲੀ




**ਪਟਿਆਲਾ (ਰਾਜਿੰਦਰ ਥਿੰਦ)**

ਪਟਿਆਲਾ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਡੀ.ਐੱਸ.ਪੀ. ਸਤਨਾਮ ਸਿੰਘ ਦੇ ਪੁੱਤਰ ਸਵਰਗੀ ਏਕਮਵੀਰ ਸਿੰਘ ਦੀ ਯਾਦ ਵਿੱਚ ਲਗਾਏ ਪਹਿਲੇ ਖ਼ੂਨਦਾਨ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਹ ਖ਼ੂਨਦਾਨ ਕੈਂਪ ਸਵਰਗੀ ਏਕਮਵੀਰ ਸਿੰਘ ਦੇ ਜਨਮਦਿਨ ਦੀ ਯਾਦ ਵਿੱਚ ਸਮਾਜ ਸੇਵਾ ਤੇ ਲੋਕ ਭਲਾਈ ਦੇ ਜਜ਼ਬੇ ਤਹਿਤ ਲਗਾਇਆ ਗਿਆ ਸੀ।ਜ਼ਿਕਰਯੋਗ ਹੈ ਕਿ ਏਕਮਵੀਰ ਦੀ ਮੌਤ ਚਾਰ ਮਹੀਨੇ ਪਹਿਲਾਂ ਸੜਕ ਦੁਰਘਟਨਾ 'ਚ ਹੋ ਗਈ ਸੀ।ਵਿਧਾਇਕ ਕੋਹਲੀ ਨੇ ਇਸ ਮੌਕੇ ਭਰੇ ਮਨ ਨਾਲ ਗਹਿਰਾ ਦੁੱਖ ਪ੍ਰਗਟ ਕੀਤਾ ਤੇ ਕਿਹਾ ਕਿ ਏਕਮਵੀਰ ਸਿੰਘ ਵਰਗੇ ਨੌਜਵਾਨਾਂ ਦੀ ਯਾਦ ਨੂੰ ਸਮਾਜ ਸੇਵਾ ਰਾਹੀਂ ਜਿਉਂਦਾ ਰੱਖਣ ਦਾ ਇਹ ਉਪਰਾਲਾ ਬਹੁਤ ਸ਼ਲਾਘਾ ਯੋਗ ਹੈ।ਉਨ੍ਹਾ ਕਿਹਾ ਕਿ ਖ਼ੂਨ ਦਾਨ ਇਕ ਮਹਾਨ ਸੇਵਾ ਹੈ, ਜੋ ਕਿਸੇ ਦਾ ਜੀਵਨ ਬਚਾ ਸਕਦੀ ਹੈ ਅਤੇ ਇਸ ਤਰ੍ਹਾਂ ਦੇ ਕੈਂਪ ਸਮਾਜ ਵਿੱਚ ਮਨੁੱਖਤਾ ਤੇ ਸਾਂਝ ਨੂੰ ਮਜ਼ਬੂਤ ਬਣਾਉਂਦੇ ਹਨ। ਡੀ.ਐੱਸ.ਪੀ. ਸਤਨਾਮ ਸਿੰਘ ਨੇ ਕਿਹਾ ਕਿ ਖ਼ੂਨਦਾਨ ਕੈਂਪ ਨੂੰ ਲੋਕਾਂ ਵੱਲੋਂ ਬਹੁਤ ਸਹਿਯੋਗ ਮਿਲਿਆ ਹੈ।ਲਗਭਗ 300 ਦੇ ਕਰੀਬ ਨੌਜਵਾਨ ਖ਼ੂਨ ਦਾਨ ਕਰ ਚੁੱਕੇ ਹਨ, ਜੋ ਕਿ ਆਪਣੇ ਆਪ ਵਿੱਚ ਇੱਕ ਪ੍ਰੇਰਨਾਜਨਕ ਗਿਣਤੀ ਹੈ।

ਡੀ.ਐੱਸ.ਪੀ. ਸਤਨਾਮ ਸਿੰਘ ਨੇ ਪਟਿਆਲਾ ਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਏਕਮਵੀਰ ਸਿੰਘ ਦੀ ਯਾਦ ਨੂੰ ਸਿਰਮੌਰ ਬਣਾਉਂਦੇ ਹੋਏ ਇਸ ਮਨੁੱਖਤਾ ਭਰੇ ਉਪਰਾਲੇ ਨੂੰ ਸਫਲ ਬਣਾਇਆ।ਖ਼ੂਨਦਾਨ ਕੈਂਪ ਵਿੱਚ ਸ਼ਹਿਰ ਦੇ ਨੌਜਵਾਨਾਂ, ਸਮਾਜ ਸੇਵੀਆਂ ਤੇ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਿੱਸਾ ਲਿਆ।

# ਐੱਮ ਏ ਐੱਮ ਸਕੂਲ ਦੀ ਜਪਦੀਪ ਨੇ ਬੈਡਮਿੰਟਨ 'ਚ ਜਿੱਤਿਆ ਸੋਨ ਤਮ.ਗਾ



**ਸਮਰਾਲਾ (ਸੁਰਜੀਤ ਸਿੰਘ)**-ਮੈਕਸ ਆਰਥਰ ਮੈਕਾਲਿਫ਼ ਪਬਲਿਕ ਸਕੂਲ ਦੀ ਪੰਜਵੀਂ ਜਮਾਤ ਦੀ ਵਿਦਿਆਰਥਣ ਜਪਦੀਪ ਕੌਰ ਨੇ ਜ਼ਿਲ੍ਹਾ ਪੱਧਰੀ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।ਇਸ ਮੁਕਾਬਲੇ ਵਿੱਚ ਖੇਤਰ ਦੇ ਕਈ ਸਕੂਲਾਂ ਦੇ ਖਿਡਾਰੀਆਂ ਨੇ ਹਿੱਸਾ ਲਿਆ, ਜਿਸ ਨਾਲ ਖਿਡਾਰੀਆਂ ਨੂੰ ਆਪਣੀ ਕਾਬਲੀਅਤ ਤੇ ਖੇਡ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲਿਆ।ਮੁਕਾਬਲੇ ਦਰਮਿਆਨ, ਜਪਦੀਪ ਦਾ ਬੇਮਿਸਾਲ ਪ੍ਰਦਰਸ਼ਨ, ਲਗਾਤਾਰ ਅਭਿਆਸ ਤੇ ਅਟੱਲ ਜਜ਼ਬੇ ਨੇ ਉਸ ਨੂੰ ਚਮਕਣ ਤੇ ਆਪਣੇ ਸਕੂਲ ਦਾ ਮਾਣ ਵਧਾਉਣ ਦੇ ਯੋਗ ਬਣਾਇਆ।ਉਸ ਦੀ ਇਹ ਜਿੱਤ ਉਸ ਦੀ ਮਿਹਨਤ ਤੇ ਖੇਡ ਪ੍ਰਤੀ ਜਨੂਨ ਦਾ ਸਪੱਸ਼ਟ ਪ੍ਰਮਾਣ ਹੈ।ਜਪਦੀਪ ਦੀ ਕਾਮਯਾਬੀ ਨਾ ਸਿਰਫ਼ ਉਸ ਦੀ ਨਿੱਜੀ ਲਗਨ ਤੇ ਸਮਰਪਣ ਨੂੰ ਦਰਸਾਉਂਦੀ ਹੈ, ਬਲਕਿ ਸਕੂਲ ਵੱਲੋਂ ਖੇਡਾਂ, ਸਰੀਰਕ ਤੰਦਰੁਸਤੀ ਤੇ ਹਰ ਵਿਦਿਆਰਥੀ ਦੇ ਸਮੂਹਕ ਵਿਕਾਸ ਨੂੰ ਮਿਲ ਰਹੇ ਲਗਾਤਾਰ ਸਹਿਯੋਗ ਦੀ ਵੀ ਝਲਕ ਦਿੰਦੀ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਜਪਦੀਪ ਦੇ ਸ਼ਾਨਦਾਰ ਪ੍ਰਦਰਸ਼ਨ ਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਵਿਸ਼ਵਾਸ, ਅਨੁਸ਼ਾਸਨ ਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਜਪਦੀਪ ਕੌਰ ਦੀ ਕਾਮਯਾਬੀ ਨਿਸ਼ਚਤ ਤੌਰ 'ਤੇ ਹੋਰ ਵਿਦਿਆਰਥੀਆਂ ਨੂੰ ਅਕਾਦਮਿਕ ਤੇ ਖੇਡ ਦੋਵੇਂ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰੇਗੀ।ਮੈਕਸ ਆਰਥਰ ਮੈਕਾਲਿਫ਼ ਪਬਲਿਕ ਸਕੂਲ ਦੀ ਪ੍ਰਬੰਧਕ ਕਮੇਟੀ ਤੇ ਸਮੂਹ ਸਟਾਫ ਵੱਲੋਂ ਜਪਦੀਪ ਕੌਰ ਨੂੰ ਬਹੁਤ-ਬਹੁਤ ਵਧਾਈ ਹੋਵੇ ਅਤੇ ਭਵਿੱਖ ਵਿੱਚ ਵੀ ਉਸ ਦੀ ਤਰੱਕੀ ਤੇ ਸਫਲਤਾ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕਰਦਾ ਹੈ।

# ਦਸਮੇਸ਼ ਕਾਲਜ ਵਿਖੇ ਟਰਾਈ ਤੇ ਏਅਰਟੈੱਲ ਵੱਲੋਂ ਖਪਤਕਾਰ ਸਿੱਖਿਆ 'ਤੇ ਵਰਕਸ਼ਾਪ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਟੈਲੀਕਾਮ ਖਪਤਕਾਰਾਂ ਵਿੱਚ ਜਾਗਰੂਕਤਾ ਵਧਾਉਣ ਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਟੈਲੀਕਾਮ ਰੈਗੂਲੇਟਰੀ ਅਥਾਰਟੀ ਆਫ਼ ਇੰਡੀਆ (ਟਰਾਈ) ਤੇ ਭਾਰਤੀ ਏਅਰਟੈੱਲ ਲਿਮਟਿਡ ਨੇ ਦਸਮੇਸ਼ ਕਾਲਜ ਆਫ਼ ਨਰਸਿੰਗ ਫਰੀਦਕੋਟ ਵਿਖੇ ਖਪਤਕਾਰ ਸਿੱਖਿਆ 'ਤੇ ਇੱਕ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ।ਭਾਰਤੀ ਏਅਰਟੈੱਲ ਲਿਮਟਿਡ ਵੱਲੋਂ ਕਰਵਾਏ ਗਏ ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੂੰ ਟੈਲੀਕਾਮ ਖਪਤਕਾਰਾਂ ਵਜੋਂ ਉਨ੍ਹਾਂ ਦੇ ਅਧਿਕਾਰਾਂ, ਸ਼ਿਕਾਇਤ-ਨਿਵਾਰਣ ਵਿਧੀਆਂ ਤੇ ਸੁਰੱਖਿਅਤ ਡਿਜੀਟਲ ਅਭਿਆਸਾਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਨਾ ਸੀ।ਵਰਕਸ਼ਾਪ ਦੇ ਮੁੱਖ ਨੁਕਤੇ-ਸੁਰੱਖਿਅਤ ਡਿਜੀਟਲ ਅਭਿਆਸ : ਔਨਲਾਈਨ ਧੋਖਾਧੜੀਆਂ ਨੂੰ ਰੋਕਣ ਤੇ ਡਿਜੀਟਲ ਸੰਸਾਰ ਵਿੱਚ ਸੁਰੱਖਿਅਤ ਰਹਿਣ ਦੇ ਤਰੀਕਿਆਂ 'ਤੇ ਜ਼ੋਰ ਦਿੱਤਾ ਗਿਆ।ਟੈਲੀਕਾਮ ਸੇਵਾਵਾਂ ਦੇ ਸਬੰਧ ਵਿੱਚ ਖਪਤਕਾਰਾਂ ਦੇ ਅਧਿਕਾਰਾਂ ਤੇ ਉਪਲਬਧ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ।ਸੇਵਾ ਮੁੱਦਿਆਂ ਦੇ ਮਾਮਲੇ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਸ਼ਿਕਾਇਤਾਂ ਦਰਜ ਕਰਵਾਉਣ ਦੀ ਪ੍ਰਕਿਰਿਆ ਨੂੰ ਸਮਝਾਇਆ ਗਿਆ।ਇਹ ਵਰਕਸ਼ਾਪ ਡਾ. ਗੁਰਸੇਵਕ ਸਿੰਘ ਡਾਇਰੈਕਟਰ, ਸਵਰਨਜੀਤ ਸਿੰਘ ਗਿੱਲ ਜਾਇੰਟ ਡਾਇਰੈਕਟਰ, ਪ੍ਰੋ. ਭੁਪਿੰਦਰ ਕੌਰ ਪ੍ਰਿੰਸੀਪਲ ਤੇ ਨਰਿੰਦਰ ਕੁਮਾਰ ਸੁਮੇਰੀਆ ਵਾਈਸ ਪ੍ਰਿੰਸੀਪਲ ਦੀ ਅਗਵਾਈ ਹੇਠ ਸਫ਼ਲਤਾਪੂਰਵਕ ਸੰਚਾਲਿਤ ਕੀਤੀ ਗਈ।

# ਗੁਰੂ ਨਾਨਕ ਮਾਡਲ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ




**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵੱਲੋਂ ਸਾਲਾਨਾ ਸਮਾਰੋਹ ਤੇ ਇਨਾਮ ਵੰਡ ਸਮਾਰੋਹ ਵੱਡੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ।ਕਲਾਸ 7ਵੀਂ ਤੋਂ 8ਵੀਂ ਤੱਕ ਦੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ, ਵੈੱਲਕਮ ਡਾਂਸ, ਅੰਗਰੇਜ਼ੀ ਤੇ ਪੰਜਾਬੀ ਨਾਟਕ, ਸਾਂਸਕ੍ਰਿਤਿਕ ਗੀਤ, ਰਾਜਵਾਰ ਨੱਚ, ਲੁੱਡੀ, ਮਾਈਮ, ਕਲਾਸੀਕਲ ਤੇ ਸੂਫ਼ੀ ਪ੍ਰਸਤੁਤੀਆਂ, ਵੈਸਟਰਨ ਡਾਂਸ, ਹਿੰਦੀ ਕੋਰਿਓਗ੍ਰਾਫੀ, ਗਿੱਧਾ, ਭੰਗੜਾ ਆਦਿ ਰੂਹਾਨੀ 'ਤੇ ਰੰਗ-ਬਰੰਗੀਆਂ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਲੁਧਿਆਣਾ ਮਿਊਂਸਪਲ ਕਾਰਪੋਰੇਸ਼ਨ ਦੀ ਮੇਅਰ, ਇੰਦਰਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸਮਾਗਮ ਦੀ ਸ਼ੋਭਾ ਵਧਾਈ।ਸਕੂਲ ਦੇ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਦੌਰਾਨ ਪ੍ਰਿੰਸੀਪਲ ਨੇ ਸਕੂਲ ਦੀ ਸਾਲਾਨਾ ਪ੍ਰਗਤੀ ਰਿਪੋਰਟ ਪੇਸ਼ ਕਰਦੇ ਹੋਏ ਵੱਖ-ਵੱਖ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ।ਮੁੱਖ ਮਹਿਮਾਨ ਵੱਲੋਂ ਸੈਸ਼ਨ 2024 ਦੇ ਦਸਵੀਂ ਤੇ ਬਾਰਵੀਂ ਜਮਾਤ ਦੇ ਬੋਰਡ ਨਤੀਜਿਆਂ ਤੋਂ ਇਲਾਵਾ ਵੱਖਰੇ ਖੇਤਰਾਂ ਵਿੱਚ ਉਪਲਬਧੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨ ਪ੍ਰਦਾਨ ਕੀਤਾ ਗਿਆ।ਆਪਣੇ ਸੰਬੋਧਨ ਵਿੱਚ ਮੁੱਖ ਮਹਿਮਾਨ ਇੰਦਰਜੀਤ ਕੌਰ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਮਜ਼ਬੂਤ ਸਕੂਲੀ ਨੀਂਹ ਹੀ ਮਜ਼ਬੂਤ ਭਵਿੱਖ ਦੀ ਬੁਨਿਆਦ ਹੁੰਦੀ ਹੈ।ਅੰਤ ਵਿੱਚ ਮੈਨੇਜਮੈਂਟ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਮਾਤਾ-ਪਿਤਾ ਤੇ ਵਿਦਿਆਰਥੀਆਂ ਨੂੰ ਤਕਨਾਲੋਜੀ ਦੇ ਯੁੱਗ ਵਿੱਚ ਵੀ ਰਿਸ਼ਤਿਆਂ ਦੀ ਗਰਮੀ ਕਾਇਮ ਰੱਖਣ ਦਾ ਸੰਦੇਸ਼ ਦਿੱਤਾ।ਸਮਾਗਮ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ, ਸਥਾਨਕ ਦੋਰਾਹਾ ਦੀਆਂ ਪ੍ਰਮੁੱਖ ਹਸਤੀਆਂ, ਦੋਰਾਹਾ ਮਿਊਂਸਪਲ ਕਮੇਟੀ ਦੇ ਨੁਮਾਇੰਦਿਆਂ ਤੇ ਸਮਾਜਕ ਵਰਗ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

# ਗੁਰੂ ਤੇ.ਗ ਬਹਾਦੁਰ ਜੀ ਦੀ ਸ਼ਹਾਦਤ ਮਨੁੱਖਤਾ ਲਈ ਅਮਰ ਕੁਰਬਾਨੀ : ਪ੍ਰਿੰ. ਜਿੰਦਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਿੱਖ ਕੌਮ ਹੀ ਨਹੀਂ, ਸਾਰਾ ਭਾਰਤ ਅੱਜ ਹਿੰਦ ਦੀ ਚਾਦਰ ਸ੍ਰੀ ਗੁਰੂ ਤੇ.ਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਪਵਿੱਤਰ ਅਵਸਰ 'ਤੇ ਉਨ੍ਹਾਂ ਦੀ ਬੇਮਿਸਾਲ ਕੁਰਬਾਨੀ ਨੂੰ ਯਾਦ ਕਰਦਾ ਹੈ।ਮਨੁੱਖਤਾ, ਧਰਮਿਕ ਆਜ਼ਾਦੀ ਤੇ ਸੱਚ ਲਈ ਪ੍ਰਾਣ ਨਿਛਾਵਰ ਕਰਨ ਵਾਲੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਸਾਰੀ ਦੁਨੀਆ ਵਿੱਚ ਸ਼ਾਂਤੀ, ਧਰਮ ਨਿਰਪੱਖਤਾ ਤੇ ਨੈਤਿਕਤਾ ਦਾ ਅਡਿੱਠ ਸੰਦੇਸ਼ ਦਿੰਦੀ ਹੈ।ਸ੍ਰੀ ਗੁਰੂ ਤੇ.ਗ ਬਹਾਦਰ ਜੀ ਨੇ 1675 ਵਿੱਚ ਦਿੱਲੀ ਦੇ ਚੰਦਨੀ ਚੌਕ ਵਿਖੇ ਹਿੰਦੂ ਧਰਮ ਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਆਪਣੇ ਸੀਸ ਦੀ ਬਲੀਦਾਨੀ ਦੇ ਕੇ ਉਹ ਮਿਸਾਲ ਕਾਇਮ ਕੀਤੀ, ਜੋ ਇਤਿਹਾਸ ਵਿੱਚ ਦਰਜ ਹੈ।ਉਨ੍ਹਾਂ ਦੀ ਸ਼ਹਾਦਤ ਇਸ ਗੱਲ ਦਾ ਪ੍ਰਤੀਕ ਹੈ ਕਿ ਕਿਸੇ ਵੀ ਧਰਮ ਦੀ ਰੱਖਿਆ ਲਈ ਖੁਦ ਦੀ ਕੁਰਬਾਨੀ ਦੇਣਾ ਵੀ ਸਿੱਖੀ ਦਾ ਅਟੱਲ ਨਿਯਮ ਹੈ।ਇਸ ਪਵਿੱਤਰ ਮੌਕੇ ਨੂੰ ਸਮਰਪਤ, ਰਾਜ ਭਰ ਦੇ ਗੁਰਦੁਆਰਿਆਂ ਵਿੱਚ ਅਖੰਡ ਪਾਠ ਸਾਹਿਬ, ਕੀਰਤਨ ਸਮਾਗਮ, ਧਾਰਮਿਕ ਵਿਆਖਿਆਨ ਤੇ ਨਗਰ ਕੀਰਤਨ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਰਕਾਰੀ ਤੇ ਗੈਰ-ਸਰਕਾਰੀ ਪੱਧਰ 'ਤੇ ਵੀ ਕਈ ਸਮਾਰੋਹ, ਵਿਚਾਰ ਗੋਸ਼ਟੀਆਂ ਤੇ ਯੁਵਾ ਲਈ ਜਾਗਰੂਕਤਾ ਕਾਰਜਕ੍ਰਮ ਰੱਖੇ ਜਾ ਰਹੇ ਹਨ, ਤਾਂ ਜੋ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਇਆ ਜਾ ਸਕੇ।ਰਾਜ ਸਰਕਾਰ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ ਗੁਰੂ ਤੇ.ਗ ਬਹਾਦੁਰ ਜੀ ਦੀ ਸ਼ਹਾਦਤ ਸਾਨੂੰ ਸਿਖਾਉਂਦੀ ਹੈ ਕਿ ਧਰਮ ਦੀ ਰੱਖਿਆ, ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਅਤੇ ਨਿਰਭੈਤਾ ਨਾਲ ਸੱਚ ਦਾ ਸਾਥ ਦੇਣਾ ਸਾਡਾ ਨੈਤਿਕ ਫਰਜ਼ ਹੈ।ਹਿੰਦ ਦੀ ਚਾਦਰ ਨੇ ਜ਼ੁਲਮ ਤੇ ਅਨਿਆਏ ਦੇ ਸਾਹਮਣੇ, ਜੋ ਅਡੋਲਤਾ ਦਿਖਾਈ, ਉਹ ਹਰੇਕ ਭਾਰਤੀ ਲਈ ਪ੍ਰੇਰਣਾ ਦਾ ਸਰੋਤ ਹੈ।ਸਭ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਪਵਿੱਤਰ ਦਿਵਸ ਨੂੰ ਸ਼ਰਧਾ, ਸਦਭਾਵਨਾ ਤੇ ਏਕਤਾ ਨਾਲ ਮਨਾਉਣ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ 'ਨਿਰਭਉ, ਨਿਰਵੈਰ, ਸੇਵਾ, ਸਿਮਰਨ ਤੇ ਮਨੁੱਖਤਾ ਪ੍ਰਤੀ ਪਿਆਰ' ਨੂੰ ਆਪਣੇ ਜੀਵਨ ਦਾ ਅੰਗ ਬਣਾਉਣ।

# ਸਟੈਪਿੰਗ ਸਟੋਨਜ਼ ਸਕੂਲ ਦੇ ਬੱਚਿਆਂ ਵੱਲੋਂ ਪਲਾਂਟ ਨਰਸਰੀ ਦਾ ਦੌਰਾ



**ਦੋਰਾਹਾ (ਹਰਮਿੰਦਰ ਸੇਠ)**-ਸਟੈਪਿੰਗ ਸਟੋਨਜ਼ ਸਕੂਲ ਵੱਲੋਂ ਵਿਦਿਆਰਥੀਆਂ ਲਈ ਪਲਾਂਟ ਨਰਸਰੀ ਦਾ ਵਿਸ਼ੇਸ਼ ਦੌਰਾ ਕੀਤਾ ਗਿਆ, ਜਿਸ ਦਾ ਮੁੱਖ ਮੰਤਵ ਕਿਤਾਬੀ ਗਿਆਨ ਦੇ ਨਾਲ-ਨਾਲ ਬੱਚਿਆਂ ਨੂੰ ਪ੍ਰੈਕਟੀਕਲ ਤੇ ਰੀਅਲ-ਲਾਈਫ ਸਿਖਲਾਈ ਨਾਲ ਜੋੜਨਾ ਸੀ।ਦੌਰੇ ਦੌਰਾਨ ਅਧਿਆਪਕਾਂ ਨੇ ਬੱਚਿਆਂ ਨੂੰ ਵੱਖ-ਵੱਖ ਕਿਸਮ ਦੇ ਪੌਦਿਆਂ, ਫੁੱਲਾਂ ਤੇ ਉਨ੍ਹਾਂ ਦੀ ਸੰਭਾਲ ਬਾਰੇ ਸਰਲ ਤੇ ਰੁਚਿਕਰ ਢੰਗ ਨਾਲ ਜਾਣਕਾਰੀ ਪ੍ਰਦਾਨ ਕੀਤੀ।ਬੱਚਿਆਂ ਨੇ ਜੜ੍ਹ, ਤਣਾ, ਪੱਤਿਆਂ ਸਮੇਤ ਪੌਦਿਆਂ ਦੇ ਬਣਤਰ ਤੱਤਾਂ ਤੇ ਵਾਧ ਲਈ ਲੋੜੀਂਦੇ ਤੱਤਾਂ ਜਿਵੇਂ ਕਿ ਧੁੱਪ, ਪਾਣੀ ਤੇ ਮਿੱਟੀ ਬਾਰੇ ਪ੍ਰਾਇਮਰੀ ਜਾਣਕਾਰੀ ਪ੍ਰਾਪਤ ਕੀਤੀ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਸਮਦੀਸ਼ ਤੇ ਪ੍ਰਿੰਸੀਪਲ ਸ੍ਰੀਮਤੀ ਜੋਤੀ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਦੌਰੇ ਬੱਚਿਆਂ ਵਿੱਚ ਕੁਦਰਤ ਪ੍ਰਤੀ ਜਾਗਰੂਕਤਾ ਤੇ ਰੁਚੀ ਵਧਾਉਂਦੇ ਹਨ।ਉਨ੍ਹਾਂ ਕਿਹਾ ਕਿ ਪ੍ਰੈਕਟੀਕਲ ਸਿੱਖਿਆ ਬੱਚਿਆਂ ਦੇ ਸਮੂਹਕ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ, ਕਿਉਂਕਿ ਇਹ ਸਿਖਲਾਈ ਨੂੰ ਹੋਰ ਵੀ ਪ੍ਰਭਾਵਸ਼ਾਲੀ ਤੇ ਯਾਦਗਾਰ ਬਣਾਂਦੀ ਹੈ, ਦੌਰੇ ਦੌਰਾਨ ਬੱਚਿਆਂ ਨੇ ਪੌਦਿਆਂ ਨੂੰ ਨੇੜੇ ਤੋਂ ਵੇਖ ਕੇ ਭਰਪੂਰ ਉਤਸ਼ਾਹ ਦਿਖਾਇਆ ਤੇ ਸਮਾਗਮ ਨੂੰ ਸਫਲ ਬਣਾਇਆ।

# ਆਕਸਫੋਰਡ ਪਬਲਿਕ ਸਕੂਲ ਵੱਲੋਂ ਕੁਕਿੰਗ ਵਿਦਾਊਟ ਫਾਇਰ ਪ੍ਰਤੀਯੋਗਤਾ



ਚੀਮਾ ਮੰਡੀ (ਰਵਿੰਦਰ ਚੀਮਾ)-ਇਲਾਕੇ ਦੀ ਨਾਮਵਰ ਸੰਸਥਾ (ਆਈ.ਸੀ.ਐੱਸ.ਈ.) ਬੋਰਡ ਤੋਂ ਮਾਨਤਾ ਪ੍ਰਾਪਤ ਦੀ ਆਕਸਫੋਰਡ ਪਬਲਿਕ ਸਕੂਲ ਵਿੱਚ ਸ਼ਨੀਵਾਰ ਐਕਟੀਵਿਟੀ ਦਿਨ ਦੀ ਲਗਾਤਾਰਤਾ ਨੂੰ ਜਾਰੀ ਰੱਖਦੇ ਹੋਏ ਕੁਕਿੰਗ ਵਿਦਾਊਟ ਫਾਇਰ ਦੀ ਪ੍ਰਤੀਯੋਗਤਾ ਕਾਰਵਾਈ ਗਈ, ਜਿਸ ਵਿੱਚ ਬੱਚਿਆਂ ਨੂੰ ਬਿਨਾਂ ਅੱਗ ਤੋਂ ਪਕਵਾਨ ਬਣਾਉਣ ਲਈ ਕਿਹਾ ਗਿਆ।ਇਸ ਪ੍ਰਤੀਯੋਗਤਾ ਵਿੱਚ ਸੱਤਵੀਂ ਤੋਂ ਦਸਵੀਂ ਕਲਾਸ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਵਿਦਿਆਰਥੀਆਂ ਵੱਲੋਂ ਬੜੇ ਹੀ ਸੋਹਣੇ ਤਰੀਕੇ ਨਾਲ ਵੱਖ ਵੱਖ ਤਰਾਂ ਦੇ ਪਕਵਾਨ ਤਿਆਰ ਕੀਤੇ।ਬੱਚਿਆਂ ਦੇ ਕਲਾਤਮਕ ਤਰੀਕੇ ਵਾਕਈ ਕਬੀਲੇ ਤਾਰੀਫ਼ ਸੀ। ਸਾਰੇ ਬੱਚਿਆਂ ਨੇ ਬੜੇ ਹੀ ਨਵੇਂ ਨਵੇਂ ਤਰੀਕਿਆਂ ਨਾਲ ਪਕਵਾਨ ਤਿਆਰ ਕੀਤੇ।ਇਨ੍ਹਾਂ ਪਕਵਾਨਾਂ ਵਿੱਚ ਕੇਕ, ਫਰੂਟ ਸਲਾਦ, ਚਾਟ, ਸ਼ੇਕ ਤੇ ਸੈਂਡਵਿਚ ਆਦਿ ਸੀ।ਇਨ੍ਹਾਂ ਪਕਵਾਨਾਂ ਨੂੰ ਪੇਸ਼ ਕਰਨ ਦਾ ਤਰੀਕਾ ਬਹੁਤ ਹੀ ਲੁਭਾਵਣਾ ਸੀ।ਸਾਰੇ ਹੀ ਪਕਵਾਨ ਪੌਸ਼ਟਿਕਤਾ ਨੂੰ ਮੁੱਖ ਰੱਖਦੇ ਤਿਆਰ ਕੀਤੇ ਗਏ।ਬੱਚਿਆਂ ਨੇ ਬੜੇ ਹੀ ਸੁਚੱਜੇ ਢੰਗ ਨਾਲ ਸਾਰੀ ਪ੍ਰਕਿਰਿਆ ਕੀਤੇ।ਇਸ ਪ੍ਰਤੀਯੋਗਤਾ ਦੇ ਨਤੀਜੇ ਪਕਵਾਨ ਦੇ ਸਵਾਦ, ਪੌਸ਼ਟਿਕਤਾ, ਦਿਖਾਵਤ ਤੇ ਵਰਤੇ ਗਏ ਸਾਮਾਨ ਦੇ ਅਧਾਰ 'ਤੇ ਕੀਤੀ ਗਈ।ਆਕਸਫੋਰਡ ਸਕੂਲ ਵੱਲੋਂ ਕਰਵਾਈ ਗਈ ਇਸ ਪ੍ਰਤੀਯੋਗਤਾ ਰਾਹੀਂ ਬੱਚਿਆਂ ਨੂੰ ਇੱਕ ਪੌਸ਼ਟਿਕ ਤੇ ਸਵਾਦ ਖਾਣੇ ਬਾਰੇ ਜਾਗਰੂਕ ਕਰਨ ਦਾ ਇਕ ਵਧੀਆ ਉਪਰਾਲਾ ਸੀ।ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਕੁਮਾਰ ਨੇ ਕਿਹਾ ਕਿ ਸਾਨੂੰ ਪੌਸ਼ਟਿਕ ਆਹਾਰ ਹੀ ਲੈਣਾ ਚਾਹੀਦਾ ਹੈ ਤਾਂ ਕਿ ਸਰੀਰਕ ਤੇ ਮਾਨਸਿਕ ਵਿਕਾਸ ਹੋ ਸਕੇ।ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਇਸ ਐਕਟੀਵਿਟੀ ਵਿੱਚ ਬੜੇ ਹੀ ਜੋਸ਼ ਤੇ ਲਗਨ ਨਾਲ ਭਾਗ ਲਿਆ।ਉਨ੍ਹਾਂ ਨੇ ਆਪਣੇ ਕਲਾਤਮਕ ਸੁਝਾਵਾਂ ਨੂੰ ਸੁੰਦਰਤਾ ਨਾਲ ਪੇਸ਼ ਕੀਤੇ।ਇਸ ਪ੍ਰਤੀਯੋਗਤਾ ਵਿੱਚ ਬੱਚਿਆਂ ਨੇ ਟੀਮ ਬਣਾ ਕੇ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਵਿੱਚ ਇਕਜੁਟਤਾ ਦੀ ਭਾਵਨਾ ਦਾ ਵਿਕਾਸ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੀਆਂ ਪ੍ਰਤੀਯੋਗਤਾਵਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਇਸ ਮੌਕੇ ਸਕੂਲ ਸੰਸਥਾ ਦੇ ਚੇਅਰਮੈਨ ਸ੍ਰ. ਚਮਕੌਰ ਸਿੰਘ, ਮੈਨੇਜਿੰਗ ਡਾਇਰੈਕਟਰ ਸ੍ਰ. ਗੁਰਧਿਆਨ ਸਿੰਘ ਚਹਿਲ ਆਦਿ ਹਾਜ਼ਰ ਸਨ।

# ਮਰਹੂਮ ਗੀਤਕਾਰ ਤੇ ਗਾਇਕ ਦੀਦਾਰ ਸੰਧੂ ਯਾਦਗਾਰੀ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ

## ਸਰਕਾਰਾਂ ਦੇ ਕੰਮ ਜੇਕਰ ਨੇਕ ਨੀਤੀ ਨਾਲ ਹੋਏ ਹੋਣ ਤਾਂ ਬੋਰਡਾਂ 'ਤੇ ਲਿਖਣ ਦੀ ਲੋੜ ਨਹੀਂ : ਸੁੱਖੀ



**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਉੱਘੇ ਗਾਇਕ ਤੇ ਗੀਤਕਾਰ ਸਵਰਗੀ ਦੀਦਾਰ ਸੰਧੂ ਦੀ ਯਾਦ ਵਿੱਚ 34ਵਾਂ ਯਾਦਗਾਰੀ ਮੇਲਾ ਪਿੰਡ ਭਰਵਾਲ ਖੁਰਦ ਵਿਖੇ ਉਨ੍ਹਾਂ ਦੇ ਸਪੁੱਤਰ ਜਗਮੋਹਣ ਸੰਧੂ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ। ਇਸ ਮੇਲੇ ਦੀ ਰੌਣਕ ਨੂੰ ਵਧਾਉਣ ਲਈ ਪ੍ਰਸਿੱਧ ਗਾਇਕ ਮੁਹੰਮਦ ਸਦੀਕ ਤੇ ਬੀਬਾ ਰਣਜੀਤ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਏ ਸਨ, ਜਿਨ੍ਹਾਂ ਨੇ ਮੇਲੇ ਵਿੱਚ ਆਪਣੀ ਹਾਜ਼ਰੀ ਲਗਵਾ ਕੇ ਆਪਣੇ ਲਾਡਲੇ ਗਾਇਕ ਤੇ ਗੀਤਕਾਰ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਗੀਤ ਗਾ ਕੇ ਸੱਚੀ-ਸੁੱਚੀ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਸਵਰਗੀ ਦੀਦਾਰ ਸੰਧੂ ਦੇ ਗੀਤਾਂ ਦੇ ਮੁਖੜਿਆਂ ਨੂੰ ਤਰਤੀਬ ਦੇ ਕੇ ਗੀਤਕਾਰ ਬਲਬੀਰ ਮਾਨ ਜੰਡੀ ਵਾਲੇ ਦੁਆਰਾ ਲਿਖੇ ਤੇ ਪ੍ਰਸਿੱਧ ਗਾਇਕ ਹੈਪੀ ਰੰਦੇਵ ਤੇ ਬੀਬਾ ਗੀਤਾ ਬਾਲੀ ਦੁਆਰਾ ਗਾਏ ਗੀਤ 'ਸਿਫ਼ਤਾਂ ਕਲਮ ਦੀਦਾਰ ਦੀਆਂ' ਨੂੰ ਪੰਜਾਬੀ ਗੀਤਕਾਰ ਸਭਾ ਪੰਜਾਬ ਦੇ ਪ੍ਰਧਾਨ ਤੇ ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ, ਉੱਪ ਚੇਅਰਮੈਨ ਜਸਵੰਤ ਸੰਦੀਲਾ, ਸੀਨੀਅਰ ਮੀਤ ਪ੍ਰਧਾਨ ਸਾਧੂ ਸਿੰਘ ਦਿਲਸ਼ਾਦ, ਇੰਸਪੈਕਟਰ ਜਗਰਾਜ ਸਿੰਘ, ਜਸਵੰਤ ਬੋਪਾਰਾਏ, ਰਵਿੰਦਰ ਹੁੰਝਣ, ਜੈਲਦਾਰ ਕਮਲਜੀਤ ਸਿੰਘ ਜੰਡੀ, ਅਮਰਜੀਤ ਸਿੰਘ ਤਲਵੰਡੀ, ਕਾਮਰੇਡ ਭਰਭੂਰ ਸਿੰਘ ਸਵੱਦੀ ਨੇ ਪੋਸਟਰ ਰਿਲੀਜ਼ ਕਰਕੇ ਯੂ ਟਿਊਬ 'ਤੇ ਲੋਕ ਅਰਪਿਤ ਕੀਤਾ।ਇਹ ਗੀਤ ਇਹ ਗੀਤ 'ਜੰਡੀ ਸੰਗੀਤ ਜੰਕਸ਼ਨ ਚੌਂਕੀਮਾਨ' (ਲੁਧਿਆਣਾ) ਦੇ ਸਹਿਯੋਗ ਨਾਲ ਤਿਆਰ ਕਰਕੇ ਐਪਲ ਰਿਕਾਰਡ ਕੰਪਨੀ ਦੇ ਬੈਨਰ ਹੇਠ ਲੋਕਾਂ ਦੀ ਕਚਹਿਰੀ ਵਿੱਚ ਆਡੀਓ ਟਰੈਕ ਪੇਸ਼ ਕੀਤਾ, ਜਿਸ ਦੀ ਮੇਲੇ ਵਿੱਚ ਆਏ ਸਰੋਤਿਆਂ ਨੇ ਪ੍ਰਸ਼ੰਸਾ ਕਰਦਿਆਂ ਸਮੁੱਚੀ ਟੀਮ ਨੂੰ ਵਧੀਆ ਗੀਤ ਦੀਆਂ ਵਧਾਈਆਂ ਦਿੱਤੀਆਂ।

ਇਸ ਮੌਕੇ ਪ੍ਰਸਿੱਧ ਗਾਇਕ ਬਿੱਟੂ ਖੰਨੇ ਵਾਲਾ, ਜਗਮੋਹਣ ਸੰਧੂ ਤੇ ਬੀਬਾ ਰਾਜਵਿੰਦਰ ਕੌਰ ਪਟਿਆਲਾ ਨੇ ਇਕੱਠਿਆਂ 'ਕੱਲ੍ਹ ਦਾ ਕਾਲਜਾ ਦੁੱਖਦਾ' ਗੀਤ ਗਾ ਕੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜਸਵੰਤ ਸੰਦੀਲਾ ਨੇ ਵੀ ਆਪਣੇ ਗੀਤਾਂ ਨਾਲ ਹਾਜ਼ਰੀ ਲਗਵਾ ਕੇ ਖੂਬ ਰੰਗ ਬੰਨਿਆ। ਉਨ੍ਹਾਂ ਆਪਣਾ ਨਵਾਂ ਗੀਤ 'ਪਹਿਲਾਂ ਮਰਦ ਘੂਰਦੇ ਸੀ ਤੀਵੀਆਂ ਨੂੰ, ਹੁਣ ਤੀਵੀਂਆਂ ਘੂਰਦੀਆਂ' ਗਾ ਕੇ ਵਧੀਆ ਗੀਤਕਾਰੀ ਤੇ ਗਾਇਕੀ ਦਾ ਸਬੂਤ ਦਿੱਤਾ।ਉਪਰੰਤ ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ ਨੇ ਉਸਤਾਦ ਲੋਕ ਸਵਰਗੀ ਦੇਵ ਥਰੀਕੇ ਵਾਲਾ ਦਾ ਗੀਤ ਦਾ ਗੀਤ '40 ਪਿੰਡਾਂ ਦੀ ਜ਼ਮੀਨ ਲੁਧਿਆਣਾ ਖਾ ਗਿਆ,' 'ਆਉਣ ਪੇਕਿਆਂ ਤੋਂ ਠੰਡੀਆਂ ਹਵਾਵਾਂ ਵੀਰ ਹੁੰਦੇ ਰੱਬ ਵਰਗੇ' ਗਾ ਕੇ ਆਪਣੀ ਹਾਜ਼ਰੀ ਲਗਵਾਈ।

ਇਸ ਉਪਰੰਤ ਸੰਧੂ ਸੁਰਜੀਤ ਸੰਧੂ, ਬਲਵੀਰ ਰਾਏ ਤੇ ਸ਼ਬਨਮ ਰਾਏ, ਗੁਰਪ੍ਰੀਤ ਵਿੱਕੀ ਤੇ ਬੀਬਾ ਜਸਪ੍ਰੀਤ ਜੱਸੀ, ਰਜੀਆ ਢਿੱਲੋਂ, ਮੈਂਡੀ ਕਾਲੜਾ, ਮਨਜੀਤ ਮਾਨ ਗਿੱਲ ਅਖਾੜੇ ਵਾਲਾ, ਭਗਵਾਨ ਹਾਂਸ ਨੇ ਵੀ ਆਪਣੇ ਨਵੇਂ ਪੁਰਾਣੇ ਗੀਤਾਂ ਨਾਲ ਹਾਜ਼ਰੀ ਲਗਵਾ ਕੇ ਦੀਦਾਰ ਸੰਧੂ ਯਾਦਗਾਰੀ ਮੇਲੇ ਨੂੰ ਕਾਮਯਾਬ ਕੀਤਾ।ਪ੍ਰਸਿੱਧ ਗਾਇਕ ਸੁਖਵਿੰਦਰ ਸੁੱਖੀ ਨੇ ਆਪਣੀ ਸ਼ੇਅਰੋ ਸ਼ਾਇਰੀ ਨਾਲ ਆਏ ਹੋਏ ਸਰੋਤਿਆਂ ਤੇ ਰਾਜਨੀਤਕ ਲੋਕਾਂ ਦੀ ਹਾਜ਼ਰੀ ਵਿੱਚ ਸਰਕਾਰਾਂ ਦੇ ਕੰਮਾਂ ਦੀ ਨੁਕਤਾ ਚੀਨੀ ਕੀਤੀ। ਇਸ ਉਪਰੰਤ ਸਵਰਗੀ ਦੀਦਾਰ ਸੰਧੂ ਜੀ ਦੇ ਲਾਡਲੇ ਫਰਜ਼ੰਦ ਜਗਮੋਹਨ ਸੰਧੂ ਨੇ ਪਿੰਡ ਦੇ ਪਤਵੰਤੇ ਸੱਜਣਾਂ ਦੀ ਹਾਜ਼ਰੀ ਵਿੱਚ ਕਾਮਰੇਡ ਭਰਪੂਰ ਸਿੰਘ ਸਵੱਦੀ ਦੇ ਸਹਿਯੋਗ ਨਾਲ ਮੇਲੇ ਨੂੰ ਕਾਮਯਾਬ ਕਰਨ ਲਈ ਦੂਰ ਦੂਰ ਤੋਂ ਆਏ ਦੀਦਾਰ ਸੰਧੂ ਦੇ ਪ੍ਰੇਮੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਅਪੀਲ ਕੀਤੀ ਕਿ ਜਿਸ ਤਰ੍ਹਾਂ ਤੁਸੀਂ ਇਸ ਵਾਰ ਭਰੋਵਾਲ ਖ਼ੁਰਦ ਦੇ ਮੇਲੇ ਨੂੰ ਭਰਮੀਂ ਹਾਜ਼ਰੀ ਦੇ ਕੇ ਕਾਮਯਾਬ ਕੀਤਾ ਹੈ, ਆਉਣ ਵਾਲੇ ਮੇਲੇ 'ਤੇ ਵੀ ਤੁਸੀਂ ਕਾਫ਼ਲਿਆਂ ਦੇ ਰੂਪ ਵਿੱਚ ਆਓਗੇ, ਤੁਹਾਡਾ ਹਰ ਕਦਮ ਸਾਡੇ ਪਰਿਵਾਰ ਦੇ ਸਿਰ ਮੱਥੇ ਹੋਵੇਗਾ।ਇਸ ਮੌਕੇ ਇਲਾਕੇ ਦੇ ਪਤਵੰਤੇ ਸੱਜਣਾਂ ਪੰਚਾਂ ਸਰਪੰਚਾਂ ਰਾਜਨੀਤਕ ਲੋਕਾਂ ਗਾਇਕਾਂ ਤੇ ਗੀਤਕਾਰਾਂ ਤੋਂ ਇਲਾਵਾ ਜੈਤੋਂ, ਮੁਕਤਸਰ, ਬਰਗਾੜੀ, ਪਾਤੜਾਂ, ਹਰਿਆਣਾ, ਰਾਜਸਥਾਨ ਤੇ ਹੋਰ ਦੂਰੋਂ ਦੂਰੋਂ ਆਏ ਲੋਕਾਂ ਨੇ ਮੇਲੇ ਦਾ ਆਨੰਦ ਮਾਣਦਿਆਂ ਦੀਦਾਰ ਸੰਧੂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।ਇਸ ਮੌਕੇ ਸਰਪੰਚ ਸਾਧੂ ਸਿੰਘ ਦਿਲਸ਼ਾਦ, ਇੰਸਪੈਕਟਰ ਜੁਗਰਾਜ ਸਿੰਘ ਕਪੂਰੇ, ਅਮਰਜੀਤ ਬਿੱਲੂ ਆਰੇ ਵਾਲਾ, ਮਨਜੀਤ ਸਿੰਘ ਸਵੱਦੀ, ਪੱਤਰਕਾਰ ਕੁਲਦੀਪ ਮਾਨ ਮਨੀ ਰਸੂਲਪੁਰੀ, ਬਿੱਟੂ ਸੁਵੱਦੀ, ਤਰਲੋਕ ਸਵੱਦੀ, ਗੀਤਕਾਰ ਬਲਵੀਰ ਮਾਨ ਜੰਡੀ ਵਾਲਾ, ਗਾਇਕ ਜਸਪਾਲ ਮਾਨ, ਅਮਨ ਫੁੱਲਾਂਵਾਲ, ਸੁਰਿੰਦਰ ਸਿੰਘ ਦੁੱਗਰੀ, ਦਿਲਬਾਗ ਹੁੰਦਲ, ਬਲਤੇਜ ਸਰਾਂ, ਤੇਜਾ ਤਲਵੰਡੀ, ਦਰਸ਼ਨ ਬਰਸਾਲਾਂ ਵਾਲਾ, ਗੁਰਦੇਵ ਸਿੰਘ ਪੁੜੈਣ ਤੇ ਹੋਰ ਇਲਾਕੇ ਭਰ ਦੇ ਆਏ ਹੋਏ ਸਰੋਤਿਆਂ ਨੇ ਇਸ ਮੇਲੇ ਦੀ ਰੌਣਕ ਨੂੰ ਵਧਾਉਂਦਿਆਂ ਖ਼ੂਬ ਆਨੰਦ ਮਾਣਿਆ।

24- Nov - Page - 7.qxd 11/23/2025 9:32 PM Page 1



## ਨਰਸੀ ਨਾਮਦੇਵ ਤੋਂ ਚੱਲੇ ਸਾਇਕਲਿਸਟਾਂ ਦਾ ਸੁਨਾਮ ਪਹੁੰਚਣ 'ਤੇ ਨਿੱਘਾ ਸਵਾਗਤ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਾਂਝੀਵਾਲਤਾ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦੇਣ ਲਈ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦੇ ਮਹਾਰਾਸ਼ਟਰ ਵਿੱਚ ਸਥਿਤ ਜਨਮ ਅਸਥਾਨ ਨਰਸੀ ਨਾਮਦੇਵ ਤੋਂ ਚੱਲੇ ਸਾਇਕਲਿਸਟਾਂ ਦਾ ਸੁਨਾਮ ਪਹੁੰਚਣ ਮੌਕੇ ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬ ਬਾਬਾ ਨਾਮਦੇਵ ਜੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਸਾਇਕਲ ਯਾਤਰਾ ਨਰਸੀ ਨਾਮਦੇਵ ਤੋਂ ਸ਼ੁਰੂ ਹੋ ਕੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਥਿਤ ਕਸਬਾ ਘੁਮਾਣ ਵਿਖੇ ਪੁੱਜੇਗੀ।ਭਗਤ ਨਾਮਦੇਵ ਜੀ ਨੇ ਇਸ ਜਗ੍ਹਾ 'ਤੇ ਆਪਣੀ ਉਮਰ ਦੇ ਅੰਤਲੇ ਦਿਨ ਬਿਤਾਏ ਤੇ ਇੱਥੇ ਹੀ ਜੋਤੀ ਜੋਤਿ ਸਮਾਏ ਸਨ।ਇਸ ਮੌਕੇ ਗੱਲਬਾਤ ਕਰਦਿਆਂ ਸਾਈਕਲ ਯਾਤਰਾ ਵਿੱਚ ਸ਼ਾਮਲ ਸੂਰਿਯਾ ਕਾਂਤ, ਹਰਸ਼ਲ ਸਰੋਦੇ ਤੇ ਰਾਜਿੰਦਰ ਕੁਸ਼ ਕਾਵਸੇ ਨੇ ਆਖਿਆ ਕਿ ਭਗਤ ਨਾਮਦੇਵ ਜੀ ਮਹਾਰਾਜ ਨੇ ਆਪਣੇ ਜੀਵਨ ਦੌਰਾਨ ਸਮੁੱਚੀ ਮਾਨਵਤਾ ਨੂੰ ਸਾਂਝੀਵਾਲਤਾ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ ਹੈ।ਉਨ੍ਹਾਂ ਵੱਲੋਂ ਦਿਖਾਏ ਰਸਤੇ ਤੇ ਚੱਲਦਿਆਂ ਸੰਗਤਾਂ ਨੂੰ ਸੁਨੇਹਾ ਦੇਣ ਲਈ ਹਰ ਸਾਲ ਭਗਤ ਨਾਮਦੇਵ ਜੀ ਮਹਾਰਾਜ ਦੇ ਜਨਮ ਅਸਥਾਨ ਨਰਸੀ ਨਾਮਦੇਵ ਤੋਂ ਸਾਈਕਲ ਯਾਤਰਾ ਦਾ ਆਯੋਜਨ ਕੀਤਾ ਜਾਂਦਾ ਹੈ।ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਤਰਲੋਚਨ ਸਿੰਘ ਮੋਹਲ ਤੇ ਮੁੱਖ ਗ੍ਰੰਥੀ ਭਾਈ ਜਗਮੇਲ ਸਿੰਘ ਛਾਜਲਾ ਨੇ ਦੱਸਿਆ ਕਿ ਮਹਾਰਾਸ਼ਟਰ ਤੋਂ ਚੱਲੀ ਸਾਈਕਲ ਯਾਤਰਾ ਵਿੱਚ ਸ਼ਾਮਲ ਵਿਅਕਤੀਆਂ ਨੂੰ ਸਨਮਾਨਤ ਕੀਤਾ ਗਿਆ ਹੈ ਅਤੇ ਲੰਗਰ ਦਾ ਪ੍ਰਬੰਧ ਸੰਗਤਾਂ ਵੀ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਤਰਲੋਚਨ ਸਿੰਘ ਮੋਹਲ, ਮੀਤ ਪ੍ਰਧਾਨ ਲੱਕੀ ਜੱਸਲ, ਜਨਰਲ ਸਕੱਤਰ ਕੁਲਵਿੰਦਰ ਸਿੰਘ ਮੋਹਲ, ਮਹਿੰਦਰ ਸਿੰਘ ਜੌੜਾ, ਦਰਸ਼ਨ ਸਿੰਘ ਔਲਖ, ਬੰਤ ਸਿੰਘ ਰਾਏ, ਆਸ਼ਾ ਸਿੰਘ ਰਾਏ, ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਜਗਮੇਲ ਸਿੰਘ ਛਾਜਲਾ, ਬੀਬੀ ਸੁਖਵੰਤ ਕੌਰ, ਲਵਪ੍ਰੀਤ ਕੌਰ, ਬਲਵਿੰਦਰ ਕੌਰ ਔਲਖ, ਵਿੱਕੀ ਮੋਹਲ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਕੇਂਦਰ ਸਰਕਾਰ ਪੰਜਾਬ ਨਾਲ ਵਿਤਕਰਿਆਂ ਕਰਨ ਕਰਕੇ ਕਾਂਗਰਸ ਤੋਂ ਵੀ ਅੱਗੇ ਲੰਘੀ-ਬਰਸਟ

## ➢ ਕੇਂਦਰ ਦੀ ਪੰਜਾਬ ਪ੍ਰਤੀ ਹਰ ਗਲਤ ਨੀਤੀ ਦਾ ਦਿੱਤਾ ਜਾਵੇਗਾ ਮੂੰਹ-ਤੋੜ ਜਵਾਬ

ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ) ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਸ੍ਰ. ਹਰਚੰਦ ਸਿੰਘ ਬਰਸਟ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਨਾਲ ਹਰ ਪੱਧਰ 'ਤੇ ਕੀਤੇ ਜਾ ਰਹੇ ਵਿਤਕਰਿਆਂ ਦੀ ਸਖਤ ਨਿਖੇਧੀ ਕੀਤੀ ਹੈ।ਪਹਿਲਾਂ ਪੰਜਾਬ ਯੂਨੀਵਰਸਿਟੀ ਤੇ ਸਿੱਧਾ ਕਬਜ਼ਾ ਕਰਨ ਤੇ ਉੱਥੇ ਚਲੀ ਆ ਰਹੀ ਸੈਨਿਟ ਨੂੰ ਖਤਮ ਕਰਨ ਦੀਆਂ ਚਾਲਾਂ ਚਲਦੇ ਹੋਏ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਨੇ ਗਲਤ ਆਦੇਸ਼ ਜਾਰੀ ਕੀਤੇ।ਪੰਜਾਬ ਦੇ ਨੌਜਵਾਨਾਂ ਤੇ ਪੰਜਾਬ ਹਿਤੈਸ਼ੀ ਲੋਕਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਕਾਰਨ ਪਿੱਛੇ ਮੁੜਨਾ ਪਿਆ।ਹੁਣ ਦੁਬਾਰਾ ਫਿਰ ਲੋਕ ਸਭਾ ਵਿੱਚ ਸੰਵਿਧਾਨ ਸੋਧ ਕਰਕੇ ਪੂਰੇ ਚੰਡੀਗੜ੍ਹ ਸ਼ਹਿਰ ਉੱਤੇ ਹੀ ਕਬਜ਼ਾ ਕਰਨ ਦੀ ਨੀਤੀ ਨਾਲ ਨਵਾਂ ਸੰਵਿਧਾਨਕ ਸੋਧ ਬਿੱਲ ਲਿਆ ਕੇ ਹਥਿਆਉਣ ਦੀ ਤਿਆਰੀ ਕੀਤੀ ਜਾ ਰਹੀ ਹੈ, ਜੋ ਕਿ ਭਾਰਤ ਦੇ ਸੰਘੀ ਢਾਂਚੇ ਦਾ ਨਿਰਾਦਰ ਹੈ ਤੇ ਸੰਵਿਧਾਨ ਦੀ ਉਲੰਘਣਾ ਹੈ।ਇੱਥੇ ਹੀ ਬਸ ਨਹੀ ਇਸ ਤੋਂ ਪਹਿਲਾਂ ਵੀ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਰੂਰਲ ਡਿਵੈਲਪਮੈਂਟ ਫੰਡ ਦਾ 8500 ਕਰੋੜ ਰੁਪਏ ਤੋਂ ਵੱਧ ਦਾ ਪੈਸਾ ਰੋਕ ਕੇ ਪੰਜਾਬ ਦੇ ਲੋਕਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਦੀ ਤਰੱਕੀ ਦੇ ਰਾਹ ਵਿੱਚ ਰੋੜਾ ਅਟਕਾਇਆ ਜਾ ਰਿਹਾ ਹੈ, ਕਿਉਂਕਿ ਰੂਰਲ ਡਿਵੈਲਪਮੈਂਟ ਫੰਡ ਪੰਜਾਬ ਦੇ ਲੋਕਾਂ ਦੀਆਂ ਜਿਣਸਾਂ ਵਿਕਣ 'ਤੇ ਹੀ ਕੱਟਿਆ ਗਿਆ ਹੈ।ਇਸ ਨੂੰ ਰੋਕ ਕੇ ਭਾਰਤੀ ਜਨਤਾ ਪਾਰਟੀ ਜਿੱਥੇ ਮੰਡੀ ਸਿਸਟਮ ਨੂੰ ਖਤਮ ਕਰਨਾ ਚਾਹੁੰਦੀ ਹੈ, ਉਥੇ ਪੰਜਾਬ ਨੂੰ ਵੀ ਆਰਥਿਕ ਤੌਰ 'ਤੇ ਬਰਬਾਦ ਕਰਨਾ ਚਾਹੁੰਦੀ ਹੈ।ਇਸ ਦੇ ਨਾਲ ਹੀ ਹੈਲਥ ਮਿਸ਼ਨ ਵਰਗੀਆਂ ਸਕੀਮਾਂ ਦਾ ਪੈਸਾ ਵੀ ਸਹੀ ਢੰਗ ਨਾਲ ਨਹੀਂ ਦਿੱਤਾ ਜਾ ਰਿਹਾ।ਕੇਂਦਰ ਵੱਲੋਂ ਜੋ ਪੰਜਾਬ ਨੂੰ ਆਰਥਿਕ ਮਦਦ ਮਿਲਣੀ ਚਾਹੀਦੀ ਹੈ, ਕੇਂਦਰ ਸਰਕਾਰ ਵੱਲੋਂ ਨਹੀਂ ਦਿੱਤੀ ਜਾ ਰਹੀ।ਕੇਂਦਰ ਦੇ ਅੰਨ ਭੰਡਾਰਾਂ ਵਿੱਚ ਪੰਜਾਬ ਦਾ 45-55% ਯੋਗਦਾਨ ਹੈ।ਜਿਹੜਾ ਕਿ ਪੰਜਾਬੀਆਂ ਦੀ ਸਖਤ ਮਿਹਨਤ, ਉਪਜਾਊ ਧਰਤੀ ਤੇ ਪੰਜਾਬ ਦੇ ਪਾਣੀਆਂ ਨੂੰ ਬਰਬਾਦ ਕਰਕੇ ਪੈਦਾ ਕੀਤਾ ਜਾਂਦਾ ਹੈ।ਇਸ ਦੇ ਬਦਲੇ ਕੇਂਦਰ ਸਰਕਾਰ ਕਿਸਾਨਾਂ ਦੀਆਂ ਫਸਲਾਂ ਨੂੰ ਵੀ ਪੂਰਾ ਮੁੱਲ ਨਹੀਂ ਦਿੰਦੀ। ਇਥੇ ਹੀ ਬਸ ਨਹੀਂ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਕੇਂਦਰ ਸਰਕਾਰ ਨੇ ਹਾਲੇ ਤੱਕ ਕੋਈ ਆਰਥਿਕ ਮਦਦ ਨਹੀਂ ਕੀਤੀ।ਪੰਜਾਬ ਦੀ ਲੱਖਾਂ ਏਕੜ ਫਸਲ ਬਰਬਾਦ ਹੋ ਗਈ, ਹਜ਼ਾਰਾ ਲੋਕਾਂ ਦੇ ਘਰ ਢਹਿ ਗਏ, ਸੜਕਾਂ ਅਤੇ ਪੁੱਲ ਟੁੱਟ ਗਏ, ਮਾਲ ਤੇ ਭਾਰੀ ਜਾਨੀ ਨੁਕਸਾਨ ਹੋਇਆ, ਪ੍ਰੰਤੂ ਕੇਂਦਰ ਦੀ ਭਾਜਪਾ ਸਰਕਾਰ ਨੂੰ ਕੋਈ ਦਰਦ ਨਹੀਂ ਆਇਆ।ਐਲਾਨ ਕੀਤਾ ਗਿਆ 1600 ਕਰੋੜ ਰੁਪਿਆ ਵੀ ਪੰਜਾਬ ਨੂੰ ਅਜੇ ਤੱਕ ਨਹੀ ਦਿੱਤਾ ਗਿਆ, ਜਦੋਂਕਿ ਦੂਜੇ ਸੂਬਿਆਂ ਵਿੱਚ ਜਿਵੇਂ ਕਿ ਕੇਰਲਾ, ਬਿਹਾਰ, ਮਹਾਂਰਾਸ਼ਟਰਾ, ਮੱਧ ਪ੍ਰੇਦਸ਼ ਵਰਗੇ ਸੂਬਿਆਂ ਵਿੱਚ ਹੜ੍ਹ ਆਉਂਦੇ ਹਨ ਜਾਂ ਕੁਦਰਤੀ ਆਫਤ ਆਉਂਦੀ ਹੈ ਤਾਂ ਤੁਰੰਤ ਵੱਡਾ ਪੈਕਜ ਡਿਜ਼ਾਸਟਰ ਮੈਨੇਜਮੈਂਟ ਵੱਲੋਂ ਦਿੱਤਾ ਜਾਂਦਾ ਹੈ ਤੇ ਹਰ ਤਰਾਂ ਦੀ ਮਦਦ ਕੀਤੀ ਜਾਂਦੀ ਹੈ ਫਿਰ ਪੰਜਾਬ ਨਾਲ ਇਹ ਧੱਕਾ ਤੇ ਬੇਇਨਸਾਫੀ ਕਿਉ?



ਇਸ ਤੋਂ ਪਹਿਲਾਂ ਕੇਂਦਰ ਵਿੱਚ ਕਾਂਗਰਸ ਸਰਕਾਰ ਹੁੰਦੇ ਹੋਏ ਵੀ ਪੰਜਾਬ ਦੀ ਆਰਥਿਕਤਾ ਨੂੰ ਬਰਬਾਦ ਕਰਨ, ਪੰਜਾਬ ਦੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਨਾ ਦੇਣ ਅਤੇ ਪੰਜਾਬ ਦੇ ਸੱਭਿਆਚਾਰ ਨੂੰ ਖਤਮ ਕਰਨ ਵਿੱਚ ਕਾਂਗਰਸ ਵੱਲੋਂ ਕੋਈ ਕਸਰ ਨਹੀ ਛੱਡੀ ਗਈ।ਚੰਡੀਗੜ੍ਹ ਜੋ ਕਿ ਪੰਜਾਬ ਦੀ ਰਾਜਧਾਨੀ ਹੈ, ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਹੈ, ਹਰ ਪੱਖੋਂ ਪੰਜਾਬ ਦਾ ਹੱਕ ਹੈ।ਕਾਂਗਰਸ ਪਾਰਟੀ ਨੇ ਲੰਮੇ ਸਮੇਂ ਤੋਂ ਇਹ ਮਸਲੇ ਲਮਕਮੀ ਅਵਸਥਾ ਵਿੱਚ ਰੱਖੇ ਹਨ ਤੇ ਕਦੇ ਵੀ ਪੰਜਾਬੀਆਂ ਨੂੰ ਇਸ ਦਾ ਮਾਣ ਨਹੀਂ ਦਿੱਤਾ।ਧੱਕੇ ਨਾਲ ਪੰਜਾਬ ਦਾ ਪਾਣੀ ਲੁੱਟਣ ਲਈ ਆਦੇਸ਼ ਜਾਰੀ ਕੀਤੇ ਗਏ ਤੇ ਉਸ ਸਮੇਂ ਦੇ ਮੁੱਖ ਮੰਤਰੀ ਦਰਬਾਰਾ ਸਿੰਘ ਤੋਂ ਦਬਾ ਪਾ ਕੇ ਪੰਜਾਬ ਦੇ ਹੱਕਾਂ ਲਈ ਪਾਈ ਪਟੀਸ਼ਨ ਵੀ ਵਾਪਸ ਕਰਵਾਈ ਗਈ।

ਅੱਜ ਭਾਜਪਾ ਪੰਜਾਬ, ਪੰਜਾਬੀਅਤ ਤੇ ਪੰਜਾਬ ਦੇ ਸੱਭਿਆਚਾਰ ਨੂੰ ਖਤਮ ਕਰਨ ਲਈ ਕਾਂਗਰਸ ਵਾਲੇ ਹੱਥਕੰਡੇ ਹੀ ਅਪਨਾ ਰਹੀ ਹੈ।ਪੰਜਾਬ ਦੇ ਲੋਕ ਨਾ ਪਹਿਲਾਂ ਕਦੇ ਕਿਸੇ ਜਬਰ ਜ਼ੁਲਮ ਅੱਗੇ ਝੁੱਕੇ ਤੇ ਨਾ ਹੀ ਹੁਣ ਝੁੱਕਣਗੇ।ਕੇਂਦਰ ਦੀ ਭਾਰਤੀ ਜਨਤਾ ਪਾਰਟੀ ਨੂੰ ਸਖਤ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਪੰਜਾਬ ਪ੍ਰਤੀ ਵਿਤਕਰੇ ਕਰਨ ਵਾਲੀ ਕਾਂਗਰਸ ਦਾ ਹਸ਼ਰ ਵੇਖੇ, ਜੇਕਰ ਤੁਸੀਂ ਨੀਂ ਇਸੇ ਰਾਹ 'ਤੇ ਤੁਰੋਗੇ ਤਾਂ ਤੁਹਾਡਾ ਹਸ਼ਰ ਵੀ ਕਾਂਗਰਸ ਵਾਲਾ ਹੀ ਹੋਵੇਗਾ।

## ਸ਼ਹੀਦੀ ਸ਼ਤਾਬਦੀ ਸੰਬੰਧੀ ਅਸਾਮ ਤੋਂ ਆਰੰਭ ਹੋਇਆ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜਾ



ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ) ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 21 ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਦੇਸ਼ ਭਰ ਦੇ 25 ਸੂਬਿਆਂ ਵਿਚੋਂ ਹੁੰਦਾ ਹੋਇਆ 92 ਦਿਨਾਂ ਮਗਰੋਂ ਅੱਜ ਸ਼ਰਧਾ, ਉਤਸ਼ਾਹ ਅਤੇ ਰੂਹਾਨੀਅਤ ਭਰੇ ਮਾਹੌਲ ਵਿਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਸੰਪੰਨ ਹੋਇਆ।ਐਤਵਾਰ ਸਵੇਰੇ ਇਤਿਹਾਸਕ ਗੁਰਦੁਆਰਾ ਭੱਠਾ ਸਾਹਿਬ ਰੂਪਨਗਰ ਤੋਂ ਆਪਣੇ ਆਖਰੀ ਪੜਾਅ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਇਆ ਅਤੇ ਘਨੌਲੀ, ਭਰਤਗੜ੍ਹ, ਬੁੰਗਾ ਸਾਹਿਬ ਅਤੇ ਕੀਰਤਪੁਰ ਸਾਹਿਬ ਤੋਂ ਹੁੰਦਾ ਹੋਇਆ ਦੇਰ ਸ਼ਾਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜਾ।ਸ਼ਹੀਦ ਨਗਰ ਕੀਰਤਨ ਦਾ ਇਥੇ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪਰਮਜੀਤ ਸਿੰਘ ਲੱਖੇਵਾਲ, ਭੁਪਿੰਦਰ ਸਿੰਘ ਭਲਵਾਨ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਅਜਮੇਰ ਸਿੰਘ ਖੇੜਾ, ਧਰਮ ਪ੍ਰਚਾਰ ਕਮੇਟੀ ਮੈਂਬਰ ਅਜੈਬ ਸਿੰਘ ਅਭਿਆਸੀ ਨੇ ਜ਼ੋਰਦਾਰ ਸਵਾਗਤ ਕੀਤਾ।

# ਲੇਬਰ ਕੋਡ ਨਾਲ ਬੇਰੁਜ਼ਗਾਰੀ ਹੋਰ ਵਧੇਗੀ-ਡੀ. ਟੀ. ਐੱਫ਼.



ਮਾਨਸਾ, (ਆਤਮਾ ਸਿੰਘ ਪਮਾਰ)-ਕੇਂਦਰ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਲੇਬਰ ਕੋਡ ਲਾਗੂ ਕਰ ਦਿੱਤੇ ਗਏ ਹਨ, ਜੋ ਕਿ ਪੂਰੀ ਤਰ੍ਹਾਂ ਮਜ਼ਦੂਰ ਵਿਰੋਧੀ ਹਨ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਈ ਪ੍ਰਧਾਨ ਵਿਕਰਮਦੇਵ ਸਿੰਘ, ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਕੇਂਦਰ ਸਰਕਾਰ 29 ਕਿਰਤ ਕਾਨੂੰਨਾਂ ਦੀ ਥਾਂ ਇਹ 4 ਕਿਰਤ ਕੋਡ ਮਜ਼ਦੂਰਾਂ ਸਿਰ ਮੜ੍ਹ ਕੇ ਆਪਣਾ ਤਰਜੀਹੀ ਕਾਰਜ ਬਣਾ ਰਹੀ ਹੈ।ਦੇਸ਼ ਦਾ ਕਿਰਤੀ ਸਮੂਹ ਪਹਿਲਾਂ ਹੀ ਬੇਰੁਜ਼ਗਾਰੀ, ਗਰੀਬੀ, ਮਹਿੰਗਾਈ, ਕਰਜ਼ੇ ਦਾ ਭਾਰ ਤੇ ਬਿਮਾਰੀਆਂ ਦੀ ਮਾਰ ਝੱਲ ਰਿਹਾ ਹੈ ਉਪਰੋਂ ਕੇਂਦਰ ਦੀ ਭਾਜਪਾ ਸਰਕਾਰ ਪਹਿਲਾਂ ਮਿਲ ਰਹੀਆਂ ਨਿਗੂਣੀਆਂ ਸਹੂਲਤਾਂ ਉੱਤੇ ਕੱਟ ਲਾਉਣ ਤੇ ਕੰਮ ਦੇ ਘੰਟੇ ਵਧਾਉਣ ਦਾ ਭਾਰ ਪਾਉਣ ਵਾਲੇ ਕਿਰਤ ਕੋਡ ਲਾਗੂ ਕਰ ਰਹੀ ਹੈ।ਇਹ ਕਿਰਤੀ ਵਰਗ ਨਾਲ ਸਰਾਸਰ ਧੱਕਾ ਕੀਤਾ ਜਾ ਰਿਹਾ ਹੈ ਤੇ ਵੱਡੇ ਸਨਅਤਕਾਰਾਂ ਨੂੰ ਲਾਭ ਪਹੁੰਚਾਉਣ ਦੀ ਨੀਅਤ ਨਾਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਲੋਕ ਮਾਰੂ ਸਿਲਸਿਲਾ ਇੱਥੇ ਹੀ ਨਹੀਂ ਰੁਕਣ ਵਾਲਾ, ਅੱਗੇ ਇਹ ਏ ਆਈ ਤਕਨੀਕਾਂ ਆਉਣ 'ਤੇ ਅਧਿਆਪਕਾਂ, ਮੁਲਾਜ਼ਮਾਂ ਤੇ ਹੋਰ ਤਬਕਿਆਂ ਦੇ ਰੁਜ਼ਗਾਰ ਨੂੰ ਵੀ ਪ੍ਰਭਾਵਿਤ ਕਰੇਗਾ।ਡੀ ਟੀ ਐੱਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਨੀਵਾਲ, ਨਵੀਨ ਬੋਹਾ, ਗੁਰਬਚਨ ਹੀਰੇਵਾਲ ਤੇ ਗੁਰਪ੍ਰੀਤ ਭੀਖੀ ਨੇ ਕਿਹਾ ਕਿ ਇਹ ਕਿਰਤ ਕੋਡ ਕਿਰਤੀਆਂ ਦੇ ਵਿਰੋਧੀ ਹਨ।ਇਸ ਨਾਲ ਬੇਰੁਜ਼ਗਾਰੀ ਹੋਰ ਵਧੇਗੀ। ਇਹ ਕੋਡ ਲਾਗੂ ਹੋਣ ਨਾਲ ਕੰਮ ਦੇ ਘੰਟੇ 8 ਤੋਂ 12 ਹੋ ਜਾਣੇ ਹਨ।ਪੱਕੇ ਕੱਚੇ ਰੁਜ਼ਗਾਰ ਵਿੱਚ ਲੱਗੇ ਕਿਰਤੀਆਂ ਵਿਚੋਂ ਤੀਜੇ ਹਿੱਸੇ ਕੋਲੋਂ ਰੁਜ਼ਗਾਰ ਖੋਹਿਆ ਜਾਣਾ ਹੈ।ਬਾਕੀ ਰਹਿੰਦਿਆਂ ਉੱਤੇ ਕੰਮ ਦਾ ਭਾਰ ਵੱਧ ਜਾਣਾ ਹੈ।ਕਿਰਤੀਆਂ ਨੂੰ ਪ੍ਰਾਵੀਡੈਂਟ ਫੰਡ, ਸਿਹਤ ਸਹੂਲਤ, ਬੋਨਸ, ਪੈਨਸ਼ਨ, ਗਰੈਚੂਟੀ ਤੇ ਛੁੱਟੀ ਦਾ ਹੱਕ ਖ਼ਤਮ ਕੀਤਾ ਜਾਣਾ ਹੈ।ਯੂਨੀਅਨ ਬਣਾਉਣ 'ਚ ਵੀ ਰੁਕਾਵਟਾਂ ਖੜ੍ਹੀਆਂ ਕੀਤੀਆਂ ਜਾਣੀਆਂ ਹਨ।

ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਕਿਹਾ ਕਿ ਕਿਰਤੀ ਵਰਗ ਵਿਰੁੱਧ ਫੈਸਲੇ ਲੈਣ ਵਿੱਚ ਪੰਜਾਬ ਸਰਕਾਰ ਕੇਂਦਰੀ ਸਰਕਾਰ ਨਾਲੋਂ ਵੀ ਦੋ ਕਦਮ ਅੱਗੇ ਹੈ।ਇਸ ਨੇ ਸਤੰਬਰ 2023 ਵਿੱਚ ਜਾਰੀ ਕੀਤੇ ਨੋਟੀਫਿਕੇਸ਼ਨ ਰਾਹੀਂ ਪ੍ਰਤੀ ਦਿਨ ਓਵਰਟਾਇਮ ਦੇ ਘੰਟਿਆਂ ਵਿੱਚ ਵਾਧਾ ਕਰਕੇ, ਸਨਅਤਕਾਰਾਂ ਵੱਲੋਂ ਕਾਮਿਆਂ ਤੋਂ ਸਾਰੇ ਦਸ ਘੰਟਿਆਂ ਦੀ ਥਾਂ ਤੇਰਾਂ ਘੰਟੇ ਕੰਮ ਲੈ ਸਕਣ ਦੇ ਕਾਨੂੰਨ ਨੂੰ ਪ੍ਰਵਾਨਗੀ ਪਹਿਲਾਂ ਹੀ ਦਿੱਤੀ ਹੋਈ ਹੈ।

ਆਗੂਆਂ ਨੇ ਕਿਹਾ ਕਿ ਸਨਅਤੀ ਮਜ਼ਦੂਰਾਂ ਦੀਆਂ 10 ਯੂਨੀਅਨਾਂ ਦੇ ਸਾਂਝੇ ਮੰਚ ਨੇ ਇਨ੍ਹਾਂ ਕੋਡਾਂ ਨੂੰ ਮਜ਼ਦੂਰ ਵਿਰੋਧੀ ਤੇ ਮਾਲਕਾਂ ਪੱਖੀ ਕਹਿ ਕੇ ਵਿਰੋਧ ਜਤਾਇਆ ਹੈ।ਕਿਰਤੀਆਂ ਨੇ ਇਹ ਕੰਮ ਦਿਹਾੜੀ 8 ਘੰਟੇ ਕਰਵਾਉਣ ਲਈ ਲੰਮਾਂ ਸੰਘਰਸ਼ ਲੜਿਆ ਹੈ ਤੇ ਜਾਨਾਂ ਕੁਰਬਾਨ ਕੀਤੀਆਂ।ਇਹ ਮਜ਼ਦੂਰ ਵਰਗ ਦੀ ਜਿੱਤ ਵਜੋਂ ਇਤਿਹਾਸ ਵਿੱਚ ਦਰਜ ਹੈ ਤੇ ਸੰਸਾਰ ਭਰ ਅੰਦਰ ਇੱਕ ਮਈ ਦਾ ਦਿਨ ਮਜ਼ਦੂਰ ਦਿਹਾੜੇ ਦੇ ਤੌਰ 'ਤੇ ਮਨਾਇਆ ਜਾਂਦਾ ਹੈ।ਮੌਜੂਦਾ ਸਰਕਾਰਾਂ ਮਜ਼ਦੂਰ ਜਮਾਤ ਵਿਰੋਧੀ ਫ਼ੈਸਲੇ ਕਰਕੇ ਮੁੜ ਸੰਘਰਸ਼ ਨੂੰ ਨਿਉਤਾ ਦੇ ਰਹੀਆਂ ਹਨ।ਆਗੂਆਂ ਨੇ ਅਧਿਆਪਕ ਵਰਗ ਨੂੰ ਸੱਦਾ ਦਿੱਤਾ ਕਿ ਉਹ ਅੱਗੇ ਆ ਕੇ ਇਸ ਕਿਰਤ ਕਾਨੂੰਨ ਦੇ ਵਿਰੋਧ 'ਚ ਮਜ਼ਦੂਰਾਂ ਨਾਲ ਖੜ ਕੇ ਆਪਸੀ ਭਾਈਚਾਰੇ ਦਾ ਸਬੂਤ ਦੇਣ।

## ਬੰਬੀਹਾ ਗਰੁੱਪ ਦੇ ਦੋ ਗੈਂਗਸਟਰ ਪੁਲਸ ਮੁਕਾਬਲੇ 'ਚ ਜ਼ਖ਼ਮੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਿੰਡ ਰੋਂਗਲਾ ਨੇੜੇ ਸੀਆਈਏ ਸਟਾਫ ਪਟਿਆਲਾ ਦੇ ਇੰਚਾਰਜ ਪ੍ਰਦੀਪ ਬਾਜਵਾ ਦੀ ਅਗਵਾਈ ਹੇਠ ਗਈ ਪੁਲਸ ਟੀਮ ਨਾਲ ਹੋਏ ਮੁਕਾਬਲੇ ਦੌਰਾਨ ਬੰਬੀਹਾ ਗਰੁੱਪ ਦੇ ਦੋ ਗੈਂਗਸਟਰ ਗੋਲੀ ਲੱਗਣ ਕਾਰਨ ਜ਼ਖਮੀ ਹੋ ਗਏ।ਪੁਲਸ ਮੁਕਾਬਲੇ ਦੌਰਾਨ ਕਾਬੂ ਕੀਤੇ ਗਏ ਇਨ੍ਹਾਂ ਗੈਂਗਸਟਰਾਂ ਕੋਲੋਂ ਪੁਲਸ ਨੇ ਦੋ ਪਿਸਤੌਲ ਵੀ ਬਰਾਮਦ ਕੀਤੇ ਹਨ।ਗੈਂਗਸਟਰਾਂ ਦੀ ਪਛਾਣ ਹਰਪ੍ਰੀਤ ਸਿੰਘ ਵਾਸੀ ਸ਼ਹਿਰ ਦੀਪੁਰ ਤੇ ਗੌਤਮ ਸਿੰਘ ਵਾਸੀ ਬੌੜਾ ਗੇਟ ਨਾਭਾ ਵਜੋਂ ਹੋਈ ਹੈ, ਜਿਨ੍ਹਾਂ ਨੂੰ ਇਲਾਜ ਲਈ ਰਾਜਿੰਦਰਾ ਹਸਪਤਾਲ ਪਟਿਆਲਾ ਵਿੱਚ ਦਾਖਲ ਕਰਵਾਇਆ ਗਿਆ ਹੈ।ਇਹ ਜਾਣਕਾਰੀ ਐੱਸ ਐੱਸ ਪੀ ਵਰੁਣ ਸ਼ਰਮਾ ਨੇ ਦਿੱਤੀ।

## ਟਰੇਡ ਯੂਨੀਅਨਾਂ 26 ਨੂੰ ਲੇਬਰ ਕੋਡ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜਨਗੀਆਂ



ਲੁਧਿਆਣਾ (ਐੱਮ ਐੱਸ ਭਾਟੀਆ)-ਯੂਨਾਈਟਿਡ ਫਰੰਟ ਆਫ ਟਰੇਡ ਯੂਨੀਅਨਜ਼ ਲੁਧਿਆਣਾ ਦੀ ਇੱਕ ਹੰਗਾਮੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਕੇਵਲ ਸਿੰਘ ਬਨਵੈਤ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਏਟਕ, ਸੀਟੂ, ਇੰਟਕ ਤੇ ਸੀਟੀਯੂ ਪੰਜਾਬ ਦੇ ਆਗੂ ਸਾਥੀਆਂ ਨੇ ਹਿੱਸਾ ਲਿਆ। ਸਰਕਾਰ ਵੱਲੋਂ 21 ਨਵੰਬਰ ਨੂੰ ਚਾਰ ਕਾਲੇ ਲੇਬਰ ਕੋਡਾਂ ਦੇ ਨੋਟੀਫਿਕੇਸ਼ਨ ਜਾਰੀ ਹੋਣ ਦੇ ਵਿਰੋਧ ਵਜੋਂ ਲੁਧਿਆਣਾ ਵਿਖੇ ਪ੍ਰੋਗਰਾਮ ਉਲੀਕੇ ਗਏ, ਜਿਸ ਵਿੱਚ 26 ਨਵੰਬਰ ਨੂੰ ਦੇਸ਼ ਭਰ ਵਿੱਚ ਹੋ ਰਹੇ ਵਿਰੋਧ ਪ੍ਰਦਰਸ਼ਨ ਦੇ ਹਿੱਸੇ ਵਜੋਂ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਦਫਤਰ ਦੇ ਬਾਹਰ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ।ਸਰਕਾਰ ਤੇ ਉਸ ਦੀ ਯੂਨੀਅਨ ਬੀਐੱਮਐੱਸ ਵੱਲੋਂ ਕੀਤੇ ਜਾ ਰਹੇ ਝੂਠੇ ਪ੍ਰਚਾਰ ਖਿਲਾਫ਼ ਮਿਹਨਤਕਸ਼ ਵਰਗ ਅਤੇ ਆਮ ਜਨਤਾ ਨੂੰ ਜਾਗਰੂਕ ਕਰਨ ਲਈ ਪੈਂਫਲਟ ਕੱਢਿਆ ਜਾਵੇਗਾ, ਜੋ ਵੱਡੀ ਪੱਧਰ ਤੇ ਵੰਡਿਆ ਜਾਵੇਗਾ।ਯੂਨੀਅਨਾਂ ਦੇ ਆਗੂਆਂ ਨੇ ਬੋਲਦਿਆਂ ਕਿਹਾ ਕਿ ਜਿਸ ਤਰ੍ਹਾਂ ਸਰਕਾਰ ਨੇ ਜੀਐੱਸਟੀ ਨੂੰ ਲਾਗੂ ਕਰਨ ਵੇਲੇ ਪਹਿਲਾਂ ਬਹੁਤ ਵੱਡੀ ਉਪਲਬਧੀ ਦੇ ਤੌਰ 'ਤੇ ਪੇਸ਼ ਕੀਤਾ ਅਤੇ ਫਿਰ ਇਸ ਨੂੰ ਘਟਾਉਣ ਲਈ ਕੀਤੀਆਂ ਗਈਆਂ ਘੋਸ਼ਣਾਵਾਂ ਨੂੰ ਵੀ ਆਪਣੇ ਵੱਲੋਂ ਇੱਕ ਉਪਲਬਧੀ ਦੇ ਤੌਰ 'ਤੇ ਪੇਸ਼ ਕੀਤਾ ਅਤੇ ਜਿਸ ਤਰ੍ਹਾਂ ਤਿੰਨ ਖੇਤੀ ਕਾਨੂੰਨਾਂ ਵੇਲੇ ਪਹਿਲਾਂ ਕਾਨੂੰਨ ਲਾਗੂ ਕਰਨ ਵੇਲੇ ਫਾਇਦੇ ਗਿਣਾਏ ਗਏ, ਪਰ ਲੋਕਾਂ ਦੇ ਵਿਰੋਧ ਕਾਰਨ ਉਹ ਵਾਪਸ ਲੈਣੇ ਪਏ, ਠੀਕ ਉਸੇ ਤਰ੍ਹਾਂ ਹੁਣ ਇਹ ਚਾਰ ਕਾਲੇ ਲੇਬਰ ਕੋਡ ਵੀ ਵਾਪਸ ਲੈਣੇ ਪੈਣਗੇ।ਮੀਟਿੰਗ ਵਿੱਚ ਜਿਨ੍ਹਾਂ ਆਗੂਆਂ ਨੇ ਵਿਚਾਰ ਪ੍ਰਗਟ ਕੀਤੇ, ਉਨ੍ਹਾਂ ਵਿੱਚ ਐੱਮ ਐੱਸ ਭਾਟੀਆ, ਗੁਰਜੀਤ ਸਿੰਘ ਜਗਪਾਲ, ਜੋਗਿੰਦਰ ਰਾਮ, ਜਗਦੀਸ਼ ਚੰਦ, ਕੇਵਲ ਸਿੰਘ ਬਨਵੈਤ, ਪਰਮਜੀਤ ਸਿੰਘ, ਸਰਬਜੀਤ ਸਿੰਘ ਸਰਹਾਲੀ, ਟਾਈਗਰ ਸਿੰਘ ਤੇ ਬਲਰਾਮ ਸਿੰਘ ਸ਼ਾਮਲ ਹਨ।


**COURT NOTICE**

(U/o 5 Rule 20 CPC)
In the Court of
Sh. Supinder Singh
Civil Judge (Junior Division),
Ludhiana
CNR No. PBLD02-007899-2019
Next Date:- 05-01-2026
Yadwinder Singh
Vs.
Gurpal Kaur
Publication Issued To:
Rachhpal Singh Since Deceased Through Its Legal Heirs/Legal Representatives :-
1. Sukhbir Singh (Son),
2. Rimal Kaur (Daughter), both resident of Village Harnampura, Tehsil and District Ludhiana

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 05-01-2026 at 10:00 a.m.

For details logon to https//highcourtchd.gov.in/mod=district_notice&district=mogacourt

Civil Judge (Junior Division)
Ludhiana
Dated, this day of 17-11-2025

**CIVIL COURTS, LUDHIANA**

In the Court of
Ms. Pavleen Singh
Addl. Civil Judge (Senior Division)
Ludhiana
CNR NO: PBLD02-001178-2025
Peshi: 19.12.2025
Vanita & Ors.
Vs
General Public & Anr.
Petition For Grant Of Succession Certificate
Publication Issued to: General Public

Whereas the above named petitioner VANITA & ORS. has filed petition for the grant of Succession Certificate regarding the assets left by the deceased Sh. AMIT KUD S/O JASPAL RAM KUD who had died on 11.05.2021

Notice is issued in the name of General Public that in case anybody has any objection for the grant of succession certificate, he/she can file objections to the same on or before 19.12.2025 failing which the petition shall be decided in accordance with law.

Given under my hand and the seal of the Court, this 18.11.2025

For details logon to https://highcourtchd.gov.in/?trs=district_notice&district=ludhiana

Addl. Civil Judge (Senior Division)
Ludhiana

**ਜ਼ੋਨ ਨੋਟਿਸ**

ਦੀ ਢੱਟ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ. ਢੱਟ ਦੇ ਸਮੂਹ ਮੈਂਬਰਾਂ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਸੰਬੰਧੀ ਜ਼ੋਨਾਂ ਦੀਆਂ ਲਿਸਟਾਂ ਇਸ ਦਫ਼ਤਰ ਵਿੱਚ ਮਨਜ਼ੂਰੀ ਲਈ ਪ੍ਰਾਪਤ ਹੋਈਆਂ ਹਨ। ਇਹ ਜ਼ੋਨ ਲਿਸਟਾਂ ਸਭਾ ਦੇ ਦਫ਼ਤਰ ਅਤੇ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਹੁਸ਼ਿਆਰਪੁਰ (ਨਿਮਨ ਹਸਤਾਖਰ) ਦੇ ਦਫ਼ਤਰ ਵਿਖੇ ਕਿਸੇ ਕੰਮ ਵਾਲੇ ਦਿਨ ਦੇਖੀਆਂ ਜਾ ਸਕਦੀਆਂ ਹਨ । ਜੇ ਇਹਨਾਂ ਜ਼ੋਨ ਲਿਸਟਾਂ 'ਤੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਕਿਸੇ ਕੰਮ ਵਾਲੇ ਦਿਨ ਮਿਤੀ 10-12-2025 ਨੂੰ ਸਵੇਰੇ 11.00 ਵਜੇ ਤੱਕ ਇਸ ਦਫ਼ਤਰ ਵਿੱਚ ਆ ਕੇ ਜ਼ੋਨ ਦੇਖ ਸਕਦਾ ਹੈ ਅਤੇ ਇਤਰਾਜ਼ ਦੇ ਸਕਦਾ ਹੈ । ਇਨ੍ਹਾਂ ਜ਼ੋਨ ਲਿਸਟਾਂ ਸੰਬੰਧੀ ਪ੍ਰਾਪਤ ਹੋਏ ਇਤਰਾਜ਼ਾਂ ਦੀ ਸੁਣਵਾਈ ਮਿਤੀ 10-12-2025 ਨੂੰ ਬਾਅਦ ਦੁਪਹਿਰ 03.00 ਵਜੇ ਨਿਮਨ-ਹਸਤਾਖਰ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ । ਇਤਰਾਜ਼-ਕਰਤਾ ਖੁਦ ਸੁਣਵਾਈ ਸਮੇਂ ਹਾਜ਼ਰ ਹੋਵੇ । ਅਗਰ ਕਿਸੇ ਦਾ ਕੋਈ ਇਤਰਾਜ਼ ਨਾ ਆਇਆ ਤਾਂ ਉਸੇ ਦਿਨ ਹੀ ਜ਼ੋਨ ਲਿਸਟਾਂ ਦੀ ਪ੍ਰਵਾਨਗੀ ਦੇ ਦਿੱਤੀ ਜਾਵੇਗੀ।

ਸਹੀ/- (ਗੀਤੂ ਠਾਕੁਰ) ਸਹਾਇਕ
ਰਜਿਸਟਰਾਰ, ਸਹਿਕਾਰੀ ਸਭਾਵਾਂ ਹੁਸ਼ਿਆਰਪੁਰ


## ਚੰਡੀਗੜ੍ਹ ਪੰਜਾਬ ਦਾ ਹੈ, ਪੰਜਾਬ ਦਾ ਰਹੇਗਾ : ਬਲਿਹਾਰ ਸਮਸ਼ਪੁਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਵਿਧਾਨ ਸਭਾ ਹਲਕਾ ਸਨੌਰ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਬਲਿਹਾਰ ਸਿੰਘ ਸਮਸ਼ਪੁਰ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸੰਵਿਧਾਨਕ ਸੋਧਾਂ ਰਾਹੀਂ ਪੰਜਾਬ ਤੋਂ ਚੰਡੀਗੜ੍ਹ 'ਤੇ ਉਸ ਦੇ ਅਧਿਕਾਰ ਖੋਹਣ ਦੀ ਕੋਸ਼ਿਸ਼ ਕਿਸੇ ਆਮ ਕਦਮ ਦਾ ਹਿੱਸਾ ਨਹੀਂ ਹੈ, ਸਗੋਂ ਪੰਜਾਬ ਦੀ ਪਛਾਣ ਤੇ ਸੰਵਿਧਾਨਕ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ।ਉਨ੍ਹਾਂ ਕਿਹਾ ਕਿ ਪੰਜਾਬੀਆਂ ਦੇ ਅਧਿਕਾਰ ਖੋਹਣ ਲਈ ਸੰਘੀ ਢਾਂਚੇ ਨੂੰ ਤੋੜਨ ਦੀ ਇਹ ਮਾਨਸਿਕਤਾ ਬਹੁਤ ਖਤਰਨਾਕ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਸੁਰੱਖਿਆ, ਅਨਾਜ, ਪਾਣੀ ਤੇ ਮਨੁੱਖਤਾ ਲਈ ਹਮੇਸ਼ਾ ਕੁਰਬਾਨੀਆਂ ਦੇਣ ਵਾਲਾ ਪੰਜਾਬ ਅੱਜ ਆਪਣੇ ਹੱਕਦਾਰ ਹਿੱਸੇ ਤੋਂ ਵਾਂਝਾ ਹੈ।ਇਹ ਸਿਰਫ਼ ਇਕ ਪ੍ਰਸ਼ਾਸਕੀ ਫੈਸਲਾ ਨਹੀਂ ਹੈ, ਸਗੋਂ ਪੰਜਾਬ ਦੀ ਆਤਮਾ ਨੂੰ ਜ਼ਖਮੀ ਕਰਨ ਦੇ ਸਮਾਨ ਹੈ।ਇਤਿਹਾਸ ਗਵਾਹ ਹੈ ਕਿ ਪੰਜਾਬੀਆਂ ਨੇ ਕਦੇ ਵੀ ਕਿਸੇ ਤਾਨਾਸ਼ਾਹੀ ਅੱਗੇ ਆਪਣਾ ਸਿਰ ਨਹੀਂ ਝੁਕਾਇਆ।ਪੰਜਾਬ ਅੱਜ ਵੀ ਨਹੀਂ ਝੁਕੇਗਾ।ਚੰਡੀਗੜ੍ਹ ਪੰਜਾਬ ਦਾ ਹੈ ਤੇ ਪੰਜਾਬ ਦਾ ਹੀ ਰਹੇਗਾ।

## ਤਰੁਨਪ੍ਰੀਤ ਸਿੰਘ ਸੌਂਦ, ਬੁੱਧ ਰਾਮ ਨੇ ਸੰਗਤ ਨਾਲ ਲਗਾਇਆ ਗਾਈਡਡ ਵਿਰਾਸਤੀ ਟੂਰ



ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਿੰਨ ਦਿਨਾ ਯਾਦਗਾਰੀ ਸਮਾਗਮਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੰਗਤਾਂ ਲਈ ਵਿਸ਼ੇਸ਼ ਤੌਰ 'ਤੇ ਉਲੀਕੇ ਗਏ ਗਾਇਡਡ ਟੂਰ ਦਾ ਯਾਤਰੀ ਭਰਪੂਰ ਲਾਭ ਉਠਾ ਰਹੇ ਹਨ।ਦੱਸ ਦੇਈਏ ਕਿ ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਥਿਤ ਵਿਰਾਸਤ-ਏ-ਖ਼ਾਲਸਾ, ਇਤਿਹਾਸਕ ਗੁਰਦੁਆਰਾ ਸਾਹਿਬਾਨ, ਪੰਜ ਪਿਆਰਾ ਪਾਰਕ ਸਬੰਧੀ ਲੋਕਾਂ ਨੂੰ ਜਾਣਕਾਰੀ ਦੇਣ ਦੇ ਮਕਸਦ ਨਾਲ ਗਾਈਡਡ ਟੂਰ ਸ਼ੁਰੂ ਕੀਤੇ ਗਏ ਹਨ।ਇਨ੍ਹਾਂ ਗਾਈਡਡ ਟੂਰਾਂ ਲਈ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਮਾਹਿਰ ਅਤੇ ਪੰਜਾਬ ਅਤੇ ਸਿੱਖ ਇਤਿਹਾਸ ਤੋਂ ਜਾਣੂ ਗਾਈਡਜ਼ ਨੂੰ ਤਾਇਨਾਤ ਕੀਤਾ ਗਿਆ ਹੈ।ਇਨ੍ਹਾਂ ਗਾਈਡਡ ਟੂਰਜ਼ ਦੀ ਸ਼ੁਰੂਆਤ ਵਿਰਾਸਤ-ਏ-ਖ਼ਾਲਸਾ ਤੋਂ ਕੀਤੀ ਜਾਂਦੀ ਹੈ, ਜਿੱਥੇ 27 ਗੈਲਰੀਆਂ ਰਾਹੀਂ ਸੰਗਤਾਂ ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਤੱਕ, ਬਾਬਾ ਬੰਦਾ ਸਿੰਘ ਬਹਾਦਰ, ਸਿੱਖ ਮਿਸਲਾਂ, ਮਹਾਰਾਜਾ ਰਣਜੀਤ ਸਿੰਘ ਦਾ ਰਾਜਕਾਲ, ਅੰਗਰੇਜ਼ ਸਰਕਾਰ ਖ਼ਿਲਾਫ਼ ਸੰਘਰਸ਼, 1947 ਦੀ ਵੰਡ ਅਤੇ ਪੰਜਾਬੀ ਸੂਬਾ ਮੋਰਚੇ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਇਸ ਉਪਰੰਤ ਪੰਜ ਪਿਆਰਾ ਪਾਰਕ ਸਬੰਧੀ, ਸ੍ਰੀ ਅਨੰਦਪੁਰ ਸਾਹਿਬ ਦੇ ਇਤਿਹਾਸਕ ਗੁਰਦੁਆਰਿਆਂ ਸੰਬੰਧੀ ਗਾਈਡਡ ਟੂਰ ਲਗਾਇਆ ਜਾ ਰਿਹਾ ਹੈ ਅਤੇ ਸੰਗਤਾਂ ਨੂੰ ਇਨ੍ਹਾਂ ਸਥਾਨਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਜਾਂਦਾ ਹੈ।ਪੰਜਾਬ ਦੇ ਸੈਰ-ਸਪਾਟਾ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਵਿਧਾਇਕ ਬੁੱਧ ਰਾਮ ਵੀ ਸੰਗਤ ਨਾਲ ਇਸ ਗਾਈਡਡ ਟੂਰ ਵਿੱਚ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਇਹ ਗਾਈਡਡ ਟੂਰ ਸੰਗਤਾਂ ਨੂੰ ਖ਼ਾਸਕਰ ਨਵੀਂ ਪੀੜ੍ਹੀ ਨੂੰ ਸਿੱਖ ਇਤਿਹਾਸ ਅਤੇ ਪੰਜਾਬ ਦੇ ਇਤਿਹਾਸ ਨਾਲ ਡੂੰਘਾਈ ਨਾਲ ਜੋੜ ਰਹੇ ਹਨ।


![SBI]

RETAIL ASSETS CENTRAL PROCESSING CENTRE (05296), CIVIL LINES, FOUNTAIN CHOWK, LUDHIANA

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦਾ ਮਾਲਕ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਕਰਜ਼ਦਾਰ (1) ਸ੍ਰੀਮਤੀ ਨੀਤੂ ਦੱਤਾ ਪਤਨੀ ਸ੍ਰੀ ਸੁਖਵਿੰਦਰ ਸਿੰਘ ਦੱਤਾ # ਮਕਾਨ ਨੰ. 83, ਪ੍ਰੀਤਮ ਨਗਰ, ਨੇੜੇ ਮੱਲ੍ਹੀ ਪੈਲੇਸ, ਲੁਧਿਆਣਾ-141001 (2) ਸ੍ਰੀ ਸੁਖਵਿੰਦਰ ਸਿੰਘ ਦੱਤਾ ਪੁੱਤਰ ਸ੍ਰੀ ਸੋਹਨ ਸਿੰਘ # ਮਕਾਨ ਨੰ. 83, ਪ੍ਰੀਤਮ ਨਗਰ, ਨੇੜੇ ਮੱਲ੍ਹੀ ਪੈਲੇਸ, ਲੁਧਿਆਣਾ-141001 | ਜਾਇਦਾਦ/ਮਕਾਨ/ਪਲਾਟ ਨੰਬਰ ਦਾ ਸਮੁੱਚਾ ਅਟੁੱਟ ਹਿੱਸਾ। ਰਕਬਾ 98.22 ਵਰਗ ਗਜ਼, ਖਸਰਾ ਨੰ. 1327//1156/663, ਖੱਤਾ ਨੰ. 2906/3479 ਜਮ੍ਹਾਂਬੰਦੀ ਸਾਲ 2006-2007, ਪਤਾ ਪਿੰਡ ਪੀਰੂ ਬੰਦਾ, ਐੱਚ ਬੀ ਨੰ. 83, ਪ੍ਰੀਤਮ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਸੇਲ ਡੀਡ ਵਸੀਕਾ ਨੰ. 5653 ਤਰੀਕ 07/07/2015 ਅਨੁਸਾਰ ਸ੍ਰੀਮਤੀ ਨੀਤੂ ਦੱਤਾ ਪਤਨੀ ਸ੍ਰੀ ਸੁਖਵਿੰਦਰ ਸਿੰਘ ਦੱਤਾ ਦੇ ਨਾਂਅ 'ਤੇ ਹੈ। ਹੱਦਬੰਦੀ : | 02.07.2025 | 21.11.2025 | ਸੰਕੇਤਕ ਕਬਜ਼ਾ / ਰੁਪਏ 8,46,068/-(ਅੱਠ ਲੱਖ ਛਿਆਲੀ ਹਜ਼ਾਰ ਅਠਾਹਠ ਰੁਪਏ ਕੇਵਲ) 30-06-2025 ਤੱਕ ਸਮੇਤ ਹੋਰ ਵਿਆਜ, ਲਾਗਤ, ਹੋਰ ਚਾਰਜਿਜ਼ ਤੇ ਖਰਚੇ ਮਿਤੀ 1.07.2025 ਤੋਂ ਜੋ ਵੀ ਹੋਣ। |

ਪੂਰਬ : ਗੁਆਂਢੀ : 22'-1'', ਪੱਛਮ : ਗਲੀ 24 ਫੁੱਟ ਚੌੜੀ 22'-1'', ਉੱਤਰ : ਗੁਆਂਢੀ 40'-00'', ਦੱਖਣ : ਗਲੀ 20 ਫੁੱਟ ਚੌੜੀ 40'-00''

ਮਿਤੀ : 23.11.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ


## 350 ਸਾਲਾ ਸ਼ਤਾਬਦੀ ਸ਼ਹੀਦੀ ਗੁਰਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ



ਬੁਢਲਾਡਾ (ਅਸ਼ੋਕ ਲਾਕੜਾ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਤਾਬਦੀ ਸ਼ਹੀਦੀ ਗੁਰਪੁਰਬ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਨਜ਼ਦੀਕ ਬੱਸ ਸਟੈਂਡ ਬੁਢਲਾਡਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਹੀ ਲੜੀ ਤਹਿਤ 23 ਨਵੰਬਰ ਨੂੰ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਸਵੇਰੇ 9:30 ਵਜੇ ਕੀਤੇ ਗਏ।ਇਸ ਹੀ ਦਿਨ ਸਵੇਰੇ 8 ਵਜੇ ਤੋਂ 10 ਵਜੇ ਤੱਕ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਧਾਰਮਿਕ ਪ੍ਰੀਖਿਆ ਲਈ ਗਈ।ਇਸ ਤੋਂ ਬਾਅਦ ਦੁਪਹਿਰ ਕਰੀਬ 11 ਵਜੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਮਹਾਨ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਰਾਣਜੀਤ ਸਿੰਘ ਗਤਕਾ ਗਰੁੱਪ ਨੇ ਨਗਰ ਕੀਰਤਨ ਦੌਰਾਨ ਗਤਕੇ ਦੇ ਜੌਹਰ ਵਿਖਾਏ।ਇਸ ਦੌਰਾਨ ਧਾਰਮਿਕ ਤੇ ਸਮਾਜਿਕ ਸੰਸਥਾਵਾਂ, ਗੁਰੂ ਨਾਨਕ ਕਾਲਜ ਦੇ ਵਿਦਿਆਰਥੀ ਤੇ ਸਥਾਨਕ ਸਕੂਲਾਂ ਦੇ ਬੱਚੇ ਨਗਰ ਕੀਰਤਨ ਦੀ ਸ਼ੋਭਾ ਨੂੰ ਵਧਾਇਆ।ਨਗਰ ਕੀਰਤਨ ਦੌਰਾਨ ਸਥਾਨਕ ਸ਼ਹਿਰ ਤੇ ਸਮੂਹ ਪਿੰਡਾਂ ਦੀਆਂ ਸੰਗਤਾਂ ਵੱਲੋਂ ਕੇਲੇ, ਬਰੈੱਡ, ਚਾਹ, ਦੁੱਧ ਤੇ ਬਿਸਕੁਟਾਂ ਆਦਿ ਦੇ ਲੰਗਰ ਛਕਾਏ ਗਏ।ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਦੱਸਿਆ ਕਿ 24 ਨਵੰਬਰ ਨੂੰ ਮਹਾਨ ਕੀਰਤਨ ਦੀਵਾਨ ਹੋਵੇਗਾ, ਜਿਸ ਵਿੱਚ ਕਵੀਸ਼ਰੀ ਜਥਾ ਭਾਈ ਸੁਖਚੈਨ ਸਿੰਘ ਜੀ, ਕਥਾਵਾਚਕ ਗਿਆਨੀ ਸਤਨਾਮ ਸਿੰਘ ਜੀ ਖਡੂਰ ਸਾਹਿਬ ਵਾਲੇ,ਸ਼ਾਮ 7 ਤੋਂ 9:30 ਵਜੇ ਭਾਈ ਜੁਝਾਰ ਸਿੰਘ ਜੀ ਹਜ਼ੂਰੀ ਰਾਗੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਨਿਹਾਲ ਕਰਨਗੇ।25 ਨਵੰਬਰ ਨੂੰ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸਵੇਰੇ 9 ਵਜੇ ਪੈਣਗੇ।ਕਥਾ ਵਾਚ ਗਿਆਨੀ ਸਤਨਾਮ ਸਿੰਘ ਜੀ ਖਡੂਰ ਸਾਹਿਬ ਵਾਲੇ, ਗਿਆਨੀ ਜਸਵਿੰਦਰ ਸਿੰਘ ਜਵੱਧੀ ਟਕਸਾਲ ਲੁਧਿਆਣਾ ਤੇ ਢਾਡੀ ਜੱਥਾ ਭਾਈ ਬਲਵਿੰਦਰ ਸਿੰਘ ਮਲਾਪੀ ਗੁਰੂ ਜੀ ਦੇ ਇਤਿਹਾਸ ਸਬੰਧੀ ਚਾਨਣ ਪਾਉਣਗੇ।ਇਸ ਹੀ ਦਿਨ ਅੰਮ੍ਰਿਤ ਸੰਚਾਰ ਸਵੇਰੇ 10 ਵਜੇ ਪੰਜ ਪਿਆਰੇ ਦਮਦਮੀ ਟਕਸਾਲ ਵਾਲਿਆਂ ਵੱਲੋਂ ਕੀਤਾ ਜਾਵੇਗਾ।ਇਨਾਮ ਵੰਡ ਸਮਾਰੋਹ ਸਵੇਰੇ 10 ਵਜੇ ਤੋਂ 11 ਵਜੇ ਤੱਕ ਹੋਵੇਗਾ।ਗੁਰੂ ਦਾ ਮਹਾਨ ਲੰਗਰ ਅਤੁੱਟ ਵਰਤਾਇਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਤਰਲੋਚਨ ਸਿੰਘ, ਬਾਬਾ ਦਰਸ਼ਨ ਸਿੰਘ, ਗਿਆਨ ਸਿੰਘ ਗਿੱਲ, ਗਿਆਨੀ ਹੰਸਾ ਸਿੰਘ, ਮਿੰਟੂ ਸਿੰਘ, ਪਰੇਮ ਦੋਦੜਾ, ਇੰਦਰਜੀਤ ਸਿੰਘ ਟੋਨੀ, ਜਸਵੀਰ ਸਿੰਘ ਵਿਰਦੀ, ਮਾਸਟਰ ਕੁਲਵੰਤ ਸਿੰਘ, ਤਨਜੋਰ ਸਿੰਘ ਸਾਹਨੀ, ਨੱਥਾ ਸਿੰਘ, ਪਰਮਜੀਤ ਸਿੰਘ ਅਨੇਜਾ, ਜਰਨੈਲ ਸਿੰਘ ਸੰਧੂ ਸ਼ਾਮਲ ਸਨ।

## ਧਰਮ ਪ੍ਰਚਾਰ ਕਮੇਟੀ ਵੱਲੋਂ ਤਿੰਨ ਪੁਸਤਕਾਂ ਤੇ ਸੋਵੀਨਰ ਜਾਰੀ



ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮੌਕੇ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ ਇਤਿਹਾਸ ਨਾਲ ਸਬੰਧਤ ਤਿੰਨ ਪੁਸਤਕਾਂ ਅਤੇ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਇਆ ਸੋਵੀਨਰ ਅੱਜ ਸਮਾਗਮ ਵਿਚ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਜਾਰੀ ਕੀਤਾ ਗਿਆ।ਇਨ੍ਹਾਂ ਪੁਸਤਕਾਂ ਵਿਚ ਡਾ. ਬਲਵੰਤ ਸਿੰਘ ਢਿੱਲੋਂ ਦੁਆਰਾ ਰਚਿਤ 'ਹੁਕਮਨਾਮੇ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਸੰਵਾਦ', ਡਾ. ਪਰਮਵੀਰ ਸਿੰਘ ਦੁਆਰਾ ਲਿਖੀ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜੀਵਨ, ਮਹਿਮਾ ਅਤੇ ਚਰਨ ਛੋਹ ਅਸਥਾਨ' ਅਤੇ ਡਾ. ਧਰਮ ਸਿੰਘ ਤੇ ਡਾ. ਪਰਮਵੀਰ ਸਿੰਘ ਦੁਆਰਾ ਅੰਗਰੇਜ਼ੀ ਵਿਚ ਤਿਆਰ ਪੁਸਤਕ 'ਜੀਵਨੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ' ਸ਼ਾਮਲ ਹਨ। ਇਸ ਦੇ ਨਾਲ ਹੀ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਤਿਆਰ ਕੀਤਾ ਗਿਆ ਵਿਸ਼ੇਸ਼ ਸੋਵੀਨਰ ਵੀ ਸੰਗਤ ਅਰਪਣ ਕੀਤਾ ਗਿਆ।ਇਸ ਸਬੰਧੀ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼ਤਾਬਦੀ ਦੇ ਇਤਿਹਾਸਕ ਮੌਕਿਆਂ 'ਤੇ ਜਿਥੇ ਯਾਦਗਾਰਾਂ, ਗੁਰਮਤਿ ਸਮਾਗਮ ਅਤੇ ਨਗਰ ਕੀਰਤਨ ਵਿਸ਼ੇਸ਼ ਅਹਿਮੀਅਤ ਰੱਖਦੇ ਹਨ। ਉਥੇ ਹੀ ਸਾਹਿਤਕ ਕ੍ਰਿਤਾਂ ਅਗਲੀਆਂ ਪੀੜ੍ਹੀਆਂ ਨੂੰ ਇਤਿਹਾਸ ਅਤੇ ਵਿਰਸੇ ਨਾਲ ਜੋੜੀ ਰੱਖਣ ਲਈ ਕਾਰਗਰ ਸਾਬਤ ਹੁੰਦੀਆਂ ਹਨ। ਉਨ੍ਹਾਂ ਪੁਸਤਕਾਂ ਅਤੇ ਸੋਵੀਨਰ ਤਿਆਰ ਕਰਨ ਵਾਲੇ ਵਿਦਵਾਨਾਂ ਦੇ ਜਤਨਾਂ ਨੂੰ ਸ਼ਲਾਘਾਯੋਗ ਦੱਸਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ ਸਮੇਤ ਹੋਰ ਹਾਜ਼ਰ ਸਨ।


## ਕਲਾਸੀਫਾਈਡ ਇਸ਼ਤਿਹਾਰ

**Change of Name**

I Dlair Masih Gill S/o Iqbal Masih R/o H.No 340/01 Sagran Mohalla Adampur, jalandhar punjab, 144102 have changed my name from Dlair Masih Gill to Dlair Masih.

I, Ranjeet Kaur W/O Manmohan Singh, R/o #143, Karnail Singh Muhulla, Ward No 18, Malout, Sri Muktsar Sahib, Punjab- 152107. have changed my name and shall hereafter be Known as Ravneet Kaur.

I, Sneeta Sarkar W/O Ashish Bamba, R/o Flat No 29B, Friends Enclave Society, Near Devaji Society, Kishanpura Zirakpur, Dhakauli, Sas Nagar (Mohali), Punjab-160104. have changed my name and shall hereafter be Known as Sneeta Ayoti Sarkar Bammbaa.

I, Bhola Nath Yadv son of Ram Avadh Yadav resident of H.No. 63, Ashok Vihar, PO. Grain Market, District Jalandhar, Punjab have changed my name from Bhola Nath Yadv to Bhola Nath Yadav. All concerned please note.

I, Usha wife of Inderjit resident of H.No. 153, Ashok Vihar, Near Verka Milk Plant, District Jalandhar, Punjab have changed my name from Usha to Usha Rani. All concerned please note.

I, Prince Sabharwal S/o Gian Singh R/o Village & PO. Khusropur, Distt. Jalandhar have changed my name from Prince Sabharwal to Sabharwal Prince (Surname as Sabharwal) All Please Note.

I, Gurmit Kaur w/o Malkit Singh r/o Vill. Malla Bedian, PO. Aur, Distt. SBS Nagar, Punjab have changed my name from Gurmeet Kaur Bandala to Gurmit Kaur. All Please Note.

I, Jagir Kaur D/o Churh Singh W/o Darbara Singh R/o Village Tandi Dakhli, Kapurthala, Punjab-144819 have changed my name to Jasvinder Kaur. All Please Note.

I, Ravi Pal S/o Arjan Dass R/o VPO. Udhopur, Distt. Jalandhar, Punjab have changed my minor daughter's name as Given name Prabhdeep and Kaur as Surname. All please note.

I, Dawinder Kaur W/o Ranjit Singh Sidhu R/o Othian, Amritsar, Punjab-143102 have changed my name from Dawinder Kaur to Dalwinder Kaur.

**Change of Name**

I, Harman Singh S/o Daljeet Singh R/o Village- Qadian Wali, PO- Bhopar Saidan, Tehsil/Distt. Gurdaspur, Punjab, India. Declare That in my given name as harman and my surname as Singh.

**ਬੇਦਖਲੀ ਨੋਟਿਸ**

ਮੈਂ, ਬਲਦੇਵ ਸਿੰਘ ਸਿੱਧੂ ਪੁੱਤਰ ਲੇਟ ਬਖਸ਼ੀਸ਼ ਸਿੰਘ, ਵਾਸੀ ਪੱਤੀ ਮੈਹਰਮੀਆਂ, ਪਿੰਡ ਚੂਹੜਚੱਕ, ਤਹਿਸੀਲ ਤੇ ਜ਼ਿਲ੍ਹਾ ਮੋਗਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ ਅਤੇ ਉਸ ਦੀ ਪਤਨੀ ਪਰਮਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ, ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਦੇਵ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਖੁਸ਼ਾਲਪੁਰ, ਡਾਕਖਾਨਾ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੁਖਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਕਿਸ਼ਨਾ ਵਿਧਵਾ ਮੰਗਤ ਰਾਮ, ਵਾਸੀ ਮਹਾਸ਼ੀਆਂ ਦੀ ਬਸਤੀ, ਵਾਰਡ ਨੰ: 8 ਟਾਂਡਾ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੀ ਹਾਂ ਕਿ ਮੇਰੀ ਪੋਤਰੀ ਅਨੂ ਆਪਣੇ ਸਹੁਰੇ ਪਰਵਾਰ ਨਾਲ ਰੁਸ ਕੇ ਆ ਗਈ। ਮੇਰੇ ਸਮਝਾਉਣ ਦੇ ਬਾਵਜੂਦ ਉਹ ਮੇਰੇ ਘਰੋਂ ਕਿਧਰੇ ਹੋਰ ਚਲੀ ਗਈ। ਮੈਂ ਆਪਣੀ ਪੋਤਰੀ ਅਨੂ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ।

**ਨਾਂਅ ਦੀ ਬਦਲੀ**

ਮੈਂ ਵੀਨਸ ਪਤਨੀ ਮਨਜੀਤ ਸਿੰਘ ਗਿੱਲ, ਵਾਸੀ ਮਕਾਨ ਨੰਬਰ 343, ਵਾਰਡ ਨੰਬਰ 15, ਮੁਹੱਲਾ ਨਿਊ ਚੰਦਨ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ-144801, ਪੰਜਾਬ ਨੇ ਆਪਣਾ ਨਾਂਅ ਵੀਨਸ ਤੋਂ ਬਦਲ ਕੇ ਵੀਨਸ ਗਿੱਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਜੋਇਲ ਪੁੱਤਰ ਮਨਜੀਤ ਸਿੰਘ ਗਿੱਲ, ਵਾਸੀ ਮਕਾਨ ਨੰਬਰ 343, ਵਾਰਡ ਨੰਬਰ 15, ਮੁਹੱਲਾ ਨਿਊ ਚੰਦਨ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ-144801, ਪੰਜਾਬ ਨੇ ਆਪਣਾ ਨਾਂਅ ਜੋਇਲ ਤੋਂ ਬਦਲ ਕੇ ਜੋਇਲ ਗਿੱਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

**Ramgarhia College of Education, Phagwara**

Ramgarhia College of Education, Phagwara invites online applications for the following posts on regular basis:

M.Ed. : Professor in Education (01), Assistant Professor (02)
B.Ed. : Assistant Professors in Perspective of Education (03)
Desirable: M.A. in Philosophy, Psychology, History, Education;
Assistant Professors in Education (Pedagogy) (05)
- Hindi, Home Science, Music, Computer Science, Physical Education.

(Online link for receiving applications
https://rcephg.org/index1.php?page=Recruitment).

Qualification and Grade as per UGC/NCTE/Punjab Govt./GNDU norms.

*Reservation Policy will be as per Punjab Govt. rules.*

Candidates must submit online application within 15 days from the date of publication of advertisement. Candidates must fill up the Score Card Proforma (as per Annexure-IV) available in CDC Portal on University Website (www.gndu.ac.in) and submit it along with the application

24-Nov-PAGE--8.qxd 11/23/2025 10:59 PM Page 1



# ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਪ੍ਰਬੰਧਾਂ 'ਤੇ ਦਿਨ-ਰਾਤ ਨਜ਼ਰ ਰੱਖੀ ਜਾ ਰਹੀ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਤੇ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਪ੍ਰਬੰਧਾਂ ਤੇ ਦਿਨ-ਰਾਤ ਨਜ਼ਰ ਰੱਖੀ ਜਾ ਰਹੀ ਹੈ। ਉਹ ਅਧਿਕਾਰੀਆਂ ਤੇ ਆਪਣੀ ਟੀਮ ਨਾਲ ਲਗਾਤਾਰ ਸਮਾਗਮ ਵਾਲੇ ਥਾਵਾਂ ਦਾ ਦੌਰਾ ਕਰ ਰਹੇ ਹਨ। ਬੀਤੀ ਲੰਘੀ ਰਾਤ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਏ ਡੀ ਜੀ ਪੀ ਚੰਦਰ ਜਯੋਤੀ ਸਿੰਘ, ਏ.ਸੀ ਅਭਿਨੰਦਨ ਮਲਿਕ, ਐਸ ਡੀ ਐਮ ਰੂਪਨਗਰ ਡਾ. ਸੰਜੀਵ ਕੁਮਾਰ ਸਮੇਤ ਸਾਰੇ ਅਧਿਕਾਰੀ ਅਤੇ ਟੀਮ ਜਦੋਂ 2 ਵਜੇ ਇਨ੍ਹਾਂ ਸਾਰੇ ਸਮਾਗਮ ਵਾਲੇ ਸਥਾਨਾ ਦਾ ਦੌਰਾ ਕਰ ਰਹੇ ਸਨ ਤਾਂ ਸੰਗਤਾਂ ਨੇ ਵੀ ਭਰੋਸਾ ਪ੍ਰਗਟਾਇਆ ਕਿ ਇਸ ਵਾਰ ਦੇ ਸਮਾਗਮਾਂ ਵਿੱਚ ਪ੍ਰਬੰਧ ਬਹੁਤ ਹੀ ਵਧੀਆ ਹੋਣਗੇ।ਬੈਂਸ ਨੂੰ ਅਧਿਕਾਰੀਆਂ ਨੂੰ ਸਖਤ ਤਾੜਨਾ ਕੀਤੀ ਹੈ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਜਾ ਰਹੇ ਪ੍ਰਬੰਧਾਂ ਵਿਚ ਕੋਈ ਕੁਤਾਹੀ ਜਾਂ ਲਾਪਰਵਾਹੀ ਬਰਦਾਸ਼ਤ ਨਹੀ ਕੀਤੀ ਜਾਵੇਗੀ। ਕੈਬਨਿਟ ਮੰਤਰੀ ਬੈਂਸ ਤੇ ਜ਼ਿਲ੍ਹਾ ਰੂਪਨਗਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਨਾਲ ਸ੍ਰੀ ਅਨੰਦਪੁਰ ਸਾਹਿਬ ਦੀ



ਇਕੱਲੀ-ਇਕੱਲੀ ਸੜਕ 'ਤੇ ਖੁਦ ਦੌਰਾ ਕਰਦੇ ਹੋਏ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲੈ ਰਹੇ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਲੱਖਾਂ ਦੀ ਗਿਣਤੀ ਵਿੱਚ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਪੰਜਾਬ ਸਰਕਾਰ ਵੱਲੋਂ ਸਾਰੇ ਵਿਭਾਗਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਟ੍ਰੈਫਿਕ ਪ੍ਰਬੰਧ, ਸਫਾਈ, ਮੈਡੀਕਲ ਸਹੂਲਤਾਂ, ਵਾਟਰ ਸਪਲਾਈ, ਲੰਗਰਾਂ ਦੀ ਸੁਵਿਧਾ, ਵਲੰਟੀਅਰ ਮੈਨੇਜਮੈਂਟ ਅਤੇ ਸਿਕਿਉਰਿਟੀ ਪ੍ਰਬੰਧ ਹਰੇਕ ਮੋੜ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਰਾਤ-ਦਿਨ ਕੰਮ ਕਰ ਰਹੇ ਸਾਰੇ ਵਿਭਾਗਾਂ ਨੂੰ ਸੰਗਤਾਂ ਦੀ ਸਹੂਲਤ ਨੂੰ ਸਾਰੇ ਪ੍ਰਬੰਧ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਮੁੱਖ ਜ਼ਿੰਮੇਵਾਰੀ ਹੈ ਕਿ ਹਰ ਆਉਣ ਵਾਲਾ ਸ਼ਰਧਾਲੂ ਸੁਵਿਧਾ ਅਤੇ ਸੁਰੱਖਿਆ ਨਾਲ ਗੁਰੂ ਘਰ ਦਾ ਦਰਸ਼ਨ ਕਰ ਸਕੇ। ਉਹਨਾਂ ਦੱਸਿਆ ਕਿ ਸਿਕਿਉਰਿਟੀ ਲਈ 8000 ਅਧਿਕਾਰੀ/ਕਰਮਚਾਰੀ ਤੈਨਾਤ ਕੀਤੇ ਗਏ ਹਨ ਅਤੇ 500 ਸੀਸੀਟੀਵੀ ਕੈਮਰੇ ਲਗਾਏ ਗਏ ਹਨ ਅਤੇ ਵੱਖ-ਵੱਖ ਸੈਕਟਰਾਂ ਵਿਚ ਅਧਿਕਾਰੀਆਂ ਦੀ ਨਿਗਰਾਨੀ ਲਗਾਤਾਰ ਚੱਲ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਸਮੁੱਚੇ ਸਮਾਗਮ ਵਾਲੇ ਖੇਤਰ ਵਿੱਚ 20 ਐਲ.ਈ.ਡੀ ਲਗਾ ਕੇ ਗੁਰਮਤਿ ਸਮਾਗਮਾਂ ਦਾ ਪ੍ਰਸਾਰਣ ਕੀਤਾ ਜਾ ਰਿਹਾ ਹੈ। ਬੈਂਸ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਕੇ ਗੁਰੂ ਘਰ ਵਿਚ ਨਤਮਸਤਕ ਹੋਣ।

# ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ

**ਨੰਗਲ (ਸੁਰਜੀਤ ਸਿੰਘ ਢੇਰ)** ਕੇਂਦਰ ਦੀ ਮੋਦੀ ਸਰਕਾਰ ਵੱਲੋਂ ਜਾਰੀ ਚਾਰ ਲੇਬਰ ਕੋਡ ਦਾ ਵਿਰੋਧ ਕਰਨ ਲਈ ਵੱਖ-ਵੱਖ ਜਥੇਬੰਦੀਆਂ ਨੇ ਤਹਿਸੀਲ ਕੰਪਲੈਕਸ ਮੂਹਰੇ ਕਾਪੀਆਂ ਫੂਕ ਕੇ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ



ਵੱਖ ਵੱਖ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮਜ਼ਦੂਰ ਵਿਰੋਧੀ ਕਾਨੂੰਨ ਲਾਗੂ ਕਰ ਰਹੀ ਹੈ।ਮੋਦੀ ਦੀ ਅਗਵਾਈ ਵਾਲੀ ਭਾਰਤ ਦੀ ਕੇਂਦਰੀ ਸਰਕਾਰ ਨੇ ਮਜ਼ਦੂਰ ਮਾਰੂ 4 ਲੇਬਰ ਕੋਡ ਅੱਜ ਤੋਂ ਹੀ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ।ਨਾਲ ਹੀ ਪੂਰੇ ਦੇਸ਼ ਦੀ ਆਮ ਜਨਤਾ ਨੂੰ ਗੁੰਮਰਾਹ ਕਰਨ ਲਈ ਕੂੜ ਪ੍ਰਚਾਰ ਕਰਨ ਲਈ ਵਿਸ਼ਾਲ ਪੈਮਾਨੇ ਉੱਤੇ ਮੁਹਿੰਮ ਸ਼ੁਰੂ ਕਰ ਦਿੱਤੀ ਹੈ।ਪ੍ਰਚਾਰ ਕਰਨ ਲਈ ਅੱਜ ਹੀ 8 ਸਫਿਆਂ ਦਾ ਇੱਕ ਫੋਲਡਰ ਵੀ ਜਾਰੀ ਕਰ ਦਿੱਤਾ ਹੈ। ਇਸ ਮੌਕੇ ਮਜ਼ਦੂਰ ਕਿਸਾਨ ਆਗੂਆਂ ਨੇ ਕਿਹਾ ਕਿ ਅਜਾਦੀ ਤੋਂ ਬਾਅਦ ਮਜ਼ਦੂਰ ਪੱਖੀ ਬਣੇ ਕਾਨੂੰਨਾਂ ਨੂੰ ਖਤਮ ਕਰ ਦਿੱਤਾ ਗਿਆ ਹੈ।ਦੇਸ਼ ਦੇ ਕਿਰਤੀ ਲੋਕਾਂ ਨਾਲ ਇਹ ਬਹੁਤ ਵੱਡਾ ਧੋਖਾ ਹੈ। ਇਨ੍ਹਾਂ ਕਾਨੂੰਨਾਂ ਨਾਲ ਕਾਰਪੋਰੇਟ ਘਰਾਣਿਆਂ, ਸਰਮਾਏਦਾਰਾਂ ਨੂੰ ਫਾਇਦਾ ਪਹੁੰਚਾਇਆ ਜਾ ਰਿਹਾ ਹੈ।ਮਜ਼ਦੂਰਾਂ ਕੋਲੋਂ ਯੂਨੀਅਨਾਂ ਬਣਾਉਣ ਦਾ ਹੱਕ ਲਿਆ ਜਾ ਰਿਹਾ ਹੈ।ਪਹਿਲਾਂ ਮਜ਼ਦੂਰ ਅੱਠ ਘੰਟੇ ਕੰਮ ਕਰਦਾ ਸੀ, ਹੁਣ 12 ਘੰਟੇ ਕੰਮ ਕਰਨਾ ਪਵੇਗਾ।ਆਗੂਆਂ ਨੇ ਮਜ਼ਦੂਰ ਜਮਾਤ ਨੂੰ ਸੱਦਾ ਦਿੱਤਾ ਕਿ ਉਹ ਇਨ੍ਹਾਂ ਚਾਰ ਲੇਬਰ ਕੋਡ ਕਾਨੂੰਨਾਂ ਦਾ ਡੱਟ ਕੇ ਵਿਰੋਧ ਕਰਨ। ਇਸ ਮੌਕੇ ਤੇ ਸੀਟੂ ਦੇ ਆਗੂ ਪ੍ਰਾਣ ਨਾਥ, ਏਟਕ ਦੇ ਆਗੂ ਬਾਬਾ ਹਰਵੇਲ ਸਿੰਘ, ਰੇਹੜੀ ਯੂਨੀਅਨ ਦੇ ਆਗੂ ਵਿਜਾਲ ਮਾਹੀ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਰਣਜੇ ਬਾਲੀ ਕਲਸੇੜਾ, ਅਜੀਤ ਸਿੰਘ ਨੰਗਲ, ਨਰਿੰਦਰ ਸਿੰਘ, ਸਤਨਾਮ ਸਿੰਘ ਸ਼ੇਰਾ, ਹਰੀਸ਼ ਕੁਮਾਰ, ਪਰਵਿੰਦਰ ਸਿੰਘ, ਰਮੇਸ਼ ਕੁਮਾਰ, ਸੰਸਾਰ ਚੰਦ, ਅਸ਼ੋਕ ਕੁਮਾਰ, ਸੁਰਜੀਤ ਸਿੰਘ ਨੰਗਲ, ਜਰਨੈਲ ਸਿੰਘ ਏਟਕ ਆਗੂ, ਗੁਰਨਾਮ ਸਿੰਘ ਜੁਆਇੰਟ ਸਕੱਤਰ ਆਦਿ ਆਗੂ ਹਾਜਰ ਸਨ। ਯੂਨੀਅਨ ਦੇ ਵਰਕਰ ਪਹਿਲਾਂ ਅੱਡਾ ਮਾਰਕੀਟ ਵਿਖੇ ਇਕੱਠੇ ਹੋਏ ਤੇ ਮਾਰਚ ਕਰਦੇ ਹੋਏ ਬੱਸ ਸਟੈਂਡ ਦੇ ਸਾਹਮਣੇ ਤਹਿਸੀਲ ਕੰਪਲੈਕਸ ਮੂਹਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਅਤੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।

# ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਨੇ ਕਿਸਾਨਾਂ ਲਈ ਲੋਨ ਸਕੀਮ ਮੁੜ ਸ਼ੁਰੂ ਕੀਤੀ

**ਜਲੰਧਰ (ਸੁਰਿੰਦਰ ਕੁਮਾਰ)** ਪੰਜਾਬ ਵਿੱਚ ਖੇਤੀਬਾੜੀ ਕਰਜ਼ ਸਹੂਲਤ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਤਹਿਤ ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਦੇ 24 ਕਿਸਾਨਾਂ ਨੂੰ ਇੱਕ ਕਰੋੜ ਰੁਪਏ ਦੇ ਚੈੱਕ ਸੌਂਪ ਕੇ ਲੋਨ ਵੰਡ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਖੇਤੀਬਾੜੀ ਵਿਕਾਸ ਬੈਂਕ ਦੀ ਲੋਨ ਸਕੀਮ ਤੋਂ ਬੰਦ ਪਈ ਲੋਨ ਸਹੂਲਤ ਨੂੰ ਮੁੜ ਸ਼ੁਰੂ ਕਰਨ ਲਈ ਇਹ ਸਮਾਗਮ ਜਲੰਧਰ ਵਿਖੇ ਐਗਰੀਕਲਚਰ ਸਟਾਫ਼ ਟ੍ਰੇਨਿੰਗ ਇੰਸਟੀਚਿਊਟ ਵਿਚ ਹੋਇਆ।ਸਮਾਗਮ ਵਿਚ ਮੌਜੂਦ ਲੋਕਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਟੀਨੂੰ ਨੇ ਕਿਹਾ ਕਿ ਇਹ ਮਾਣ ਦੀ ਗੱਲ ਹੈ ਕਿ ਕਿਸਾਨ-ਹਿਤੈਸ਼ੀ ਸੰਸਥਾ ਨੇ ਕਈ ਸਾਲਾਂ ਦੀ ਖੜੋਤ ਤੋਂ ਬਾਅਦ ਆਪਣਾ ਕੰਮ ਮੁੜ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ, ਜੋ 1957 ਤੋਂ ਸਥਾਈ ਵਿਕਾਸ 'ਤੇ ਲੋਨ ਦੇ ਰਿਹਾ ਸੀ, ਦੀਆਂ ਸੇਵਾਵਾਂ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਰਕੇ ਰੁਕ ਗਈਆਂ ਸਨ। ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ, ਜਲੰਧਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਮਨੀਕ ਸਿੰਘ ਰੰਧਾਵਾ ਅਤੇ ਸ੍ਰੀ ਟੀਨੂੰ ਨੇ ਵੱਖ-ਵੱਖ ਜ਼ਿਲ੍ਹਿਆਂ ਦੇ ਲਾਭਪਾਤਰੀਆਂ ਨੂੰ ਚੈਕ ਵੰਡੇ।ਇਸ ਮੌਕੇ ਐਸ.ਏ.ਡੀ.ਬੀ. ਦੀ ਮੈਨੇਜਿੰਗ ਡਾਇਰੈਕਟਰ ਬਰਜਿੰਦਰ ਕੌਰ ਬਾਜਵਾ, ਏ.ਐਮ.ਡੀ. ਰਜਵਿੰਦਰ ਰੰਧਾਵਾ, ਜੀ.ਐਮ. ਅਮਨਦੀਪ ਸਿੰਘ, ਪ੍ਰੀਤ ਮੋਹਿੰਦਰ ਸਿੰਘ, ਡੀ.ਜੀ.ਐਮ. ਰਜਨੀਸ਼ ਬਾਂਸਲ, ਸੁਨੀਲ ਮਹਾਜਨ, ਰੀਜਨਲ ਅਫ਼ਸਰ ਹਰਪ੍ਰੀਤ ਸਿੰਘ ਚੀਮਾ, ਜੁਆਇੰਟ ਰਜਿਸਟਰਾਰ ਉਮੇਸ਼ ਵਰਮਾ, ਡਿਪਟੀ ਰਜਿਸਟਰਾਰ ਗੁਰਵਿੰਦਰਜੀਤ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਚਰਨ ਸਿੰਘ ਚੰਨੀ, ਅਤਮ ਪ੍ਰਕਾਸ਼ ਬਬਲੂ ਅਤੇ ਹੋਰ ਸਨਮਾਨਿਤ ਵਿਅਕਤੀ ਮੌਜੂਦ ਸਨ।

# ਐਥਲੈਟਿਕ ਚੈਂਪੀਅਨਸ਼ਿਪ 'ਚ ਸਰੋਆ ਨੇ ਜਿੱਤਿਆ ਸੋਨ ਤੇ ਚਾਂਦੀ ਦਾ ਤਮਗਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- 23ਵੀਂ ਏਸ਼ੀਆ ਮਾਸਟਰ ਅਥਲੈਟਿਕਸ ਚੈਂਪੀਅਨਸ਼ਿਪ 2025 ਜੋ 5 ਨਵੰਬਰ ਤੋਂ 9 ਨਵੰਬਰ ਨੂੰ ਚੇਨਈ ਵਿਖੇ ਕਰਵਾਈ ਗਈ,





ਇਸ ਚੈਂਪੀਅਨਸ਼ਿਪ ਵਿੱਚ ਜੋਗਿੰਦਰ ਪਾਲ ਸਰੋਆ ਹੁਸ਼ਿਆਰਪੁਰ ਨੇ 70 ਸਾਲ ਦੇ ਉਮਰ ਵਰਗ ਵਿੱਚ ਭਾਰਤ ਵੱਲੋਂ ਨੁਮਾਇੰਦਗੀ ਕੀਤੀ। ਉਹਨਾਂ ਨੇ 800 ਮੀਟਰ ਰੇਸ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨੇ ਦਾ ਅਤੇ 1500 ਮੀਟਰ ਰੇਸ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਚਾਂਦੀ ਦਾ ਤਮਗਾ ਹਾਸਲ ਕੀਤਾ। ਉਕਤ ਚੈਂਪੀਅਨਸ਼ਿਪ 'ਚ ਜਿੱਤ ਹਾਸਲ ਕਰਨ ਤੋਂ ਬਾਅਦ ਹੁਸ਼ਿਆਰਪੁਰ ਪਹੁੰਚਣ 'ਤੇ 70 ਸਾਲਾ ਨੌਜਵਾਨ ਖਿਡਾਰੀ ਜੋਗਿੰਦਰ ਪਾਲ ਸਰੋਆ ਦਾ ਜ਼ਿਲ੍ਹਾ ਸਪੋਰਟਸ ਅਫਸਰ ਗੁਰਪ੍ਰੀਤ ਸਿੰਘ, ਬਲਵੀਰ ਸਿੰਘ ਅਥਲੈਟਿਕ ਕੋਚ, ਜ਼ਿਲ੍ਹਾ ਮਾਸਟਰਜ਼ ਅਥਲੈਟਿਕਸ ਐਸੋਸੀਏਸ਼ਨ ਹੁਸ਼ਿਆਰਪੁਰ ਦੇ ਸਕੱਤਰ ਐਸ.ਪੀ. ਸ਼ਰਮਾ, ਕੈਸ਼ੀਅਰ ਸ਼ਾਮ ਸਿੰਘ ਅਤੇ ਸਮੂਹ ਮੈਂਬਰ ਰਾਮ ਤੀਰਥ, ਸੁਰਿੰਦਰ ਸਿੰਘ, ਬਹਾਦਰ ਸਿੰਘ ਭਿੰਡਰ ਅਤੇ ਬਲਵੀਰ ਸਿੰਘ ਸੈਣੀ ਵੱਲੋਂ ਸਵਾਗਤ ਕੀਤਾ ਤੇ ਵਧਾਈ ਦਿੱਤੀ। ਇਸ ਮੌਕੇ ਜ਼ਿਲ੍ਹਾ ਸਪੋਰਟ ਅਫਸਰ ਗੁਰਪ੍ਰੀਤ ਸਿੰਘ ਨੇ ਕਿਹਾ ਕਿ 70 ਸਾਲਾ ਜੋਗਿੰਦਰ ਪਾਲ ਸਰੋਆ ਨੇ ਭਾਰਤ ਦੇ ਨਾਲ ਨਾਲ ਜ਼ਿਲ੍ਹਾ ਹੁਸ਼ਿਆਰਪੁਰ ਦਾ ਨਾਂ ਵੀ ਰੋਸ਼ਨ ਕੀਤਾ ਹੈ। ਸਰੋਆ ਨੇ ਜ਼ਿਲ੍ਹਾ ਸਪੋਰਟਸ ਅਫਸਰ ਗੁਰਪ੍ਰੀਤ ਸਿੰਘ ਅਤੇ ਹੋਰ ਸਾਥੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਅਤੇ ਸਨਮਾਨ ਕਰਨ ਲਈ ਧੰਨਵਾਦ ਕੀਤਾ।

# ਮਿਡ ਡੇ ਮੀਲ ਵਰਕਰ ਯੂਨੀਅਨ ਜ਼ਿਲ੍ਹਾ ਰੋਪੜ ਦੀ ਚੋਣ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅਨੰਦਪੁਰ ਸਾਹਿਬ-ਮਿਡ ਡੇ ਮੀਲ ਵਰਕਰ ਯੂਨੀਅਨ ਦੀ ਸੂਬਾ ਕਮੇਟੀ ਦੇ ਫੈਸਲੇ ਮੁਤਾਬਿਕ ਜ਼ਿਲ੍ਹਾ ਰੋਪੜ ਦੀ ਚੋਣ 21 ਨਵੰਬਰ ਨੂੰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂ ਗੁਰਵਿੰਦਰ ਸਿੰਘ ਸਸਕੌਰ, ਕਰਮ ਸਿੰਘ ਜੇਤੇਵਾਲ, ਜਸਵਿੰਦਰ ਪਾਲ, ਰਾਮ ਲੁਭਾਇਆ ਦਿਵੇਦੀ, ਰਾਮਦਾਸ ਸਸਕੌਰ, ਜਸਵਿੰਦਰ ਸਿੰਘ ਬੱਡਲ, ਸੋਮ ਸਿੰਘ ਅਤੇ ਪੈਨਸ਼ਨਰ ਵੈਲਫੇਅਰ



ਐਸੋਸੀਏਸ਼ਨ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਬੜਵਾ ਦੀ ਅਗਵਾਈ ਹੇਠ ਅਨੰਦਪੁਰ ਸਾਹਿਬ ਵਿਖੇ ਕਰਵਾਈ ਗਈ। ਪ ਸ ਸ ਫ ਦੇ ਆਗੂ ਗੁਰਵਿੰਦਰ ਸਿੰਘ ਸਸਕੌਰ, ਕਰਮ ਸਿੰਘ ਜੇਤੇਵਾਲ ਅਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਬੜਵਾ ਨੇ ਜਥੇਬੰਦੀ ਦੇ ਸੰਵਿਧਾਨ, ਪ੍ਰਾਪਤੀਆਂ ਅਤੇ ਸੰਘਰਸ਼ਾਂ ਬਾਰੇ ਚਰਚਾ ਕੀਤੀ। ਦੱਸਿਆ ਕਿ ਕੇਂਦਰ ਅਤੇ ਸੂਬਾ ਸਰਕਾਰ ਵੱਲੋਂ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣ ਭੱਤੇ 'ਤੇ ਕੰਮ ਕਰਦੇ ਕਿਰਤੀਆਂ ਨੂੰ ਅਣਗੌਲਿਆ ਕੀਤਾ ਜਾ ਰਿਹਾ। ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਕੁੱਕ ਬੀਬੀਆਂ ਦੀ ਤਨਖਾਹ ਦੁੱਗਣੀ ਕਰਨ ਦਾ ਵਾਅਦਾ ਕੀਤਾ ਸੀ। ਪਰ ਅੱਜ ਹਾਲਾਤ ਇਹ ਹੋ ਗਏ ਹਨ ਕਿ ਕੁੱਕ ਬੀਬੀਆਂ ਨੂੰ ਆਪਣੀ ਨਿਗੂਣੀ ਜਿਹੀ ਤਨਖਾਹ ਲਈ ਵੀ ਸੰਘਰਸ਼ ਕਰਨਾ ਪੈ ਰਿਹਾ ਹੈ। ਹਰ ਮਹੀਨੇ ਤਨਖਾਹ ਕੱਟ ਕੇ ਦਿੱਤੀ ਜਾਂਦੀ ਹੈ। ਪਿਛਲੇ ਮਹੀਨੇ 3000 ਤਨਖਾਹ ਵਿੱਚੋਂ 1500 ਰੁਪਏ ਕੱਟ ਕੇ ਦਿੱਤੇ ਗਏ। ਇਸ ਤੋਂ ਵੱਧ ਹੋਰ ਤਰਾਸਦੀ ਕੀ ਹੋ ਸਕਦੀ ਹੈ।ਪ ਸ ਸ ਫ ਆਗੂ ਰਾਮ ਲੁਭਾਇਆ ਦਿਵੇਦੀ, ਜਸਵਿੰਦਰ ਪਾਲ, ਰਾਮਦਾਸ ਸਸਕੌਰ ਅਤੇ ਜਸਵਿੰਦਰ ਸਿੰਘ ਬੱਡਲ ਨੇ ਸਰਬ ਸੰਮਤੀ ਨਾਲ ਜ਼ਿਲ੍ਹਾ ਰੋਪੜ ਦੀ ਚੋਣ ਕਰਵਾਈ। ਜਿਸ ਵਿੱਚ ਕਮਲੇਸ਼ ਕੌਰ ਪ੍ਰਧਾਨ, ਹਰਮੇਸ਼ ਕੌਰ ਢੇਰ ਜਨਰਲ ਸਕੱਤਰ, ਸਤਵਿੰਦਰ ਕੌਰ ਥਾਣਾ ਅਤੇ ਸ਼ਹਿਨੀਲਾ ਘਨੌਲਾ ਨੂੰ ਸੀਨੀਅਰ ਮੀਤ ਪ੍ਰਧਾਨ, ਸ਼ੀਲਾ ਦੇਵੀ ਝੱਜ, ਪ੍ਰੀਤੋ ਸਰਸਾ ਨੰਗਲ ਅਤੇ ਅਜਮਤ ਅਮਰਪੁਰ ਬੇਲਾ ਮੀਤ ਪ੍ਰਧਾਨ, ਮਹਿੰਦਰ ਕੌਰ ਬੱਡਲ ਕੈਸ਼ੀਅਰ, ਸੀਮਾ ਰਾਣੀ ਖਾਨਪੁਰ ਸਬ-ਕੈਸ਼ੀਅਰ, ਨਰਿੰਦਰ ਕੌਰ ਰਾਜਗਿਰੀ ਪ੍ਰੈੱਸ ਸਕੱਤਰ, ਮਨਜੀਤ ਕੌਰ ਚਮਕੌਰ ਸਾਹਿਬ ਜੁਆਇੰਟ ਸਕੱਤਰ ਬਣਾਇਆ ਗਿਆ।ਇਸ ਮੌਕੇ ਬੰਦਨਾ ਦੇਵੀ, ਸੋਨੀਆ ਸ਼ਰਮਾ, ਚਰਨਜੀਤ ਕੌਰ, ਮਨਜੀਤ ਕੌਰ, ਗੀਤਾ ਰਾਣੀ, ਗੀਨਾ ਰਾਣੀ, ਕਾਤਾ ਦੇਵੀ, ਦੇਵੀ, ਮਨਜੀਤ ਕੌਰ, ਰਾਣੀ, ਊਸ਼ਾ ਰਾਣੀ, ਸੁਨੀਤਾ ਦੇਵੀ, ਕੁਲਵਿੰਦਰ ਕੌਰ, ਹਰਦੇਵ ਕੁਮਾਰੀ ਅਤੇ ਜੀਤੋ ਦੇਵੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਕੁੱਕ ਬੀਬੀਆਂ ਹਾਜ਼ਰ ਸਨ।

# ਬਲੈਕ ਸਪਾਟਸ ਮਾਰਚ-2026 ਤੱਕ ਖਤਮ ਕਰਨ ਦੇ ਮੁੱਖ ਮੰਤਰੀ ਨੇ ਦਿੱਤੇ ਸਖਤ ਨਿਰਦੇਸ਼

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੱਧਦੀ ਵਿਦਿਆਰਥੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਮੋਰਨਿੰਗ ਪੀਕ ਟਾਇਮ ਵਿੱਚ ਵੱਧ ਬੱਸਾਂ ਉਪਲਬਧ ਕਰਾਈਆਂ ਜਾਣ। ਜ਼ਰੂਰਤ ਅਨੁਸਾਰ ਬੱਸਾਂ ਦੀ ਗਿਣਤੀ ਵਧਾਈ ਜਾਵੇ ਅਤੇ ਘੱਟ ਅੰਤਰਾਲ 'ਤੇ ਬੱਸਾਂ ਚਲਾ ਕੇ ਵਿਦਿਆਰਥੀਆਂ ਨੂੰ ਕਿਸੇ ਤਰ੍ਹਾ ਦੀ ਅਸਹੂਲਤ ਨਾ ਹੋਣ ਦਿੱਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਨਿਜੀ ਬੱਸਾਂ ਵਿੱਚ ਵੀ ਸਰਕਾਰੀ ਬੱਸਾਂ ਦੀ ਤਰਜ 'ਤੇ ਸਟੂਡੈਂਟ ਪਾਸ ਸਹੂਲਤ ਜ਼ਰੂਰੀ ਰੂਪ ਨਾਲ ਦਿੱਤੀ ਜਾਵੇ ਅਤੇ ਕਿਸੇ ਸ਼ਿਕਾਇਤ ਦੀ ਸਥਿਤੀ ਵਿੱਚ ਸਖਤ ਕਾਰਵਾਈ ਯਕੀਨੀ ਕੀਤੀ ਜਾਵੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਹਰਿਆਣਾ ਸਿਵਲ ਸਕੱਤਰੇਤ ਵਿੱਚ ਸੜਕ ਸੁਰੱਖਿਆ ਵਿੱਚ ਸਬੰਧਿਤ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ।

# ਸੱਤਿਅਮ ਇੰਸਟੀਟਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਵਿਖੇ ਡੀ ਡੀ ਪੰਜਾਬੀ ਰੌਕਸ ਟੀ ਵੀ ਸ਼ੋਅ



**ਨਕੋਦਰ (ਰੀਨਾ ਸ਼ਰਮਾ)** : ਸੱਤਿਅਮ ਇੰਸਟੀਟਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਦੇ ਕੈਂਪਸ ਵਿੱਚ ਬੀਤੇ ਦਿਨੀਂ 44 ਪੰਜਾਬੀ ਰੌਕਸ ਟੀਵੀ ਪ੍ਰੋਗਰਾਮ ਦੀ ਸ਼ੂਟਿੰਗ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਦੇ ਕਲਾ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ ਅਤੇ ਪੰਜਾਬੀ ਸੱਭਿਆਚਾਰ ਦੀ ਧਰੋਹਰ ਨੂੰ ਉਜਾਗਰ ਕਰਨਾ ਸੀ।ਇਸ ਮੌਕੇ ਵਿਦਿਆਰਥੀਆਂ ਨੇ ਰਵਾਇਤੀ ਗਿੱਧੇ ਅਤੇ ਮਲਵਾਈ ਭੰਗੜੇ ਨਾਲ ਦਰਸ਼ਕਾਂ ਨੂੰ ਝੂਮਣ 'ਤੇ ਮਜਬੂਰ ਕਰ ਦਿੱਤਾ।ਗਾਇਕੀ ਪ੍ਰਦਰਸ਼ਨ ਨੇ ਸਭ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ, ਵਿਦਿਆਰਥੀਆਂ ਨੇ ਸਮਾਜਿਕ ਸੰਦੇਸ਼ਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਆਪਣੀ ਸੰਸਕ੍ਰਿਤੀ ਅਤੇ ਜਿੰਮੇਵਾਰੀ ਪ੍ਰਤੀ ਜਾਗਰੂਕ ਹੋਣ ਦੀ ਪ੍ਰੇਰਣਾ ਦਿੱਤੀ।ਇਸ ਮੌਕੇ ਚੇਅਰਮੈਨ ਵਿਪਨ ਸ਼ਰਮਾ, ਚੇਅਰਪਰਸਨ ਸ਼੍ਰੀਮਤੀ ਜਯੋਤੀ ਸ਼ਰਮਾ, ਐਮ.ਡੀ. ਸ਼ਿਵਮ ਸ਼ਰਮਾ, ਪ੍ਰਿੰਸੀਪਲ ਰਾਸ਼ਿਦ ਹਾਮਿਦ, ਪਾਰਸ ਚੱਡਾ ਅਤੇ ਪੰਕਜ ਸ਼ਰਮਾ ਸਮੇਤ ਸਮੂਹ ਸਟਾਫ ਮੈਂਬਰ ਮੌਜੂਦ ਸਨ। ਪ੍ਰਬੰਧਨ ਨੇ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਸੱਭਿਆਚਾਰਕ ਜੋੜ ਦੀ ਭਰਪੂਰ ਸ਼ਲਾਘਾ ਕੀਤੀ।

# ਬਾਈਪਾਸ ਬੀਰਮਪੁਰ ਰੋਡ ਦੀ ਰਿਪੇਅਰ ਕਰਨ ਦੀ ਮੰਗ



**ਮਾਹਿਲਪੁਰ (ਸਫ਼ਰੀ)** ਵਾਰਡ ਪੰਜ ਗੜ੍ਹਸ਼ੰਕਰ ਵਿੱਚ ਵਿਕਾਸ ਮੰਚ ਗੜ੍ਹਸ਼ੰਕਰ ਮਹਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਵਿਸ਼ਾਲ ਮੀਟਿੰਗ ਕੀਤੀ। ਇਸ ਮੀਟਿੰਗ ਨੂੰ ਵਿਕਾਸ ਮੰਚ ਦੇ ਪ੍ਰਧਾਨ ਕੁਲਵਿੰਦਰ ਸੰਘਾ, ਦਰਸ਼ਨ ਸਿੰਘ ਮੱਟੂ ਨੇ ਸੰਬੋਧਨ ਕਰਦਿਆਂ ਮਿੰਨੀ ਬਾਈਪਾਸ ਬੀਰਮਪੁਰ ਰੋਡ ਤੁਰੰਤ ਰੀਪੇਅਰ ਕਰਕੇ ਚਾਲੂ ਕੀਤਾ ਜਾਵੇ ਤਾਂ ਕਿ ਲੋਕ ਇਸ ਮਿੰਨੀ ਬਾਈਪਾਸ ਨੂੰ ਵਰਤਕੇ ਮੇਨ ਬਜਾਰ ਦੀ ਟਰੈਫਿਕ ਨੂੰ ਕੁਝ ਹੱਦ ਤੱਕ ਘਟਾ ਸਕਣ। ਜੇਕਰ ਸੜਕ ਜਲਦੀ ਤਿਆਰ ਨਾ ਕੀਤੀ ਤਾਂ ਅਸੀਂ ਵਿਕਾਸ ਮੰਚ ਵੱਲੋਂ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ।ਇਸ ਦੀ ਜਿੰਮੇਵਾਰੀ ਸਰਕਾਰ ਦੀ ਹੋਵੇਗੀ।

# ਤਲਵੰਡੀ ਸਾਬੋ ਤੋਂ ਮੋਹਾਲੀ ਪੁੱਜਾ ਨਗਰ ਕੀਰਤਨ ਅਨੰਦਪੁਰ ਸਾਹਿਬ ਲਈ ਰਵਾਨਾ



**ਮੋਹਾਲੀ, (ਗੁਰਜੀਤ ਬਿੱਲਾ)**

ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿੰਨ ਸੇਵਕਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾਂ ਸ਼ਹਾਦਤ ਵਰ੍ਹੇ ਨੂੰ ਸਮਰਪਿਤ ਤਲਵੰਡੀ ਸਾਬੋ ਤੋਂ ਆਰੰਭ ਹੋ ਕੇ ਮੋਹਾਲੀ ਪੁੱਜੇ ਵਿਸ਼ਾਲ ਨਗਰ ਕੀਰਤਨ ਨੇ ਰਾਤ ਦੇ ਪੜਾਅ ਬਾਅਦ ਅੱਜ ਸਵੇਰੇ ਅਰਦਾਸ ਕਰਕੇ ਸ਼੍ਰੀ ਅਨੰਦਪੁਰ ਸਾਹਿਬ ਲਈ ਚਾਲੇ ਪਾਏ।ਨਗਰ ਕੀਰਤਨ ਵਿਚ ਆਈਆਂ ਸੰਗਤਾਂ ਵੱਲੋਂ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਅਤੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਰਾਤਰੀ ਪੜਾਅ ਤੋਂ ਬਾਅਦ ਗੁਰੂ ਗ੍ਰੰਥ ਸਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਅਗਲੀ ਮੰਜ਼ਿਲ ਲਈ ਅਰੰਭਤਾ ਕੀਤੀ ਗਈ।ਸ਼੍ਰੀ ਗੁਰੂ ਗ੍ਰੰਥ ਸਹਿਬ ਨੂੰ ਸੁੱਖ ਆਸਣ ਸਥਾਨ ਤੋਂ ਪਾਲਕੀ ਸਾਹਿਬ ਤੱਕ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਪੂਰਣ ਸ਼ਰਧਾ ਅਤੇ ਮਰਿਆਦਾ ਨਾਲ ਲਿਆਂਦਾ ਗਿਆ। ਵੱਡੀ ਗਿਣਤੀ ਵਿੱਚ ਮੌਜੂਦ ਸੰਗਤਾਂ ਤੋਂ ਇਲਾਵਾ ਸ਼੍ਰੀ ਅਨੰਦਪੁਰ ਸਾਹਿਬ ਸੰਸਦੀ ਹਲਕੇ ਤੋਂ ਮੈਂਬਰ ਲੋਕ ਸਭਾ ਮਲਵਿੰਦਰ ਸਿੰਘ ਕੰਗ, ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਸਿੰਘ ਆਹਲੂਵਾਲੀਆ, ਐਮ ਐਲ ਏ ਕੁਲਵੰਤ ਸਿੰਘ ਮੋਹਾਲੀ ਦੇ ਪੁੱਤਰ ਸਰਬਜੀਤ ਸਿੰਘ ਸਮਾਣਾ (ਕੌਂਸਲਰ) ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਨਮੋਲ ਸਿੰਘ ਧਾਲੀਵਾਲ, ਐਸ ਡੀ ਐਮ ਮੋਹਾਲੀ ਦਮਨਦੀਪ ਕੌਰ ਤੇ ਹੋਰ ਅਧਿਕਾਰੀ ਮੌਜੂਦ ਸਨ।ਐਮ ਪੀ ਮਲਵਿੰਦਰ ਸਿੰਘ ਕੰਗ ਨੇ ਇਸ ਮੌਕੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਮੁੱਚੀ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਕਿਰਪਾ ਦ੍ਰਿਸ਼ਟੀ ਦੀ ਪਾਤਰ ਬਣੀ ਹੈ, ਜਿਸ ਨੂੰ ਇਹ 350 ਸਾਲਾਂ ਸ਼ਹਾਦਤ ਦਿਵਸ ਮਨਾਉਣ ਦਾ ਮੌਕਾ ਮਿਲਿਆ ਹੈ।

# 5 ਜਨਵਰੀ ਨੂੰ ਜ਼ਿਲ੍ਹਾ ਹੈੱਡਕੁਆਰਟਰ 'ਤੇ ਧਰਨਾ ਲਾਉਣ ਦਾ ਐਲਾਨ

## ਜਲੰਧਰ ਜ਼ਿਲ੍ਹੇ ਨਾਲ ਸਬੰਧਿਤ ਜਥੇਬੰਦੀਆਂ ਦੀ ਮੀਟਿੰਗ 'ਚ ਫੈਸਲਾ

**ਸ਼ਾਹਕੋਟ (ਗਿਆਨ ਸੈਦਪੁਰੀ)** ਦਿਹਾਤੀ ਮਜ਼ਦੂਰ ਸਭਾ ਦੇ ਸਥਾਨਕ ਦਫ਼ਤਰ ਵਿਖੇ, ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨਾਲ ਸਬੰਧਤ ਜਥੇਬੰਦੀਆਂ ਨੇ ਸਾਥੀ ਨਿਰਮਲ ਸਿੰਘ ਸਹੋਤਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਉਕਤ ਫੈਸਲਾ, ਸਾਂਝੇ ਮੋਰਚੇ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਲੈਂਦਿਆਂ ਐਲਾਨ ਕੀਤਾ ਕਿ ਸੈਂਕੜੇ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਧਰਨੇ ਵਿੱਚ ਸ਼ਾਮਲ ਹੋਣਗੇ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸਾਂਝੇ ਮੋਰਚੇ ਦੇ ਆਗੂ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਸਿਕੰਦਰ ਸੰਧੂ ਨੇ ਮੌਜੂਦਾ ਪੰਜਾਬ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਮਾਨ ਸਰਕਾਰ ਪਹਿਲੀਆਂ ਸਰਕਾਰਾਂ ਨਾਲੋਂ ਵੀ ਮਾੜੀ ਸਾਬਤ ਹੋਈ ਹੈ, ਉਹਨਾਂ ਕਿਹਾ ਮਜ਼ਦੂਰ ਜਥੇਬੰਦੀਆਂ ਲਗਾਤਾਰ ਸੰਘਰਸ਼ ਕਰ ਰਹੀਆਂ ਹਨ ਪਰ ਪੰਜਾਬ ਸਰਕਾਰ ਉਹਨਾਂ ਦੀ ਆਵਾਜ਼ ਨੂੰ ਅਣਸੁਣੀ ਕਰ ਰਹੀ ਹੈ ਉਨ੍ਹਾਂ ਦੱਸਿਆ ਕਿ ਹੜਾਂ ਬਾਰਸ਼ਾਂ ਨਾਲ ਮਜ਼ਦੂਰਾਂ ਦਾ ਭਾਰੀ ਨੁਕਸਾਨ ਹੋਇਆ



ਪਰ ਅਜੇ ਤੱਕ ਫ਼ੋਕੇ ਲਾਰਿਆਂ ਤੋਂ ਬਿਨਾਂ ਸਰਕਾਰ ਨੇ ਕੁਝ ਵੀ ਪੱਲੇ ਨਹੀਂ ਪਾਇਆ, ਉਹਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਪਦ ਚਿੰਨ੍ਹਾਂ 'ਤੇ ਚੱਲਦਿਆਂ ਪੰਜਾਬ ਸਰਕਾਰ ਵੀ ਵੱਡੇ ਸਰਮਾਏਦਾਰਾਂ ਤੇ ਵੱਡੇ ਜਾਗੀਰਦਾਰਾਂ ਨੂੰ ਖੁੱਲ੍ਹੇ ਗੱਫੇ ਦੇਣ ਲਈ ਨਿੱਜੀ ਕਰਨ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ, ਜਿਸ ਕਰਕੇ ਮਜ਼ਦੂਰਾਂ ਦਾ ਰੁਜਗਾਰ ਲਗਪਗ ਖ਼ਤਮ ਹੋ ਗਿਆ ਹੈ, ਸਿਹਤ ਸਿਖਿਆ ਬਿਜਲੀ ਪਾਣੀ ਦੀ ਸਹੂਲਤ ਲਗਾਤਾਰ ਮਜ਼ਦੂਰਾਂ ਦੀ ਪਹੁੰਚ ਤੋਂ ਬਾਹਰ ਹੁੰਦੀ ਜਾ ਰਹੀ ਹੈ, ਹੁਣ ਸਰਕਾਰ ਦੀ ਨੀਤੀ ਮਨਰੇਗਾ ਸਕੀਮ ਬੰਦ ਕਰਨ ਅਤੇ ਚਿੱਪ ਵਾਲੇ ਮੀਟਰ ਲਾਕੇ ਬਿਜਲੀ ਦੀ ਸਹੂਲਤ ਖੋਹਣ ਦੀ ਹੈ, ਉਹਨਾਂ ਕਿਹਾ ਮਜ਼ਦੂਰਾਂ ਕੋਲੋਂ ਵੋਟਾਂ ਲੈਣ ਲਈ ਸਰਕਾਰ ਨੇ ਕਈ ਚੋਣ ਗਰੰਟੀਆਂ ਕੀਤੀਆਂ ਪਰ ਲਾਗੂ ਨਹੀਂ ਕੀਤੀਆਂ। ਮਜ਼ਦੂਰ ਆਗੂਆਂ ਨੇ ਕਿਹਾ ਕਿ ਇਹਨਾਂ ਸਭਨਾਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸਾਂਝੇ ਮਜ਼ਦੂਰ ਮੋਰਚੇ ਨੇ 5-6 ਜਨਵਰੀ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਹੈਡਕੁਆਰਟਰਾਂ 'ਤੇ ਇਕ ਦਿਨਾਂ ਧਰਨੇ ਲਾਉਣ ਦਾ ਐਲਾਨ ਕੀਤਾ ਹੈ ਜਿਸ ਦੇ ਜ਼ਿਲ੍ਹਾ ਜਲੰਧਰ ਦੇ ਡੀਸੀ ਦਫ਼ਤਰ ਅੱਗੇ 5 ਜਨਵਰੀ ਨੂੰ ਧਰਨਾ ਲਾਇਆ ਜਾਵੇਗਾ। ਉਨ੍ਹਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਆਪਣੇ ਪਰਵਾਰਾਂ ਸਮੇਤ ਧਰਨੇ ਵਿੱਚ ਸ਼ਾਮਲ ਹੋ ਕੇ ਮਜ਼ਦੂਰ ਦੋਖੀ ਸਰਕਾਰ ਤੋਂ ਸੰਘਰਸ਼ ਦੇ ਜ਼ੋਰ ਆਪਣੀਆਂ ਮੰਗਾਂ ਮੰਨਵਾਉਣ ਲਈ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਵੋ, ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਵਸਾਥੀ ਹਰਪਾਲ ਬਿੱਟੂ, ਨਛੱਤਰ ਨਾਹਰ, ਸੁਖਜਿੰਦਰ ਲਾਲੀ, ਸਤਨਾਮ ਉੱਗੀ, ਦਲਵੀਰ ਸਹੋਤਾ ਅਤੇ ਬਖਸ਼ੀ ਪੰਡੋਰੀ ਆਦਿ ਸ਼ਾਮਲ ਸਨ।

# ਡਿਪਟੀ ਸਪੀਕਰ ਰੌੜੀ ਤੇ ਚੰਨੀ ਨੂੰ ਹੁਸ਼ਿਆਰਪੁਰ ਦੇ ਅਬਜ਼ਰਵਰ ਕੀਤਾ ਨਿਯੁਕਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਆਮ ਆਦਮੀ ਪਾਰਟੀ ਵੱਲੋਂ ਸੂਬੇ (ਪੰਜਾਬ) ਵਿੱਚ ਹੋਣ ਜਾ ਰਹੀਆਂ ਜ਼ਿਲ੍ਹਾਂ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਲਈ ਪਾਰਟੀ ਦੇ ਆਗੂਆਂ ਨੂੰ ਵੱਖ ਵੱਖ ਜਿੰਮੇਵਾਰੀਆਂ ਦਿੱਤੀਆਂ ਗਈਆਂ ਹਨ। ਇਸੇ ਤਰ੍ਹਾਂ ਜ਼ਿਲ੍ਹਾਂ ਹੁਸ਼ਿਆਰਪੁਰ ਵਿੱਚ ਪਾਰਟੀ ਦੇ ਟਕਸਾਲੀ ਆਗੂਆਂ ਜਿਨ੍ਹਾਂ ਵਿੱਚ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ



ਸਪੀਕਰ ਵਿਧਾਨ ਸਭਾ ਐੱਮ ਐੱਲ ਏ ਹਲਕਾ ਗੜ੍ਹਸ਼ੰਕਰ ਅਤੇ ਚਰਨਜੀਤ ਸਿੰਘ ਚੰਨੀ ਸੰਗਠਨ ਇਚਾਰਜ ਹਲਕਾ ਗਾੜ੍ਹਸ਼ੰਕਰ ਤੋਂ ਇਨ੍ਹਾ ਨੂੰ ਜ਼ਿਲ੍ਹਾਂ ਹੁਸ਼ਿਆਰਪੁਰ ਤੋਂ ਜ਼ਿਲ੍ਹਾ ਆਬਜ਼ਰਵਾਰ ਨਿਯੁਕਤ ਕੀਤਾ ਗਿਆ ਇਸ ਬਾਰੇ ਗੱਲ ਕਰਦਿਆਂ ਡਿਪਟੀ ਸਪੀਕਰ ਰੌੜੀ ਅਤੇ ਉਹਨਾਂ ਦੇ ਓ.ਐਸ.ਡੀ ਚਰਨਜੀਤ ਚੰਨੀ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਜੋ ਉਹਨਾਂ ਨੂੰ ਜਿਲ੍ਹੇ ਦੇ ਜਿੰਮੇਵਾਰੀ ਸੌਂਪੀ ਹੈ। ਉਸ ਲਈ ਉਹ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦੇ ਹਨ ਅਤੇ ਪਾਰਟੀ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਉਹ ਆਪਣੀਆਂ ਜਿੰਮੇਵਾਰੀਆਂ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੇ ਵਰਕਰਾਂ ਆਗੂਆਂ ਨੂੰ ਇਕਜੁੱਟ ਕਰਕੇ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵੀ ਜਿੱਤਣਗੇ ਉਕਤ ਨਿਯੁਕਤੀਆਂ ਲਈ ਪਾਰਟੀ ਦੇ ਬਹੁਤ ਸਾਰੇ ਆਗੂਆਂ ਤੇ ਵਰਕਰਾਂ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।

# ਬੁੱਢਾ ਦਲ ਵੱਲੋਂ ਭਲਕ ਤੱਕ ਗੁਰਮਤਿ ਸਮਾਗਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਹੇਠ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਨਾਲ ਸ਼ਹੀਦ ਅਨਿੰਨ ਗੁਰਸਿੱਖ ਭਾਈ ਮਤਦਾਸ ਜੀ, ਭਾਈ ਸਤੀਦਾਸ ਜੀ, ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ਾਲ ਮਹਾਨ ਗੁਰਮਤਿ ਸਮਾਗਮ 23, 24, 25 ਨਵੰਬਰ ਨੂੰ ਗੁਰਦੁਆਰਾ ਗੁਰੂ ਕਾ ਬਾਗ਼ ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਵੇਗਾ। ਪਰਮਜੀਤ ਸਿੰਘ ਬਾਜਵਾ ਮੈਨੇਜਰ ਬੁੱਢਾ ਦਲ ਨੇ ਲਿਖਤੀ ਪ੍ਰੈਸ ਬਿਆਨ ਵਿੱਚ ਕਿਹਾ ਕਿ ਗੁਰਦੁਆਰਾ ਗੁਰੂ ਕਾ ਬਾਗ਼ ਛਾਉਣੀ ਬੁੱਢਾ ਦਲ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਅਤੇ 25 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਨਾਲ ਹੀ ਗੁਰਮਤਿ ਸਮਾਗਮ ਹੋਵੇਗਾ। ਜਿਸ ਵਿੱਚ ਕੌਮ ਦੇ ਨਾਮਵਰ ਰਾਗੀ, ਢਾਡੀ, ਕਵੀਸ਼ਰ, ਕਥਾਵਾਚਕ ਜਥੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਗੁਰੂ ਇਤਿਹਾਸ ਰਾਹੀਂ ਸੰਗਤਾਂ ਨੂੰ ਜਾਣੂੰ ਕਰਵਾ ਕੇ ਨਿਹਾਲ ਕਰਨਗੇ। ਇਨ੍ਹਾਂ ਸਮਾਗਮਾਂ ਵਿੱਚ ਬੁੱਢਾ ਦਲ ਪਾਸ ਇਤਿਹਾਸਕ ਸ਼ਸਤਰਾਂ ਦੇ ਸੰਗਤਾਂ ਨੂੰ ਦਰਸ਼ਨ ਵੀ ਕਰਵਾਏ ਜਾਣਗੇ।

# ਨਗਰ ਕੀਰਤਨ ਦਾ ਭਰਵਾਂ ਸਵਾਗਤ-ਸੰਗਤ ਨੇ ਕੀਤੀ ਫੁੱਲਾਂ ਦੀ ਵਰਖਾ

## ਡਾ. ਚੱਬੇਵਾਲ, ਹਰਜੀ ਮਾਨ , ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਨੇ ਕੀਤੇ ਰੁਮਾਲਾ ਸਾਹਿਬ ਭੇਟ



**ਫਗਵਾੜਾ, (ਡਾ ਰਮਨ)**

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਸਰਕਾਰ ਵਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਗੁਰਦਾਸਪੁਰ ਤੋਂ ਸਜਾਇਆ ਗਿਆ ਨਗਰ ਕੀਰਤਨ ਜਲੰਧਰ ਤੋਂ ਫਗਵਾੜਾ ਪੁੱਜਾ ਜਿੱਥੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਨੇ ਨਗਰ ਕੀਰਤਨ ਦਾ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸੰਸਦ ਮੈਂਬਰ ਡਾ ਰਾਜ ਕੁਮਾਰ ਚੱਬੇਵਾਲ , ਹਲਕਾ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ , ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਐਸ ਐਸ ਪੀ ਗੌਰਵ ਤੂਰਾ ਤੇ ਵੱਡੀ ਗਿਣਤੀ ਵਿੱਚ ਨੇੜਲੇ ਪਿੰਡਾਂ ਦੀ ਸੰਗਤ ਨੇ ਨਗਰ ਕੀਰਤਨ ਦਾ ਸਵਾਗਤ ਕੀਤਾ। ਇਸ ਮੌਕੇ ਸੰਸਦ ਮੈਂਬਰ ਡਾ ਚੱਬੇਵਾਲ ਨੇ ਕਿਹਾ ਕਿ ਨੌਂਵੇ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਵੱਲੋਂ ਮਨੁੱਖੀ ਹੱਕਾਂ ਦੀ ਰਾਖੀ ਲਈ ਦਿੱਤਾ ਬਲੀਦਾਨ ਰਹਿੰਦੀ ਦੁਨੀਆਂ ਤੱਕ ਸੰਗਤ ਨੂੰ ਹੱਕ ਸੱਚ ਲਈ ਲੜਨ ਲਈ ਪ੍ਰੇਰਿਤ ਕਰੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸ਼ਹੀਦੀ ਸ਼ਤਾਬਦੀ ਨੂੰ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸ਼ੈਸ਼ਨ ਵੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ , ਜਿੱਥੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਿਜਦਾ ਕੀਤਾ ਜਾਵੇਗਾ।

# ਪੰਜਾਬ ਸਰਕਾਰ ਦਾ ਨਸ਼ਿਆਂ ਖ਼ਿਲਾਫ਼ ਸਭ ਤੋਂ ਵੱਡਾ ਅਭਿਆਨ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਸਮੇਤ ਖਤਮ ਕਰਨ ਲਈ ਮਿਸ਼ਨ ਮੋਡ 'ਚ ਕੰਮ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਜਾਗਰੂਕਤਾ, ਰੋਕਥਾਮ, ਇਲਾਜ ਅਤੇ ਪੁਨਰਵਾਸ ਨੂੰ ਇੱਕ ਮਜ਼ਬੂਤ ਮਾਡਲ ਰਾਹੀਂ ਜੋੜ ਕੇ ਸੂਬੇ ਨੂੰ ਨਸ਼ਾ-ਮੁਕਤ ਬਣਾਉਣ ਦੀ ਲੜਾਈ ਨੂੰ ਨਵੀਂ ਦਿਸ਼ਾ ਦਿੱਤੀ ਜਾ ਰਹੀ ਹੈ।ਪੰਜਾਬ ਭਵਨ, ਚੰਡੀਗੜ੍ਹ ਵਿੱਚ ਆਯੋਜਿਤ ਮੀਟਿੰਗ ਦੌਰਾਨ ਮੰਤਰੀ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਪੰਜਾਬ ਸਰਕਾਰ ਦੀ 'ਜ਼ੀਰੋ ਟੋਲਰੈਂਸ' ਨੀਤੀ ਅਧੀਨ ਤਸਕਰੀ ਅਤੇ ਨਸ਼ਾ ਸਪਲਾਈ ਦੇ ਮਾਮਲਿਆਂ 'ਤੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿਹਤ, ਸਿੱਖਿਆ, ਪੁਲਸ, ਜ਼ਿਲ੍ਹਾ ਪ੍ਰਸ਼ਾਸਨ ਅਤੇ ਲੋਕ ਸੰਪਰਕ ਸਮੇਤ ਸਾਰੇ ਵਿਭਾਗ ਇੱਕਜੁੱਟ ਹੋ ਕੇ ਕੰਮ ਕਰਨ ਤਾਂ ਜੋ ਨਸ਼ਾ-ਮੁਕਤੀ ਕਾਰਜ ਯੋਜਨਾ ਦੀ ਪ੍ਰਭਾਵਸ਼ੀਲਤਾ ਲਾਗੂ ਹੋ ਸਕੇ।ਮੀਟਿੰਗ ਵਿੱਚ ਦੱਸਿਆ ਗਿਆ ਕਿ 2024-25 ਵਿੱਚ ਸੂਬੇ ਦੇ 23 ਜ਼ਿਲ੍ਹਿਆਂ ਵਿੱਚ 800 ਤੋਂ ਵੱਧ ਜਾਗਰੂਕਤਾ ਸਮਾਗਮ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ 7.5 ਲੱਖ ਲੋਕਾਂ ਦੀ ਸ਼ਮੂਲੀਅਤ ਪੰਜਾਬ ਸਰਕਾਰ ਦੀ ਕੋਸ਼ਿਸ਼ਾਂ 'ਤੇ ਭਰੋਸੇ ਨੂੰ ਦਰਸਾਉਂਦੀ ਹੈ।ਇਹ ਮੁਹਿੰਮ ਸੂਬੇ ਦੇ ਹਰ ਪੱਧਰ 'ਤੇ ਮਜ਼ਬੂਤ ਲੋਕ-ਸਹਿਯੋਗ ਨਾਲ ਚੱਲ ਰਹੀ ਹੈ।ਡਾ. ਬਲਜੀਤ ਕੌਰ ਨੇ ਕਿਹਾ ਕਿ ਨਸ਼ਿਆਂ ਨਾਲ ਪ੍ਰਭਾਵਿਤ ਪਰਿਵਾਰਾਂ ਦੀ ਸਮਾਜਕ, ਆਰਥਿਕ ਅਤੇ ਮਨੋਵਿਗਿਆਨਕ ਮਦਦ ਲਈ ਪੰਜਾਬ ਸਰਕਾਰ ਇੱਕ ਵੱਖਰਾ ਸਮਰਥਨ ਮਾਡਲ ਲਾਗੂ ਕਰ ਰਹੀ ਹੈ।ਇਸ ਵਿੱਚ ਕੌਂਸਲਿੰਗ, ਰੋਜ਼ਗਾਰ-ਕੇਂਦ੍ਰਿਤ ਟ੍ਰੇਨਿੰਗ, ਪੁਨਰਵਾਸ ਅਤੇ ਸਮਾਜਕ ਇੰਟੀਗ੍ਰੇਸ਼ਨ ਵਰਗੀਆਂ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਪ੍ਰਭਾਵਿਤ ਵਿਅਕਤੀ ਨਵੀਂ ਸ਼ੁਰੂਆਤ ਕਰ ਸਕੇ।ਮੀਟਿੰਗ ਦੌਰਾਨ 2025-26 ਲਈ ਨਸ਼ਾ ਮੁਕਤ ਯੋਜਨਾ ਤਹਿਤ 49.96 ਕਰੋੜ ਦੇ ਸਟੇਟ ਐਕਸ਼ਨ ਪਲਾਨ ਨੂੰ ਮਨਜ਼ੂਰੀ ਦਿੱਤੀ ਗਈ। ਇਸ ਤਹਿਤ ਸਿੱਖਿਆ, ਸਿਹਤ, ਖੇਡਾਂ, ਅਤੇ ਲੋਕ ਸੰਪਰਕ ਵਿਭਾਗਾਂ ਰਾਹੀਂ ਜਾਗਰੂਕਤਾ, ਇਲਾਜ, ਡੀ-ਐਡਿਕਸ਼ਨ ਸੇਵਾਵਾਂ ਅਤੇ ਸਮਰੱਥਾ ਨਿਰਮਾਣ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਨੌਜੁਆਨ ਪੀੜ੍ਹੀ ਗੀਤਾ ਦੇ ਉਪਦੇਸ਼ ਨੂੰ ਜੀਵਨ 'ਚ ਆਤਮਸਾਤ ਕਰੇ : ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਨੌਜੁਆਨਾਂ ਨੂੰ ਗੀਤਾ ਦੇ ਉਪਦੇਸ਼ ਆਪਣੇ ਜੀਵਨ ਵਿੱਚ ਆਤਮਸਾਤ ਕਰਨਾ ਚਾਹੀਦੇ ਹਨ। ਸ੍ਰੀ ਰਾਣਾ ਕੌਮਾਂਤਰੀ ਸ੍ਰੀਮਦਭਗਵਦ ਗੀਤਾ ਜੈਯੰਤੀ ਸਮਾਰੋਹ-2025 ਦੇ ਮੌਕੇ ਵਿੱਚ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਨ ਯਮੁਨਾਨਗਰ ਵਿੱਚ ਨੌਜੁਆਨਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਪ੍ਰੋਗਰਾਮ ਵਿੱਚ ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਪਹੁੰਚਣ 'ਤੇ ਮਾਤਰਭੂਮੀ ਸੇਵਾ ਮਿਸ਼ਨ ਦੇ ਸੰਸਥਾਪਕ ਡਾ. ਸ਼੍ਰੀਪ੍ਰਕਾਸ਼ ਮਿਸ਼ਰ ਅਤੇ ਸੰਸਥਾਨ ਦੇ ਪ੍ਰਿੰਸੀਪਲ ਭੁਪਿੰਦਰ ਸਾਂਗਵਾਨ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ।

# ਰੋਸ਼ਨੀ ਤੇ ਆਵਾਜ਼ ਸ਼ੋਅ ਚਰਨ ਗੰਗਾ ਸਟੇਡੀਅਮ 'ਚ ਭਲਕ ਤੱਕ ਰਹੇਗਾ ਜਾਰੀ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਤੇ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਵਿਸ਼ੇਸ਼ ਰੋਸ਼ਨੀ ਅਤੇ ਆਵਾਜ਼ ਸ਼ੋਅ ਹੁਣ 25 ਨਵੰਬਰ ਤੱਕ ਜਾਰੀ ਰਹੇਗਾ। ਇਹ ਫੈਸਲਾ ਸੰਗਤਾਂ ਵੱਲੋਂ ਮਿਲ ਰਹੇ ਭਰਵੇਂ ਹੁਗਾਰੇ ਅਤੇ ਸ਼ੋਅ ਦੀ ਲਗਾਤਾਰ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ 23 ਨਵੰਬਰ ਤੋਂ ਇਸ ਸ਼ੋਅ ਦੀ ਮੁੜ ਸ਼ੁਰੂਆਤ ਕਰ ਦਿੱਤੀ ਗਈ ਹੈ, ਕਿਉਂਕਿ ਸ਼ਰਧਾਲੂਆਂ ਨੇ ਇਸ ਰੂਹਾਨੀ ਪ੍ਰਸਤੁਤੀ ਨੂੰ ਵੱਡੀ ਗਿਣਤੀ ਵਿੱਚ ਦੇਖਣ ਦੀ ਇੱਛਾ ਪ੍ਰਗਟ ਕੀਤੀ ਸੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਇਹ ਸ਼ੋਅ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ, ਉਪਦੇਸ਼ਾਂ, ਫਲਸਫੇ ਅਤੇ ਲਾਸਾਨੀ ਸ਼ਹਾਦਤ ਨਾਲ ਜਾਣੂ ਕਰਵਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਧੁਨਿਕ ਤਕਨੀਕ, ਉੱਚ-ਗੁਣਵੱਤਾ ਵਾਲੀ ਲਾਈਟਿੰਗ ਤੇ ਸਾਊਂਡ ਦੀ ਮਦਦ ਨਾਲ ਤਿਆਰ ਕੀਤੀ ਇਸ ਪ੍ਰਸਤੁਤੀ ਵਿੱਚ ਗੁਰੂ ਸਾਹਿਬ ਜੀ ਦੀ ਧਰਮ ਲਈ ਕੀਤੀ ਬੇਮਿਸਾਲ ਕੁਰਬਾਨੀ ਨੂੰ ਮਨੋਹਰ ਢੰਗ ਨਾਲ ਦਰਸਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ੋਅ ਵਿੱਚ ਸੰਗਤਾਂ ਦੀ ਹਾਜ਼ਰੀ ਉਮੀਦ ਤੋਂ ਕਈ ਗੁਣਾ ਵਧ ਗਈ ਸੀ। ਇਸ ਨੂੰ ਧਿਆਨ ਵਿੱਚ ਰੱਖਦਿਆਂ ਸ਼ੋਅ ਨੂੰ ਤਿੰਨ ਹੋਰ ਦਿਨ ਲਈ ਵਧਾਉਣ ਦਾ ਫੈਸਲਾ ਕੀਤਾ ਗਿਆ ਹੈ। ਬੈਂਸ ਨੇ ਦੱਸਿਆ ਕਿ ਇਸ ਸ਼ੋਅ ਵਿੱਚ ਗੁਰੂ ਸਾਹਿਬ ਦੇ ਜੀਵਨ, ਧਰਮ ਅਤੇ ਮਨੁੱਖਤਾ ਦੀ ਰੱਖਿਆ ਲਈ ਉਨ੍ਹਾਂ ਦੇ ਬਲਿਦਾਨ ਨੂੰ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਲਈ ਸਾਰੇ ਪ੍ਰਬੰਧ ਪੂਰੇ ਕੀਤੇ ਗਏ ਹਨ। ਬੈਠਕ, ਪਾਰਕਿੰਗ, ਤਕਨੀਕੀ ਸੁਵਿਧਾਵਾਂ ਅਤੇ ਸੁਰੱਖਿਆ ਪ੍ਰਬੰਧਾਂ 'ਤੇ ਵੱਡੀ ਸਾਵਧਾਨੀ ਨਾਲ ਕੰਮ ਕੀਤਾ ਗਿਆ ਹੈ ਤਾਂ ਜੋ ਹਰ ਰੋਜ਼ ਸ਼ੋਅ ਬਿਨਾ ਕਿਸੇ ਰੁਕਾਵਟ ਦੇ ਚੱਲ ਸਕਣ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ 'ਤੇ ਨਗਰ ਕੀਰਤਨ ਦਾ ਸ਼ਾਨਦਾਰ ਸਵਾਗਤ

**ਹੁਸ਼ਿਆਰਪੁਰ (ਮੁਕੇਰੀਆਂ, ਦਸੂਹਾ, ਗੜ੍ਹਦੀਵਾਲਾ) (ਓ ਪੀ ਰਾਣਾ,ਬਲਬੀਰ ਸੈਣੀ)**- ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੰਜਾਬ ਸਰਕਾਰ ਵੱਲੋਂ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਚਾਰ ਵਿਸ਼ਾਲ ਨਗਰ ਕੀਰਤਨਾਂ ਵਿੱਚੋਂ ਸ੍ਰੀਨਗਰ ਤੋਂ ਸ਼ੁਰੂ ਹੋਇਆ ਨਗਰ ਕੀਰਤਨ ਪਠਾਨਕੋਟ ਰਾਹੀਂ ਹੁੰਦਾ ਹੋਇਆ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਮੁਕੇਰੀਆਂ ਵਿਚ ਦੁਪਹਿਰ ਨੂੰ ਪਹੁੰਚਿਆ। ਇਥੇ ਨਗਰ ਕੀਰਤਨ ਦਾ ਸਵਾਗਤ ਫੁੱਲਾਂ ਦੀ ਵਰਖਾ ਦੇ ਨਾਲ ਨਾਲ ਗਾਰਡ ਆਫ ਆਨਰ ਦੇ ਕੇ ਕੀਤਾ ਗਿਆ। ਇਹ ਨਗਰ ਕੀਰਤਨ ਦਸੂਹਾ ਤੇ ਗੜ੍ਹਦੀਵਾਲਾ ਹੁੰਦਾ ਹੋਇਆ ਰਾਤ ਦੇ ਪੜਾਅ ਲਈ ਗੁਰਦੁਆਰਾ ਸ੍ਰੀ ਰਾਮਪੁਰ ਖੇੜਾ ਪਹੁੰਚਿਆ। ਜਿਸ ਤੋਂ ਬਾਅਦ ਇਹ ਭੂੰਗਾ ਹਰਿਆਣਾ ਹੁਸ਼ਿਆਰਪੁਰ ਚੱਬੇਵਾਲ ਮਾਹਿਲਪੁਰ ਅਤੇ ਗੜ੍ਹਸ਼ੰਕਰ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਵੇਗਾ।ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਮੁਕੇਰੀਆਂ ਵਿੱਚ ਨਗਰ ਕੀਰਤਨ ਦਾ ਸਵਾਗਤ ਕੀਤਾ ਅਤੇ ਗੁਰੂ ਜੀ ਦੇ ਚਰਨਾਂ ਵਿਚ ਮੱਥਾ ਟੇਕਿਆ। ਉਨ੍ਹਾਂ ਦੇ ਨਾਲ ਨਾਲ ਹਲਕਾ ਇੰਚਾਰਜ ਪ੍ਰੋ. ਜੀ.ਐਸ ਮੁਲਤਾਨੀ, ਡਿਪਟੀ ਕਮਿਸ਼ਨ ਆਸ਼ਿਕਾ ਜੈਨ, ਐਸ.ਐਸ.ਪੀ ਸੰਦੀਪ ਕੁਮਾਰ ਮਲਿਕ, ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਵਿੰਦਰ ਸਿੰਘ ਪਾਬਲਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਐਸ.ਪੀ ਮੇਜਰ ਸਿੰਘ, ਐਸ.ਡੀ.ਐਮ ਮੁਕੇਰੀਆਂ ਅੰਕੁਰ ਮਹਿੰਦਰ ਅਤੇ ਵੱਡੀ ਗਿਣਤੀ ਵਿਚ ਸ਼ਰਧਾਲੂ ਮੌਜੂਦ ਸਨ। ਲੋਕ ਸਭਾ ਮੈਂਬਰ ਡਾ.



ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਦਿੱਲੀ ਵਿਚ ਬਲਿਦਾਨ ਦਿੱਤਾ, ਜੋ ਕਿ ਦੁਨੀਆ ਦੇ ਇਤਿਹਾਸ ਵਿਚ ਬੇਮਿਸਾਲ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਅਤੇ ਦਰਸ਼ਨ ਸਾਰੀ ਮਨੁੱਖਤਾ ਲਈ ਮਾਰਗਦਰਸ਼ਕ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ, ਸ਼ਹਾਦਤ ਅਤੇ ਮਨੁੱਖਤਾ ਦੇ ਸਦੀਵੀ ਸੰਦੇਸ਼ ਤੋਂ ਜਾਣੂ ਕਰਵਾਉਣਾ ਹੈ, ਜੋ ਦੁਨੀਆ ਭਰ ਦੇ ਲੱਖਾਂ ਲੋਕਾਂ ਨੂੰ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਵੇਗਾ ਕਿ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਚੰਡੀਗੜ੍ਹ ਤੋਂ ਬਾਹਰ ਹੋਵੇਗਾ। ਇਹ ਵਿਸ਼ੇਸ਼ ਸੈਸ਼ਨ ਗੁਰੂ ਸਾਹਿਬ ਵੱਲੋਂ ਮਨੁੱਖਤਾ ਲਈ ਦਿੱਤੀ ਗਈ ਬੇਮਿਸਾਲ ਕੁਰਬਾਨੀ ਨੂੰ ਸਾਰੀ ਮਨੁੱਖਤਾ ਵੱਲੋਂ ਸ਼ਰਧਾਂਜਲੀ ਸੀ। ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਪੂਰੀ ਦੁਨੀਆ ਵਿੱਚ ਮਨੁੱਖੀ ਅਧਿਕਾਰਾਂ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਪਹਿਲੇ ਸ਼ਹੀਦ ਵਜੋਂ ਯਾਦ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਤਨਦੇਹੀ ਨਾਲ ਕੰਮ ਕਰ ਰਹੀ ਹੈ ਕਿ ਸੰਗਤ ਅਧਿਆਤਮਿਕਤਾ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਦੇ ਵਿਲੱਖਣ ਮਿਸ਼ਰਣ ਦਾ ਅਨੁਭਵ ਕਰ ਸਕੇ।ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਦੱਸਿਆ ਕਿ 23, 24 ਅਤੇ 25 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਵ ਪੱਧਰੀ ਸਮਾਗਮ ਕਰਵਾਏ ਜਾ ਰਹੇ ਹਨ। ਪੂਰਾ ਸ੍ਰੀ ਅਨੰਦਪੁਰ ਸਾਹਿਬ ਮਸ਼ਾਲਾਂ ਨਾਲ ਰੌਸ਼ਨ ਕੀਤਾ ਜਾਵੇਗਾ। ਤਿੰਨੋਂ ਦਿਨ ਡਰੋਨ ਸ਼ੋਅ ਵੀ ਹੋਣਗੇ। 25 ਨਵੰਬਰ ਨੂੰ ਸਾਰਿਆਂ ਦੀ ਭਲਾਈ ਲਈ ਇਕ ਇਕੱਠ ਹੋਵੇਗਾ। ਮੁਕੇਰੀਆਂ ਵਿਧਾਨ ਸਭਾ ਹਲਕਾ ਇੰਚਾਰਜ ਪ੍ਰੋ. ਜੀ.ਐਸ. ਮੁਲਤਾਨੀ ਨੇ ਕਿਹਾ ਕਿ ਅਸੀਂ ਖੁਸ਼ਕਿਸਮਤ ਹਾਂ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਸਾਡੇ ਜੀਵਨ ਕਾਲ ਵਿੱਚ ਆਇਆ ਹੈ। ਉਨ੍ਹਾਂ ਸਾਰੇ ਸ਼ਰਧਾਲੂਆਂ ਨੂੰ ਆਪਣੇ ਪਰਿਵਾਰਾਂ ਸਮੇਤ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਪਹੁੰਚਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ਾਲ ਨਗਰ ਕੀਰਤਨ ਦਾ ਸ਼ਰਧਾ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਦੀ ਟੁਕੜੀ ਨੇ ਨਗਰ ਕੀਰਤਨ ਨੂੰ ਗਾਰਡ ਆਫ਼ ਆਨਰ ਦਿੱਤਾ।ਇਸ ਮੌਕੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ, ਧਾਰਮਿਕ ਸੰਸਥਾਵਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।

# ਵਿਧਾਨ ਸਭਾ ਦੇ ਮੌਕ ਸੈਸ਼ਨ 'ਚ ਹੁਸਨਪ੍ਰੀਤ ਬਣੇ 'ਵਿਧਾਇਕ' ਰੰਧਾਵਾ

## ਨਹਿਰੀ ਪਾਣੀ ਦਾ ਮੁੱਦਾ ਜ਼ੋਰ ਨਾਲ ਉਠਾਉਣ ਦੀ ਤਿਆਰੀ



**ਡੇਰਾਬੱਸੀ, (ਵਿਨੈ ਕੁਮਾਰ ਜੈਨ)**

ਸੰਵਿਧਾਨ ਦਿਵਸ 26 ਨਵੰਬਰ ਮੌਕੇ ਪੰਜਾਬ ਵਿਧਾਨ ਸਭਾ ਵਿੱਚ ਹੋ ਰਹੇ ਵਿਦਿਆਰਥੀ ਮੌਕ ਸੈਸ਼ਨ ਵਿੱਚ ਡੇਰਾਬੱਸੀ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੜੌਤ ਦੇ 12ਵੀਂ ਕਲਾਸ ਦੇ ਵਿਦਿਆਰਥੀ ਹੁਸਨਪ੍ਰੀਤ ਸਿੰਘ ਖ਼ਾਸ ਚਰਚਾ ਦਾ ਕੇਂਦਰ ਬਣੇ ਹੋਏ ਹਨ।ਹੁਸਨਪ੍ਰੀਤ ਸਿੰਘ ਇਸ ਮੌਕ ਸੈਸ਼ਨ ਵਿੱਚ ਡੇਰਾਬੱਸੀਆਂ ਹਲਕੇ ਦਾ ਪ੍ਰਤੀਨਿਧਿਤਾ ਕਰਦੇ ਹੋਏ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਭੂਮਿਕਾ ਨਿਭਾ ਰਹੇ ਹਨ। ਪੰਜਾਬ ਦੇ 117 ਹਲਕਿਆਂ ਤੋਂ ਸਰਕਾਰੀ ਸਕੂਲਾਂ ਦੇ 11ਵੀਂ-12ਵੀਂ ਦੇ ਚੁਣੇ ਹੋਏ ਵਿਦਿਆਰਥੀ ਇੱਥੇ ਆ ਕੇ ਵਿਧਾਨ ਸਭਾ ਦੀ ਕਾਰਗੁਜ਼ਾਰੀ, ਚਰਚਾ ਤੇ ਪ੍ਰਸ਼ਨਕਾਲ ਦੀ ਸਿੱਖਿਆ ਲੈ ਰਹੇ ਹਨ। ਹੁਸਨਪ੍ਰੀਤ ਨੇ ਦੱਸਿਆ ਕਿ ਉਨ੍ਹਾਂ ਨੇ ਤਜਰਬਾਤੀ ਤੌਰ 'ਤੇ ਬਿਲਕੁਲ ਉਹੀ ਤਰੀਕਾ ਅਪਣਾਉਣਾ ਹੈ ਜਿਵੇਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਹਲਕੇ ਦੇ ਮੁੱਦਿਆਂ ਨੂੰ ਸਦਨ ਵਿੱਚ ਜ਼ੋਰ ਨਾਲ ਰੱਖਦੇ ਹਨ।ਹੁਸਨਪ੍ਰੀਤ ਸਿੰਘ ਨੇ ਕਿਹਾ ਕਿ ਡੇਰਾਬੱਸੀ, ਲਾਲੜੂ ਅਤੇ ਜ਼ੀਰਕਪੁਰ ਲਈ ਨਹਿਰੀ ਪੀਣ-ਯੋਗ ਪਾਣੀ ਦੀ ਮੰਗ ਸਭ ਤੋਂ ਵੱਡਾ ਮੁੱਦਾ ਹੈ ਅਤੇ ਉਹ ਇਸ ਮੌਕ ਸੈਸ਼ਨ ਵਿੱਚ ਇਸ ਨੂੰ ਸਭ ਤੋਂ ਪਹਿਲਾਂ ਉਠਾਉਣਗੇ।ਇਸ ਦੇ ਨਾਲ ਹੀ ਡੇਰਾਬੱਸੀ-ਬਰਵਾਲਾ ਸੜਕ ਦੇ ਮੁੱਦੇ ਅਤੇ ਪਿੰਡਾਂ ਦੇ ਕੁੱਲ ਵਿਕਾਸ ਸਬੰਧੀ ਮਸਲੇ ਵੀ ਸਦਨ ਵਿੱਚ ਰੱਖਣ ਦੀ ਉਨ੍ਹਾਂ ਨੇ ਤਿਆਰੀ ਕੀਤੀ ਹੈ। ਉਹਨਾਂ ਕਿਹਾ ਕਿ ਇਹ ਅਭਿਆਸ ਨਾ ਸਿਰਫ਼ ਸੰਵਿਧਾਨ ਦੀ ਪ੍ਰਯੋਗਿਕ ਸਮਝ ਦਿੰਦਾ ਹੈ, ਸਗੋਂ ਭਵਿੱਖ ਦੇ ਲੋਕਤੰਤਰਿਕ ਨੇਤਰਤਵ ਦੀ ਨਿਵ ਵੀ ਮਜ਼ਬੂਤ ਕਰਦਾ ਹੈ। ਮੈਨੂੰ ਲੱਗਿਆ ਜਿਵੇਂ ਮੇਰਾ ਸੁਪਨਾ ਸੱਚ ਹੋ ਗਿਆ ਹੋਵੇ, ਹੁਸਨਪ੍ਰੀਤ ਨੇ ਉਤਸ਼ਾਹਤ ਲਹਿਜ਼ੇ ਵਿੱਚ ਕਿਹਾ।

# ਮੁਫ਼ਤ ਮੈਡੀਕਲ ਕੈਂਪ 5 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਦੁਆਬਾ ਸੋਸ਼ਲ ਵੈਲਫੇਅਰ ਸੋਸਾਇਟੀ ਰਜਿਸਟਰ ਵੱਲੋਂ ਆਪਣਾ 144ਵਾਂ ਮੁਫ਼ਤ ਮੈਡੀਕਲ ਚੈੱਕ ਅਪ ਕੈਂਪ ਬਾਬਾ ਸੋਨ ਭਗਤ ਗੁਰਦੁਆਰਾ ਗੜ੍ਹਸ਼ੰਕਰ ਰੋਡ ਨਵਾਂ ਸ਼ਹਿਰ ਵਿਖੇ ਪੰਜ ਦਸੰਬਰ ਨੂੰ ਬਾਬਾ ਸੋਨ ਭਗਤ ਜੀ ਦੇ 683ਵੇਂ ਪ੍ਰਕਾਸ਼ ਉਤਸਵ ਦੇ ਮੌਕੇ ਨਰਿੰਦਰ ਸਿੰਘ ਰਾਠੌਰ ਦੀ ਪ੍ਰਧਾਨਗੀ ਹੇਠ ਲਗਾਇਆ ਜਾ ਰਿਹਾ ਹੈ, ਇਹ ਜਾਣਕਾਰੀ ਦਿੰਦਿਆਂ ਇੰਜੀ. ਜੇਤਦੀਪ ਸਿੰਘ ਰਾਠੌਰ ਜੱਥੇਬੰਦੀਆਂ ਮੀਡ ਪ੍ਰਧਾਨ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਕੁਦਰਤੀ ਇਲਾਜ ਪ੍ਰਣਾਲੀ ਤੇ ਡਾਕਟਰ ਰੰਜੀਵ ਕੁਮਾਰ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅੱਪ ਕੀਤਾ ਜਾਵੇਗਾ।ਸੋਸਾਇਟੀ ਵੱਲੋਂ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੇ 350ਸਾਲਾ ਸਮਾਗਮ ਨੂੰ ਸਮਰਪਿਤ ਧਾਰਮਿਕ ਪੋਸਟਰ , ਪੇਂਟਿੰਗ ਪ੍ਰਕਾਸ਼ਨੀ ਵੀ ਲਗਾਈ ਜਾਵੇਗੀ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਰੋਸ ਮੁਜ਼ਾਹਰਾ 26 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

26 ਨਵੰਬਰ ਨੂੰ ਹੀ ਦੇਸ਼ ਦੀਆਂ ਵੱਡੀਆਂ 10 ਟਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਨੇ ਮੁਜਾਹਰੇ ਮੀਟਿੰਗਾਂ ਰੈਲੀਆਂ ਕਰਕੇ ਆਮ ਹੜਤਾਲ ਦਾ ਸੱਦਾ ਦਿੱਤਾ ਹੈ ਜਿਸ ਵਿੱਚ ਕਰੋੜਾਂ ਕਿਰਤੀ ਸ਼ਾਮਿਲ ਹੋਣਗੇ। ਪੰਜਾਬ ਅੰਦਰ ਮੁਲਾਜ਼ਮ ਜਥੇਬੰਦੀਆਂ ਨੇ ਸਰਕਾਰ ਵੱਲੋਂ ਸਰਕਾਰੀ ਜ਼ਮੀਨ ਵੇਚਣ ਦੇ ਫੈਸਲੇ ਵਿਰੁੱਧ 26 ਨਵੰਬਰ ਨੂੰ ਐਕਸ਼ਨ ਦਾ ਪ੍ਰੋਗਰਾਮ ਉਲੀਕਿਆ ਹੈ। ਉਹਨਾਂ ਦੱਸਿਆ ਕਿ ਉਹਨਾਂ ਦੀ ਜਥੇਬੰਦੀ ਇਹਨਾਂ ਸਾਰਿਆਂ ਐਕਸ਼ਨਾਂ ਵਿੱਚ ਸਰਗਰਮੀ ਨਾਲ ਹਿੱਸਾ ਲਵੇਗੀ। ਉਹਨਾਂ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਖੇਤ ਮਜ਼ਦੂਰਾਂ, ਮੁਲਾਜ਼ਮਾ ਅਤੇ ਆਮ ਲੋਕਾਂ ਨੂੰ ਇਹਨਾਂ ਸੰਘਰਸ਼ਾਂ ਵਿੱਚ ਵੱਡੀ ਪੱਧਰ ਤੇ ਹਿੱਸਾ ਲੈਣ ਦੀ ਅਪੀਲ ਕੀਤੀ।

# ਪਦ ਉਨਤ ਹੋਏ ਇੰਜ. ਸਰਬਜੀਤ ਸਿੰਘ ਰਾਜੂ ਦਾ ਕੰਧਾਲਾ ਜੱਟਾਂ ਵਿਖੇ ਪਹੁੰਚਣ 'ਤੇ ਭਰਵਾਂ ਸਵਾਗਤ

**ਅੱਡਾ ਸਰਾਂ (ਜਸਵੀਰ ਕਾਜਲ)**

ਪਿੰਡ ਕੰਧਾਲਾ ਜੱਟਾਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਜੰਮਪਲ ਅਤੇ ਵਸਨੀਕ ਸਰਬਜੀਤ ਸਿੰਘ ਰਾਜੂ ਪੰਜਾਬ ਰਾਜ ਬਿਜਲੀ ਬੋਰਡ ਦੇ ਚੀਫ ਇੰਜੀਨੀਅਰ ਇਨਫੋਰਸਮੈਂਟ ਅਫਸਰ ਪਟਿਆਲਾ ਹੈਡ ਆਫਸ ਆਪਣੇ ਜੱਦੀ ਪਿੰਡ ਪਹੁੰਚਣ 'ਤੇ ਪਿੰਡ ਦੇ ਨਿਵਾਸੀਆਂ, ਗੁਰੂ ਘਰਾਂ ਦੀਆਂ ਕਮੇਟੀਆਂ ਅਤੇ ਜੱਥੇਬੰਦੀਆਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਅੱਡਾ ਸਰਾਂ ਵਿਖੇ ਪਹੁੰਚਣ 'ਤੇ ਇੰਜ. ਸਰਬਜੀਤ ਸਿੰਘ ਰਾਜੂ ਦਾ ਢੋਲ ਨਗਾਰਿਆਂ ਨਾਲ ਸਵਾਗਤ ਕਰਦਿਆਂ ਅੱਡਾ ਸਰਾਂ ਲੰਗਰ ਕਮੇਟੀ, ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਪ੍ਰਬੰਧਕ ਕਮੇਟੀ ਗੁਰਦੁਆਰਾ, ਸ੍ਰੀ ਗੁਰੂ ਰਵਿਦਾਸ ਸਭਾ ਪ੍ਰਬੰਧਕ ਕਮੇਟੀ , ਡਾ. ਬੀ ਆਰ ਅੰਬੇਡਕਰ ਯੂਥ ਕਲੱਬ ਰਜਿ. ਕਲੱਬ ਅਤੇ ਗੁਰਦੁਆਰਾ ਸਿੰਘ ਸਭਾ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਇੰਜ. ਸਰਬਜੀਤ ਸਿੰਘ ਰਾਜੂ ਨੇ ਭਾਵਕ ਹੁੰਦਿਆਂ ਕਿਹਾ ਕਿ ਪਿੰਡ ਵੱਲੋਂ ਦੇਣਾ ਮਾਣ ਦੇਣ ਲਈ, ਮੈਂ ਹਮੇਸ਼ਾ ਪਿੰਡ ਦਾ ਦੇਣਦਾਰ ਰਹਾਂਗਾ। ਇਸ ਮੌਕੇ ਪਿੰਡ ਕੰਧਾਲਾ ਜੱਟਾਂ ਦੀ ਸਮੂਹ ਗ੍ਰਾਮ ਪੰਚਾਇਤ , ਸਰਪੰਚ ਹਰਪ੍ਰੀਤ ਕੌਰ , ਅੰਮ੍ਰਿਤਪਾਲ ਸਿੰਘ ਪ੍ਰਧਾਨ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ, ਜਥੇਦਾਰ ਅਵਤਾਰ ਸਿੰਘ, ਮਨਜੀਤ ਸਿੰਘ ਧਾਲੀਵਾਲ, ਕੈਪਟਨ ਹਰੀ ਓਮ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ, ਸੁੱਚਾ ਸਿੰਘ ਲੰਬੜਦਾਰ, ਅਮਰੀਕ ਸਿੰਘ ਮੀਕਾ, ਜਸਵੀਰ ਸਿੰਘ ਲੱਕੀ ਪ੍ਰਧਾਨ ਡਾ ਬੀ ਆਰ ਅੰਬੇਡਕਰ ਯੂਥ ਕਲੱਬ,ਕੈਪਟਨ ਸੁਰਿੰਦਰ ਸਿੰਘ , ਪੰਜਾਬ ਰਾਜ ਬਿਜਲੀ ਬੋਰਡ ਪਿੰਡ ਕੰਧਾਲਾ ਜੱਟਾਂ ਦੇ ਇੰਜੀਨੀਅਰ ਸਤਵਿੰਦਰ ਸਿੰਘ ਜੇਈ ਰਵਿੰਦਰ ਸਿੰਘ ਲੈਨਮੈਨ, ਮਨਦੀਪ ਸਿੰਘ, ਚਨਪ੍ਰੀਤ ਸਿੰਘ, ਮਨਜੀਤ ਸਿੰਘ, ਤਜਿੰਦਰ ਸਿੰਘ, ਸੁਰਿੰਦਰ ਸਿੰਘ, ਸੁੱਖਨਿੰਦਰ ਸਿੰਘ,ਭਜਨ ਸਿੰਘ , ਦਰਸ਼ਨ ਸਿੰਘ, ਗੁਰਮੇਲ ਸਿੰਘ, ਇੰਦਰਜੀਤ ਸਿੰਘ, ਬਲਸਾਹਿਬ ਸਿੰਘ,ਤਨਵਪ੍ਰੀਤ ਸਿੰਘ, ਹੈਡ ਗ੍ਰੰਥੀ ਬਾਬਾ ਰਣਜੀਤ ਸਿੰਘ,ਉਪ ਗ੍ਰੰਥੀ ਦਾਨ ਸਿੰਘ, ਮਨਜੀਤ ਸਿੰਘ, ਮਨਦੀਪ ਸਿੰਘ ਮੰਨਾ,ਪੰਚ ਵਰਿੰਦਰ ਸਿੰਘ,ਪੰਚ ਸੁੱਚਾ ਸਿੰਘ,ਪੰਚ ਬਲਦੇਵ ਸਿੰਘ, ਡਾ. ਚਰਨਜੀਤ ਸਿੰਘ ਪੜਬੱਗਾ ਚੇਅਰਮੈਨ ਡਾ. ਅੰਬੇਡਕਰ ਯੂਥ ਕਲੱਬ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



# ਡਾ. ਨਿਰੰਕਾਰ ਸਿੰਘ ਨੇਕੀ ਬਣੇ ਐਸੋਸੀਏਸ਼ਨ ਦੇ ਸਰਪ੍ਰਸਤ



**ਜਲੰਧਰ (ਰਾਜੇਸ਼ ਥਾਪਾ)**-ਮੈਡੀਕਲ ਖੇਤਰ ਦੀ ਜਾਣੀ-ਪਛਾਣੀ ਸ਼ਖ਼ਸੀਅਤ ਡਾ. ਨਿਰੰਕਾਰ ਸਿੰਘ ਨੇਕੀ, ਐਸੋਸੀਏਟ ਡੀਨ (ਅਕਾਦਮਿਕ) ਪੰਜਾਬ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (ਪਿਮਸ) ਨੂੰ ਦੀ ਐਸੋਸੀਏਸ਼ਨ ਆਫ਼ ਕਲੀਨੀਸ਼ੀਅਨਜ਼ ਆਫ਼ ਇੰਡੀਆ ਅਤੇ ਜਰਨਲ ਆਫ਼ ਜੀਰੀਐਟ੍ਰਿਕ ਸੋਸਾਇਟੀ ਆਫ਼ ਇੰਡੀਆ ਦਾ ਸਰਪ੍ਰਸਤ ਚੁਣਿਆ ਗਿਆ ਹੈ। ਉਹ ਇਸ ਤੋਂ ਪਹਿਲਾਂ ਵੀ ਆਇਰਲੈਂਡ (ਇੰਡੀਆ ਸੈਕਸ਼ਨ) ਦੇ ਸਰਪ੍ਰਸਤ ਸਨ।ਡਾ. ਨੇਕੀ ਹੁਣ ਤੱਕ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ 35 ਤੋਂ ਵੱਧ ਫੈਲੋਸ਼ਿਪ ਪੁਰਸਕਾਰ ਅਤੇ 12 ਓਰੇਸ਼ਨ ਪੁਰਸਕਾਰ ਪ੍ਰਾਪਤ ਕਰ ਚੁੱਕੇ ਹਨ।ਉਨ੍ਹਾਂ ਦਾ ਨਾਂਅ ਲਿਮਕਾ ਬੁੱਕ ਆਫ਼ ਰਿਕਾਰਡਜ਼ ਵਿੱਚ ਵੀ ਦਰਜ ਹੋ ਚੁੱਕਾ ਹੈ।

# ਸਰਕਾਰੀ ਸੀ.ਸੈ. ਸਕੂਲ ਹਰਬੰਸਪੁਰ ਦੇ ਦੋ ਮਾਡਲਾਂ ਨੂੰ ਸਾਇੰਸ ਮੇਲੇ ਦੌਰਾਨ ਮਿਲਿਆ ਪਹਿਲਾ ਸਥਾਨ



**ਫਗਵਾੜਾ (ਡਾ. ਰਮਨ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਬੰਸਪੁਰ ਦੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਨੇ ਸਰਕਾਰੀ ਹਾਈ ਸਕੂਲ ਮੇਹਟਾਂ ਵਿਖੇ ਆਯੋਜਿਤ ਸਾਇੰਸ ਮੇਲੇ ਦੌਰਾਨ ਗਰੀਨ ਐਨਰਜੀ ਅਤੇ ਸਿਹਤ ਤੇ ਸਫਾਈ ਮਾਡਲਾਂ 'ਚ ਪਹਿਲਾਂ ਸਥਾਨ ਪ੍ਰਾਪਤ ਕੀਤਾ ਹੈ।ਸਕੂਲ ਪ੍ਰਿੰਸੀਪਲ ਰਾਜਪ੍ਰੀਤ ਕੌਰ ਸਿਆਨ ਨੇ ਦੱਸਿਆ ਕਿ ਫਗਵਾੜਾ ਬਲਾਕ 2 ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਬਹੁਤ ਵਧੀਆ ਪੇਸ਼ ਕੀਤੇ ਸਨ। ਉਹਨਾਂ ਦੇ ਸਕੂਲ ਲਈ ਬਹੁਤ ਖ਼ੁਸ਼ੀ ਤੇ ਮਾਣ ਦੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਵਲੋਂ ਤਿਆਰ ਕੀਤੇ ਗਏ ਦੋ ਮਾਡਲ ਪਹਿਲਾ ਸਥਾਨ ਹਾਸਲ ਕਰਨ ਵਿੱਚ ਸਫਲ ਰਹੇ।ਉਹਨਾਂ ਜਿੱਥੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦੇ ਹੋਏ ਭਵਿੱਖ 'ਚ ਇਸੇ ਤਰ੍ਹਾਂ ਮਿਹਨਤ ਨਾਲ ਸਫਲਤਾ ਦਾ ਅਸ਼ੀਰਵਾਦ ਦਿੱਤਾ, ਉੱਥੇ ਹੀ ਮਾਡਲ ਤਿਆਰ ਕਰਨ 'ਚ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਨ ਲਈ ਸਾਇੰਸ ਮਿਸਟਰੈਸ ਪਰਵੀਨ ਕੁਮਾਰੀ ਅਤੇ ਗੁਰਪਿੰਦਰ ਕੌਰ ਦੀ ਵੀ ਸ਼ਲਾਘਾ ਕੀਤੀ।ਇਸ ਦੌਰਾਨ ਉਹਨਾਂ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੀ ਉਤਸ਼ਾਹ ਨਾਲ ਹਿੱਸਾ ਲੈਣ ਲਈ ਪ੍ਰੇਰਿਆ। ਇਸ ਮੌਕੇ ਸਕੂਲ ਸਟਾਫ ਸਤਨਾਮ ਸਿੰਘ, ਕੈਂਪਸ ਮੈਨੇਜਰ ਕੁਲਵੀਰ ਸਿੰਘ , ਸੁਮੀਤ ਕੌਰ, ਅਲੀਸ਼ਾ, ਸਰੋਜ ਕੁਮਾਰੀ, ਕੁਸਮ ਲਤਾ, ਪਰਵੀਨ ਕੁਮਾਰੀ, ਤ੍ਰਿਪਤਾ ਦੇਵੀ, ਪਵਨ ਮਹਿਮੀ, ਪ੍ਰਿਸ ਚਾਹਲ ਆਦਿ ਹਾਜ਼ਰ ਸਨ।

# ਨੌਵੇਂ ਪਾਤਸ਼ਾਹ ਦੀ ਵਰੋਸਾਈ ਧਰਤੀ ਸ੍ਰੀ ਅਨੰਦਪੁਰ ਸਾਹਿਬ ਸੰਗਤਾਂ ਦੇ ਸਵਾਗਤ ਲਈ ਤਿਆਰ : ਬੈਂਸ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**



ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਵਰੋਸਾਈ ਧਰਤੀ ਸ੍ਰੀ ਅਨੰਦਪੁਰ ਸਾਹਿਬ ਸੰਗਤਾਂ ਦੇ ਸਵਾਗਤ ਲਈ ਪੂਰੀ ਤਰ੍ਹਾਂ ਤਿਆਰ ਹੈ।ਪੰਜਾਬ ਸਰਕਾਰ ਗੁਰੂ ਸਾਹਿਬ ਦੀ ਸ਼ਹਾਦਤ ਦੇ 350 ਸਾਲਾਂ ਸ਼ਹੀਦੀ ਸਮਾਗਮ ਪੂਰੀ ਸ਼ਰਧਾ ਅਤੇ ਆਦਰ ਸਹਿਤ ਮਨਾ ਰਹੀ ਹੈ।ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ 23 ਤੋਂ 25 ਨਵੰਬਰ ਤੱਕ ਹੋਣ ਵਾਲੇ ਸਮਾਗਮਾਂ ਦੌਰਾਨ ਆਉਣ ਵਾਲੀ ਸੰਗਤ ਲਈ ਸਾਰੇ ਪ੍ਰਬੰਧ ਵੀ ਪੂਰੇ ਪੁਖਤਾ ਹਨ। ਸੰਗਤ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਦੋਵਾਂ ਮੰਤਰੀਆਂ ਨੇ ਦੇਸ਼-ਵਿਦੇਸ਼ ਦੀ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਨਤਮਸਤਕ ਹੋਣ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਧਾਰਮਿਕ ਆਜ਼ਾਦੀ ਤੇ ਮਨੁੱਖੀ ਹੱਕਾਂ ਦੇ ਰਾਖੇ, ਦਇਆ ਤੇ ਤਿਆਗ ਦੀ ਮੂਰਤ ਅਤੇ ਬਲਿਦਾਨ ਦੇ ਪ੍ਰਤੀਕ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਮਹਾਨ ਜੀਵਨ ਤੇ ਫਲਸਫਾ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ। ਸਾਨੂੰ ਆਪਣੇ ਪਰਿਵਾਰਾਂ ਸਮੇਤ ਮਹਾਨ ਧਰਤੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਰਧਾ ਨਾਲ ਨਤਮਸਤਕ ਹੋ ਕੇ ਇਨ੍ਹਾਂ ਅਲੌਕਿਕ ਸਮਾਗਮਾਂ ਦਾ ਹਿੱਸਾ ਬਣਨਾ ਚਾਹੀਦਾ ਹੈ।ਇਸ ਦੌਰਾਨ ਬੈਂਸ, ਸੌਂਦ ਅਤੇ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਵੱਲੋਂ ਤਲਵੰਡੀ ਸਾਬੋ ਤੇ ਫਰੀਦਕੋਟ ਤੋਂ ਆਏ ਨਗਰ ਕੀਰਤਨਾਂ ਦਾ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਉੱਤੇ ਭਰਵਾਂ ਸਵਾਗਤ ਕੀਤਾ ਗਿਆ।

# ਚਾਰ ਲੇਬਰ ਕੋਡਾਂ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ

**ਮਾਹਿਲਪੁਰ (ਸ.ਫਰੀ)**

ਤਹਿਸੀਲਦਾਰ ਗੜ੍ਹਸ਼ੰਕਰ ਅਧੀਨ ਪੈਂਦੇ ਪਿੰਡ ਸਤਨੌਰ ਵਿਖੇ ਭੱਠਾ ਮਜ਼ਦੂਰਾ ਮਨਰੇਗਾ ਆਂਗਣਵਾੜੀ ਆਸ਼ਾ ਵਰਕਰਾ ਨੇ ਇਕੱਠੇ ਹੋ ਕੇ ਮੋਦੀ ਸਰਕਾਰ ਵੱਲੋਂ 4 ਲੇਬਰ ਕੋਡ ਲਾਗੂ ਕਰਨ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਉਸ ਦੀਆ ਕਾਪੀਆ ਸਾੜੀਆ ਗਈਆ ਇਸ ਨਾਲ ਮਜ਼ਦੂਰਾ ਨੇ ਲਹੂ ਵੀਟਵੇ ਸ਼ੰਘਰਸ਼ ਕਰਕੇ ਅੱਪਣੇ ਹੱਕ ਵਿੱਚ ਕਾਨੂੰਨ ਬਣਾਏ ਸਨ। ਉਹਨਾ ਵਿੱਚੋ 29 ਲੇਬਰ ਕਾਨੂੰਨ ਖਤਮ ਕਰ ਦਿੱਤੇ ਗਏ ਹੁਣ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਤੋਂ ਵੀ ਵਾਂਝਾ ਕਰ ਦਿੱਤਾ ਗਿਆ। ਮੋਦੀ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ ਲਗਾਤਾਰ ਮਜ਼ਦੂਰਾ ਕਿਸਾਨਾਂ 'ਤੇ ਹਮਲੇ ਕਰ ਰਹੀ ਹੈ। ਇਸ ਮੌਕੇ ਮਹਿੰਦਰ ਕੁਮਾਰ ਬੱਡੋਆਣ, ਗੁਰਬਖਸ਼ ਕੌਰ, ਬਲਦੇਵ ਰਾਜ, ਜੋਗਿੰਦਰ ਕੌਰ ਨੇ ਇਸ ਮੌਕੇ ਕਿਹਾ ਇਸ ਮਜ਼ਦੂਰਾ ਵਿਰੋਧੀ ਨੋਟੀਫਿਕੇਸ਼ਨ ਨੂੰ ਤੁਰੰਤ ਵਾਪਸ ਲਿਆ ਜਾਵੇ ਰੱਦ ਕੀਤਾ ਜਾਵੇ ਨਹੀਂ ਤਾਂ ਮੋਦੀ ਸਰਕਾਰ ਨੂੰ ਮਜ਼ਦੂਰਾਂ ਦੇ ਰੋਹ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਸਨੀ, ਬਖਸ਼ੀਸ਼ ਕੌਰ, ਸੁਰਿੰਦਰ ਕੌਰ, ਮੋਹਣ ਲਾਲ, ਬਲਬੀਰ ਬਿੱਲੂ, ਹਰਮੇਸ਼ ਲਾਲ, ਪੂਜਾ, ਸੁਨੀਤਾ ਰਾਣੀ ਨੇ ਵੀ ਸੰਬੋਧਨ ਕੀਤਾ।



# ਧਾਮੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦੇ ਪਤਵੰਤਿਆਂ ਨਾਲ ਮੀਟਿੰਗ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡਾਂ ਦੀਆਂ ਗੁਰਦੁਆਰਾ ਕਮੇਟੀਆਂ, ਸਰਪੰਚਾਂ, ਪੰਚਾਂ ਅਤੇ ਹੋਰ ਸਿੱਖ ਜਥੇਬੰਦੀਆਂ ਤੇ ਪਤਵੰਤਿਆਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਇਲਾਕਾ ਨਿਵਾਸੀਆਂ ਨੂੰ ਰਲ-ਮਿਲ ਕੇ ਜਥਿਆਂ ਦੇ ਰੂਪ ਵਿਚ ਵੱਧ ਤੋਂ ਵੱਧ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਇਲਾਕੇ ਦੇ ਪਤਵੰਤਿਆਂ ਨੂੰ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਵਿਆਪਕ ਪ੍ਰਬੰਧਾਂ ਅਤੇ ਪ੍ਰੋਗਰਾਮ ਬਾਰੇ ਜਾਣੂ ਕਰਵਾਇਆ।ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਵਿਚ ਪੁੱਜਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

# ਸਵਿਫਟ ਕਾਰ ਨੇ ਖੜ੍ਹੇ ਕੈਂਟਰ ਨਾਲ ਮਾਰੀ ਟੱਕਰ



**ਮਾਹਿਲਪੁਰ (ਸ.ਫਰੀ)**

ਹੁਸ਼ਿਆਰਪੁਰ ਤੋਂ ਚੰਡੀਗੜ੍ਹ ਜਾਣ ਵਾਲੇ ਮੁੱਖ ਮਾਰਗ ਤੇ ਪੈਂਦਾ ਸ਼ਹਿਰ ਮਾਹਿਲਪੁਰ ਦੇ ਬਾਹਰ ਵਾਰ ਇਕ ਸਵਿਫਟ ਚਾਲਕ ਨੇ ਖੜ੍ਹੇ ਕੈਂਟਰ ਨਾਲ ਟੱਕਰ ਮਾਰੀ। ਸਵਿਫਟ ਵਿਚ ਲੱਦੀਆਂ ਪੰਜ ਬੱਕਰੀਆਂ ਅਤੇ ਦੋ ਛਲਾਰੂਆਂ ਨੂੰ ਛੱਡ ਕੇ ਸਵਿਫਟ ਚਾਲਕ ਆਪਣੇ ਤਿੰਨ ਸਾਥੀਆਂ ਸਮੇਤ ਮੌਕੇ ਤੇ ਫ਼ਰਾਰ। ਥਾਣਾ ਮਾਹਿਲਪੁਰ ਦੀ ਪੁਲਸ ਨੇ ਮੌਕੇ ਤੇ ਪਹੁੰਚ ਕੇ ਕਾਰਵਾਈ ਕੀਤੀ ਸ਼ੁਰੂ।ਜਾਣਕਾਰੀ ਅਨੁਸਾਰ ਕੈਂਟਰ ਡਰਾਈਵਰ ਸਤੀਸ਼ ਕੁਮਾਰ ਪੁੱਤਰ ਮੁਨੀ ਲਾਲ ਵਾਸੀ ਪੰਡੋਹ (ਹਿਮਾਚਲ) ਨੇ ਦੱਸਿਆ ਕਿ ਮੈਂ ਮਿਤੀ 23-11-2025 ਨੂੰ ਤੜਕੇ ਕੋਈ ਸਾਢੇ ਕੋ ਤਿੰਨ ਵਜੇ ਆਪਣਾ ਖਾਲੀ ਕੈਂਟਰ ਐਚ ਪੀ 65 ਏ 2385 ਲੈ ਕੇ ਗੜ੍ਹਸ਼ੰਕਰ ਵਲੋਂ ਹੁਸ਼ਿਆਰਪੁਰ ਵੱਲ ਜਾ ਰਿਹਾ ਸੀ ਤੇ ਮਾਹਿਲਪੁਰ ਨਜ਼ਦੀਕ ਮੈਂ ਚਾਹ ਪੀਣ ਲਈ ਇਕ ਖੋਖੇ ਤੇ ਰੁਕ ਗਿਆ, ਮੈਂ ਚਾਹ ਪੀ ਕੇ ਆਪਣੇ ਕੈਂਟਰ ਵਿਚ ਬੈਠਾ ਹੀ ਸੀ ਤੇ ਗਲਤ ਪਾਸਿਓਂ ਆ ਰਹੀ ਇਕ ਸਵਿਫਟ ਕਾਰ ਪੀ ਬੀ 10 ਬੀ ਪੀ 8383 ਮੇਰੇ ਖੜ੍ਹੇ ਕੈਂਟਰ ਨਾਲ ਆ ਟਕਰਾਈ। ਸਵਿਫਟ ਚਾਲਕ ਸਮੇਤ ਚਾਰੇ ਵਿਅਕਤੀ ਆਪਣੀ ਕਾਰ ਛੱਡ ਕੇ ਭੱਜੇ ਗਏ। ਕਾਰ ਵਿਚ ਪੰਜ ਬੱਕਰੀਆਂ ਅਤੇ ਦੋ ਉਹਨਾਂ ਦੇ ਬੱਚੇ (ਛਲਾਰੂ) ਲੱਦੇ ਹੋਏ ਸਨ। ਥਾਣਾ ਮਾਹਿਲਪੁਰ ਵਿੱਚ ਤਾਇਨਾਤ ਡੀਊਟੀ ਅਫ਼ਸਰ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਦੱਸਿਆ ਕਿ ਅਸੀਂ ਬੱਕਰੀਆਂ ਨੂੰ ਚਾਰਾ ਅਤੇ ਪਾਣੀ ਪਿਆ ਦਿਤਾ ਹੈ। ਉਹਨਾਂ ਕਿਹਾ ਕਿ ਅਸੀਂ ਮੌਕੇ ਤੇ ਪਹੁੰਚ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਨਗਰ ਕੀਰਤਨ ਦਾ ਪਿੰਡ ਭੂੰਗਰਨੀ ਵਿਖੇ ਸ਼ਾਨਦਾਰ ਸਵਾਗਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਡੁਮੇਲੀ ਤੋਂ ਗੁਰਦੁਆਰਾ ਸੰਤ ਬਾਬਾ ਦਲੀਪ ਸਿੰਘ ਜੀ ਦੇ ਅਸਥਾਨ ਤੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਸ਼ਹੀਦੀ ਦਿਹਾੜੇ ਮੌਕੇ ਪਿੰਡ ਡੁਮੇਲੀ ਤੋਂ ਸਜਾਏ ਵਿਸ਼ਾਲ ਨਗਰ ਕੀਰਤਨ ਦਾ ਪਿੰਡ ਭੂੰਗਰਨੀ ਅਤੇ ਬਘਾਣਾ ਦੀਆ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸਾਡੇ 350 ਸਾਲਾ ਸ਼ਤਾਬਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਉਨ੍ਹਾਂ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਨਾਲ ਵਿਸ਼ਾਲ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਮਾਪਤ ਹੋਣਗੇ।ਇਹ ਵਿਸ਼ਾਲ ਨਗਰ ਕੀਰਤਨ ਪਿੰਡ ਡਮੇਲੀ ਗੁਰਦੁਆਰਾ ਸੰਤ ਬਾਬਾ ਦਲੀਪ ਸਿੰਘ ਜੀ ਦੇ ਅਸਥਾਨ ਤੋਂ ਆਰੰਭ ਹੋ ਕੇ ਪਿੰਡ ਰਿਰਾਣਾ ਜੱਟਾਂ, ਬਘਾਣਾ, ਭੂੰਗਰਨੀ, ਪਾਸ਼ਟਾਂ, ਅਜਨੋਹਾ ਤੋਂ ਹੁੰਦਾ ਹੋਇਆ ਸ੍ਰੀ ਆਨੰਦਪੁਰ ਸਾਹਿਬ ਗੁਰਦੁਆਰਾ ਸੀਸ ਗੰਜ ਵਿਖੇ ਸਮਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ, ਸੰਤ ਬਾਬਾ ਸੰਤੋਖ ਸਿੰਘ ਪਾਲਦੀ, ਸੰਤ ਬਾਬਾ ਪ੍ਰੀਤਮ ਸਿੰਘ ਬਾੜੀਆ, ਸੰਤ ਬਾਬਾ ਬਿਕਰਮਜੀਤ ਸਿੰਘ ਨੰਗਲ ਖੁਰਦ, ਸੰਤ ਬਾਬਾ ਵੀਰ ਜਤਿੰਦਰ ਸਿੰਘ ਮਲਕਪੁਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਸੰਗਤਾਂ ਵਿਸ਼ਾਲ ਨਗਰ ਕੀਰਤਨ ਦੇ ਨਾਲ ਨਾਲ ਚੱਲ ਰਹੀਆਂ ਸਨ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਭਾਈ ਸੁਖਚੈਨ ਸਿੰਘ ਹੈਡ ਗ੍ਰੰਥੀ, ਗੁਰਪ੍ਰੀਤ ਸਿੰਘ ਗੋਪੀ, ਹਰਭਜਨ ਸਿੰਘ ਬਘਾਣਾ, ਰਾਜਵੀਰ ਸਿੰਘ ਲੰਬੜਦਾਰ, ਜਗਤਾਰ ਸਿੰਘ ਭੂੰਗਰਨੀ, ਲੰਬੜਦਾਰ ਸੁਖਵਿੰਦਰ ਸਿੰਘ ਰਾਜਪੁਰ ਭਾਈਆਂ, ਜਥੇਦਾਰ ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਬਲਵੀਰ ਸਿੰਘ ਫਗਲਾਣਾ, ਭਜਨ ਸਿੰਘ ਬੋਲਾ, ਗੁਰਚਰਨ ਸਿੰਘ ਇਟਲੀ, ਜਸਵੰਤ ਸਿੰਘ ਇਟਲੀ, ਮਨਜੀਤ ਸਿੰਘ ਸੋਨੂੰ, ਕਰਨਜੀਤ ਸਿੰਘ ਰਿੱਕੀ, ਬਲਵੀਰ ਸਿੰਘ ਤੰਬੜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ

# ਵਿਧਾਇਕ ਤੇ ਹੋਰਨਾਂ ਨੇ ਨਗਰ ਕੀਰਤਨ ਦਾ ਕੀਤਾ ਸਵਾਗਤ



**ਬੰਗਾ (ਅਵਤਾਰ ਕਲੇਰ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿੱਚ ਦਾਖ਼ਲ ਹੋਣ ਸਮੇਂ ਮੇਹਲੀ ਪਿੰਡ ਨੇੜੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸਵਾਗਤ ਕੀਤਾ। ਸੰਗਤ ਨੇ ਪਾਲਕੀ ਸਾਹਿਬ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਲਿਜਾ ਰਹੀ ਗੱਡੀ 'ਤੇ ਫੁੱਲਾਂ ਦੀ ਵਰਖਾ ਕੀਤੀ ਅਤੇ ਸ਼ਬਦ-ਕੀਰਤਨ ਕਰਦਿਆਂ ਨਗਰ ਕੀਰਤਨ ਦਾ ਸਵਾਗਤ ਕੀਤਾ। ਪੰਜਾਬ ਪੁਲਿਸ ਦੇ ਜਵਾਨਾਂ ਦੀ ਟੁਕੜੀ ਨੇ ਗਾਰਡ ਆਫ ਆਨਰ ਦਿੱਤਾ । ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁਖੀ, ਪੰਜਾਬ ਜਲ ਸਰੋਤ ਪ੍ਰਬੰਧਨ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਸਰਹਾਲ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਜੋਤ ਕੌਰ ਲੋਹਟੀਆ, ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ, ਐਸ.ਐਸ.ਪੀ. ਤੁਸ਼ਾਰ ਗੁਪਤਾ ਅਤੇ ਹੋਰ ਸ਼ਖਸੀਅਤਾਂ ਨੇ ਵੀ ਸੰਗਤ ਨਾਲ ਸ਼ਾਮਲ ਹੋ ਕੇ ਨਗਰ ਕੀਰਤਨ ਦਾ ਸਵਾਗਤ ਕੀਤਾ। ਗੁਰਦਾਸਪੁਰ ਤੋਂ ਸ਼ੁਰੂ ਹੋਇਆ ਇਹ ਨਗਰ ਕੀਰਤਨ ਮੇਹਲੀ, ਬਹਿਰਾਮ, ਬੰਗਾ, ਨਵਾਂ ਸ਼ਹਿਰ, ਬਲਾਚੌਰ, ਕਾਠਗੜ੍ਹ , ਗੁਰਦੁਆਰਾ ਟਿੱਬੀ ਸਾਹਿਬ, ਰੋਪੜ ਹੈੱਡਵਰਕਸ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗਾ।ਨਗਰ ਕੀਰਤਨ ਦਾ ਸਵਾਗਤ ਕਰਦਿਆਂ ਬੰਗਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁਖੀ ਨੇ ਕਿਹਾ ਕਿ ਅਸੀਂ ਸਾਰੇ ਵੱਡਭਾਗੀ ਹਾਂ ਜੋ ਗੁਰੂ ਜੀ ਦੇ ਇਤਿਹਾਸਕ 350ਵੇਂ ਸ਼ਹੀਦੀ ਦਿਵਸ ਵਿੱਚ ਸ਼ਾਮਲ ਹੋ ਰਹੇ ਹਾਂ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਮਨੁੱਖਤਾ, ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਸਾਰੇ ਧਰਮਾਂ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਆਪਣਾ ਸੀਸ ਨਿਛਾਵਰ ਕਰ ਦਿੱਤਾ। ਗੁਰਦੁਆਰਾ ਟਿੱਬੀ ਸਾਹਿਬ, ਰੋਪੜ ਹੈੱਡਵਰਕਸ 'ਤੇ ਥੋੜ੍ਹੀ ਦੇਰ ਦੇ ਪੜਾਅ ਤੋਂ ਬਾਅਦ ਨਗਰ ਕੀਰਤਨ ਜ਼ਿਲ੍ਹਾ ਰੋਪੜ ਵਿੱਚ ਦਾਖ਼ਲ ਹੋ ਗਿਆ।

# ਕਈ ਪਿੰਡਾਂ ਦੇ ਸਰਪੰਚ-ਪੰਚ 'ਆਪ' 'ਚ ਸ਼ਾਮਲ



**ਨੂਰਮਹਿਲ 23 ਨਵੰਬਰ (ਬਾਲ ਕ੍ਰਿਸ਼ਨ ਬਾਲੀ)**

ਹਲਕਾ ਨਕੋਦਰ ਦੀ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਪਿੰਡਾਂ ਦੀਆਂ ਪੰਚਾਇਤਾਂ ਲਗਾਤਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੀਆਂ ਹਨ। 'ਆਪ' ਦੀ ਸਰਕਾਰ ਵਲੋਂ ਪਿੰਡਾਂ ਦੀ ਆਬੋ ਹਵਾ ਬਦਲਣ ਲਈ 'ਖੇਡ ਮੈਦਾਨ' ਬਣਾਏ ਜਾ ਰਹੇ ਹਨ ਜਿੱਥੋ ਸਾਡੇ ਨੌਜਵਾਨ ਸਿਹਤਮੰਦ, ਉੱਘੇ ਖਿਡਾਰੀ ਬਣਨਗੇ, ਚੰਗੇ ਇਨਸਾਨ ਬਣਨਗੇ।ਬੀਬੀ ਮਾਨ ਨੇ ਕਿਹਾ ਇਸ ਕੰਮ ਲਈ 10 ਕਰੋੜ ਖਰਚਿਆ ਜਾ ਰਿਹਾ ਹੈ।ਕਾਂਗਰਸ ਨੂੰ ਲਗਾਤਾਰ ਲੋਕ ਛੱਡ ਕੇ ਆਪ ਵਿੱਚ ਸ਼ਾਮਲ ਹੋ ਰਹੇ ਹਨ ਜਿਸ ਦੀ ਮਿਸਾਲ ਪਿੰਡ ਬਾਹੂਪੁਰ ਦੀ ਪੰਚਾਇਤ ਆਮ ਆਦਮੀ ਪਾਰਟੀ ਚ ਸ਼ਾਮਲ ਹੋ ਗਈ ਜਿਸ ਵਿੱਚ ਸਰਪੰਚ ਰਣਜੀਤ ਕੌਰ, ਪੰਚ ਮਨਜੀਤ ਕੌਰ, ਪੰਚ ਜਸਵੀਰ ਕੁਮਾਰ, ਪੰਚ ਸੁਰਜੀਤ ਸਿੰਘ, ਪੰਚ ਸਤਵੀਰ ਸਿੰਘ ਤੋਂ ਇਲਾਵਾ ਹਰਜੋਤ ਸਿੰਘ, ਨਵਜੋਤ ਸਿੰਘ, ਮਨਵੀਰ ਸਿੰਘ, ਬਲਜੀਤ ਸਿੰਘ, ਅਰੁਣ ਕੁਮਾਰ, ਸੁਰਿੰਦਰ ਕੁਮਾਰ, ਨਵਜੋਤ ਸਹੋਤਾ, ਦਵਿੰਦਰ ਸਿੰਘ, ਜੋਗਾ ਸਿੰਘ, ਸਤਵੰਤ ਸਿੰਘ, ਰਣਧੀਰ ਸਿੰਘ, ਬਖਸ਼ੀਸ਼ ਸਿੰਘ, ਬਲਵੀਰ ਸਿੰਘ, ਮਹਿੰਗਾ ਸਿੰਘ, ਜਰਨੈਲ ਸਿੰਘ, ਮੰਗਤ ਰਾਮ, ਜਸਬੀਰ ਸਿੰਘ, ਗੁਰਪ੍ਰੀਤ ਸਿੰਘ, ਦੀਪਕ ਸ਼ਰਮਾ ਆਦਿ ਸ਼ਾਮਲ ਹੋਏ ਹਨ।ਬਲਾਕ ਪ੍ਰਧਾਨ ਸੁਰਿੰਦਰ ਉੱਗੀ ਦੇ ਯਤਨਾ ਸਦਕਾ ਇਹ ਪੰਚਾਇਤ ਅਤੇ ਹੋਰ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਜਿਹਨਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ ਅਤੇ ਜੀ ਆਇਆ ਆਖਿਆ।

# ਭਾਈ ਚਰਨਜੀਤ ਸਿੰਘ ਦਾ ਕਮਿਊਨਿਸਟ ਆਗੂਆਂ ਵੱਲੋਂ ਸਨਮਾਨ



**ਸ਼ਾਹਕੋਟ (ਗਿਆਨ ਸੈਦਪੁਰੀ)**

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸਬੰਧੀ ਧਰਮਕੋਟ ਨਿਵਾਸੀਆਂ ਵੱਲੋਂ ਸ਼ਾਨਦਾਰ ਨਗਰ ਕੀਰਤਨ ਕੱਢਿਆ ਗਿਆ। ਇਸ ਮੌਕੇ ਕੀਤੇ ਗਏ ਵਿਸ਼ੇਸ਼ ਸਮਾਗਮ ਵਿੱਚ ਬਹੁਤ ਸਾਰੀਆਂ ਸ਼ਖਸੀਅਤਾਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਨਗਰ ਕੀਰਤਨ ਵਿੱਚ ਵੇਲੇ ਦੀ ਹਕੂਮਤ ਵੱਲੋਂ ਸ਼ਹੀਦ ਕੀਤੇ ਗਏ ਭਾਈ ਮਤੀ ਦਾਸ ਜੀ ਦੀ ਨੌਵੀਂ ਪੀੜ੍ਹੀ ਦੇ ਵਾਰਿਸ ਭਾਈ ਚਰਨਜੀਤ ਸਿੰਘ ਉਚੇਚੇ ਤੌਰ 'ਤੇ ਸ਼ਾਮਿਲ ਸਨ। ਉਨ੍ਹਾਂ ਨੂੰ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਕਾਮਰੇਡ ਸੂਰਤ ਸਿੰਘ ਧਰਮਕੋਟ ਦੀ ਅਗਵਾਈ ਵਿੱਚ ਸਨਮਾਨਤ ਕੀਤਾ ਗਿਆ। ਕੁੱਲ ਹਿੰਦ ਕਿਸਾਨ ਸਭਾ ਸੀਪੀਆਈ ਬਲਾਕ ਧਰਮਕੋਟ ਅਤੇ ਬੀਰ ਭਵਨ ਧਰਮਕੋਟ ਵੱਲੋਂ ਨਗਰ ਕੀਰਤਨ ਦੀ ਪ੍ਰਬੰਧਕ ਕਮੇਟੀ ਨੂੰ 5100 ਰੁਪਏ ਭੇਟ ਕੀਤੇ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਹਰਦਿਆਲ ਸਿੰਘ ਘਾਲੀ, ਗੁਰਮੇਲ ਸਿੰਘ ਰੱਜੀਵਾਲਾ, ਅਮਰਜੀਤ ਸਿੰਘ ਸ਼ੇਰਪੁਰੀ, ਨੌਜਵਾਨ ਆਗੂ ਗਗਨਦੀਪ ਸਿੰਘ ਮੌਜਗੜ੍ਹ, ਅਜੀਤ ਸਿੰਘ ਭੱਟੀ, ਸੁੱਖਾ ਸਿੰਘ ਟੇਲਰ ਮਾਸਟਰ ਮੌਜੂਦ ਸਨ।ਕਮਿਊਨਿਸਟਾਂ ਵੱਲੋਂ ਸ਼ਹੀਦ ਭਾਈ ਮਤੀ ਦਾਸ ਜੀ ਦੀ ਨੌਵੀਂ ਪੀੜ੍ਹੀ ਦੇ ਵਾਰਿਸ ਭਾਈ ਚਰਨਜੀਤ ਸਿੰਘ ਨੂੰ ਸਨਮਾਨਤ ਕਰਨ ਨਾਲ ਇਲਾਕੇ ਵਿੱਚ ਸਦਭਾਵਨਾ ਦੀ ਭਾਰੀ ਚਰਚਾ ਚੱਲ ਰਹੀ ਹੈ।

# ਖੁਰਮਪੁਰ 'ਚ ਲਗਾਇਆ ਮਹਿਲਾ ਸਸ਼ਕਤੀਕਰਨ, ਮਾਈਕ੍ਰੋਫਾਇਨੈਂਸ ਤੇ ਹੁਨਰ ਵਿਕਾਸ ਕੈਂਪ



**ਫਗਵਾੜਾ (ਡਾ. ਰਮਨ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਦੇ ਮਿੱਤਲ ਸਕੂਲ ਆਫ ਬਿਜ਼ਨੈਸ ਫਗਵਾੜਾ ਦੇ ਨਜਦੀਕੀ ਪਿੰਡ ਖੁਰਮਪੁਰ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ 'ਚ ਮਹਿਲਾ ਸਸ਼ਕਤੀਕਰਨ, ਮਾਈਕ੍ਰੋਫਾਇਨੈਂਸ ਅਤੇ ਹੁਨਰ ਵਿਕਾਸ ਵਿਸ਼ੇ 'ਤੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਜਿਸ ਦਾ ਉਦੇਸ਼ ਪਿੰਡਾਂ ਦੀਆਂ ਔਰਤਾਂ ਨੂੰ ਛੋਟੇ ਕਾਰੋਬਾਰ ਰਾਹੀਂ ਆਤਮ-ਨਿਰਭਰ ਬਨਣ ਅਤੇ ਸਰਕਾਰੀ ਵਿੱਤੀ ਸਕੀਮਾਂ ਬਾਰੇ ਜਾਣੂ ਕਰਾਉਣਾ ਸੀ।ਪ੍ਰੋਜੈਕਟ ਦੇ ਕੋਆਰਡੀਨੇਟਰ ਅਨੂਪ ਮੋਹੰਤੀ ਦੀ ਅਗਵਾਈ ਹੇਠ ਰਿਸੋਰਸ ਪਰਸਨ ਸੁਮਿਤ ਨੇ ਕੈਂਪ ਦੌਰਾਨ ਹਾਜਰ ਆਈਆਂ 30 ਤੋਂ ਵੱਧ ਔਰਤਾਂ ਨੂੰ ਮਾਈਕ੍ਰੋਫਾਇਨੈਂਸ, ਖੇਤੀ-ਅਧਾਰਿਤ ਆਮਦਨ ਵਾਧੇ ਦੇ ਤਰੀਕੇ, ਸਵੈ-ਸਹਾਇਤਾ ਸਮੂਹ ( ਐਸ.ਐਚ.ਜੀ.), ਛੋਟੇ ਕਰਜ਼ੇ, ਵੱਖ-ਵੱਖ ਸਰਕਾਰੀ ਸਹਾਇਤਾ ਯੋਜਨਾਵਾਂ ਅਤੇ ਘਰੇਲੂ ਹੁਨਰਾਂ ਰਾਹੀਂ ਆਮਦਨ ਵਧਾਉਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਮਹਿਲਾਵਾਂ ਨੂੰ ਸਿਲਾਈ, ਡੇਅਰੀ, ਬਿਊਟੀ ਪਾਰਲਰ, ਘਰੇਲੂ ਸਮਾਨ ਤਿਆਰ ਕਰਨਾ, ਪਾਪੜ-ਅਚਾਰ ਬਣਾਉਣ, ਛੋਟੇ ਖਾਦ-ਪਦਾਰਥ ਕਾਰੋਬਾਰ ਆਦਿ ਸ਼ੁਰੂ ਕਰਨ ਲਈ ਉਤਸ਼ਾਹਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਡਿਜ਼ੀਟਲ ਭੁਗਤਾਨ, ਸੁਰੱਖਿਅਤ ਬੈਂਕਿੰਗ ਪ੍ਰਕਿਰਿਆਵਾਂ, ਯ.ਪੀ.ਆਈ. ਵਰਤੋਂ, ਬਚਤ ਦੀ ਮਹੱਤਤਾ ਅਤੇ ਵਿੱਤੀ ਸੁਰੱਖਿਆ ਬਾਰੇ ਵੀ ਵਢਮੁੱਲੀ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਸਰਪੰਚ ਸਰਬਜੀਤ ਸਿੰਘ ਨੇ ਐਲ.ਪੀ.ਯੂ. ਅਤੇ ਮਿੱਤਲ ਸਕੂਲ ਆਫ ਬਿਜਨੇਸ ਵਲੋਂ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਂਪ ਔਰਤਾਂ ਦੇ ਲਈ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਆਤਮ-ਨਿਰਭਰ ਬਣਨ ਲਈ ਪ੍ਰੇਰਿਤ ਕਰਨ ਵਾਲੇ ਹਨ। ਕੈਂਪ ਦੇ ਪ੍ਰਬੰਧਕਾਂ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ।

# ਮੰਗੂਪੁਰ ਦੀ ਅਗਵਾਈ ਹੇਠ ਹਲਕਾ ਬਲਾਚੌਰ ਦੇ ਪਿੰਡਾਂ ਨੂੰ ਨਵੇਂ ਜ਼ਿਲ੍ਹੇ 'ਚ ਸ਼ਾਮਲ ਕਰਨ ਦੇ ਵਿਰੋਧ 'ਚ ਰੋਸ ਪ੍ਰਦਰਸ਼ਨ




**ਬਲਾਚੌਰ (ਜਸਵਿੰਦਰ ਬੈਂਸ)**

ਬਲਾਚੌਰ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਾਂਗੇ ਅਜੇ ਮੰਗੂਪੁਰ ਨੇ ਸੀਫ ਸ਼ਬਦਾਂ ਵਿੱਚ ਦਿੱਤਾ ਜਵਾਬ।ਬੀਤੇ ਕੁੱਝ ਸਮੇਂ ਤੋਂ ਅਖ਼ਬਾਰਾਂ ਅਤੇ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਖ਼ਬਰਾਂ 'ਤੇ ਚਰਚਾ ਦਾ ਵਿਸ਼ਾ ਬਣੇ ਪੰਜਾਬ ਸਰਕਾਰ ਵੱਲੋਂ ਐਲਾਨੇ ਜਾਣ ਵਾਲੇ ਨਵੇਂ ਜ਼ਿਲ੍ਹੇ ਸ਼੍ਰੀ ਆਨੰਦਪੁਰ ਸਾਹਿਬ ਵਿੱਚ ਹਲਕਾ ਬਲਾਚੌਰ ਦੇ ਕੁੱਝ ਪਿੰਡਾਂ ਨੂੰ ਜੋੜਨਾ ਚਰਚਾ ਦਾ ਵਿਸ਼ਾ ਬਣ ਚੁੱਕਾ ਹੈ।ਜਿਸ ਦੇ ਵਿਰੋਧ ਵਿੱਚ ਬਲਾਚੌਰ ਵਿਖੇ ਸਾਥੀਆਂ ਸਮੇਤ ਰੋਸ ਪ੍ਰਦਰਸ਼ਨ ਕੀਤਾ ਗਿਆ।ਅਜੇ ਮੰਗੂਪੁਰ ਨੇ ਕਿਹਾ ਕਿ ਬਲਾਚੌਰ ਦੋਆਬੇ ਦਾ ਹਿੱਸਾ ਹੈ ਅਤੇ ਆਪ ਸਰਕਾਰ ਧੱਕੇ ਨਾਲ ਬਲਾਚੌਰ ਦੇ ਪਿੰਡਾਂ ਨੂੰ ਪੁਆਂਦ ਵਿੱਚ ਜੋੜਨ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਦੁਆਬੇ ਦੀ ਬੋਲੀ, ਸੱਭਿਅਤਾ ਪੁਆਂਦ ਨਾਲੋ ਵੱਖਰੀ ਹੈ ਅਤੇ ਆਪ ਸਰਕਾਰ ਜਬਰਦਸਤੀ ਸਾਡੀ ਪਛਾਣ ਨੂੰ ਤਬਦੀਲ ਕਰਨ ਤੇ ਤੁਲੀ ਹੋਈ ਹੈ।ਬਲਾਚੌਰ ਦੇ ਜਿਨ੍ਹਾਂ ਪਿੰਡਾਂ ਨੂੰ ਸ਼੍ਰੀ ਆਨੰਦਪੁਰ ਸਾਹਿਬ ਜ਼ਿਲ੍ਹੇ ਵਿੱਚ ਜੋੜਨ ਦੀ ਚਰਚਾ ਚੱਲ ਰਹੀ ਹੈ ਉਨ੍ਹਾਂ ਤੋਂ ਨਵੇਂ ਜ਼ਿਲ੍ਹੇ ਤੱਕ ਜਾਣ ਦਾ ਰਸਤਾ ਬਹੁਤ ਖਰਾਬ ਹੈ, ਏਕਾਂਤ ਹੈ ਅਤੇ ਜੰਗਲ ਦਾ ਵਧੇਰੇ ਪੈਂਡਾ ਇਸ ਰਸਤੇ ਵਿੱਚ ਪੈਣ ਕਾਰਨ ਇਹ ਰਾਹ ਆਮ ਲੋਕਾਂ ਲਈ ਕੋਈ ਬਹੁਤਾ ਹਨੇਰੇ-ਸਵੇਰੇ ਦੇ ਵਕਤ ਸੁਰਖਿੱਅਤ ਨਹੀਂ।ਸਾਰਾ ਰਿਕਾਰਡ ਸਾਰੀਆਂ ਵਿਕਾਸ ਯੋਜਨਾਵਾਂ ਨਵਾਂਸ਼ਹਿਰ ਨਾਲ ਜੁੜੀਆਂ ਹੋਈਆਂ ਨੇ।ਨਵੇਂ ਜ਼ਿਲ੍ਹੇ ਵਿੱਚ ਕਦੋਂ ਪ੍ਰਸ਼ਾਸ਼ਨਿਕ ਢਾਂਚਾ ਵਿਕਸਿਤ ਹੋਵੇਗਾ ਕਦੋਂ ਮਾਲ ਵਿਭਾਗ ਦਾ ਰਿਕਾਰਡ ਸ਼ਿਫਟ ਹੋਵੇਗਾ ਉਦੋਂ ਤਕ ਖੱਜਲ ਖ਼ੁਆਰੀ ਵਾਰੇ ਅੰਦਾਜ਼ਾ ਵੀ ਨਹੀਂ ਲਗਾਇਆ ਜਾ ਸਕਦਾ। ਜਿਨ੍ਹਾ ਪਿੰਡਾਂ ਨੂੰ ਨਵੇਂ ਜ਼ਿਲ੍ਹੇ ਵਿੱਚ ਸ਼ਾਮਲ ਕੀਤਾ ਜਾਵੇਗਾ ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਤੋਂ ਮਤੇ ਜ਼ਰੂਰ ਪਵਾਏ ਜਾਣ ਅਤੇ ਪਿੰਡ ਵਾਸੀਆਂ ਦੀ ਸਹਿਮਤੀ ਲਈ ਜਾਵੇ। ਇਸ ਮੌਕੇ ਹਲਕਾ ਬਲਾਚੌਰ ਦੇ ਕਾਂਗਰਸੀ ਆਗੂ, ਅਹੁਦੇਦਾਰ ਕੌਂਸਲਰ ਅਤੇ ਵਰਕਾਰ ਸਾਹਿਬਾਨ ਹਾਜ਼ਰ ਸਨ ।

# ਧਾਲੀਵਾਲ ਨੇ ਕਰਵਾਈ ਚਰਨਜੀਤ ਸਿੰਘ ਬਾਸੀ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਦੇ ਪਹਿਲੇ ਸੈਮੀਫਾਈਨਲ ਦੀ ਸ਼ੁਰੂਆਤ



**ਫਗਵਾੜਾ (ਡਾ. ਰਮਨ)**- ਫਗਵਾੜਾ ਫੁੱਟਬਾਲ ਅਕੈਡਮੀ (ਰਜਿ.) ਫਗਵਾੜਾ ਵੱਲੋਂ ਸਥਾਨਕ ਅਕਾਲ ਸਟੇਡੀਅਮ ਵਿਖੇ ਅਕੈਡਮੀ ਦੇ ਪ੍ਰਧਾਨ ਬੀ.ਐਸ. ਬਾਗਲਾ ਦੀ ਨਿਗਰਾਨੀ ਹੇਠ ਕਰਵਾਏ ਜਾ ਰਹੇ 24ਵੇਂ ਸਾਲਾਨਾ ਚਾਰ-ਰੋਜ਼ਾ ਸਵਰਗੀ ਚਰਨਜੀਤ ਸਿੰਘ ਬਾਸੀ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਦੇ ਤੀਜੇ ਦਿਨ ਸੈਮੀਫਾਈਨਲ ਮੈਚ ਖੇਡੇ ਗਏ।ਪਹਿਲੇ ਸੈਮੀਫਾਈਨਲ ਵਿੱਚ ਸੀ.ਆਰ.ਪੀ.ਐਫ. ਜਲੰਧਰ ਦੀ ਟੀਮ ਨੇ ਦਲਵੀਰ ਯੂਨੀਵਰਸਿਟੀ, ਪਟਿਆਲਾ ਨੂੰ 3-1 ਨਾਲ ਹਰਾਇਆ।ਇਸ ਮੈਚ ਦਾ ਉਦਘਾਟਨ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਕਸਟਮਜ਼ ਦੇ ਡਿਪਟੀ ਕਮਿਸ਼ਨਰ ਵਿਜੇ ਗੁਪਤਾ ਅਤੇ ਉਦਯੋਗਪਤੀ ਅਨਿਲ ਵਰਮਾ ਨੇ ਸਾਂਝੇ ਤੌਰ 'ਤੇ ਕੀਤਾ। ਉਨ੍ਹਾਂ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਅਤੇ ਅਸ਼ੀਰਵਾਦ ਦਿੰਦਿਆਂ ਖੇਡ ਭਾਵਨਾ ਨਾਲ ਖੇਡਣ ਲਈ ਉਤਸ਼ਾਹਿਤ ਕੀਤਾ। ਵਿਧਾਇਕ ਧਾਲੀਵਾਲ ਨੇ ਨੌਜਵਾਨਾਂ ਨੂੰ ਖੇਡਾਂ ਵੱਲ ਆਕਰਸ਼ਿਤ ਕਰਨ ਲਈ ਅਕੈਡਮੀ ਦੇ ਯਤਨਾਂ ਦੀ ਸ਼ਲਾਘਾ ਵੀ ਕੀਤੀ। ਦੁਪਹਿਰ ਬਾਅਦ, ਦੂਜਾ ਸੈਮੀਫਾਈਨਲ ਕੇਹਰ ਫੁੱਟਬਾਲ ਅਕੈਡਮੀ ਜਲੰਧਰ ਅਤੇ ਪੰਜਾਬ ਫੁੱਟਬਾਲ ਕਲੱਬ ਮੋਹਾਲੀ ਵਿਚਕਾਰ ਖੇਡਿਆ ਗਿਆ। ਮੋਹਾਲੀ ਦੀ ਟੀਮ ਨੇ 2-0 ਨਾਲ ਜਿੱਤ ਪ੍ਰਾਪਤ ਕੀਤੀ।ਅਕੈਡਮੀ ਦੇ ਚੇਅਰਮੈਨ ਤਰਲੋਚਨ ਸਿੰਘ ਮਨਕੂ ਅਤੇ ਪ੍ਰਧਾਨ ਬੀ.ਐਸ. ਬਾਗਲਾ ਨੇ ਦੱਸਿਆ ਕਿ ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਐਤਵਾਰ, 23 ਨਵੰਬਰ ਨੂੰ ਦੁਪਹਿਰ 1 ਵਜੇ ਸ਼ੁਰੂ ਹੋਵੇਗਾ। ਜੇਤੂ ਟੀਮ ਨੂੰ ਟਰਾਫੀ ਅਤੇ 1 ਲੱਖ ਰੁਪਏ ਨਕਦ, ਜਦਕਿ ਉਪ ਜੇਤੂ ਟੀਮ ਨੂੰ 50 ਹਜਾਰ ਰੁਪਏ ਨਕਦ ਅਤੇ ਟਰਾਫੀ ਭੇਂਟ ਕੀਤੀ ਜਾਵੇਗੀ। ਪ੍ਰਬੰਧਕਾਂ ਵੱਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ।

24-NOV-PAGE-10.qxd 11/23/2025 9:17 PM Page 1



## ਕੋਟਾਂ ਕਾਲਜ ਦੇ ਪ੍ਰਿੰਸੀਪਲ ਤੇ ਸਟਾਫ਼ ਮੈਂਬਰ ਨਗਰ ਕੀਰਤਨ 'ਚ ਹੋਏ ਨਤਮਸਤਕ



**ਦੋਰਾਹਾ (ਹਰਮਿੰਦਰ ਸੇਠ)**-ਸਿੱਖ ਜਗਤ ਦੇ ਨੌਵੇਂ ਪਾਤਸ਼ਾਹ, ਹਿੰਦ ਦੀ ਚਾਦਰ, ਮਨੁੱਖੀ ਹੱਕਾਂ ਦੇ ਰਾਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿੱਚ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ, ਧੋਬੜੀ ਸਾਹਿਬ, ਆਸਾਮ ਤੋਂ ਵਿਸ਼ਾਲ ਨਗਰ ਕੀਰਤਨ ਆਰੰਭ ਹੋਇਆ ਹੈ, ਜੋ ਵੱਖ-ਵੱਖ ਧਾਰਮਿਕ ਸਥਾਨਾਂ ਤੇ ਸ਼ਹਿਰਾਂ ਤੋਂ ਹੁੰਦਾ ਹੋਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ।ਅੱਜ ਇਹ ਨਗਰ ਕੀਰਤਨ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਅਗਲੇ ਪੜਾਅ ਲਈ ਰਵਾਨਾ ਹੋਇਆ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਸੁਯੋਗ ਅਗਵਾਈ ਹੇਠ ਸਮੂਹ ਸਟਾਫ਼ ਮੈਂਬਰਾਂ ਦੁਆਰਾ ਨਗਰ ਕੀਰਤਨ ਦੇ ਸਵਾਗਤ ਲਈ ਬਹੁਤ ਹੀ ਨਿਮਰਤਾ ਤੇ ਸਤਿਕਾਰ ਨਾਲ਼ ਨਤਮਸਤਕ ਹੁੰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

## ਸਫ਼ਾਈ ਸੇਵਕ ਯੂਨੀਅਨ ਦੀ ਮੀਟਿੰਗ 'ਚ ਧੂਰੀ ਰੈਲੀ ਲਈ ਤਿਆਰੀਆਂ 'ਤੇ ਚਰਚਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਫ਼ਾਈ ਸੇਵਕ ਯੂਨੀਅਨ ਜ਼ਿਲ੍ਹਾ ਮੋਗਾ ਦੀ ਇਕ ਮਹੱਤਵਪੂਰਨ ਮੀਟਿੰਗ ਨਗਰ ਕੌਂਸਲ ਬਾਘਾ ਪੁਰਾਣਾ ਦੇ ਦਫ਼ਤਰ ਵਿੱਚ ਜ਼ਿਲ੍ਹਾ ਪ੍ਰਧਾਨ ਰਜਿੰਦਰ ਬੋਹਤ ਦੀ ਅਗਵਾਈ ਹੇਠ ਕੀਤੀ ਗਈ।ਮੀਟਿੰਗ ਵਿੱਚ ਯੂਨੀਅਨ ਨਾਲ ਸਬੰਧਤ ਕਈ ਮਹੱਤਵਪੂਰਨ ਮੁੱਦਿਆਂ 'ਤੇ ਵਿਚਾਰ-ਚਰਚਾ ਕੀਤੀ ਗਈ।ਇਸ ਮੌਕੇ ਸੂਬਾ ਪ੍ਰਧਾਨ ਅਸ਼ੋਕ ਸਾਰਵਾਨ, ਯੂਨੀਅਨ ਨਿਰਮਾਤਾ ਕੁਲਦੀਪ ਸ਼ਰਮਾ ਤੇ ਸੀਨੀਅਰ ਮੀਤ ਪ੍ਰਧਾਨ ਸੋਮਨਾਥ ਚੌਬਰ ਵੱਖ-ਵੱਖ ਕਮੇਟੀਆਂ ਦੇ ਜ਼ਿੰਮੇਵਾਰ ਪ੍ਰਤੀਨਿਧੀਆਂ ਸਮੇਤ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮੀਟਿੰਗ ਵਿੱਚ ਜ਼ਿਲ੍ਹਾ ਮੋਗਾ ਅਧੀਨ ਆਉਂਦੀਆਂ ਸਾਰੀਆਂ ਕਮੇਟੀਆਂ ਦੇ ਪ੍ਰਧਾਨ, ਸਕੱਤਰ ਤੇ ਹੋਰ ਮੈਂਬਰ ਸਾਹਿਬਾਨ ਵੀ ਸ਼ਾਮਲ ਹੋਏ।ਯੂਨੀਅਨ ਦੇ ਆਉਣ ਵਾਲੇ ਪ੍ਰੋਗਰਾਮਾਂ, ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਤੇ ਸਫ਼ਾਈ ਸੇਵਕਾਂ ਦੇ ਹੱਕਾਂ ਲਈ ਲੜਾਈ ਨੂੰ ਤੇਜ਼ ਕਰਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਬੁਲਾਰਿਆਂ ਨੇ ਕਿਹਾ ਕਿ ਸਫ਼ਾਈ ਸੇਵਕ ਸਮਾਜ ਦਾ ਮਹੱਤਵਪੂਰਨ ਹਿੱਸਾ ਹਨ, ਪਰ ਫਿਰ ਵੀ ਕਈ ਵਾਰ ਉਨ੍ਹਾਂ ਨੂੰ ਸੁਵਿਧਾਵਾਂ, ਤਨਖ਼ਾਹਾਂ ਤੇ ਸੁਰੱਖਿਆ ਦੇ ਮਾਮਲੇ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਲਈ ਯੂਨੀਅਨ ਵੱਲੋਂ ਲੜਾਈ ਨੂੰ ਹੋਰ ਜ਼ੋਰ-ਸ਼ੋਰ ਨਾਲ ਅੱਗੇ ਵਧਾਇਆ ਜਾਵੇਗਾ।ਇਸ ਮੌਕੇ ਸੂਬਾ ਪ੍ਰਧਾਨ ਅਸ਼ੋਕ ਸਾਰਵਾਨ ਨੇ ਸਾਰੇ ਜ਼ਿਲ੍ਹਾ ਅਹੁਦੇਦਾਰਾਂ ਤੇ ਕਾਰਕੁੰਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 10 ਦਸੰਬਰ 2025 ਨੂੰ ਧੂਰੀ ਵਿੱਚ ਹੋਣ ਜਾ ਰਹੀ ਮਹਾਂ ਰੈਲੀ ਸਫ਼ਾਈ ਸੇਵਕਾਂ ਦੀਆਂ ਲੰਬੇ ਸਮੇਂ ਤੋਂ ਪੈਂਡਿੰਗ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਦਾ ਇੱਕ ਮਜ਼ਬੂਤ ਮੰਚ ਸਾਬਿਤ ਹੋਵੇਗੀ।ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਸਫ਼ਾਈ ਸੇਵਕਾਂ ਦੀ ਹਾਜ਼ਰੀ ਰੈਲੀ ਨੂੰ ਸਫਲ ਬਣਾਏਗੀ ਤੇ ਸਰਕਾਰ 'ਤੇ ਦਬਾਅ ਪੈਦਾ ਕਰੇਗੀ ਕਿ ਉਹ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ।ਜ਼ਿਲ੍ਹਾ ਪ੍ਰਧਾਨ ਰਜਿੰਦਰ ਬੋਹਤ ਤੇ ਹੋਰ ਸਭ ਬੁਲਾਰਿਆਂ ਨੇ ਵੀ ਕਮੇਟੀਆਂ ਦੇ ਪ੍ਰਧਾਨਾਂ ਅਤੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖੇਤਰਾਂ ਵਿੱਚ ਜ਼ੋਰਦਾਰ ਮੁਹਿੰਮ ਚਲਾਉਣ ਤੇ 10 ਦਸੰਬਰ ਨੂੰ ਧੂਰੀ ਵਿੱਚ ਜ਼ਿਲ੍ਹਾ ਮੋਗਾ ਤੋਂ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇੱਕਠਤਾ ਤੇ ਤਾਕਤ ਦਾ ਪ੍ਰਦਰਸ਼ਨ ਕਰਨ।ਇਸ ਮੌਕੇ ਜ਼ਿਲ੍ਹਾ ਸੈਕਟਰੀ ਸ਼ੋਭਰਾਮ, ਰਿਜਨ ਫਿਰੋਜ਼ਪੁਰ ਸੈਕਟਰੀ ਵਿਸ਼ਵਨਾਥ ਜੋਨੀ, ਪ੍ਰਧਾਨ ਮਨਜੀਤ, ਪ੍ਰਧਾਨ ਬੁੱਧ ਰਾਮ, ਰਿੰਕੂ ਸਾਰਸਰ, ਭਾਗਮਲ, ਰਣਜੀਤ, ਜਵਾਹਰ ਲਾਲ ਆਦਿ ਹਾਜ਼ਰ ਸਨ।

## ਗੁਰਤੇਜ ਖੋਸਾ ਨੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਵਜੋਂ ਅਹੁਦਾ ਸੰਭਾਲਿਆ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਦੀ ਮੌਜੂਦਗੀ ਵਿੱਚ ਸ੍ਰ. ਗੁਰਤੇਜ ਸਿੰਘ ਖੋਸਾ ਨੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਵਜੋਂ ਆਪਣਾ ਅਹੁਦਾ ਸੰਭਾਲਿਆ।ਸਮੁੱਚੀ ਲੀਡਰਸ਼ਿਪ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਤੇ ਵਿਧਾਇਕ ਜੈਤੋ ਸ. ਅਮੋਲਕ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਸ. ਗੁਰਤੇਜ ਸਿੰਘ ਖੋਸਾ ਨੇ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਮੁਨੀਸ਼ ਸਿਸੋਦੀਆ ਇੰਚਾਰਜ ਪੰਜਾਬ, ਅਮਨ ਅਰੋੜਾ ਸੂਬਾ ਪ੍ਰਧਾਨ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਹ ਇਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਲੋਕਹਿੱਤ ਕਾਰਜਾਂ ਨੂੰ ਯਕੀਨੀ ਬਣਾਉਣਗੇ।ਇਸ ਮੌਕੇ ਸ. ਨਵਜੋਤ ਸਿੰਘ ਜਰਗ ਜੁਆਇੰਟ ਸੈਕਟਰੀ ਪੰਜਾਬ ਆਮ ਆਦਮੀ ਪਾਰਟੀ, ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਸਾਧੂ ਸਿੰਘ, ਸ. ਸੁਖਜੀਤ ਸਿੰਘ ਢਿੱਲਵਾਂ, ਮਨਪ੍ਰੀਤ ਧਾਲਵਾਲ, ਗੈਰੀ ਵੜਿੰਗ, ਐਡਵੋਕੇਟ ਸਰਬਜੀਤ ਕੌਰ, ਸਿਮਰਨ ਗਿੱਲ, ਨੀਤੂ ਕਪੂਰ, ਗੌਰਵ ਚੌਪੜਾ ਤੇ ਪਰਮਵੀਰ ਸੰਧੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਡਾ. ਅਰੋੜਾ ਵੱਲੋਂ ਤਾਰੇਵਾਲਾ 'ਚ 51.80 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਹਲਕੇ ਦੇ ਪਿੰਡ ਤਾਰੇਵਾਲਾ ਵਿੱਚ 24 ਲੱਖ ਰੁਪਏ ਦੀ ਲਾਗਤ ਨਾਲ ਬਣੇ ਅਤਿ-ਆਧੁਨਿਕ ਖੇਡ ਮੈਦਾਨ ਦਾ ਨੀਂਹ ਪੱਥਰ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਰਪੰਚ ਕਰਮਜੀਤ ਸਿੰਘ ਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਰੱਖਿਆ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਹ ਮੈਦਾਨ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।ਉਨ੍ਹਾਂ ਕਿਹਾ ਕਿ ਅੱਜ 24 ਲੱਖ ਰੁਪਏ ਦੀ ਲਾਗਤ ਨਾਲ ਬਣਿਆ ਅਤਿ-ਆਧੁਨਿਕ ਖੇਡ ਮੈਦਾਨ, 17 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਗਲੀਆਂ, 6 ਲੱਖ ਰੁਪਏ ਦੀ ਲਾਗਤ ਨਾਲ ਨਹਿਰੀ ਨਾਲੇ ਦੇ ਸੁਧਾਰ, 4 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਦਾ ਕੰਮ ਤੇ 80 ਹਜ਼ਾਰ ਰੁਪਏ ਦੀ ਲਾਗਤ ਨਾਲ ਲਾਈਟਿੰਗ ਦੇ ਕੰਮ ਦਾ ਉਦਘਾਟਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪਿੰਡ ਤਾਰੇਵਾਲਾ ਵਿੱਚ ਅੱਜ 51 ਲੱਖ 80 ਹਜ਼ਾਰ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਪਿੰਡ ਵਾਸੀ ਨੂੰ ਕਿਸੇ ਕਿਸਮ ਦੀ ਸਮੱਸਿਆ ਆਉਂਦੀ ਹੈ ਤਾਂ ਇਸ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਇਸ ਮੌਕੇ ਸਰਪੰਚ ਕਰਮਜੀਤ ਸਿੰਘ ਤੇ ਸਮੁੱਚੀ ਗ੍ਰਾਮ ਪੰਚਾਇਤ ਨੇ ਵਿਕਾਸ ਕਾਰਜਾਂ ਦੇ ਉਦਘਾਟਨ ਲਈ ਇਲਾਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸਰੱਕਰ ਪਿਆਰਾ ਸਿੰਘ ਬੱਧਨੀ, ਕੌਂਸਲਰ ਕੁਲਵਿੰਦਰ ਸਿੰਘ ਚੱਕੀਆਂ, ਮਾਸਟਰ ਵਰਜਿੰਦਰ ਸਿੰਘ, ਜਗਰੂਪ ਸਿੰਘ, ਕੁਲਵਿੰਦਰ ਸਿੰਘ ਤਾਰੇਵਾਲਾ ਹਲਕਾ ਮੀਡੀਆ ਕੋਆਰਡੀਨੇਟਰ, ਕੁਲਵਿੰਦਰ ਨੰਬਰਦਾਰ ਬਲਾਕ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

## ਲੋਕ ਗੀਤ ਮੁਕਾਬਲੇ 'ਚ ਡੀ ਏ ਵੀ ਦਾ ਵਿਸ਼ਵਜੀਤ ਅੱਵਲ



**ਸੰਗਰੂਰ/ਲਹਿਰਾਗਾਗਾ (ਪ੍ਰਵੀਨ ਸਿੰਘ)**-ਸੰਗਰੂਰ ਕਲਾ ਕੇਂਦਰ ਵੱਲੋਂ ਕਰਵਾਏ ਲੋਕ ਗੀਤ ਮੁਕਾਬਲੇ ਵਿੱਚੋਂ ਡਾ. ਦੇਵ ਰਾਜ ਡੀ.ਏ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਖਾਈ/ਲਹਿਰਾਗਾਗਾ ਦੇ ਵਿਦਿਆਰਥੀ ਵਿਸ਼ਵਜੀਤ ਸਪੁੱਤਰ ਸ੍ਰ. ਕਿਰਨਪਾਲ ਸਿੰਘ/ਜਸਵੀਰ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕ ਐੱਲ. ਕੇ. ਖੋਖਰ, ਪ੍ਰਵੀਨ ਖੋਖਰ, ਐਡਵੋਕੇਟ ਅਨਿਰੁੱਧ ਕੌਸ਼ਲ, ਪ੍ਰਿੰਸੀਪਲ ਦੇਵ ਪਰਾਸ਼ਰ ਨੇ ਦੱਸਿਆ ਕਿ ਸਕੂਲ ਦੀ ਨੌਵੀਂ ਕਲਾਸ ਦੇ ਵਿਦਿਆਰਥੀ ਵਿਸ਼ਵਜੀਤ ਸਿੰਘ ਨੇ ਸੰਗਰੂਰ ਕਲਾ ਕੇਂਦਰ ਵੱਲੋਂ ਉੱਘੇ ਜਰਨਲਿਸਟ ਸ੍ਰ. ਰਾਜਿੰਦਰ ਸਿੰਘ ਸੰਧੂ ਦੀ ਨਿੱਘੀ ਯਾਦ ਵਿੱਚ ਕਰਵਾਏ 'ਰੰਗਸ਼ਾਲਾ' ਸੱਭਿਆਚਾਰਕ ਪ੍ਰੋਗਰਾਮ ਦੇ ਲੋਕ ਗੀਤ ਮੁਕਾਬਲੇ ਵਿੱਚ ਭਾਗ ਲਿਆ ਸੀ, ਜਿਸ ਵਿੱਚ ਉਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਵੀ ਦੱਸਿਆ ਕਿ ਜਿੱਥੇ ਇਸ ਵਿਦਿਆਰਥੀ ਨੂੰ ਉੱਘੇ ਸਮਾਜ ਸੇਵਕ ਸ੍ਰ. ਗੁਰਪਿੰਦਰ ਸਿੰਘ ਸੰਧੂ, ਮੈਡਮ ਪੂਨਮ ਅਗਰਵਾਲ ਅਤੇ ਯਸ਼ਪਾਲ ਸ਼ਰਮਾ ਆਦਿ ਨੇ ਪਹਿਲਾ ਸਥਾਨ ਹਾਸਲ ਕਰਨ ਬਦਲੇ ਸਨਮਾਨਤ ਕੀਤਾ, ਉੱਥੇ ਅੱਜ ਸਵੇਰ ਦੀ ਸਭਾ ਵਿੱਚ ਸਕੂਲ ਦੇ ਐੱਮ. ਡੀ. ਪ੍ਰਵੀਨ ਖੋਖਰ, ਪ੍ਰਿੰਸੀਪਲ ਦੇਵ ਪਰਾਸ਼ਰ ਤੋਂ ਇਲਾਵਾ ਸਕੂਲ ਦੇ ਸੀਨੀਅਰ ਅਧਿਆਪਕਾਂ ਨੇ ਯਾਦਗਾਰੀ ਚਿੰਨ੍ਹ ਦੇ ਕੇ ਉਸ ਦੇ ਹੌਸਲੇ ਵਿੱਚ ਵੀ ਵਾਧਾ ਕੀਤਾ।

# ਹੈਲਿਕਸ ਸਕੂਲ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਮਾਰੀਆਂ ਮੱਲਾਂ

### ਪ੍ਰਬੰਧਕਾਂ ਵੱਲੋਂ ਜੇਤੂ ਖਿਡਾਰੀਆਂ ਦਾ ਵਿਸ਼ੇਸ਼ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਹੈਲਿਕਸ ਆਕਸਫੋਰਡ ਸਮਾਰਟ ਸਕੂਲ, ਪਾਤੜਾਂ ਦੇ ਵਿਦਿਆਰਥੀਆਂ ਨੇ 69ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਵਿੱਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਖੇਡ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਦਾ ਸ਼ਾਨੋ-ਸ਼ੌਕਤ ਨਾਲ ਸਵਾਗਤ ਕਰਦਿਆਂ ਸਕੂਲ ਵਿੱਚ ਸਮਾਗਮ ਕਰਕੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਅਮਰਜੋਤ ਕੌਰ ਹਰੀਕਾ ਨੇ ਦੱਸਿਆ ਕਿ ਸਕੂਲ ਵਿਦਿਆਰਥਣ ਅਰਸ਼ਪ੍ਰੀਤ ਕੌਰ (12ਵੀਂ ਕਲਾਸ) ਤੇ ਮਨਦੀਪ ਕੌਰ (12ਵੀਂ ਕਲਾਸ) ਨੇ ਕਰਾਟੇ ਦੇ ਮੁਕਾਬਲੇ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕਰਦੇ ਹੋਏ ਬ੍ਰੌਂਜ਼ ਮੈਡਲ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਸੁਖਮਨਦੀਪ ਸਿੰਘ ਨੇ ਬਾਕਸਿੰਗ ਦੇ ਰਿੰਗ ਵਿੱਚ ਆਪਣੀ ਤਾਕਤ ਤੇ ਹੁਨਰ ਦਾ ਪ੍ਰਮਾਣ ਦਿੱਤਾ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਿਲਵਰ ਮੈਡਲ ਜਿੱਤ ਕੇ ਦੂਜੇ ਸਥਾਨ 'ਤੇ ਰਿਹਾ।ਇਸ ਸੂਚੀ ਵਿੱਚ ਸਭ ਤੋਂ ਵੱਡੀ ਪ੍ਰਾਪਤੀ ਪਰਮੀਤ ਕੌਰ (11ਵੀਂ ਕਲਾਸ) ਨੇ ਕੀਤੀ।ਉਸ ਨੇ ਪੰਜਾਬ ਸਟੇਟ ਸ਼ਾਟਗਨ ਚੈਂਪੀਅਨਸ਼ਿਪ ਵਿੱਚ ਆਪਣਾ ਨਿਸ਼ਾਨਾ ਸਿੱਧ ਕਰਦੇ ਹੋਏ ਗੋਲਡ ਮੈਡਲ ਜਿੱਤਿਆ।ਇਸ ਮਹੱਤਵਪੂਰਨ ਸਫ਼ਲਤਾ ਦੇ ਨਾਲ ਹੀ ਉਸ ਨੂੰ ਕੌਮੀ ਪੱਧਰ ਦੇ ਮੁਕਾਬਲਿਆਂ ਭਾਵ ਨੈਸ਼ਨਲ ਮੁਕਾਬਲਿਆਂ ਲਈ ਵੀ ਚੁਣਿਆ ਗਿਆ, ਜੋ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ।ਇਨ੍ਹਾਂ ਪ੍ਰਮੁੱਖ ਜੇਤੂਆਂ ਤੋਂ ਇਲਾਵਾ, ਜਿਹੜੇ ਵਿਦਿਆਰਥੀਆਂ ਨੇ ਵੱਖ-ਵੱਖ ਖੇਤਰਾਂ ਵਿੱਚ ਪਹਿਲਾਂ ਵੀ ਵਧੀਆ ਸਫਲਤਾਵਾਂ ਹਾਸਲ ਕੀਤੀਆਂ ਸਨ, ਉਨ੍ਹਾਂ ਨੂੰ ਵੀ ਸਕੂਲ ਵੱਲੋਂ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਸਕੂਲ ਦੀ ਡਾਇਰੈਕਟਰ ਦਵਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਹੋਣਹਾਰ ਬੱਚਿਆਂ ਦੀਆਂ ਪ੍ਰਾਪਤੀਆਂ ਸਦਕਾ ਹੀ ਸਕੂਲ ਦਾ ਨਾਮ ਲਗਾਤਾਰ ਉੱਚਾ ਹੋ ਰਿਹਾ ਹੈ ਤੇ ਉਹ ਭਵਿੱਖ ਵਿੱਚ ਵੀ ਸਕੂਲ ਦੇ ਨਾਂ ਨੂੰ ਹੋਰ ਉਚਾਈਆਂ 'ਤੇ ਲੈ ਕੇ ਜਾਣਗੇ।ਸਮਾਰੋਹ ਦੇ ਅੰਤ ਵਿੱਚ ਵਾਈਸ ਪ੍ਰਿੰਸੀਪਲ ਮੰਨਤ ਹਰੀਕਾ ਨੇ ਬੱਚਿਆਂ ਨੂੰ ਅੱਗੇ ਵੀ ਇਸੇ ਤਰ੍ਹਾਂ ਜੀਵਨ ਦੇ ਹਰ ਖੇਤਰ ਵਿੱਚ ਸਫਲਤਾਵਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਸਕੂਲ ਦੇ ਅਧਿਆਪਕਾਂ ਤੇ ਕੋਚਾਂ ਦੀ ਮਿਹਨਤ ਦੀ ਵੀ ਖੂਬ ਪ੍ਰਸ਼ੰਸਾ ਕੀਤੀ ਗਈ।

## ਮਾਤਾ ਗੁਜਰੀ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਜੀ, ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਤ ਚੱਲ ਰਹੇ ਇਤਿਹਾਸਕ ਨਗਰ ਕੀਰਤਨ ਦੀ ਅੱਜ ਅਗਲੇ ਪੜਾਅ ਲਈ ਰਵਾਨਗੀ ਸੰਗਤਾਂ ਦੇ ਵਿਸ਼ਾਲ ਇਕੱਠ ਨਾਲ ਹੋਈ।ਮਾਤਾ ਗੁਜਰੀ ਕਾਲਜ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ। ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਨਤਮਸਤਕ ਹੁੰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਜੀਵਨ ਤੇ ਉਨ੍ਹਾਂ ਦੀ ਬਾਣੀ ਸਾਡਾ ਪੱਥ ਪ੍ਰਦਰਸ਼ਨ ਕਰਦੀ ਹੈ, ਇਸ ਲਈ ਸਾਨੂੰ ਗੁਰੂ ਸਾਹਿਬ ਜੀ ਦੀ ਬਾਣੀ ਪੜ੍ਹਨੀ, ਵਿਚਾਰਨੀ ਤੇ ਜੀਵਨ ਵਿੱਚ ਅਪਣਾਉਣ ਦੀ ਲੋੜ ਹੈ।ਕਾਲਜ ਦੇ ਵਾਈਸ-ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਨਗਰ ਕੀਰਤਨ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਗੁਰਬਾਣੀ ਤੇ ਗੁਰਸਿੱਖੀ ਜੀਵਨ-ਜਾਂਚ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦੇ ਹਨ।ਇਸ ਨਗਰ ਕੀਰਤਨ ਵਿੱਚ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ, ਐੱਨ.ਸੀ.ਸੀ. ਯੂਨਿਟ, ਮਾਤਾ ਗੁਜਰੀ ਸਟੱਡੀ ਸਰਕਲ ਤੇ ਪੱਤਰਕਾਰੀ ਵਿਭਾਗ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਐਨ ਐਸ.ਐਸ. ਪ੍ਰੋਗਰਾਮ ਅਫ਼ਸਰ ਪ੍ਰੋ. ਬੀਰਇੰਦਰ ਸਿੰਘ ਸਰਾਓ, ਪ੍ਰੋ. ਹਰਬਿੰਦਰ ਸਿੰਘ, ਮਾਤਾ ਗੁਜਰੀ ਸਟੱਡੀ ਸਰਕਲ ਦੇ ਕਨਵੀਨਰ ਡਾ. ਗੁਰਬਾਜ ਸਿੰਘ, ਡਾ. ਹਰਗੁਣਪ੍ਰੀਤ ਸਿੰਘ, ਸਮੂਹ ਸਟਾਫ਼ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

## ਅਕਾਲ ਅਕੈਡਮੀ ਢੀਂਡਸਾ ਵਿਖੇ ਸਾਲਾਨਾ ਖੇਡਾਂ ਕਾਰਵਾਈਆਂ



**ਸਮਰਾਲਾ (ਸੁਰਜੀਤ ਸਿੰਘ)**-ਅਕਾਲ ਅਕੈਡਮੀ ਢੀਂਡਸਾ ਵਿਖੇ ਸਾਲਾਨਾ ਖੇਡਾਂ ਕਰਵਾਈਆਂ ਗਈਆਂ।ਖੇਡਾਂ ਦੀ ਸ਼ੁਰੂਆਤ ਵਿੱਚ ਅਕੈਡਮੀ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤਾ।ਇਸੇ ਦੌਰਾਨ ਮਾਰਚ-ਪਾਸਟ ਕੀਤਾ ਗਿਆ ਤੇ ਮਿਸ਼ਾਲ ਜਗਾਈ।ਇਸ ਖੇਡ ਸਮਾਗਮ ਵਿੱਚ ਸਾਰੇ ਵਿਦਿਆਰਥੀਆਂ ਨੇ ਜਮਾਤ ਅਨੁਸਾਰ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ, 1500 ਮੀਟਰ ਦੌੜ, ਰਿਲੇਅ ਦੌੜ, ਸ਼ਾਟਪੁੱਟ, ਜੈਵਲਿਨ ਥ੍ਰੋਅ, ਸਲੋਅ ਸਾਇਕਲਿੰਗ, ਚਾਟੀ ਰੇਸ ਆਦਿ ਵਿੱਚ ਹਿੱਸਾ ਲੈ ਕੇ ਆਪਣੀ ਕਾਬਲੀਅਤ ਦੇ ਜੌਹਰ ਦਿਖਾਏ।ਨਰਸਰੀ ਤੇ ਕੇ ਜੀ ਦੇ ਬੱਚਿਆਂ ਨੇ ਵੀ ਦੌੜਾਂ ਤੋਂ ਇਲਾਵਾ ਹੋਰ ਵੱਖ-ਵੱਖ ਗੇਮਾਂ ਵਿੱਚ ਭਾਗ ਲਿਆ।ਖੇਡ ਮੇਲੇ ਦੌਰਾਨ ਚਾਰ ਹਾਊਸ ਅਜੈ, ਅਭੈ, ਅਮੁੱਲ ਤੇ ਅਤੁੱਲ ਤਹਿਤ ਵਿਦਿਆਰਥੀਆਂ ਨੇ ਮੁਕਾਬਲਿਆਂ ਵਿੱਚ ਹਿੱਸਾ ਲਿਆ।ਇਸ ਦੌਰਾਨ ਓਵਰਆਲ ਟਰਾਫੀ ਅਤੁੱਲ ਹਾਊਸ ਨੇ ਹਾਸਲ ਕੀਤੀ।7ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਰੱਸਾਕੱਸੀ ਮੁਕਾਬਲੇ ਵੀ ਕਰਵਾਏ ਗਏ।ਵੱਖ-ਵੱਖ ਖੇਡਾਂ ਵਿੱਚ ਪਹਿਲਾ, ਦੂਜਾ ਤੇ ਤੀਜਾ ਦਰਜਾ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਪ੍ਰਿੰਸੀਪਲ ਅਰਵਿੰਦਰ ਪਾਲ ਕੌਰ ਓਬਰਾਏ ਨੇ ਸਨਮਾਨਤ ਕੀਤਾ।ਇਸ ਮੌਕੇ ਅਕੈਡਮੀ ਦੇ ਪ੍ਰਿੰਸੀਪਲ ਨੇ ਸਾਰੇ ਵਿਦਿਆਰਥੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਜਿੱਤ ਨਾਲੋਂ ਕਿਸੇ ਵੀ ਮੁਕਾਬਲੇ ਵਿੱਚ ਹਿੱਸਾ ਲੈਣਾ ਵੱਡੀ ਜਿੱਤ ਹੁੰਦੀ ਹੈ।

# ਮੁੱਖ ਮੰਤਰੀ ਮਾਨ ਦੀ ਵਧ ਰਹੀ ਲੋਕਪ੍ਰਿਯਤਾ ਵਿਰੋਧੀਆਂ ਨੂੰ ਹਜ਼ਮ ਨਹੀਂ ਹੋ ਰਹੀ : ਆਗੂ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਚੇਅਰਮੈਨ ਵਿਕਰਮਜੀਤ ਸਿੰਘ ਵਿੱਕੀ ਸੁਖਾਨੰਦ, ਅੰਤਰਜੀਤ ਸਿੰਘ ਟਿੰਕੂ ਮੱਲਕੇ ਪ੍ਰਧਾਨ ਟਰੱਕ ਯੂਨੀਅਨ ਬਾਘਾ ਪੁਰਾਣਾ, ਗੁਰਪ੍ਰੀਤ ਸਿੰਘ ਮਾਹਲਾ ਹਲਕਾ ਯੂਥ ਪ੍ਰਧਾਨ ਤੇ ਸੀਨੀਅਰ ਯੂਥ ਆਗੂ ਗੁਰਪ੍ਰੀਤ ਸਿੰਘ ਗੋਦਾਰਾ ਲਧਾਈਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਚੁੱਕੇ ਜਾ ਰਹੇ ਕਦਮਾਂ ਨਾਲ ਪੰਜਾਬ ਦਾ ਹਰ ਵਾਸੀ ਖੁਸ਼ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਸੂਬੇ ਅੰਦਰ ਚੱਲ ਰਹੀਆਂ ਵਿਕਾਸਕਾਰੀ ਯੋਜਨਾਵਾਂ, ਪਾਰਦਰਸ਼ਤਾ ਵਾਲੀ ਗਵਰਨੈਂਸ ਤੇ ਭ੍ਰਿਸ਼ਟਾਚਾਰ ਖ਼ਤਮ ਕਰਨ ਦੇ ਮਾਨ ਸਰਕਾਰ ਦੇ ਜਜ਼ਬੇ ਨੂੰ ਲੋਕ ਵੱਡੇ ਚੰਗੇ ਢੰਗ ਨਾਲ ਸਰਾਹ ਰਹੇ ਹਨ।ਆਗੂਆਂ ਨੇ ਦੋਸ਼ ਲਗਾਇਆ ਕਿ ਭਗਵੰਤ ਸਿੰਘ ਮਾਨ ਦੀ ਵਧ ਰਹੀ ਲੋਕਪ੍ਰਿਯਤਾ ਵਿਰੋਧੀ ਪਾਰਟੀਆਂ ਨੂੰ ਹਜ਼ਮ ਨਹੀਂ ਹੋ ਰਹੀ ਤੇ ਇਸੇ ਕਰਕੇ ਉਹ ਜਿਹੜੇ ਮਰਜ਼ੀ ਹਥਕੰਡੇ ਅਪਣਾ ਕੇ ਮਾਨ ਸਰਕਾਰ ਦੀ ਛਵੀ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਨੂੰ ਪਸੰਦ ਕਰਨ ਲੱਗੇ ਹਨ ਤੇ ਉਹ ਆਪਣੀ ਅੱਖੀਂ ਦੇਖ ਰਹੇ ਹਨ ਕਿ ਕਿਵੇਂ ਆਮ ਆਦਮੀ ਪਾਰਟੀ ਨੇ ਸੂਬੇ ਵਿੱਚ ਸਿੱਧੇ ਤੌਰ 'ਤੇ ਜਨਤਾ ਨੂੰ ਲਾਭ ਪਹੁੰਚਾਉਣ ਵਾਲੇ ਫ਼ੈਸਲੇ ਕੀਤੇ ਹਨ।ਆਗੂਆਂ ਨੇ ਖਾਸ ਤੌਰ 'ਤੇ ਹਲਕਾ ਬਾਘਾ ਪੁਰਾਣਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਲਕੇ ਦੇ ਵਿਕਾਸ ਲਈ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਬੇਮਿਸਾਲ ਯੋਗਦਾਨ ਦਿੱਤਾ ਜਾ ਰਿਹਾ ਹੈ। ਲੰਮੇ ਸਮੇਂ ਤੋਂ ਲਟਕ ਰਹੇ ਕੰਮਾਂ ਨੂੰ ਜਿੱਥੇ ਸੁਖਾਨੰਦ ਨੇ ਪੂਰਾ ਕਰਵਾਇਆ ਹੈ, ਉੱਥੇ ਹਲਕੇ ਦੇ ਵੱਖ ਵੱਖ ਪਿੰਡਾਂ, ਕਸਬਿਆਂ ਤੇ ਸ਼ਹਿਰ ਬਾਘਾ ਪੁਰਾਣਾ ਲਈ ਸਰਕਾਰ ਵੱਲੋਂ ਕਰੋੜਾਂ ਰੁਪਏ ਦਾ ਫੰਡ ਜਾਰੀ ਹੋਣਾ ਇਲਾਕਾ ਵਾਸੀਆਂ ਲਈ ਵੱਡੀ ਰਾਹਤ ਹੈ।ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਹਲਕਾ ਅੱਜ ਵਿਕਾਸ ਰਾਹ 'ਤੇ ਦੌੜਦਾ ਦਿਖ ਰਿਹਾ ਹੈ, ਜੋ ਕੇਵਲ ਆਮ ਆਦਮੀ ਪਾਰਟੀ ਦੀ ਨਿਸ਼ਠਾ ਤੇ ਨਵੀਂ ਸੋਚ ਦੀ ਬਦੌਲਤ ਸੰਭਵ ਹੋਇਆ ਹੈ।ਆਖ਼ਰ ਵਿਚ ਚੇਅਰਮੈਨ ਵਿਕਰਮਜੀਤ ਸਿੰਘ ਵਿੱਕੀ, ਟਿੰਕੂ ਮੱਲਕੇ, ਮਾਹਲਾ ਤੇ ਗੋਦਾਰਾ ਨੇ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦਾ ਜਨਤਾ ਮਾਨ ਸਰਕਾਰ ਵੱਲੋਂ ਕੀਤੇ ਗਏ ਇਤਿਹਾਸਕ ਫੈਸਲਿਆਂ 'ਤੇ ਮੋਹਰ ਲਗਾਉਂਦੇ ਹੋਏ ਮੁੜ ਸੂਬੇ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਵੇਗੀ।ਉਨ੍ਹਾਂ ਕਿਹਾ ਕਿ ਜਿੰਨਾ ਭਰੋਸਾ ਲੋਕਾਂ ਨੇ 2022 ਵਿੱਚ ਆਪ ਨੂੰ ਦਿੱਤਾ ਸੀ, ਅਗਲੇ ਚੋਣਾਂ ਵਿੱਚ ਇਸ ਤੋਂ ਵੀ ਵੱਧ ਭਰੋਸਾ ਮਿਲੇਗਾ, ਕਿਉਂਕਿ ਮਾਨ ਸਰਕਾਰ ਨੇ ਸਾਬਿਤ ਕੀਤਾ ਹੈ ਕਿ ਉਹ ਜਨਤਾ ਦੇ ਹੱਕਾਂ ਲਈ ਸੰਕਲਪਬੱਧ ਹੈ ਤੇ ਵਿਕਾਸ ਦੇ ਰਾਹ 'ਤੇ ਲਗਾਤਾਰ ਅੱਗੇ ਵਧ ਰਹੀ ਹੈ।

## ਦੇਵੀਗੜ੍ਹ-ਨਨਿਓਲਾ ਸੜਕ ਦਾ ਕੰਮ 3 ਮਹੀਨੇ ਬਾਅਦ ਸ਼ੁਰੂ

### ਸੜਕ ਨਿਰਮਾਣ ਦੇ ਕੰਮ 'ਚ ਦੇਰੀ ਬਰਦਾਸ਼ਤ ਨਹੀਂ : ਰਣਜੋਧ ਹਡਾਣਾ

**ਦੇਵੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਅਧੀਨ ਆਉਂਦੀਆਂ ਮੁੱਖ ਤੇ ਲਿੰਕ ਸੜਕਾਂ ਨੂੰ ਮਜ਼ਬੂਤ ਕਰਨ ਤੇ ਨਵੀਆਂ ਬਣਾਉਣ ਦਾ ਕੰਮ ਸ਼ੁਰੂ ਹੋ ਗਿਆ ਹੈ। ਦੇਵੀਗੜ੍ਹ ਤੋਂ ਨਨਿਉਲਾ ਨੂੰ ਜਾਣ ਵਾਲੀ ਸੜਕ, ਜਿਸ ਦ ਨੀਂਹ ਪੱਥਰ ਹਲਕੇ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵੱਲੋਂ 20 ਅਗੁਸਤ ਨੂੰ ਨਾਲ ਰੱਖਿਆ ਗਿਆ ਸੀ, ਸਰਕਾਰ ਵੱਲੋਂ ਇਸ ਸੜਕ ਦਾ ਕੰਮ 6 ਮਹੀਨੇ ਦੇ ਅੰਦਰ ਅੰਦਰ ਮੁਕੰਮਲ ਕਰਨ ਦਾ ਦਾਅਵਾ ਕੀਤਾ ਗਿਆ ਸੀ, ਹੁਣ ਪੱਥਰ ਰੱਖਣ ਦੇ 3 ਮਹੀਨੇ ਬਾਅਦ ਹਲ਼ਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੇ ਯਤਨਾਂ ਸਦਕਾ ਇਸ ਸੜਕ ਦਾ ਕੰਮ ਸ਼ੁਰੂ ਹੋ ਗਿਆ ਹੈ। ਪੰਜਾਬ ਤੋਂ ਹਰਿਆਣਾ ਬਾਰਡਰ ਤੱਕ ਜਾਣ ਵਾਲੀ ਇਸ ਪ੍ਰਮੁੱਖ ਸੜਕ ਦੇ ਬਣਨ ਨਾਲ ਦੋ ਦਰਜ਼ਨ ਤੋਂ ਵੱਧ ਪਿੰਡਾਂ ਦੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਤੋਂ ਨਿਜ਼ਾਤ ਮਿਲ਼ੇਗੀ। ਪੀ ਡਬਲਯੂ ਡੀ ਵਿਭਾਗ ਵੱਲੋਂ ਬਣਾਈ ਜਾਣ ਵਾਲ਼ੀ 8.12 ਕਿਲੋਮੀਟਰ ਲੰਬੀ ਇਸ ਸੜਕ 'ਤੇ 9 ਕਰੋੜ 10 ਲੱਖ ਖ਼ਰਚ ਆਵੇਗਾ। ਇਸ ਸੰਬੰਧੀ ਪੀਆਰਟੀਸੀ ਦੇ ਚੇਅਰਮੈਨ ਤੇ ਹਲਕਾ ਇੰਚਾਰਜ ਰਣਯੋਧ ਸਿੰਘ ਹਡਾਣਾ ਨੇ ਕਿਹਾ ਕਿ ਸੰਬੰਧਤ ਵਿਭਾਗ ਤੇ ਠੇਕੇਦਾਰ ਨੂੰ ਸੜਕ ਦਾ ਕੰਮ ਤਰੁੰਤ ਮੁਕੰਮਲ ਕਰਨ ਦੀਆਂ ਸਖਤ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਅਤੇ ਕੰਮ ਸ਼ੁਰੂ ਹੋ ਗਿਆ ਹੈ। ਉਨ੍ਹਾਂ ਸਖ਼ਤ ਲਹਿਜੇ 'ਚ ਕਿਹਾ ਕਿ ਵਿਕਾਸ ਕਾਰਜਾਂ 'ਚ ਬੇਲੋੜੀ ਦੇਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਹਲਕਾ ਸਨੌਰ ਦੀਆਂ ਦੋ ਦਰਜ਼ਨ ਦੇ ਕਰੀਬ ਸੜਕਾਂ ਦੇ ਨੀਂਹ ਪੱਥਰ ਰੱਖੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾ ਤਰ ਸੜਕਾਂ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਉਨ੍ਹਾ ਕਿਹਾ ਕਿ ਜਲਾਦ ਤੋਂ ਜਲਾਦ ਸਨੌਰ ਹਲਕੇ ਦੀਆਂ ਸਾਰੀਆਂ ਸੜਕਾਂ ਦੀ ਨੁਹਾਰ ਬਦਲ ਦਿੱਤੀ ਜਾਵੇਗੀ।

## ਮਰਹੂਮ ਸੰਤ ਰਾਮ ਸਿੰਗਲਾ ਦੀ ਯਾਦ 'ਚ ਮੁਫ਼ਤ ਮੈਡੀਕਲ ਕੈਂਪ



**ਸੰਗਰੂਰ (ਪ੍ਰਵੀਨ ਸਿੰਘ)**-ਸਵ. ਸੰਤ ਰਾਮ ਸਿੰਗਲਾ ਦੀ ਮਹਾਨ ਸੇਵਾ ਭਾਵਨਾ ਨੂੰ ਸਮਰਪਤ ਮੁਫ਼ਤ ਮੈਡੀਕਲ ਚੈੱਕਅਪ ਕੈਂਪਾਂ ਦੀ ਲੜੀ ਤਹਿਤ ਡਾ. ਅੰਬੇਡਕਰ ਕਮਿਊਨਿਟੀ ਹਾਲ ਅੰਬੇਡਕਰ ਨਗਰ ਸੁਨਾਮੀ ਗੇਟ ਸੰਗਰੂਰ ਵਿਖੇ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।ਇਸ ਦੌਰਾਨ ਸੈਂਕੜਿਆਂ ਦੀ ਗਿਣਤੀ ਵਿੱਚ ਲੋੜਵੰਦ ਪਰਵਾਰਾਂ ਨੇ ਸਿਹਤ ਸਹੂਲਤਾਂ ਦਾ ਲਾਭ ਲਿਆ।ਕੈਂਪ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਇਹ ਕੈਂਪ ਉਨ੍ਹਾਂ ਦੇ ਪਿਤਾ ਸਵ. ਸੰਤ ਰਾਮ ਸਿੰਗਲਾ ਦੀ ਨਿੱਘੀ ਯਾਦ ਵਿੱਚ ਲਗਾਤਾਰ ਚਲਾਏ ਜਾ ਰਹੇ ਹਨ, ਜੋ ਹਮੇਸ਼ਾ ਲੋੜਵੰਦਾਂ ਦੀ ਮੱਦਦ ਲਈ ਤਤਪਰ ਰਹਿੰਦੇ ਸਨ। ਕੈਂਪ ਵਿੱਚ ਮਾਹਰ ਡਾਕਟਰਾਂ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦਾ ਵਿਸ਼ੇਸ਼ ਚੈੱਕਅਪ ਕਰ ਮੁਫ਼ਤ ਚਸ਼ਮੇ ਤੇ ਚਮੜੀ ਦੇ ਰੋਗਾਂ ਦੀਆਂ ਦਵਾਈਆਂ ਵੰਡੀਆਂ ਗਈਆਂ, ਨਾਲ ਹੀ ਲੋੜਵੰਦ ਮਰੀਜ਼ਾਂ ਦੇ ਆਪ੍ਰੇਸ਼ਨ ਰਾਹੀਂ ਮੁਫ਼ਤ ਲੈਂਜ਼ ਪਵਾਉਣ ਦੀ ਸਹੂਲਤ ਵੀ ਦਿੱਤੀ ਗਈ।ਸ੍ਰੀ ਸਿੰਗਲਾ ਨੇ ਦੱਸਿਆ ਕਿ ਇਸ ਮਨੁੱਖਤਾ ਦੀ ਸੇਵਾ ਦੇ ਕਾਰਜ ਦੌਰਾਨ ਸਿੰਗਲਾ ਪਰਵਾਰ ਵੱਲੋਂ ਜਿੱਥੇ ਖ਼ੁਦ ਮਰੀਜ਼ਾਂ ਦੀ ਸੇਵਾ ਕੀਤੀ ਗਈ, ਉੱਥੇ ਹੀ ਲੋਕਾਂ ਨੂੰ ਇੱਕ ਥਾਂ ਤੋਂ ਦੂਜੀ ਥਾਂ ਲਿਜਾਣ ਲਈ ਵਿਸ਼ੇਸ਼ ਬੱਸਾਂ ਦਾ ਵੀ ਇੰਤਜ਼ਾਮ ਕੀਤਾ ਗਿਆ।ਸ੍ਰੀ ਸਿੰਗਲਾ ਨੇ ਅੰਤ ਵਿੱਚ ਕਿਹਾ ਕਿ ਉਨ੍ਹਾਂ ਦਾ ਪਰਵਾਰ ਭਵਿੱਖ ਵਿੱਚ ਵੀ 'ਲੋਕ ਸੇਵਾ ਹੀ ਧਰਮ' ਦੇ ਸਿਧਾਂਤ 'ਤੇ ਚੱਲਦਾ ਰਹੇਗਾ ਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਵਿੱਚ ਵੱਡਾ ਯੋਗਦਾਨ ਪਾਉਂਦਾ ਰਹੇਗਾ।

## ਮਰੀਜ਼ ਮਿੱਤਰਾ ਟੀਮ ਵੱਲੋਂ ਦੇਵ ਮਾਨ ਤੇ ਭੁਵੇਸ਼ ਭਾਸ਼ੀ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ 110ਵੇਂ ਸ਼ਹੀਦੀ ਦਿਹਾੜੇ ਮੌਕੇ ਸਥਾਨਕ ਓਮੈਕਸ ਮਾਲ ਪਟਿਆਲਾ ਦੇ ਬਾਹਰ ਮਰੀਜ਼ ਮਿੱਤਰਾ ਵੈੱਲਫੇਅਰ ਓਰਗੇਨਾਈਜ਼ੇਸ਼ਨ ਪਟਿਆਲਾ ਵੱਲੋਂ ਪ੍ਰਮੁੱਖ ਗੁਰਮੁੱਖ ਗੁਰੂ ਦੀ ਅਗਵਾਈ ਵਿੱਚ ਕਰਵਾਏ ਜ਼ਿਲ੍ਹਾ ਪੱਧਰੀ ਸ਼ਰਧਾਂਜਲੀ ਤੇ ਸਨਮਾਨ ਸਮਾਰੋਹ ਦੌਰਾਨ ਸਮਾਜ ਸੇਵਾ ਵਿੱਚ ਵਿਲੱਖਣ ਤੇ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ।ਸਨਮਾਨ ਸਮਾਰੋਹ ਵਿੱਚ ਮੈਂਬਰ ਪਾਰਲੀਮੈਂਟ ਪਟਿਆਲਾ ਡਾ. ਧਰਮਵੀਰ ਗਾਂਧੀ, ਵਿਧਾਇਕ ਹਲਕਾ ਨਾਭਾ ਗੁਰਦੇਵ ਸਿੰਘ ਦੇਵ ਮਾਨ ਤੇ ਖ਼ੂਨਦਾਨੀ ਸਟੇਟ ਅਵਾਰਡੀ ਭੁਵੇਸ਼ ਬਾਂਸਲ ਭਾਸ਼ੀ ਪ੍ਰਧਾਨ ਹਰਸ਼ ਬਲੱਡ ਡੋਨਰ ਸੋਸਾਇਟੀ ਨਾਭਾ ਨੇ ਸਪੈਸ਼ਲ ਤੌਰ 'ਤੇ ਸ਼ਿਰਕਤ ਕੀਤੀ ਤੇ ਸਮਾਜ ਨੂੰ ਵਡਮੁੱਲਾ ਯੋਗਦਾਨ ਦੇਣ ਵਾਲੀਆਂ ਸ਼ਖ਼ਸੀਅਤਾਂ ਦਾ ਸਾਂਝੇ ਤੌਰ 'ਤੇ ਸਨਮਾਨ ਵੀ ਕੀਤਾ। ਗੁਰਮੱਖ ਸਿੰਘ ਗੁਰੂ ਸੰਸਥਾਪਕ ਮਰੀਜ਼ ਮਿੱਤਰਾ ਓਰਗੇਨਾਈਜਜ਼ਸ਼ਨ ਪਟਿਆਲਾ ਨੇ ਸਮੂਹ ਪਤਵੰਤਿਆਂ, ਅਵਾਰਡੀਆਂ ਤੇ ਸਮਾਰੋਹ ਵਿੱਚ ਭਾਗ ਲੈਣ ਵਾਲਿਆਂ ਦਾ ਸਵਾਗਤ ਕਰਦਿਆਂ ਸੰਸਥਾਂ ਦੀਆਂ ਸਮੁੱਚੀਆਂ ਕਾਰਗੁਜ਼ਾਰੀਆਂ ਬਾਰੇ ਚਾਨਣਾ ਪਾਇਆ ਗਿਆ।ਇਸ ਮੌਕੇ ਜ਼ਿਲ੍ਹਾ ਪਟਿਆਲਾ ਦੀਆਂ ਨਾਮਵਰ ਸੰਸਥਾਵਾਂ, ਉੱਘੀਆਂ ਹਸਤੀਆਂ ਤੇ ਸਨਮਾਨਤ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ, ਮਨਪ੍ਰੀਤ ਸਿੰਘ ਧਾਰੋਕੀ ਟਰੱਕ ਯੂਨੀਅਨ ਪ੍ਰਧਾਨ ਨਾਭਾ, ਭੁਪਿੰਦਰ ਸਿੰਘ ਕੱਲਰਮਾਜਰੀ ਕੋਰਡੀਨੇਟਰ ਯੁੱਧ ਨਸ਼ੇ ਵਿਰੁੱਧ, ਜਿਪਸੀ ਬਾਂਸਲ ਚੇਅਰਮੈਨ, ਕੁਲਦੀਪ ਭਾਟੀਆ ਸਮਾਜ ਸੇਵਕ, ਸਮਾਜ ਸੇਵਾਵਾਂ ਵਿੱਚ ਮੋਹਰੀ ਵਿਜੈ ਗਰਗ ਹਾਜ਼ਰ ਸਨ।

## ਮੁੱਖ ਮੰਤਰੀ ਦੇ ਧੂਰੀ ਦੌਰੇ ਨੇ ਹਲਕਾ ਨਿਵਾਸੀਆਂ ਨੂੰ ਨਿਰਾਸ਼ ਕੀਤਾ : ਦੌਲਤਪੁਰ

### ਖੰਡ ਮਿੱਲ ਬਾਰੇ ਮੁੱਖ ਮੰਤਰੀ ਨੇ ਸਾਜ਼ਿਸ਼ੀ ਚੁੱਪੀ ਧਾਰੀ

**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਧੂਰੀ ਦੌਰੇ ਨੂੰ ਪੂਰੀ ਤਰ੍ਹਾਂ ਨਿਰਾਸ਼ਾਜਨਕ ਕਰਾਰ ਦਿੰਦਿਆਂ ਕਿਹਾ ਕਿ ਹਲਕੇ ਦੇ ਨਿਵਾਸੀਆਂ ਲਈ ਮੁੱਖ ਮੰਤਰੀ ਦੇ ਇਹ ਦੌਰੇ ਕਿਸੇ ਵੀ ਤਰ੍ਹਾਂ ਲਾਭਦਾਇਕ ਸਾਬਿਤ ਨਹੀਂ ਹੋ ਰਹੇ।ਉਨ੍ਹਾਂ ਕਿਹਾ ਕਿ ਹਾਲਤ ਇਹ ਹੈ ਕਿ ਮੁੱਖ ਮੰਤਰੀ ਦੇ ਦੌਰੇ ਦੌਰਾਨ ਮਿਲਣ ਵਾਲਿਆਂ ਦੀ ਸੂਚੀ ਪਹਿਲਾਂ ਤੋਂ ਤਿਆਰ ਕੀਤੀ ਜਾਂਦੀ ਹੈ, ਜਿਸ ਕਾਰਨ ਆਮ ਲੋਕਾਂ ਨੂੰ ਨਾ ਤਾਂ ਆਪਣੀਆਂ ਸਮੱਸਿਆਵਾਂ ਰੱਖਣ ਦਾ ਮੌਕਾ ਮਿਲਦਾ ਹੈ ਤੇ ਨਾ ਹੀ ਉਹ ਆਪਣੇ ਹਲਕੇ ਦੇ ਵਿਧਾਇਕ ਅੱਗੇ ਆਪਣੀਆਂ ਮੁਸ਼ਕਲਾਂ ਬਿਆਨ ਕਰ ਸਕਦੇ ਹਨ।ਦੌਲਤਪੁਰ ਨੇ ਕਿਹਾ ਕਿ ਧੂਰੀ ਦੀ ਲੋਕ ਜੀਵਨ ਤੇ ਸਥਾਨਕ ਅਰਥਵਿਵਸਥਾ ਨਾਲ ਜੁੜੀ ਸਭ ਤੋਂ ਵੱਡੀ ਇਕਾਈ ਭਗਵਾਨਪੁਰਾ ਖੰਡ ਮਿੱਲ ਪਿਛਲੇ ਦੋ ਸਾਲਾਂ ਤੋਂ ਬੰਦ ਪਈ ਹੈ, ਪਰ ਮੁੱਖ ਮੰਤਰੀ ਨੇ ਇਸ ਗੰਭੀਰ ਮਸਲੇ 'ਤੇ ਅੱਜ ਤੱਕ ਇੱਕ ਵੀ ਬਿਆਨ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਹਲਕੇ ਦੇ ਹਜ਼ਾਰਾਂ ਕਿਸਾਨ ਤੇ ਮਜ਼ਦੂਰ ਇਸ ਮਿੱਲ 'ਤੇ ਨਿਰਭਰ ਹਨ, ਪਰ ਸਰਕਾਰ ਦੀ ਇਹ ਚੁੱਪੀ ਕਿਸੇ ਸਾਜ਼ਿਸ਼ ਤੋਂ ਘੱਟ ਨਹੀਂ ਲੱਗਦੀ।ਉਨ੍ਹਾਂ ਕਿਹਾ ਕਿ ਧੂਰੀ ਰੇਲਵੇ ਓਵਰ ਬਰਿੱਜ ਦੀ ਫਾਈਲ ਕੇਂਦਰ ਸਰਕਾਰ ਵੱਲੋਂ ਰੋਕਣ ਦਾ ਮੁੱਦਾ ਵੀ ਹੁਣ ਜਨਤਾ ਦੀ ਭਲਾਈ ਤੋਂ ਵੱਧ ਸਿਆਸੀ ਦਾਅ-ਪੇਚਾਂ ਦਾ ਹਿੱਸਾ ਬਣ ਕੇ ਰਹਿ ਗਿਆ ਹੈ।ਦੌਲਤਪੁਰ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਜਨਤਾ ਦੇ ਹਿੱਤਾਂ ਵਾਲੇ ਫ਼ੈਸਲੇ ਤੁਰੰਤ ਨਹੀਂ ਕੀਤੇ ਗਏ, ਤਾਂ ਲੋਕ ਇਸ ਅਣਗਹਿਲੀ ਦਾ ਜਵਾਬ ਆਉਣ ਵਾਲੇ ਸਮੇਂ 'ਚ ਜ਼ਰੂਰ ਦੇਣਗੇ।

# ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

### ਆਪ ਵਲੰਟੀਅਰ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸਮਿਤੀ ਚੋਣਾਂ 'ਚ ਵੱਧ-ਚੜ੍ਹ ਕੇ ਲੈਣ ਹਿੱਸਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਚਹੁੰਪੱਖੀ ਵਿਕਾਸ ਲਈ ਵਚਨਬੱਧ ਹੈ।ਸੂਬੇ ਦੀ ਤਰੱਕੀ ਤੇ ਲੋਕਾਂ ਨੂੰ ਚੰਗੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਕੀਤਾ ਗਿਆ।

ਇਸ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵਿਧਾਨ ਸਭਾ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੀਆਂ ਕਰੀਬ 26 ਪੰਚਾਇਤਾਂ ਤੇ ਹੋਰ ਮੋਹਤਬਰ ਸੱਜਣਾਂ ਵੱਲੋਂ ਸ੍ਰ. ਹਰਚੰਦ ਸਿੰਘ ਬਰਸਟ ਨਾਲ ਮੁਲਾਕਾਤ ਕੀਤੀ ਗਈ।ਇਸ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡਾਂ ਦੇ ਕੀਤੇ ਜਾ ਰਹੇ ਵਿਕਾਸ ਬਾਰੇ ਵਿਸਥਾਰ ਵਿੱਚ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਗਈ।ਉਨ੍ਹਾਂ 'ਆਪ' ਵਲੰਟੀਅਰਾਂ ਨੂੰ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸਮਿਤੀ ਦੀਆਂ ਚੋਣਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਸਲਾਹ ਦਿੱਤੀ।ਉਨ੍ਹਾਂ ਵਲੰਟੀਅਰਾਂ ਨੂੰ ਕਿਹਾ ਕਿ ਉਹ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸੰਪਰਕ ਕਰਕੇ ਪਾਰਟੀ ਦੇ ਲੋਕ ਭਲਾਈ ਕਾਰਜਾਂ ਤੇ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ।

ਇਸ ਮੌਕੇ ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਸੁਖਚੈਨ ਸਿੰਘ ਸਰਪੰਚ ਖੁਟੀ ਛੰਨਾ, ਪ੍ਰਗਟ ਸਿੰਘ ਸਰਪੰਚ ਫਕੜਬਾ, ਯਾਦਵਿੰਦਰ ਸਿੰਘ ਸਰਪੰਚ ਅਜੀਤ ਨਗਰ, ਗੁਰਪ੍ਰਤਾਪ ਸਿੰਘ ਸਰਪੰਚ ਚੌਹਠ, ਬਲਕਾਰ ਸਿੰਘ ਸਰਪੰਚ ਨਮਾਦਾ, ਜਤਿੰਦਰ ਸਿੰਘ ਸਰਪੰਚ ਗੁਰੂ ਨਾਨਕ ਨਗਰ, ਮਨਪ੍ਰੀਤ ਸਿੰਘ ਸਰਪੰਚ ਬਦਨਪੁਰ, ਅਜੇ ਕੁਮਾਰ ਸਰਪੰਚ ਭਗਵਾਨ ਪੁਰ, ਕ੍ਰਿਸ਼ਨ ਚੰਦ ਸਰਪੰਚ ਹਰੀਪੁਰ, ਕ੍ਰਿਸ਼ਨ ਲਾਲ ਸਰਪੰਚ ਗਾਜੇਵਾਸ (ਚੁ), ਸ਼ਾਮ ਲਾਲ ਦੱਤ ਸਮੇਤ ਹੋਰ ਲੋਕ ਮੌਜੂਦ ਰਹੇ।

## ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ) ਦੀ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ) ਜ਼ਿਲ੍ਹਾ ਮਾਨਸਾ ਦੀ ਚੋਣ ਸ੍ਰੀ ਮੇਜਰ ਸਿੰਘ ਬਾਜੇ ਵਾਲਾ, ਬੂਟਾ ਸਿੰਘ ਖੀਵਾ ਤੇ ਰਾਮ ਸਿੰਘ ਖੋਖਰ ਦੀ ਪ੍ਰਧਾਨਗੀ ਹੇਠ ਵਾਟਰ ਵਰਕਸ ਡੀ ਏ ਸੀ ਮਾਨਸਾ ਵਿਖੇ ਸਰਬਸੰਮਤੀ ਨਾਲ ਹੋਈ, ਜਿਸ ਦੌਰਾਨ ਚੇਅਰਮੈਨ ਬੂਟਾ ਸਿੰਘ ਖੀਵਾ, ਸਰਪ੍ਰਸਤ ਮੇਜ਼ਰ ਸਿੰਘ ਬਾਜੇਵਾਲ, ਸਲਾਹਕਾਰ ਹਰਬੰਸ ਸਿੰਘ ਫਰਵਾਹੀ, ਰਾਮ ਸਿੰਘ ਖੋਖਰ, ਪ੍ਰਧਾਨ ਬਿੱਕਰ ਸਿੰਘ ਮਾਖਾ, ਜਨਰਲ ਸਕੱਤਰ ਜਸਮੇਲ ਸਿੰਘ ਅਤਲਾ, ਕੈਸ਼ੀਅਰ ਹਿੰਮਤ ਸਿੰਘ ਦੂਲੋਵਾਲ, ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਆਲੀਕੇ, ਜਗਰੂਪ ਸਿੰਘ ਦੂਲੋਵਾਲ, ਸੁਖਵਿੰਦਰ ਸਿੰਘ ਸਰਦੂਲਗੜ੍ਹ, ਨਾਜਰ ਸਿੰਘ ਖਿਆਲਾ, ਮੀਤ ਪ੍ਰਧਾਨ ਸੋਹਣ ਸਿੰਘ ਹੈਲਥ ਵਿਭਾਗ, ਕਰਮ ਸਿੰਘ ਝੰਡੂਕੇ, ਸੁਨੀਲ ਕੁਮਾਰ ਭੀਖੀ, ਬਾਰੂ ਖਾਂ, ਗੋਬਿੰਦ ਸਿੰਘ ਖੀਵਾ, ਪ੍ਰੈੱਸ ਸਕੱਤਰ ਗੁਰਸੇਵਕ ਸਿੰਘ ਭੀਖੀ, ਸਹਾਇਕ ਪ੍ਰੈੱਸ ਸਕੱਤਰ ਜਸਪ੍ਰੀਤ ਸਿੰਘ ਮਾਨਸਾ, ਜਾਇੰਟ ਸਕੱਤਰ ਮਨੀਸ਼ ਕੁਮਾਰ ਹੈਲਥ ਵਿਭਾਗ, ਬੱਗਾ ਸਿੰਘ ਰੱਲਾ, ਨਿਰਮਲ ਸਿੰਘ ਰਮਦਿੱਤੇ ਵਾਲਾ ਆਦਿ ਆਗੂ ਸਾਥੀ ਚੁਣੇ ਗਏ।ਚੋਣ ਉਪਰੰਤ ਨਵ-ਨਿਯੁਕਤ ਟੀਮ ਨੂੰ ਜ਼ਿਲ੍ਹਾ ਪ੍ਰਧਾਨ ਵੱਲੋਂ ਸੰਬੋਧਨ ਕਰਦਿਆਂ ਕਿਹਾ ਕਿ ਵਰਕਰਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਕੋਈ ਢਿੱਲ ਮੱਠ ਨਹੀਂ ਵਰਤੀ ਜਾਵੇਗੀ ਤੇ ਸੂਬਾਈ ਟੀਮ ਨੂੰ ਮਾਨਸਾ ਜ਼ਿਲ੍ਹੇ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ।

## ਖਾਟੂ ਸ਼ਿਆਮ ਤੇ ਸਾਲਾਸਰ ਧਾਮ ਦੀ ਯਾਤਰਾ ਲਈ ਬੱਸ ਰਵਾਨਾ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਸ਼ਿਵ ਪਰਿਵਾਰ ਸੰਘ (ਰਜਿ. 541) ਮਾਨਸਾ ਵੱਲੋਂ ਸ੍ਰੀ ਖਾਟੂ ਸ਼ਿਆਮ ਤੇ ਸ੍ਰੀ ਸਾਲਾਸਰ ਧਾਮ ਦੀ 67ਵੀਂ ਬੱਸ ਯਾਤਰਾ ਲਈ ਏ. ਸੀ. ਬੱਸ ਪ੍ਰਦੀਪ ਜਿੰਦਲ, ਸਾਹਿਲ ਜਿੰਦਲ ਸੈਕਟਰੀ, ਐਡਵੋਕੇਟ ਆਤਮਾ ਰਾਮ ਤੇ ਰਿੰਕੂ ਚੌਧਰੀ ਦੀ ਅਗਵਾਈ 'ਚ ਧਾਰਮਿਕ ਰੀਤੀ ਰਿਵਾਜਾਂ ਨਾਲ ਸ੍ਰੀ ਹਰ ਹਰ ਮਹਾਂਦੇਵ ਮੰਦਰ ਕੋਲੋਂ ਰਵਾਨਾ ਕੀਤੀ ਗਈ।ਬੱਸ ਨੂੰ ਝੰਡੀ ਦੇਣ ਦੀ ਰਸਮ ਵਿਨੋਦ ਭੰਮਾ ਵੱਲੋਂ ਅਤੇ ਨਾਰੀਅਲ ਦੀ ਰਸਮ ਸੁਰਿੰਦਰ ਕੁਮਾਰ ਗੋਲਡੀ ਤੇ ਅਸ਼ੀਸ਼ ਅੱਗਰਵਾਲ ਨੇ ਅਦਾ ਕੀਤੀ।ਵਿਨੋਦ ਭੰਮਾ ਨੇ ਕਿਹਾ ਕਿ ਸਭ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਨੀ ਚਾਹੀਦੀ ਹੈ, ਇਸ ਨਾਲ ਮਨ ਨੂੰ ਸ਼ਾਂਤੀ ਮਿਲਦੀ ਹੈ।ਸੰਘ ਦੇ ਪ੍ਰਧਾਨ ਪ੍ਰਦੀਪ ਜਿੰਦਲ ਨੇ ਦੱਸਿਆ ਕਿ ਬੱਸ ਮਾਨਸਾ ਤੋਂ ਚੱਲ ਕੇ ਖਾਟੂ ਸ਼ਿਆਮ ਪਹੁੰਚੇਗੀ।ਸ੍ਰੀ ਖਾਟੂ ਸ਼ਿਆਮ ਦਰਸ਼ਨ ਕਰਦੇ ਹੋਏ ਸ੍ਰੀ ਸਾਲਾਸਰ ਪਹੁੰਚੇਗੀ ਅਤੇ ਵਾਪਸੀ ਸਮੇਂ ਦੋ ਜਾਂਟੀ ਮੰਦਰ, ਅਗਰੋਹਾ ਧਾਮ ਦੇ ਦਰਸ਼ਨ ਕਰਨ ਉਪਰੰਤ ਮਾਨਸਾ ਵਾਪਸ ਪਹੁੰਚੇਗੀ।ਸੰਘ ਦੇ ਸੈਕਟਰੀ ਸਾਹਿਲ ਜਿੰਦਲ ਨੇ ਦੱਸਿਆ ਕਿ ਯਾਤਰੀਆਂ ਦੇ ਰਹਿਣ ਲਈ ਕਮਰਿਆਂ ਦਾ ਪ੍ਰਬੰਧ ਸੰਘ ਵੱਲੋਂ ਕੀਤਾ ਜਾਵੇਗਾ।ਇਸ ਤੋਂ ਇਲਾਵਾ ਯਾਤਰੀਆਂ ਨੂੰ ਬੱਸ 'ਚ ਸਮੇਂ ਸਮੇਂ ਰਿਫਰੈਸ਼ਮੈਂਟ ਵੀ ਦਿੱਤੀ ਜਾਵੇਗੀ।ਬਾਅਦ ਵਿੱਚ ਸੰਘ ਦੇ ਅਹੁਦੇਦਾਰਾਂ ਵੱਲੋਂ ਵਿਨੋਦ ਭੰਮਾ ਤੇ ਸੁਰਿੰਦਰ ਗੋਲਡੀ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੁਨੀਸ਼ ਬੱਬੀ ਦਾਨੇਵਾਲੀਆ, ਅਰੁਣ ਕੁਮਾਰ ਬਿੱਟੂ ਭੰਮਾ ਪ੍ਰਧਾਨ ਸ਼੍ਰੀ ਹਰ ਹਰ ਮਹਾਂਦੇਵ ਸੇਵਾ ਮੰਡਲ, ਪ੍ਰਦੀਪ ਜਿੰਦਲ, ਜੀਵਨ ਕੁਮਾਰ, ਰਕੇਸ਼ ਕੁਮਾਰ, ਸਾਹਿਲ ਜਿੰਦਲ, ਗੌਤਮ, ਕ੍ਰਿਸ਼ਨ ਕੁਮਾਰ, ਸੁਰਿੰਦਰ ਗੋਲਡੀ, ਅਸ਼ੀਸ਼ ਅੱਗਰਵਾਲ, ਪਾਂਸ਼ੁਲ ਜਿੰਦਲ, ਪ੍ਰਸ਼ੋਤਮ, ਰਾਜਵੀਰ ਸੈਰਾਂ ਜਿੰਮ ਵਾਲੇ, ਡਾ. ਰਵੀ ਗੋਇਲ, ਬਿੰਦਰ ਪਾਲ ਗਰਗ, ਦੀਪਕ, ਰਿੰਕੂ ਚੌਧਰੀ ਤੇ ਪੰਡਤ ਉੱਤਮ ਕੁਮਾਰ ਆਦਿ ਹਾਜ਼ਰ ਸਨ।

# ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਨੇ ਸਾਲਾਨਾ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**

ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਨੇ ਆਪਣਾ ਸਾਲਾਨਾ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ, ਜਿਸ ਵਿੱਚ ਇਸਦੇ ਵਿਦਿਆਰਥੀਆਂ ਦੀਆਂ ਵਿਭਿੰਨ ਪ੍ਰਤਿਭਾਵਾਂ ਤੇ ਪ੍ਰਾਪਤੀਆਂ ਦਾ ਪ੍ਰਦਰਸ਼ਨ ਕੀਤਾ ਗਿਆ।ਮਾਪਿਆਂ, ਪਤਵੰਤਿਆਂ ਤੇ ਭਾਈਚਾਰੇ ਦੇ ਮੈਂਬਰਾਂ ਨੇ ਸੱਭਿਆਚਾਰਕ ਜੀਵੰਤਤਾ ਤੇ ਅਕਾਦਮਿਕ ਮਾਣ ਨਾਲ ਭਰੇ ਇੱਕ ਪ੍ਰੋਗਰਾਮ ਨੂੰ ਦੇਖਿਆ।ਪ੍ਰੋਗਰਾਮ ਦੀ ਸ਼ੁਰੂਆਤ ਚੇਅਰਮੈਨ ਵਿਕਰਮ ਸ਼ਰਮਾ, ਮੈਨੇਜਿੰਗ ਡਾਇਰੈਕਟਰ ਸ਼ਾਰਦਾ ਸ਼ਰਮਾ, ਡਾਇਰੈਕਟਰ ਰਜਤ ਸ਼ਰਮਾ, ਮ੍ਰਿਦੁਲਾ, ਸ਼ੁਭਮ ਸ਼ਰਮਾ, ਸ਼ਰੂਤੀ ਸ਼ਰਮਾ ਤੇ ਪ੍ਰਿੰ. ਦੀਪਾਲੀ ਨੰਦਾ ਦੁਆਰਾ ਰਸਮੀ ਦੀਵੇ ਜਗਾਉਣ ਨਾਲ ਹੋਈ।ਉਦਘਾਟਨ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਇੱਕ ਰੂਹਾਨੀ ਸ਼ਬਦ ਗੁਰਬਾਣੀ ਤੇ ਸਵਾਗਤੀ ਗੀਤ ਪੇਸ਼ ਕੀਤਾ ਗਿਆ।ਇਸ ਸਮਾਗਮ ਵਿੱਚ ਰਾਜਿੰਦਰਪਾਲ ਕੌਰ ਛੀਨਾ ਵਿਧਾਇਕ ਲੁਧਿਆਣਾ, ਨਗਰ ਕੌਂਸਲਰ ਡਾ. ਦੀਪਕ ਮਾਨ, ਜਥੇਦਾਰ ਬਾਬਾ ਕੁਲਵਿੰਦਰ ਸਿੰਘ (ਨਿਹੰਗ ਸਿੰਘ ਖਾਲਸਾ ਦਲ, ਚਮਕੌਰ ਸਾਹਿਬ), ਪੰਕਜ ਸ਼ਾਰਦਾ (ਚੇਅਰਮੈਨ, ਬ੍ਰਾਹਮਣ ਭਲਾਈ ਬੋਰਡ), ਮੋਹਿਤ ਕੁੰਦਰਾ (ਪ੍ਰਧਾਨ, ਨਗਰ ਕੌਂਸਲ ਮਾਛੀਵਾੜਾ ਸਾਹਿਬ), ਸੁਖਵਿੰਦਰ ਸਿੰਘ ਗਿੱਲ (ਚੇਅਰਮੈਨ, ਮਾਰਕੀਟ ਕਮੇਟੀ, ਮਾਛੀਵਾੜਾ ਸਾਹਿਬ) ਤੇ ਕਈ ਹੋਰ ਪਤਵੰਤੇ ਮੌਜੂਦ ਰਹੇ।ਇਸ ਸਾਲਾਨਾ ਦਿਵਸ ਦੇ ਥੀਮ 'ਸੁਪਨਿਆਂ ਦਾ ਪਾਲਣ-ਪੋਸ਼ਣ, ਵਿਭਿੰਨਤਾ ਵਿੱਚ ਏਕਤਾ ਤੇ ਸੱਭਿਆਚਾਰਕ ਵਿਰਾਸਤ' ਨੂੰ ਇੱਕ ਨਸ਼ਾ ਜਾਗਰੂਕਤਾ ਸਕਿੱਟ, ਕਾਮੇਡੀ ਨਾਟਕ, ਕਲਾਸੀਕਲ ਡਾਂਸ, ਲੋਕ ਨਾਚ, ਗਿੱਧਾ ਤੇ ਭੰਗੜਾ ਸਮੇਤ ਪ੍ਰਦਰਸ਼ਨਾਂ ਰਾਹੀਂ ਸੁੰਦਰਤਾ ਨਾਲ ਉਜਾਗਰ ਕੀਤਾ ਗਿਆ।ਨਰਸਰੀ ਤੇ ਕਿੰਡਰਗਾਰਟਨ ਦੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਪ੍ਰਦਰਸ਼ਨਾਂ ਦੀ ਪ੍ਰਸ਼ੰਸਾ ਕੀਤੀ ਗਈ।ਅਕਾਦਮਿਕ, ਖੇਡਾਂ ਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਉੱਤਮਤਾ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਟੇਜ 'ਤੇ ਸਨਮਾਨਤ ਕੀਤਾ ਗਿਆ।ਮੁੱਖ ਮਹਿਮਾਨ ਨੇ ਸੰਪੂਰਨ ਸਿੱਖਿਆ ਪ੍ਰਦਾਨ ਕਰਨ ਲਈ ਸਕੂਲ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਨੂੰ ਸਮਰਪਣ ਤੇ ਅਨੁਸ਼ਾਸਨ ਨਾਲ ਉੱਤਮਤਾ ਪ੍ਰਾਪਤ ਕਰਨ ਲਈ ਉਤਸ਼ਾਹਤ ਕੀਤਾ।ਪ੍ਰਿੰਸੀਪਲ ਦੀਪਾਲੀ ਨੰਦਾ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਸਕੂਲ ਦੀਆਂ ਪ੍ਰਾਪਤੀਆਂ, ਨਵੀਆਂ ਪਹਿਲਕਦਮੀਆਂ ਤੇ ਜ਼ਿਲ੍ਹਾ, ਰਾਜ ਤੇ ਰਾਸ਼ਟਰੀ ਪੱਧਰ 'ਤੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦੀ ਰੂਪਰੇਖਾ ਦਿੱਤੀ ਗਈ।ਸਮਾਗਮ ਦਾ ਸਮਾਪਨ ਇੱਕ ਜੀਵੰਤ ਭੰਗੜਾ ਪ੍ਰਦਰਸ਼ਨ ਨਾਲ ਹੋਇਆ, ਜਿਸ ਤੋਂ ਬਾਅਦ ਚੇਅਰਮੈਨ ਵਿਕਰਮ ਸ਼ਰਮਾ ਦੁਆਰਾ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ, ਜਿਨ੍ਹਾਂ ਨੇ ਸਮਾਗਮ ਨੂੰ ਸ਼ਾਨਦਾਰ ਬਣਾਉਣ ਵਿੱਚ ਯੋਗਦਾਨ ਪਾਉਣ ਲਈ ਪਤਵੰਤਿਆਂ, ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਮਾਛੀਵਾੜਾ ਸਾਹਿਬ ਦੇ ਈਓ ਵਿਕਰਮਜੀਤ ਸ਼ਰਮਾ, ਕੌਂਸਲਰ ਅਸ਼ੋਕ ਸੂਦ, ਅਮਨਦੀਪ ਸਿੰਘ ਤਨੇਜਾ, ਨਗਿੰਦਰ ਸਿੰਘ ਮਿੱਠੇਵਾਲ, ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਪ੍ਰਧਾਨ ਹਰਮਿੰਦਰ ਸਿੰਘ ਗਿੱਲ ਸਮੇਤ ਮਾਛੀਵਾੜਾ ਸਾਹਿਬ ਸ਼ਹਿਰ ਦੀਆਂ ਹੋਰ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

## ਕੈਂਬ੍ਰਿਜ ਸਕੂਲ 'ਚ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਹਫ਼ਤਾ ਮਨਾਇਆ




**ਕੋਟ ਈਸੇ ਖਾਂ (ਅਰੋੜਾ)**-ਕੈਂਬ੍ਰਿਜ ਕਾਨਵੈਂਟ ਸਕੂਲ ਵੱਲੋਂ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਹਫ਼ਤੇ ਨੂੰ ਧਾਰਮਿਕ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਗੁਰੂ ਸਾਹਿਬ ਦੇ ਅਮਰ ਬਲਿਦਾਨ ਨੂੰ ਯਾਦ ਕਰਦੇ ਹੋਏ ਕਈ ਰੂਹਾਨੀ ਤੇ ਸਿੱਖ ਧਰਮ ਨਾਲ ਸੰਬੰਧਤ ਗਤੀਵਿਧੀਆਂ ਦਾ ਆਯੋਜਨ ਕੀਤਾ।ਸਮਾਰੋਹ ਦੀ ਸ਼ੁਰੂਆਤ ਸ਼ਬਦ ਕੀਰਤਨ ਨਾਲ ਹੋਈ, ਜਿਸ ਨਾਲ ਸਕੂਲ ਦਾ ਮਾਹੌਲ ਪਵਿੱਤਰਤਾ ਤੇ ਭਗਤੀਭਾਵ ਨਾਲ ਗੂੰਜ ਉੱਠਿਆ।ਪੂਰੇ ਹਫ਼ਤੇ ਦੌਰਾਨ ਵਿਦਿਆਰਥੀਆਂ ਨੇ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ, ਉਪਦੇਸ਼ਾਂ, ਦ੍ਰਿੜ੍ਹ ਨਿਸ਼ਚੇ ਤੇ ਮਨੁੱਖਤਾ ਲਈ ਕੀਤੇ ਬਲਿਦਾਨ ਨੂੰ ਵੱਖ-ਵੱਖ ਤਰੀਕਿਆਂ ਨਾਲ ਪ੍ਰਗਟਾਇਆ। ਵਿਦਿਆਰਥੀਆਂ ਲਈ ਭਾਸ਼ਣ ਮੁਕਾਬਲਾ, ਕਵਿਤਾ ਪਾਠ, ਚਿੱਤਰਕਲਾ ਮੁਕਾਬਲਾ ਕਰਵਾਇਾ ਗਿਆ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਗੁਰੂ ਤੇਗ ਬਹਾਦਰ ਜੀ ਨੇ ਧਰਮ ਦੀ ਆਜ਼ਾਦੀ ਤੇ ਮਨੁੱਖਤਾ ਦੀ ਰੱਖਿਆ ਲਈ ਆਪਣਾ ਸਰਵਉੱਚ ਬਲਿਦਾਨ ਦਿੱਤਾ, ਜੋ ਸੰਸਾਰ ਲਈ ਪ੍ਰੇਰਣਾ ਦਾ ਸਰੋਤ ਹੈ।ਸਕੂਲ ਪ੍ਰਿੰਸੀਪਲ ਨੇ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਤੇਗ ਬਹਾਦੁਰ ਜੀ ਦੇ ਬਲਿਦਾਨ ਦੀ ਮਹਾਨਤਾ ਸਾਨੂੰ ਸਿੱਖਾਉਂਦੀ ਹੈ ਕਿ ਸੱਚ ਤੇ ਇਨਸਾਫ਼ ਦੀ ਰਾਹ 'ਤੇ ਚੱਲਣਾ ਕਦੇ ਵੀ ਬੇਕਾਰ ਨਹੀਂ ਜਾਂਦਾ।ਉਨ੍ਹਾਂ ਕਿਹਾ ਕਿ ਅਜੋਕੇ ਯੁੱਗ ਵਿੱਚ ਨੌਜਵਾਨਾਂ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਹਿੰਮਤ, ਦਲੇਰੀ, ਨਿਮਰਤਾ ਤੇ ਪਰਉਪਕਾਰ ਦੇ ਗੁਣ ਸਿੱਖਣੇ ਬਹੁਤ ਜ਼ਰੂਰੀ ਹਨ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਆਪਸੀ ਭਾਈਚਾਰੇ, ਸ਼ਾਂਤੀ ਤੇ ਸਹਿਣਸ਼ੀਲਤਾ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ।

# ਸਿਹਤ ਮੰਤਰੀ ਤੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਸੜਕ ਦਾ ਉਦਘਾਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਪੰਜਾਬ ਐਗਰੋ ਫੂਡ ਗ੍ਰੇਨ ਕਾਰਪੋਰੇਸ਼ਨ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਭਾਦਸੋਂ ਰੋਡ ਤੋਂ ਲੈ ਕੇ ਸਿਓਣਾ ਚੌਕ ਤੱਕ ਜਾਂਦੀ ਸੜਕ ਦਾ ਉਦਘਾਟਨ ਕੀਤਾ ਗਿਆ। ਇਸ ਦੀ ਖੁਸ਼ੀ ਵਿੱਚ ਰਣਜੀਤ ਨਗਰ ਇਲਾਕਾ ਨਿਵਾਸੀਆਂ ਵੱਲੋਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੂੰ ਸਨਮਾਨਿਤ ਕੀਤਾ ਗਿਆ।

ਇਲਾਕਾ ਵਾਸੀਆਂ ਨੇ ਕਿਹਾ ਕਿ ਅਸੀਂ ਮਾਨ ਸਰਕਾਰ ਦੇ ਦਿਲੋਂ ਧੰਨਵਾਦੀ ਹਾਂ ਕਿਉਂਕਿ ਪਿਛਲੀਆਂ ਰਵਾਇਤੀ ਸਰਕਾਰਾਂ ਵੱਲੋਂ ਇਸ ਇਲਾਕੇ ਦੀ ਕੋਈ ਸਾਰ ਨਹੀਂ ਲਈ ਗਈ ਅਤੇ ਸੜਕਾਂ ਦਾ ਬੁਰਾ ਹਾਲ ਸੀ। ਬਰਸਾਤਾਂ ਦੇ ਦਿਨਾਂ ਵਿੱਚ ਲੋਕਾਂ ਨੂੰ ਬਹੁਤ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਇਹ ਹੋਰ ਵੀ ਖੁਸ਼ੀ ਵਾਲੀ ਗੱਲ ਹੈ ਕਿ ਪਿਛਲੇ ਦਿਨੀਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਇਸ ਸੜਕ ਦਾ ਨਾਮ ਬਾਬਾ ਨਾਨਕ ਮਾਰਗ ਰੱਖਿਆ ਗਿਆ ਸੀ।

ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਮਰਪਿਤ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਅਤੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਦੇ ਯਤਨਾਂ ਸਦਕਾ ਰਣਜੀਤ ਨਗਰ ਦੇ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਆ ਰਹੀ ਮੁਸ਼ਕਿਲ ਤੋਂ ਨਿਜਾਤ ਮਿਲੇਗੀ। ਇਸ ਮੌਕੇ ਚੇਅਰਮੈਨ ਬਲਜਿੰਦਰ ਢਿੱਲੋਂ ਨੇ ਅੱਗੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵਿਕਾਸ ਦੇ ਕੰਮ ਆਪਣੇ ਆਖਰੀ ਸਮੇਂ ਕਰਦੀਆਂ ਸਨ ਪ੍ਰੰਤੂ ਮਾਨ ਸਰਕਾਰ ਆਪਣੇ ਸਾਰੇ ਵਾਅਦੇ ਨਾਲੋ-ਨਾਲ ਪੂਰੇ ਕਰ ਰਹੀ ਹੈ ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਉਨ੍ਹਾਂ ਦੀ ਕੋਸ਼ਿਸ਼ ਜਾਰੀ ਹੈ। ਢਿੱਲੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਸਿਰਤੋੜ



ਯਤਨ ਕਰ ਰਹੀ ਹੈ। ਮਾਨ ਸਰਕਾਰ ਵੱਲੋਂ ਪੰਜਾਬ ਵਿੱਚ 10 ਲੱਖ ਤੱਕ ਦਾ ਮੁਫਤ ਸਿਹਤ ਬੀਮਾ ਅਤੇ ਸਿਹਤ ਸਹੂਲਤਾਂ ਪਹਿਲ ਦੇ ਅਧਾਰ ਤੇ ਦਿੱਤੀਆਂ ਜਾਣਗੀਆਂ। ਇਸ ਮੌਕੇ ਅਮਰੀਕ ਸਿੰਘ ਬੰਗੜ, ਰਾਜ ਕੁਮਾਰ ਮਿਠਾਰੀਆ, ਲਖਵਿੰਦਰ ਸਿੰਘ ਢਿੱਲੋਂ, ਦਵਿੰਦਰ ਕੌਰ (ਐੱਮਸੀ), ਗੁਰਧਿਆਨ ਸਿੰਘ ਖਰੋੜ, ਗੁਲਜਾਰ ਪਟਿਆਲਵੀ, ਸੰਤੋਖ ਸਿੰਘ ਸਰਪੰਚ, ਗੁਰਮੇਲ ਸਿੰਘ (ਜੀ.ਐੱਮ), ਜਤਿੰਦਰ ਕੁਮਾਰ, ਹਰਜੀਤ ਸਿੰਘ, ਰਜਿੰਦਰ ਸਿੰਘ ਮੋਹਲ, ਓਮ ਪ੍ਰਕਾਸ਼, ਸਮੂਹ ਲੀਡਰਸ਼ਿਪ, ਅਹੁਦੇਦਾਰ, ਵਲੰਟੀਅਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

# ਮੁੱਖ ਮੰਤਰੀ ਮਾਨ ਵੱਲੋਂ ਵਿਰਾਸਤ-ਏ-ਖ਼ਾਲਸਾ ਵਿਖੇ ਵਿਸ਼ੇਸ਼ ਪ੍ਰਦਰਸ਼ਨੀ ਗੈਲਰੀ ਦਾ ਉਦਘਾਟਨ

ਸ੍ਰੀ ਅਨੰਦਪੁਰ ਸਾਹਿਬ (ਨਜ਼ਸ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਰਾਸਤ-ਏ-ਖ਼ਾਲਸਾ ਵਿਖੇ 'ਹਿੰਦ ਦੀ ਚਾਦਰ' ਨੌਵੇਂ ਸਿੱਖ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ ਅਤੇ ਵਿਰਾਸਤ ਨੂੰ ਦਰਸਾਉਂਦੀ ਇੱਕ ਵਿਸ਼ੇਸ਼ ਪ੍ਰਦਰਸ਼ਨੀ ਗੈਲਰੀ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਮੌਜੂਦ ਸਨ।ਮੁੱਖ ਮੰਤਰੀ ਨੇ ਕਿਹਾ ਕਿ ਇਹ ਗੈਲਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਸਬੰਧੀ ਚੱਲ ਰਹੇ ਸਮਾਗਮਾਂ ਦਾ ਹਿੱਸਾ ਹੈ।ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਗੈਲਰੀ ਗੁਰੂ ਸਾਹਿਬ ਦੀ ਅਧਿਆਤਮਕ ਅਤੇ ਸੰਸਾਰਕ ਯਾਤਰਾ ਦਾ ਡੂੰਘਾ ਬਿਰਤਾਂਤ ਪੇਸ਼ ਕਰਦੀ ਹੈ।ਉਨ੍ਹਾਂ ਕਿਹਾ ਕਿ ਇਸ ਪ੍ਰਦਰਸ਼ਨੀ ਨੂੰ ਡੂੰਘੀ ਸੋਚ-ਵਿਚਾਰ ਤੋਂ ਬਾਅਦ ਪੰਜ ਵੱਖ-ਵੱਖ ਹਿੱਸਿਆਂ: ਜਨਮ ਅਤੇ ਸ਼ੁਰੂਆਤੀ ਜੀਵਨ-ਕਾਲ, ਅਧਿਆਤਮਿਕ ਸਫ਼ਰ, ਗੁਰਗੱਦੀ ਸੰਭਾਲਣ, ਧਾਰਮਿਕਤਾ ਦਾ ਮਾਰਗ ਅਤੇ ਸ਼ਹਾਦਤ ਵਿੱਚ ਵੰਡਿਆ ਗਿਆ ਹੈ, ਜਿਸ ਰਾਹੀਂ ਗੁਰੂ ਸਾਹਿਬ ਦੇ ਜੀਵਨ-ਕਾਲ ਨੂੰ ਮਹੱਤਵਪੂਰਨ ਢੰਗ ਨਾਲ ਦਰਸਾਇਆ ਗਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਪ੍ਰਦਰਸ਼ਨੀ ਦੇ ਕੇਂਦਰ ਵਿੱਚ ਗੁਰੂ ਤੇਗ਼ ਬਹਾਦਰ ਜੀ ਦੀ ਯੁੱਧ-ਕਲਾ ਨੂੰ ਦਰਸਾਉਂਦੇ ਮਾਡਲ ਸੁਸ਼ੋਭਿਤ ਹਨ ਜਿਨ੍ਹਾਂ ਵਿੱਚ ਘੋੜਾ, ਤਲਵਾਰਾਂ ਅਤੇ ਤੀਰ-



ਕਮਾਨ ਸ਼ਾਮਲ ਹਨ, ਜੋ ਜੰਗ ਦੇ ਮੈਦਾਨ ਵਿੱਚ ਉਨ੍ਹਾਂ ਦੀ ਮੁਹਾਰਤ ਦਾ ਪ੍ਰਤੀਕ ਹਨ।ਉਨ੍ਹਾਂ ਕਿਹਾ ਕਿ ਗੁਰੂ ਘਰ ਨੂੰ ਸਮਰਪਿਤ ਸ਼ਰਧਾਲੂ ਮੱਖਣ ਸ਼ਾਹ ਲੁਬਾਣਾ ਦੇ ਜਹਾਜ਼ਾਂ ਦੇ 'ਬੇੜੇ' ਨੂੰ ਦਰਸਾਉਂਦੇ ਇਤਿਹਾਸਕ ਮਾਡਲ ਅਤੇ ਭਾਈ ਦਿਆਲਾ ਜੀ ਦੀ ਸਰਵਉੱਚ ਕੁਰਬਾਨੀ ਅਤੇ ਦ੍ਰਿੜ੍ਹਤਾ ਨੂੰ ਦਰਸਾਉਂਦੀ ਉਬਲਦੀ ਦੇਗ ਦਾ ਮਾਡਲ ਮੁੱਖ ਆਕਰਸ਼ਣ ਹਨ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪ੍ਰਦਰਸ਼ਨੀ ਵਿੱਚ ਲੱਖੀ ਸ਼ਾਹ ਵਣਜਾਰਾ ਦਾ ਪੁਨਰ-ਨਿਰਮਾਣ ਕੀਤਾ ਗਿਆ ਘਰ ਵੀ ਆਕਰਸ਼ਣ ਦਾ ਦਿਲਕਸ਼ ਕੇਂਦਰ ਹਨ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਗੁਰਬਾਣੀ ਦੀਆਂ ਪਾਵਨ ਤੁਕਾਂ ਨਾਲ ਸਜੇ ਵਿਸਤ੍ਰਿਤ ਚਿੱਤਰ, ਗੁਰੂ ਜੀ ਦੇ ਜਨਮ ਤੋਂ ਲੈ ਕੇ ਉਨ੍ਹਾਂ ਦੀ ਸ਼ਹਾਦਤ ਤੱਕ ਦੇ ਮਾਰਗ ਨੂੰ ਸੁੰਦਰਤਾ ਨਾਲ ਦਰਸਾਉਂਦੇ ਹਨ, ਜੋ ਸੈਲਾਨੀਆਂ ਨੂੰ ਡੂੰਘਾ ਅਧਿਆਤਮਕ ਅਨੁਭਵ ਦਿੰਦੇ ਹਨ।ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀਆਂ ਪੀੜ੍ਹੀਆਂ ਨੂੰ ਗੁਰੂ ਸਾਹਿਬ ਵੱਲੋਂ ਮਨੁੱਖਤਾ ਅਤੇ ਧਾਰਮਿਕ ਕਦਰਾਂ-ਕੀਮਤਾਂ ਦੀ ਰਾਖੀ ਲਈ ਦਿੱਤੀ ਸਰਵਉੱਚ ਕੁਰਬਾਨੀ ਬਾਰੇ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ।

# ਕਿਰਤੀ ਤੇ ਕਿਸਾਨ 26 ਨੂੰ ਚੰਡੀਗੜ੍ਹ ਰੈਲੀ 'ਚ ਹੁੰਮ-ਹੁਮਾ ਕੇ ਪੁੱਜਣ: ਗਿੱਲ, ਮਾੜੀਮੇਘਾ

ਝਬਾਲ, (ਹਰਜਿੰਦਰ ਸਿੰਘ ਸੋਨੀ)-ਇਤਿਹਾਸਕ ਜੇਤੂ ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ ਉਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਸਾਰੇ ਦੇਸ਼ ਵਿੱਚ ਵਿਸ਼ਾਲ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਪੰਜਾਬ ਵੱਲੋਂ 26 ਨਵੰਬਰ ਨੂੰ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਵੱਡੀ ਕਿਰਤੀ ਕਿਸਾਨ ਰੈਲੀ ਕੀਤੀ ਜਾਵੇਗੀ।ਇਸਦੀ ਤਿਆਰੀ ਸਬੰਧੀ ਕੁੱਲ ਹਿੰਦ ਕਿਸਾਨ ਸਭਾ ਸੂਬਾ ਕੌਂਸਲ ਦੀ ਮੀਟਿੰਗ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ ਤੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਦੀ ਪ੍ਰਧਾਨਗੀ ਹੇਠ ਹੋਈ।



ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਤੇ ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਜਥੇਬੰਦੀ ਦੇ ਲੱਗੇ ਕੋਟੇ ਅਨੁਸਾਰ ਕਿਸਾਨ ਸਾਥੀ ਜੋਸ਼ੋ ਖਰੋਸ਼ ਨਾਲ ਪਹੁੰਚਣਗੇ।ਉਨ੍ਹਾਂ ਪੰਜਾਬ ਸਰਕਾਰ ਤੇ ਖਾਸਕਰ ਕੇਂਦਰ ਸਰਕਾਰ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਿਸਾਨ ਅੰਦੋਲਨ ਮੌਕੇ ਤਿੰਨ ਲੋਕ ਦੋਖੀ ਕਾਨੂੰਨ ਵਾਪਸ ਲੈਣ ਸਮੇਂ ਵਾਅਦਾ ਕੀਤਾ ਸੀ ਕਿ ਸਾਰੀਆਂ ਫਸਲਾਂ ਤੇ ਐੱਮਐੱਸਪੀ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਦਿੱਤੀ ਜਾਵੇਗੀ।ਪਰ ਮਾਮਲਾ ਜਿਉਂ ਦਾ ਤਿਉਂ ਪਿਆ ਹੈ।ਉਲਟਾ ਕੇਂਦਰ ਸਰਕਾਰ ਪੰਜਾਬ ਯੂਨੀਵਰਸਿਟੀ ਨੂੰ ਕਬਜ਼ੇ ਵਿੱਚ ਲੈਣ ਅਤੇ ਪੰਜਾਬ ਸੂਬੇ ਦੀ ਰਾਜਧਾਨੀ ਚੰਡੀਗੜ੍ਹ ਨੂੰ ਵੀ ਪੰਜਾਬ ਹਵਾਲੇ ਕਰਨ ਦੀ ਬਜਾਏ ਪੂਰੀ ਤਰ੍ਹਾਂ ਕਬਜ਼ੇ ਵਿੱਚ ਕੀਤਾ ਜਾ ਰਿਹਾ ਹੈ।ਪੰਜਾਬ ਦੇ ਪਾਣੀਆਂ ਤੇ ਡਾਕਾ ਮਾਰਿਆ ਜਾ ਰਿਹਾ ਹੈ।

ਪੰਜਾਬ ਦੀਆਂ ਖੇਤੀ ਜਿਣਸਾਂ ਦਾ ਪਾਕਿਸਤਾਨ ਨਾਲ ਵਪਾਰ ਵਾਹਗਾ ਬਾਰਡਰ ਤੇ ਹੁਸੈਨੀਵਾਲਾ ਬਾਰਡਰ ਰਾਹੀਂ ਕਰਨ ਦੀ ਬਜਾਏ ਗੁਜਰਾਤ ਰਾਹੀਂ ਕੀਤਾ ਜਾ ਰਿਹਾ ਹੈ ਜਿਸ ਨਾਲ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਨੂੰ ਵੱਡਾ ਘਾਟਾ ਪੈ ਰਿਹਾ ਹੈ। ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲੋਕ ਸਭਾ ਦੇ ਸਰਦ ਰੁੱਤ ਇਜਲਾਸ ਵਿੱਚ ਕਾਨੂੰਨੀ ਸੋਧ ਕਰਕੇ ਚੰਡੀਗੜ੍ਹ ਨੂੰ ਪੱਕੇ ਤੌਰ ਤੇ ਪੰਜਾਬ ਤੋਂ ਖੋਹਣ ਦੀ ਤਜਵੀਜ਼ ਦੀ ਸਖ਼ਤ ਨਿੰਦਾ ਕੀਤੀ ਗਈ।ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੌਜੂਦਾ ਭਾਜਪਾ ਸਰਕਾਰ ਕਾਂਗਰਸ ਸਰਕਾਰਾਂ ਨਾਲੋਂ ਵੀ ਕਿਤੇ ਵੱਧ ਪੰਜਾਬ ਦੁਸ਼ਮਣ ਸਾਬਤ ਹੋ ਰਹੀ ਹੈ।ਇਹ ਧੱਕਾ ਪੰਜਾਬੀ ਕਦੇ ਬਰਦਾਸ਼ਤ ਨਹੀਂ ਕਰਨਗੇ।

ਆਗੂਆਂ ਕਿਹਾ ਕਿ ਹੜ੍ਹ ਪੀੜਤਾਂ ਨੂੰ ਹੋਏ ਪੂਰੇ ਨੁਕਸਾਨ ਦਾ ਮੁਆਵਜ਼ਾ ਸਰਕਾਰ ਵੱਲੋਂ ਨਹੀਂ ਦਿੱਤਾ ਗਿਆ।ਇਸ ਲਈ ਪ੍ਰਤੀ ਏਕੜ ਸੱਤਰ ਹਜ਼ਾਰ ਰੁਪਏ ਤੇ ਪ੍ਰਤੀ ਘਰ ਤਬਾਹੀ ਦੇ ਦਸ ਲੱਖ ਸਮੇਤ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਘੱਟੋ-ਘੱਟ ਇੱਕ ਲੱਖ ਰੁਪਏ ਮਦਦ ਦਿੱਤੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਨਵੀਨਰ ਬਲਦੇਵ ਸਿੰਘ ਧੂੰਦਾ, ਜਥੇਬੰਦਕ ਸਕੱਤਰ ਦਵਿੰਦਰ ਸੋਹਲ, ਪਰਮਜੀਤ ਸਿੰਘਚੋਹਲਾ, ਰਣਜੀਤ ਸਿੰਘ ਬਹਾਦਰ ਨਗਰ, ਕੁਲਬੀਰ ਸਿੰਘ ਕਸੇਲ, ਸੁਖਦੇਵ ਸਿੰਘ ਮਾਨੋਚਾਹਲ, ਅਵਤਾਰ ਸਿੰਘ ਪਲਾਸੌਰ, ਜਗਜੀਤ ਸਿੰਘ ਮੰਨਣ ਵੀ ਹਾਜ਼ਰ ਸਨ।

# ਹਿੰਦੂਤਵ, ਫਿਰਕੂ ਤੇ ਕਾਰਪੋਰੇਟ ਗਠਜੋੜ ਸੰਵਿਧਾਨ ਅਤੇ ਸੰਘੀ ਢਾਂਚੇ ਲਈ ਭਾਰੀ ਖ਼ਤਰਾ : ਕਾਮਰੇਡ ਸੇਖੋਂ

ਪਠਾਨਕੋਟ (ਦਵਿੰਦਰ ਸਿੰਘ)-ਸੀਪੀਆਈਐੱਮ ਜ਼ਿਲ੍ਹਾ ਪਠਾਨਕੋਟ ਅਤੇ ਗੁਰਦਾਸਪੁਰ ਦੇ ਸਾਥੀਆਂ ਦੀ ਸਕੂਲਿੰਗ ਪਠਾਨਕੋਟ ਵਿਖੇ ਹੋਈ ਜਿਸ ਨੂੰ ਸੰਬੋਧਨ ਕਰਨ ਲਈ ਸੀਪੀਆਈਐੱਮ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਉਚੇਚੇ ਤੌਰ ਤੇ ਪਹੁੰਚੇ।ਕਾਮਰੇਡ ਸੇਖੋਂ ਨੇ ਪਾਰਟੀ ਦੇ ਪ੍ਰੋਗਰਾਮ ਅਤੇ ਪਾਰਟੀ ਲਾਈਨ ਬਾਰੇ ਸਾਥੀਆਂ ਨੂੰ ਜਾਣਕਾਰੀ ਦਿੱਤੀ।ਕਾਮਰੇਡ ਸੇਖੋਂ ਨੇ ਕਿਹਾ ਕਿ ਦੇਸ਼ ਦੇ ਅੰਦਰ ਅੱਜ ਹਿੰਦੂਤਵ, ਫਿਰਕੂ ਅਤੇ ਕਾਰਪੋਰੇਟ ਗਠਜੋੜ ਕਾਰਨ ਸੰਵਿਧਾਨ, ਸੰਵਿਧਾਨਕ ਇਕਾਈਆਂ ਅਤੇ ਸੰਘੀ ਢਾਂਚੇ ਨੂੰ ਬਹੁਤ ਭਾਰੀ ਖ਼ਤਰਾ ਹੈ।ਉਨ੍ਹਾਂ ਨੇ ਕਿਹਾ ਕਿ ਸੀਪੀਆਈਐੱਮ ਨੇ ਫੈਸਲਾ ਕੀਤਾ ਹੈ ਕਿ ਇਸ ਗੱਠਜੋੜ ਨੂੰ ਸਿਧਾਂਤਕ ਤੌਰ ਤੇ ਨਿਖੇੜਿਆ ਜਾਵੇ।ਇਸ ਇੱਕ ਰੋਜ਼ਾ ਸਕੂਲਿੰਗ ਵਿੱਚ ਪਾਰਟੀ ਸਾਥੀਆਂ ਨੂੰ ਪਾਰਟੀ ਪ੍ਰੋਗਰਾਮ ਅਤੇ ਸੰਵਿਧਾਨ ਬਾਰੇ ਜਾਣਕਾਰੀ ਦਿੱਤੀ।

ਕਾਮਰੇਡ ਸੇਖੋਂ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਅਮਰੀਕੀ ਪ੍ਰਸ਼ਾਸਨ ਅੱਗੇ ਗੋਡੇ ਟੇਕੇ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਅਮਰੀਕਾ ਤੋਂ ਖ਼ੁਰਾਕੀ ਪਦਾਰਥਾਂ ਦੀ ਆਮਦ ਨਾਲ ਭਾਰਤ ਦੇ ਕਿਸਾਨਾਂ ਦੀ ਆਰਥਿਕ ਦਿਸ਼ਾ ਉਪਰ ਮਾਰੂ ਪ੍ਰਭਾਵ ਪੈਣਗੇ।ਇਸ ਮੌਕੇ ਸੀਪੀਆਈਐੱਮ ਦੇ ਸੀਨੀਅਰ ਆਗੂ ਕਾਮਰੇਡ ਗੁਰਮੇਸ਼ ਸਿੰਘ ਨੇ ਪੰਜਾਬ ਸਰਕਾਰ ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਪੰਜਾਬ ਅੰਦਰ ਕਾਨੂੰਨ ਵਿਵਸਥਾ ਦਾ ਦੀਵਾਲੀਆ ਨਿਕਲ ਚੁੱਕਾ ਹੈ ਅਤੇ ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ ਸਾਬਤ ਹੋਈ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਰਣਬੀਰ ਸਿੰਘ ਵਿਰਕ, ਕਾਮਰੇਡ ਸੁਰਿੰਦਰ ਸਹਿਗਲ, ਕਾਮਰੇਡ ਕੇਵਲ ਕਾਲੀਆ, ਕਾਮਰੇਡ ਦੇਵੀ ਸੈਣੀ, ਕਾਮਰੇਡ ਅਵਿਨਾਸ਼ ਸੈਣੀ, ਕਾਮਰੇਡ ਚਮਨ




ਲਾਲ, ਕਾਮਰੇਡ ਪਰਸ਼ੋਤਮ ਕੁਮਾਰ, ਕਾਮਰੇਡ ਰਾਜੇਸ਼ ਜਸਰੋਟੀਆ, ਕਾਮਰੇਡ ਬਿਕਰਮਜੀਤ, ਕਾਮਰੇਡ ਜਗਦੀਸ਼, ਕਾਮਰੇਡ ਵਿਜੇ, ਕਾਮਰੇਡ ਸੱਤ ਪ੍ਰਕਾਸ਼, ਕਾਮਰੇਡ ਮਾਇਆਧਾਰੀ, ਕਾਮਰੇਡ ਮੁਰਾਰੀ ਲਾਲ, ਕਾਮਰੇਡ ਲਖਵਿੰਦਰ ਮਰੜ ਆਦਿ ਹਾਜ਼ਰ ਸਨ।

# ਕਿਰਤੋਵਾਲ 'ਚ ਵਿਦਿਆਰਥੀਆਂ ਦਾ ਬਲਾਕ ਪੱਧਰੀ ਖੇਡ ਟੂਰਨਾਮੈਂਟ ਕਰਵਾਇਆ

ਪੱਟੀ (ਬਲਦੇਵ ਸਿੰਘ ਸੰਧੂ)-ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮੰਤਵ ਨਾਲ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਕਿਰਤੋਵਾਲ ਕਲਾਂ ਵੱਲੋਂ ਮਾਈ ਭਾਰਤ ਤਰਨ ਤਾਰਨ ਦੇ ਸਹਿਯੋਗ ਨਾਲ ਜ਼ਿਲ੍ਹਾ ਯੂਥ ਅਫ਼ਸਰ ਤਰਨ ਤਾਰਨ ਮੈਡਮ ਜਸਲੀਨ ਕੌਰ ਦੀ ਅਗਵਾਈ ਅਤੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਰਤੋਵਾਲ ਵਿਖੇ ਬਲਾਕ ਪੱਧਰ ਖੇਡ ਟੂਰਨਾਮੈਂਟ ਕਰਵਾਇਆ ਗਿਆ।



ਇਸ ਖੇਡ ਟੂਰਨਾਮੈਂਟ ਵਿੱਚ ਸਰਕਾਰੀ ਐਲੀਮੈਂਟਰੀ ਅਤੇ ਕਾਮਰੇਡ ਚੈਚਲ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਰਤੋਵਾਲ ਦੇ ਨਾਲ ਨਾਲ ਹੋਰ ਵੱਖ-ਵੱਖ ਪਿੰਡਾਂ ਦੇ ਸਕੂਲ਼ਾਂ ਤੋ ਆਏ ਤਕਰੀਬਨ 250 ਬੱਚਿਆਂ ਨੇ ਭਾਗ ਲਿਆ ਪਰ ਅਫ਼ਸੋਸ ਕਾਮਰੇਡ ਚੈਂਚਲ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਰਤੋਵਾਲ ਵੱਲੋਂ ਟੂਰਨਾਮੈਂਟ 'ਚ ਸਹਿਯੋਗ ਕਰਨ ਦੀ ਬਜਾਏ ਵਿਘਨ ਪਾਇਆ ਗਿਆ ।ਖੇਡਾਂ ਵਿੱਚ ਭਾਗ ਲੈਣ ਵਾਲੇ ਅਤੇ ਅੱਵਲ ਆਉਣ ਵਾਲੇ ਬੱਚਿਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ ।

ਇਸ ਮੌਕੇ ਕਲੱਬ ਦੇ ਪ੍ਰਧਾਨ ਸਤਨਾਮ ਸਿੰਘ ਨੇ ਦੱਸਿਆ ਕਿ ਖੇਡਾਂ ਸਾਡੇ ਜੀਵਨ ਦਾ ਇੱਕ ਅਹਿਮ ਅੰਗ ਹੈ ਜਿਸ ਨਾਲ ਅਸੀਂ ਆਪਣੇ ਬੱਚਿਆਂ ਅਤੇ ਨੌਜਵਾਨ ਪੀੜ੍ਹੀ ਨੂੰ ਇੱਕ ਚੰਗੀ ਸੇਧ ਦੇ ਸਕਦੇ ਹਾਂ।ਜਿੱਥੇ ਖੇਡਾਂ ਨਾਲ ਮਨੁੱਖ ਨੂੰ ਸਰੀਰਕ ਤੌਰ ਤੇ ਤੱਗੜਿਆਂ ਕਰਦੀਆਂ ਹਨ ਉਥੇ ਨਸ਼ਿਆਂ ਤੋਂ ਦੂਰ ਰੱਖਣ 'ਚ ਅਹਿਮ ਰੋਲ ਅਦਾ ਕਰਦੀਆਂ ਹਨ।ਇਸ ਮੌਕੇ ਸਰਕਾਰੀ ਐਲੀਮੈਂਟਰੀ ਸਕੂਲ ਕਿਰਤੋਵਾਲ ਦੇ ਮੱਖ ਅਧਿਆਪਕ ਅਮਰਜੀਤ ਸਿੰਘ, ਮਾਸਟਰ ਸ਼ੁਭਮ ਮਹਿਤਾ, ਮਾਸਟਰ ਅੰਗਰੇਜ ਸਿੰਘ ਸਰਕਾਰੀ ਐਲੀਮੈਂਟਰੀ ਸਕੂਲ ਕਿਰਤੋਵਾਲ ਖੁਰਦ ਦੇ ਮੁੱਖ ਅਧਿਆਪਕ ਗੁਰਦੇਵ ਸਿੰਘ, ਮਾਸਟਰ ਰੇਸ਼ਮ ਸਿੰਘ, ਮਾਸਟਰ ਅਵਤਾਰ ਸਿੰਘ ਅਤੇ ਕਲੱਬ ਦੇ ਮੈਂਬਰ ਹਰਪ੍ਰੀਤ ਸਿੰਘ ਸ਼ਾਹ, ਸੰਜੂ ਬਾਵਾ, ਬਲਜੀਤ ਸਿੰਘ, ਸੋਮੀ ਸ਼ਾਹ, ਮੰਨੂੰ ਫੌਜੀ , ਬਿੱਲਾ ਫੌਜੀ, ਅਮਰਜੀਤ ਸਿੰਘ, ਅਰਸ਼ ਬਾਵਾ, ਮੰਨਾ ਸਿੰਘ, ਸੂਬੇਦਾਰ ਚਰਨਜੀਤ ਸਿੰਘ, ਨਵਜੀਤ ਸਿੰਘ, ਗੁਰਜਿੰਦਰ ਸਿੰਘ, ਭਗਵਾਨ ਸਿੰਘ, ਮਹਿਕ, ਹਰਤਾਜ, ਗੁਰਸਾਹਿਬ ਅਤੇ ਸੂਬੇਦਾਰ ਹਰਪ੍ਰੀਤ ਸਿੰਘ ਹਾਜ਼ਰ ਸਨ ।

# ਮਰਿਯਾਦਾ 'ਤੇ ਸਵਾਲ ਚੁੱਕਣ ਵਾਲੇ ਸਿੱਖ '84 ਦੇ ਸਮੇਂ ਭੰਗ ਹੋਈ ਮਰਿਯਾਦਾ 'ਤੇ ਸਵਾਲ ਕਰਨ: ਧਰਮੀ ਫੌਜੀ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਧਾਰੀਵਾਲ ਵਿਖੇ ਸਥਿਤ ਆਪਣੇ ਮੁੱਖ ਦਫਤਰ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਮਨਾਏ ਜਾ ਰਹੇ ਸਮਾਗਮ ਸਬੰਧੀ ਇੱਕ ਨਿੱਜੀ ਚੈਨਲ ਦੇ ਡਿਬੇਟ ਦੌਰਾਨ ਜ਼ਿਆਦਾਤਰ ਬੁਲਾਰਿਆਂ ਵੱਲੋਂ ਇਸ ਨੂੰ ਸਿੱਖ ਮਰਿਯਾਦਾ ਦਾ ਉਲੰਘਣਾ ਦੱਸਿਆ ਗਿਆ, ਜਦਕਿ ਸ਼ਹੀਦਾਂ ਦੀਆਂ ਸ਼ਤਾਬਦੀਆਂ ਮਨਾਉਣ ਨਾਲ ਨਵੀਂ ਪੀੜ੍ਹੀ ਇਤਿਹਾਸ ਤੋਂ ਜਾਣੂ ਹੁੰਦੀ ਹੈ। ਪ੍ਰਧਾਨ ਬਲਦੇਵ ਸਿੰਘ ਨੇ ਕਿਹਾ ਕਿ ਜੂਨ 1984 ਦੌਰਾਨ ਸ੍ਰੀ ਅਕਾਲ ਤੱਖਤ ਸਾਹਿਬ ਉਪਰ ਹੋਏ ਫੌਜੀ ਹਮਲੇ ਦੌਰਾਨ ਢਹਿ-ਢੇਰੀ ਹੋਏ ਸ੍ਰੀ ਅਕਾਲ ਤੱਖਤ ਸਾਹਿਬ, ਨਿਰਦੋਸ਼ ਮਾਰੀ ਗਈ ਸੰਗਤ ਅਤੇ ਸ੍ਰੀ ਦਰਬਾਰ ਸਾਹਿਬ ਵਿਖੇ ਸਾਰੇ ਪ੍ਰੋਗਰਾਮ ਭੰਗ ਹੋਣ ਦੀ ਮਰਿਯਾਦਾ ਬਾਰੇ 41 ਸਾਲ ਬੀਤ ਜਾਣ 'ਤੇ ਇਨ੍ਹਾਂ ਵੱਲੋਂ ਕੋਈ ਜ਼ਿਕਰ ਨਹੀਂ ਕੀਤਾ ਗਿਆ।



ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਜੇਕਰ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜੂਨ 1984 ਸਮੇਤ ਹੋਰ ਸਿੱਖ ਮਸਲਿਆਂ 'ਤੇ ਸੰਜੀਦਗੀ ਦਿਖਾਉਂਦੀ ਅਤੇ ਧਰਮ ਨੂੰ ਰਾਜਨੀਤੀ ਤੋਂ ਅਲੱਗ ਰੱਖਦੀ ਤਾਂ ਸ਼ਾਇਦ ਸਰਕਾਰਾਂ ਨੂੰ ਸ਼ਹੀਦਾਂ ਦੇ ਸਮਾਗਮਾਂ ਕਰਵਾਉਣ ਦੀ ਲੋੜ ਨਾ ਪੈਂਦੀ। ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਧਰਮ ਅਤੇ ਕੌਮ ਦੇ ਵਾਰਸਾਂ ਨੇ ਜੋ ਕੀਤਾ ਉਸਨੂੰ ਭੁੱਲ ਕੇ ਬੀਤੇ ਕੱਲ੍ਹ ਡਿਬੇਟ ਦੌਰਾਨ ਅੱਜ ਵੋਟਾਂ ਦੀ ਖਾਤਰ ਜੋ ਤਕਰਾਰਾਂ ਹੋਈਆਂ ਉਹ ਧਾਰਮਿਕ ਤੋਂ ਹੱਟ ਕੇ ਰਾਜਨੀਤਿਕ ਵਿਚਾਰਾਂ ਜ਼ਿਆਦਾ ਦਿਖਾਈ ਦਿੱਤੀਆਂ।

# ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਦੀਆਂ ਸਾਲਾਨਾ ਖੇਡਾਂ ਸ਼ਾਨੋ-ਸ਼ੌਕਤ ਨਾਲ ਸੰਪੰਨ

ਚੋਹਲਾ ਸਾਹਿਬ (ਰਮਨ ਚੱਢਾ)-ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਦੇ ਖੇਡ ਮੈਦਾਨਾਂ ਵਿਖੇ ਪਿਛਲੇ ਦੋ ਦਿਨਾਂ ਤੋਂ ਚਾਰੇ ਹਾਊਸ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ, ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਅਤੇ ਸਾਹਿਬਜ਼ਾਦਾ ਫ਼ਤਿਹ ਸਿੰਘ ਹਾਊਸ ਦਰਮਿਆਨ ਚੱਲ ਰਹੀਆਂ ਸਾਲਾਨਾ ਖੇਡਾਂ ਦੀ ਸਮਾਪਤੀ ਮੌਕੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।



ਖੇਡਾਂ ਦੇ ਪਹਿਲੇ ਦਿਨ ਦੀ ਸ਼ੁਰੂਆਤ ਸਮੇਂ ਬੱਚਿਆਂ ਵੱਲੋਂ ਮਾਰਚ ਪਾਸਟ ਕਰਨ ਉਪਰੰਤ ਲੜਕੇ ਅਤੇ ਲੜਕੀਆਂ ਦੀਆਂ ਫੁੱਟਬਾਲ, ਵਾਲੀਬਾਲ, ਬੈਡਮਿੰਟਨ, ਖੋ-ਖੋ ਡਿਸਕਸ ਥ੍ਰੋ, ਜੈਵਲਿਨ, ਗੋਲਾ ਅਤੇ ਕੁੱਝ ਛੋਟੇ ਬੱਚਿਆਂ ਦੀਆਂ ਖੇਡਾਂ ਕਰਵਾਈਆਂ ਗਈਆਂ।ਦੂਜੇ ਦਿਨ ਲੜਕੇ ਤੇ ਲੜਕੀਆਂ ਦੀਆਂ ਅਲੱਗ ਅਲੱਗ ਉਮਰ ਵਰਗ 100 ਮੀਟਰ, 200 ਮੀਟਰ, 400 ਮੀਟਰ, 1600 ਮੀਟਰ, ਰਿਲੇਅ, ਲੰਬੀ ਛਾਲ, ਰੱਸਾਕਸ਼ੀ ਛੋਟੇ ਬੱਚਿਆਂ ਦੀਆਂ ਬਹੁਤ ਦਿਲ-ਖਿੱਚਵੀਆਂ ਖੇਡਾਂ ਤੋਂ ਇਲਾਵਾ ਅਧਿਆਪਕਾਂ ਦੇ ਖੇਡ ਮੁਕਾਬਲੇ ਕਰਵਾਏ ਗਏ।ਲੜਕੀਆਂ ਵਿੱਚੋਂ ਜਸਮੀਤ ਕੌਰ ਅਤੇ ਲੜਕਿਆਂ ਵਿੱਚੋਂ ਸੁਖਮਨਦੀਪ ਸਿੰਘ ਬੈਸਟ ਅਥਲੀਟ ਰਹੇ।ਖੋ-ਖੋ ਵਿੱਚ ਲੜਕੀਆਂ ਵਿੱਚੋਂ ਗੁਰਨੀਤ ਕੌਰ ਅਤੇ ਲੜਕਿਆਂ ਵਿੱਚੋਂ ਨੂਰਦੀਪ ਸਿੰਘ ਬੈਸਟ ਪਲੇਅਰ ਰਹੇ। ਵਾਲੀਬਾਲ ਵਿੱਚੋਂ ਸੁਖਜੀਵਨ ਸਿੰਘ ਬੈਸਟ ਪਲੇਅਰ ਰਹੇ, ਕ੍ਰਿਕਟ ਵਿੱਚ ਨਵਜੋਤ ਸਿੰਘ ਬੈਸਟ ਪਲੇਅਰ ਰਹੇ।ਸਾਰੇ ਮੁਕਾਬਲਿਆਂ ਵਿੱਚੋਂ ਵੱਧ ਮੱਲਾਂ ਮਾਰਦਿਆਂ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਪਹਿਲੇ ਸਥਾਨ 'ਤੇ ਰਿਹਾ।ਇਸ ਮੌਕੇ ਸਕੂਲ ਦੇ ਐਜੂਕੇਸ਼ਨਲ ਡਾਇਰੈਕਟਰ ਮੈਡਮ ਨਵਦੀਪ ਕੌਰ ਸੰਧੂ, ਪ੍ਰਿੰਸੀਪਲ ਨਿਰਭੈ ਸਿੰਘ ਸੰਧੂ ਅਤੇ ਮਦਨ ਪਠਾਣੀਆਂ ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਇਨਾਮ ਤਕਸੀਮ ਕੀਤੇ ਅਤੇ ਸਾਰੇ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਨਗਰ ਸੁਧਾਰ ਟਰੱਸਟ ਗੁਰਦਾਸਪੁਰ ਅੰਦਰ ਬਣੀਆਂ ਕਾਲੋਨੀਆਂ 'ਚ ਰਹਿੰਦੇ ਲੋਕਾਂ ਦੀ ਹੋਵੇਗੀ ਵੈਰੀਫਿਕੇਸ਼ਨ: ਚੇਅਰਮੈਨ ਸ਼ਰਮਾ

ਗੁਰਦਾਸਪੁਰ (ਜਨਕ ਮਹਾਜਨ)-ਰਾਜੀਵ ਸ਼ਰਮਾ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ 'ਨਵਾਂ ਜ਼ਮਾਨਾ' ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਦਿਨੀਂ ਇਕ ਸਾਬਕਾ ਫੌਜੀ ਵੱਲੋਂ ਆਪਣੀ ਸੱਸ ਅਤੇ ਪਤਨੀ ਨੂੰ ਗੋਲੀ ਮਾਰਨ ਤੋਂ ਬਾਅਦ ਸਕੀਮ ਨੰਬਰ 7 ਸਥਿਤ ਆਪਣੇ ਕੁਆਟਰ ਵਿਚ ਪੁਲਸ ਵੱਲੋਂ ਘਿਰੇ ਜਾਣ ਮਗਰੋਂ ਖ਼ੁਦ ਨੂੰ ਵੀ ਗੋਲੀ ਮਾਰ ਲਈ ਸੀ, ਜਿਸ ਪਿੱਛੋਂ ਹੁਣ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਵੀ ਸਖ਼ਤ ਐਕਸ਼ਨ ਲੈਂਦਿਆਂ ਸਕੀਮ ਨੰਬਰ 7 ਅੰਦਰ ਰਹਿੰਦੇ ਲੋਕਾਂ ਦੀ ਸੁਰੱਖਿਆ ਲਈ ਅਹਿਮ ਕਦਮ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸਕੀਮ ਨੰਬਰ 7 ਅੰਦਰ ਸੁਰੱਖਿਆ ਦੇ ਮੱਦੇਨਜ਼ਰ 3 ਗੇਟ ਬਣ ਗਏ ਹਨ ਅਤੇ ਸੀਸੀਟੀਵੀ ਕੈਮਰੇ ਵੀ ਲਗਾਉਣ ਦਾ ਕੰਮ ਜਾਰੀ ਹੈ।



ਉਨ੍ਹਾਂ ਕਿਹਾ ਸਾਰੀ ਕਾਲੋਨੀ ਦੀ ਚਾਰਦੀਵਾਰੀ ਅਤੇ ਫੈਨਸਿੰਗ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਹੋਰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਕੀਮ 7 ਦੇ ਡੁਪਲੈਕਸ ਕੁਆਟਰਾਂ ਤੋਂ ਇਲਾਵਾ ਬਾਕੀ ਸਕੀਮਾਂ ਅੰਦਰ ਰਹਿੰਦੇ ਸਾਰੇ ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਕਰਵਾਉਣ ਦਾ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਇਸ ਨਾਲ ਹਰ ਸ਼ੱਕੀ ਵਿਅਕਤੀ ਦੀ ਇਨ੍ਹਾਂ ਕਾਲੋਨੀਆਂ ਵਿਚ ਰਹਿੰਦਿਆਂ ਦੀ ਪੱਕੀ ਪਹਿਚਾਣ ਹੋ ਜਾਵੇਗੀ। ਰਾਜੀਵ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਨ੍ਹਾਂ ਕਾਲੋਨੀਆਂ ਵਿਚ ਕੋਈ ਵੀ ਸ਼ੱਕੀ ਵਿਅਕਤੀ ਨਾ ਰਹਿੰਦਾ ਹੋਵੇ ਅਤੇ ਨਾ ਹੀ ਇਥੇ ਕਿਸੇ ਕਿਸਮ ਦਾ ਨਸ਼ੀਲਾ ਪਦਾਰਥ ਦੀ ਵਰਤੋਂ ਤੇ ਸਪਲਾਈ ਆਦਿ ਦਾ ਵਿਉਪਾਰ ਕਰਦਾ ਹੋਵੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਾਲਿਸੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਮੁੱਖ ਰਖਦੇ ਹੋਏ ਇਸ ਸੰਬਧੀ ਸਖਤ ਕਦਮ ਚੁਕੇ ਜਾਣਗੇ। ਉਨ੍ਹਾਂ ਕਿਹਾ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀਆਂ ਸਕੀਮਾਂ ਅੰਦਰ ਬਣੀਆਂ ਰਿਹਾਇਸ਼ੀ ਅਤੇ ਕਮਰਸ਼ੀਅਲ ਦੁਕਾਨਾਂ ਅੰਦਰ ਕਿਸੇ ਕਿਸਮ ਦੇ ਨਸ਼ੀਲੇ ਪਦਾਰਥ ਵੇਚਣ ਅਤੇ ਸੇਵਨ ਕਰਨ ਵਾਲੇ ਖ਼ਿਲਾਫ਼ ਸ਼ਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਦੀ ਸਹੂਲਤ ਲਈ ਸਕੀਮ ਨੰ. 1 ਬਟਾਲਾ ਰੋਡ ਵਿਖੇ ਟਰੱਸਟ ਦਾ ਦਫ਼ਤਰ ਬਣਾਇਆ ਜਾ ਰਿਹਾ ਹੈ। ਇਸ ਮੌਕੇ ਮਨੋਜ ਸ਼ਰਮਾ ਕਾਰਜਸਾਧਕ ਅਫ਼ਸਰ, ਕਾਰਜਕਾਰੀ ਇੰਜ. ਹਰਮੀਤ ਸਿੰਘ, ਅਨੁਰਾਗ ਸ਼ਰਮਾ ਆਦਿ ਹਾਜ਼ਰ ਸਨ।

# ਪੰਜਾਬ ਦੇ ਰਾਜਪਾਲ ਤੇ ਹਿਮਾਚਲ ਦੇ ਮੁੱਖ ਮੰਤਰੀ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਨੇ ਸ੍ਰੀ ਅਨੰਦਪੁਰ ਸਾਹਿਬ ਮੱਥਾ ਟੇਕਿਆ

ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਸਮਾਗਮਾਂ ਦੌਰਾਨ ਗੁਰਦੁਆਰਾ ਸੀਸਗੰਜ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਦਸਵੇਂ ਪਾਤਸ਼ਾਹ ਜੀ ਦੇ ਗੁਰਿਆਈ ਅਸਥਾਨ ਗੁਰਦੁਆਰਾ ਦਮਦਮਾ ਸਾਹਿਬ, ਗੁਰੂ ਕੇ ਮਹਿਲ ਵਿਖੇ ਅਨੇਕਾਂ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕੀਤਾ।ਇਸ ਦੌਰਾਨ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਜੀਵਨ, ਇਤਿਹਾਸ ਬਾਰੇ ਤਿੰਨ ਪੁਸਤਕਾਂ ਅਤੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸੋਵੀਨਾਰ ਵੀ ਜਾਰੀ ਕੀਤਾ ਗਿਆ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਗੁਰਿਆਈ ਅਸਥਾਨ ਵਿਖੇ ਦਸਵੇਂ ਪਾਤਸ਼ਾਹ ਦੇ ਗੁਰਤਾਗੱਦੀ ਦਿਵਸ ਦੀ 350 ਸਾਲਾ ਸ਼ਤਾਬਦੀ ਸਬੰਧੀ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਪ੍ਰਮੁੱਖ ਸਖ਼ਸ਼ੀਅਤਾਂ ਨੇ ਗੁਰੂ ਸਾਹਿਬ ਦੇ ਜੀਵਨ, ਸਿਧਾਂਤ ਤੇ ਸ਼ਹੀਦੀ ਬਾਰੇ ਵਿਚਾਰ ਸਾਂਝੇ ਕੀਤੇ।ਸ਼੍ਰੋਮਣੀ ਕਮੇਟੀ ਵੱਲੋਂ ਅਯੋਜਿਤ ਸ਼ਤਾਬਦੀ ਸਮਾਗਮ ਦੌਰਾਨ ਪੁੱਜੀਆਂ ਪ੍ਰਮੁੱਖ ਸਖ਼ਸ਼ੀਅਤਾਂ ਵਿੱਚ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਸੁਖਵਿੰਦਰ ਸਿੰਘ ਸੁੱਖੂ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖਾਲਸਾ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਮਹਿੰਦਰ ਸਿੰਘ ਯੂ. ਕੇ., ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਭਾਈ ਅਜੈਬ ਸਿੰਘ ਅਭਿਆਸੀ ਸ. ਅਵਤਾਰ ਸਿੰਘ ਰੀਆ, ਹਿਮਾਚਲ ਪ੍ਰਦੇਸ਼ ਤੋਂ ਵਿਧਾਇਕ ਬਾਵਾ ਹਰਦੀਪ ਸਿੰਘ ਤੇ ਰਮੇਸ਼ ਸ਼ਰਮਾ ਸਮੇਤ ਹੋਰ ਹਾਜ਼ਰ ਸਨ।ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਵਿਚ ਪੁੱਜੇ ਪੰਜਾਬ ਦੇ ਰਾਜਪਾਲ ਸ੍ਰੀ



ਕਟਾਰੀਆ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦੁਨੀਆਂ ਅੰਦਰ ਪਹਿਲੀ ਅਜਿਹੀ ਸ਼ਹਾਦਤ ਹੈ ਜੋ ਧਰਮ ਦੀ ਰਖਵਾਲੀ ਲਈ ਹੋਈ।ਉਨ੍ਹਾਂ ਕਿਹਾ ਕਿ ਇਹ ਵੀ ਗੌਰਵਮਈ ਇਤਿਹਾਸ ਹੈ ਕਿ ਕਸ਼ਮੀਰੀ ਪੰਡਿਤਾਂ ਦੀ ਫ਼ਰਿਆਦ ਤੇ ਸ੍ਰੀ (ਗੁਰੂ) ਗੋਬਿੰਦ ਰਾਏ ਜੀ ਨੇ ਆਪਣੇ ਪਿਤਾ ਨੂੰ ਸ਼ਹਾਦਤ ਲਈ ਤੋਰਿਆ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਮਗਰੋਂ ਉਨ੍ਹਾਂ ਦੇ ਸੀਸ ਨੂੰ ਬਿਖੜੇ ਪੈਂਡਿਆਂ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਵਾਲੇ ਸਿੱਖ ਦੀ ਕੁਰਬਾਨੀ ਨੂੰ ਵੀ ਸਿਜਦਾ ਹੈ।

ਇਸ ਮੌਕੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਆਪਣੀ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਆਖਿਆ ਕਿ ਨੌਵੇਂ ਪਾਤਸ਼ਾਹ ਨੇ ਸਮਾਜ ਨੂੰ ਭਾਈਚਾਰਕ ਏਕਤਾ, ਮਾਨਵਤਾ ਨਾਲ ਪ੍ਰੇਮ ਅਤੇ ਸਮਾਜ ਨੂੰ ਇਕਸੁਰਤਾ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਾਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਦਾ ਚਿੰਤਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਵਲੋਂ ਹਿੰਦੂ ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਵਾਸਤੇ ਦਿੱਲੀ ਰਵਾਨਾ ਹੋਣ ਤੋਂ ਪਹਿਲਾਂ ਅੱਜ ਦੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੌਂ ਸਾਲਾ ਆਪਣੇ ਸਪੁੱਤਰ ਸ੍ਰੀ ਗੋਬਿੰਦ ਰਾਇ ਜੀ ਨੂੰ ਗੁਰਤਾਗੱਦੀ ਬਖ਼ਸ਼ਿਸ਼ ਕੀਤੀ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਵਿਸ਼ਵ ਦੀ ਜਮਹੂਰੀਅਤ ਪ੍ਰਣਾਲੀ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੀ ਬਦੌਲਤ ਹੈ।ਉਨ੍ਹਾਂ ਅਜੋਕੇ ਸੰਦਰਭ ਦੀ ਗੱਲ ਕਰਦਿਆਂ ਆਖਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਦੂਜਿਆਂ ਦੀ ਧਾਰਮਿਕ ਆਜ਼ਾਦੀ ਲਈ ਸ਼ਹਾਦਤ ਦਿੱਤੀ ਸੀ ਪਰ ਅੱਜ ਸਿੱਖਾਂ ਦੀ ਧਾਰਮਿਕ ਆਜ਼ਾਦੀ ਉੱਤੇ ਹਮਲੇ ਹੋ ਰਹੇ ਹਨ।ਉਨ੍ਹਾਂ ਸਿੱਖਾਂ ਦੇ ਧਾਰਮਿਕ ਸਿਧਾਂਤ, ਪਰੰਪਰਾ ਅਤੇ ਇਤਿਹਾਸ 'ਤੇ ਹੋ ਰਹੇ ਹਮਲਿਆਂ ਦਾ ਸਾਹਮਣਾ ਕਰਨ ਲਈ ਵੀ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਪਾਵਨ ਸ਼ਹਾਦਤ ਤੋਂ ਪ੍ਰੇਰਨਾ ਲੈਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਮਨੁੱਖੀ ਅਧਿਕਾਰਾਂ ਅਤੇ ਧਰਮ ਦੀ ਆਜ਼ਾਦੀ ਲਈ ਮਹਾਨ ਦੇਣ ਦਾ ਗੱਲ ਕਰਦਿਆਂ ਆਖਿਆ ਕਿ ਦੁਨੀਆ ਦੇ ਵਿਚ ਕਿਸੇ ਵੀ ਧਰਮ ਦਾ ਆਗੂ ਜਾਂ ਬਾਨੀ ਨੌਂਵੇਂ ਪਾਤਸ਼ਾਹ ਦਾ ਸਾਨੀ ਨਹੀਂ ਹੋ ਸਕਿਆ, ਜਿਨ੍ਹਾਂ ਨੇ ਆਪਣਾ ਸੀਸ ਕਟਵਾ ਕੇ ਤਿਲਕ-ਜੰਞੂ ਬਚਾਇਆ ਅਤੇ ਬਾਦਸ਼ਾਹ ਔਰੰਗਜ਼ੇਬ ਦੇ ਜ਼ੁਲਮੀ ਰਾਜ ਦਾ ਅੰਤ ਕੀਤਾ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਗੁਰ ਸ਼ਬਦ ਦੀ ਕਥਾ-ਵੀਚਾਰ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਮਹਾਨ ਸ਼ਹਾਦਤ ਦੇ ਕੇ ਸਨਾਤਨ ਧਰਮ ਦੀ ਹੋਂਦ-ਹਸਤੀ ਨੂੰ ਬਚਾਇਆ ਸੀ।ਉਨ੍ਹਾਂ ਇਹ ਵੀ ਕਿਹਾ ਕਿ ਬਾਦਸ਼ਾਹ ਔਰੰਗਜ਼ੇਬ ਨੇ ਆਪਣੇ ਰਾਜ-ਭਾਗ ਨੂੰ ਸਲਾਮਤ ਰੱਖਣ ਲਈ ਹਿੰਦੋਸਤਾਨ ਦੀ ਲੋਕਾਈ 'ਤੇ ਅੰਨ੍ਹਾ ਜ਼ੁਲਮ ਕੀਤਾ ਪਰ ਉਸ ਦਾ ਰਾਜ ਫਿਰ ਵੀ ਨਹੀਂ ਰਿਹਾ।ਦੂਜੇ ਪਾਸੇ ਖ਼ਾਲਸਾ ਪੰਥ ਦੇ ਨਿਸ਼ਾਨ ਜੁਗੋ-ਜੁਗ ਝੂਲਦੇ ਰਹਿਣਗੇ।

# ਕਿਰਤੀਆਂ ਦੀਆਂ ਕੁੱਲੀਆਂ 'ਚੋਂ 'ਮਨੂਵਾਦ ਭਜਾਓ ਬੇਗ਼ਮਪੁਰਾ ਵਸਾਓ' ਦਾ ਹੋਕਾ ਦਿਓ : ਪਾਸਲਾ

ਜਲੰਧਰ (ਰਾਜੇਸ਼ ਥਾਪਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਨੂੰ ਸੰਬੋਧਨ ਕਰਨ ਲਈ ਉਚੇਚੇ ਪੁੱਜੇ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ, ਭਾਜਪਾ ਰਾਹੀਂ ਦੇਸ਼ ਦੀ ਕੇਂਦਰੀ ਸੱਤਾ 'ਤੇ ਕਾਬਜ ਆਰ.ਐਸ.ਐਸ. ਦੀਆਂ ਫਿਰਕੂ ਧਰੁਵੀਕਰਨ ਰਾਹੀਂ ਭਾਈਚਾਰਕ ਸਾਂਝ ਦੇ ਖਾਤਮੇ ਦੀਆਂ ਫਾਸ਼ੀਵਾਦੀ ਕੁਚਾਲਾਂ ਅਤੇ ਦੇਸ਼ ਦੇ ਮੌਜੂਦਾ ਸੰਵਿਧਾਨ ਦੀ ਥਾਂ ਦਲਿਤਾਂ-ਔਰਤਾਂ ਸਮੇਤ ਸਾਰੀ ਗਰੀਬ ਤੇ ਹਾਸ਼ੀਆਗਤ ਵਸੋਂ ਨੂੰ ਗੁਲਾਮ ਬਣਾਈ ਰੱਖਣ ਦੀ ਪੈਰਵੀ ਕਰਦੀ ਮਨੂੰ ਸਿਮਰਤੀ ਨੂੰ ਸ਼ਾਸ਼ਨ ਪੱਧਤੀ ਵਜੋਂ ਮੁੜ ਲਾਗੂ ਕਰਨ ਦੇ ਸੰਘ ਪਰਿਵਾਰ ਦੇ ਕੋਝੇ ਮਨਸੂਬੇ ਬੇਪਰਦ ਕੀਤੇ ਜਾਣ ਲਈ, ਪਾਰਟੀ ਕਮੇਟੀਆਂ ਨੂੰ ਤਕੜਾ ਹੰਭਲਾ ਮਾਰਨ ਦਾ ਸੱਦਾ ਦਿੱਤਾ ਹੈ।

ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਸਕੱਤਰੇਤ ਵਲੋਂ 28 ਨਵੰਬਰ ਤੋਂ ਲੈ ਕੇ 16 ਦਸੰਬਰ ਤੱਕ ਸੂਬੇ ਦੇ ਇਕ ਹਜ਼ਾਰ ਪਿੰਡਾਂ ਅਤੇ ਸ਼ਹਿਰਾਂ-ਕਸਬਿਆਂ ਦੇ ਕਿਰਤੀ ਮੁਹੱਲਿਆਂ 'ਚ ਮੀਟਿੰਗਾਂ, ਰੈਲੀਆਂ, ਝੰਡਾ ਮਾਰਚ ਆਦਿ ਕਰਕੇ 'ਮਨੂੰਵਾਦ ਭਜਾਓ ਬੇਗ਼ਮਪੁਰਾ ਵਸਾਓ' ਮੁਹਿੰਮ ਵਿੱਢਣ ਦਾ ਨਿਰਣਾ ਲਿਆ ਗਿਆ ਹੈ। ਮੀਟਿੰਗ ਦੀ ਪ੍ਰਧਾਨਗੀ ਸਾਥੀ ਰਤਨ ਸਿੰਘ ਰੰਧਾਵਾ ਨੇ ਕੀਤੀ।

ਸਕੱਤਰੇਤ ਨੇ ਆਰ.ਐਸ.ਐਸ.-ਭਾਜਪਾ, ਮੋਦੀ ਸਰਕਾਰ ਤੇ ਕੇਂਦਰੀ ਏਜੰਸੀਆਂ ਦੀ ਸ਼ਹਿ 'ਤੇ ਪੰਜਾਬ ਦਾ ਮਾਹੌਲ ਵਿਗਾੜਨ ਲਈ ਯਤਨਸ਼ੀਲ ਕੱਟੜਪੰਥੀਆਂ ਨੂੰ ਮੂੰਹ ਨਾ ਲਾਉਣ ਬਦਲੇ ਤਰਨਤਾਰਨ ਵਿਧਾਨ ਸਭਾ ਹਲਕੇ ਦੇ ਵੋਟਰਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਸਮਾਜ ਵਿਰੋਧੀ ਤੱਤਾਂ ਦੀਆਂ ਸਾਜ਼ਿਸ਼ਾਂ ਤੋਂ ਲਗਾਤਾਰ ਸੁਚੇਤ ਰਹਿਣ ਦੀ ਪੁਰਜ਼ੋਰ ਅਪੀਲ ਕੀਤੀ ਹੈ।



ਮੋਦੀ-ਮਾਨ ਸਰਕਾਰਾਂ ਦੀ ਉਕਤ ਨੀਤੀ-ਪਹੁੰਚ ਖਿਲਾਫ਼ ਭਵਿੱਖ 'ਚ ਵਿਸ਼ਾਲ ਸੰਘਰਸ਼ ਵਿੱਢਣ ਲਈ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਸਮੇਤ ਕਿਰਤੀ ਲੋਕਾਈ ਦੀ ਸਾਂਝ ਕਾਇਮ ਕਰਨ ਤੇ ਮਨੁੱਖੀ ਸਵੈਮਾਨ ਤੇ ਸੁਤੰਤਰਤਾ ਦੀ ਰਾਖੀ ਲਈ ਜਾਨਾਂ ਕੁਰਬਾਨ ਕਰਨ ਵਾਲੇ ਇਸ ਖਿੱਤੇ ਦੇ ਸਮੁੱਚੇ ਬੇਜੋੜ ਸ਼ਹੀਦਾਂ ਦੀ ਯਾਦ 'ਚ 22 ਦਸੰਬਰ, 2025 ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਪ੍ਰਭਾਵਸ਼ਾਲੀ ਸੂਬਾਈ ਸੈਮੀਨਾਰ ਕਰਨ ਦਾ ਫੈਸਲਾ ਲਿਆ ਗਿਆ ਹੈ।ਆਰੰਭ ਵਿਚ ਸਦੀਵੀਂ ਵਿਛੋੜਾ ਦੇ ਗਏ ਕਾਮਰੇਡ ਡਾਕਟਰ ਬਲਵਿੰਦਰ ਸਿੰਘ ਛੇਹਰਟਾ ਤੇ ਕਰਨੈਲ ਸਿੰਘ ਨੰਬਰਦਾਰ ਗੁਰਦਾਸਪੁਰ ਨੂੰ ਦੋ ਮਿੰਟ ਮੌਨ ਖੜੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਡੀ ਸੀ ਦਫਤਰ ਧਰਨਾ 5 ਜਨਵਰੀ ਨੂੰ

ਝਬਾਲ (ਹਰਜਿੰਦਰ ਸਿੰਘ ਸੋਨੀ)-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਮੀਟਿੰਗ ਕਾਮਰੇਡ ਪ੍ਰਕਾਸ਼ ਸਿੰਘ ਕੈਰੋਂ ਨੰਗਲ ਦੀ ਪ੍ਰਧਾਨਗੀ ਹੇਠ ਹੋਈ।ਸ਼ੋਕ ਮਤੇ ਰਾਹੀਂ ਕਾਮਰੇਡ ਬਲਵਿੰਦਰ ਸਿੰਘ ਛੇਹਰਟਾ ਜੋ ਮਨਰੇਗਾ ਕਾਮਿਆਂ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਆਗੂ ਸਨ, ਦੀ ਅਚਨਚੇਤ ਹੋਈ ਮੌਤ ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।



ਮੀਟਿੰਗ ਦੇ ਫੈਸਲਿਆਂ ਦੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਪੰਜਾਬ ਪੱਧਰੀ ਮੀਟਿੰਗ ਵਿੱਚ ਹੋਏ ਫੈਸਲੇ ਅਨੁਸਾਰ ਮਜ਼ਦੂਰਾਂ ਦੀਆਂ ਭੱਖਦੀਆਂ ਮੰਗਾਂ ਜਿਵੇਂ ਪੇਂਡੂ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦੇਣਾ, ਮਜ਼ਦੂਰਾਂ ਦੇ ਸਾਰੇ ਕਰਜ਼ੇ ਮਾਫ਼ ਕਰਨੇ, ਮਜ਼ਦੂਰ ਵਿਧਵਾ ਔਰਤਾਂ ਤੇ ਬੁਢਾਪਾ ਪੈਨਸ਼ਨ 5 ਹਜ਼ਾਰ ਰੁਪਏ ਕਰਨੀ, ਔਰਤਾਂ ਦੇ ਖਾਤਿਆਂ ਵਿੱਚ 1000 ਰੁਪਏ ਮਹੀਨਾ ਦੇਣੇ, ਹੜ੍ਹ ਪੀੜ੍ਹਤਾਂ ਨੂੰ ਘਰ ਬਣਾਉਣ ਲਈ 15 ਲੱਖ ਰੁਪਏ ਦੀ ਗਰਾਂਟ ਦੇਣੀ ਆਦਿ ਹੋਰ ਭਖਦੀਆਂ ਮੰਗਾਂ ਦੇ ਸਬੰਧ ਵਿੱਚ ਪੰਜਾਬ ਸਰਕਾਰ ਦੇ ਬੋਲੇ ਕੰਨਾਂ ਤੱਕ ਮਜ਼ਦੂਰਾਂ ਦੀ ਆਵਾਜ਼ ਪਹੁੰਚਾਉਣ ਲਈ 5 ਜਨਵਰੀ 2026 ਨੂੰ ਡੀ ਸੀ ਦਫਤਰ ਅੰਮ੍ਰਿਤਸਰ ਅੱਗੇ ਮਜ਼ਦੂਰਾਂ ਵੱਲੋਂ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਜਿਸ ਦੀ ਤਿਆਰੀ ਸਬੰਧੀ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਮਜ਼ਦੂਰਾਂ ਨੂੰ ਜਾਗਰੂਕ ਕੀਤਾ ਜਾਵੇਗਾ। ਜਥੇਬੰਦੀ ਦੇ ਸਾਂਝੇ ਮੋਰਚੇ ਵੱਲੋਂ ਮਜ਼ਦੂਰਾਂ ਦੇ ਹੱਕਾਂ ਲਈ ਲੜਨ ਵਾਲੇ ਵਿਛੜੇ ਆਗੂ ਸ਼ਿੰਗਾਰਾ ਸਿੰਘ ਧਿਆਨਪੁਰ ਦੀ ਯਾਦ ਵਿੱਚ 26 ਦਸੰਬਰ 2025 ਨੂੰ ਉਨ੍ਹਾਂ ਦੇ ਪਿੰਡ ਧਿਆਨਪੁਰ ਵਿੱਚ ਸਮਾਗਮ ਕੀਤਾ ਜਾਵੇਗਾ ਜਿਸ ਵਿੱਚ ਵੱਡੀ ਗਿਣਤੀ ਵਿੱਚ ਪਿੰਡਾਂ ਵਿਚੋਂ ਮਜ਼ਦੂਰ ਸ਼ਾਮਲ ਹੋਣਗੇ।

ਇਸ ਮੀਟਿੰਗ ਵਿੱਚ ਸਾਥੀ ਸਾਥੀ ਅਮਰੀਕ ਸਿੰਘ ਦਾਊਦ,ਨਿਰਮਲ ਸਿੰਘ ਛੱਜਲਵੱਡੀ, ਗੁਰਨਾਮ ਸਿੰਘ, ਜਰਨੈਲ ਸਿੰਘ, ਗੁਰਦੀਪ ਸਿੰਘ ਗਿੱਲਵਾਲੀ, ਪ੍ਰਕਾਸ਼ ਸਿੰਘ ਕੈਰੋਂ ਨੰਗਲ, ਜਸਬੀਰ ਸਿੰਘ ਝਬਾਲ ਆਦਿ ਹਾਜ਼ਰ ਸਨ।

# 290 ਨਸ਼ੇ ਦੀਆਂ ਗੋਲੀਆਂ ਸਮੇਤ ਦੋਸ਼ੀ ਗ੍ਰਿਫਤਾਰ

ਬਿਆਸ (ਪਰਮਜੀਤ ਸਿੰਘ ਰੱਖੜਾ)-ਮਾਣਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਨਸ਼ਿਆਂ ਖ਼ਿਲਾਫ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਅਤੇ ਮਾਣਯੋਗ ਡੀਜੀਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸੁਹੇਲ ਮੀਰ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਤੇ ਅਰੁਣ ਸ਼ਰਮਾ ਡੀਐੱਸਪੀ ਬਾਬਾ ਬਕਾਲਾ ਦੀ ਅਗਵਾਈ ਹੇਠ ਥਾਣਾ ਬਿਆਸ ਦੀ ਪੁਲਸ ਨੇ 290 ਨਸ਼ੇ ਦੀਆਂ ਗੋਲੀਆਂ ਸਮੇਤ ਇੱਕ ਦੋਸ਼ੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਥਾਣਾ ਬਿਆਸ ਦੀ ਪੁਲਸ ਵੱਲੋਂ ਗਸ਼ਤ ਦੌਰਾਨ ਸ਼ੱਕ ਦੇ ਆਧਾਰ 'ਤੇ ਇੱਕ ਵਿਅਕਤੀ ਨੂੰ ਰੋਕ ਕੇ ਪੁੱਛਗਿੱਛ ਕੀਤੀ ਗਈ, ਜਿਸ ਨੇ ਆਪਣਾ ਨਾਂਅ ਮਨਪ੍ਰੀਤ ਸਿੰਘ ਉਰਫ਼ ਮੰਨਾ ਵਾਸੀ ਰਈਆ ਦੱਸਿਆ।ਤਲਾਸ਼ੀ ਦੌਰਾਨ ਉਸਦੇ ਕਬਜ਼ੇ 'ਚੋਂ 290 ਨਸ਼ੇ ਦੀਆਂ ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਬਿਆਸ ਵਿੱਚ ਮੁਕੱਦਮਾ ਨੰਬਰ 221 ਮਿਤੀ 22-11-2025, ਧਾਰਾ 22/27(ਏ)/61/85 ਐੱਨਡੀਪੀਐੱਸ ਐਕਟ ਤਹਿਤ ਦਰਜ ਕਰਕੇ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।ਗ੍ਰਿਫਤਾਰ ਦੋਸ਼ੀ ਦੇ ਫਾਰਵਰਡ



ਅਤੇ ਬੈਕਵਰਡ ਲਿੰਕ ਬਾਰੀਕੀ ਨਾਲ ਖੰਗਾਲੇ ਜਾ ਰਹੇ ਹਨ ਅਤੇ ਜਾਂਚ ਦੌਰਾਨ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਈ, ਉਸ ਖ਼ਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

24-Nov-PAGE-12.qxd 11/23/2025 10:51 PM Page 1



# ਵਿਦਿਆਰਥੀਆਂ 'ਚ ਵਿਗਿਆਨਕ ਨਜ਼ਰੀਆ ਵਿਕਸਤ ਕਰਨਾ ਸਮੇਂ ਦੀ ਲੋੜ : ਗੁਰਮੀਤ ਕੜਿਆਲਵੀ

**ਸ਼ਾਹਕੋਟ(ਗਿਆਨ ਸੈਦਪੁਰੀ)**

ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਗ਼ਦਰ ਲਹਿਰ ਦੀ ਮਹਾਨ ਨਾਇਕਾ ਬੀਬੀ ਗੁਲਾਬ ਕੌਰ ਨੂੰ ਸਮਰਪਿਤ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚ ਸੂਬਾਈ ਪੱਧਰ ਤੇ ਅਹਿਮ ਸਥਾਨ ਹਾਸਿਲ ਕਰਨ ਵਾਲੇ 30 ਵਿਦਿਆਰਥੀਆਂ ਦਾ ਸਨਮਾਨ ਕਰਨ ਲਈ ਇਕ ਵਿਸ਼ੇਸ਼ ਸੂਬਾਈ ਸਨਮਾਨ ਸਮਾਗਮ ਤਰਕਸ਼ੀਲ ਭਵਨ, ਬਰਨਾਲਾ ਵਿਖੇ ਕਰਵਾਇਆ ਗਿਆ। ਇਸ ਵਿੱਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਤਰਕਸ਼ੀਲ ਇਕਾਈਆਂ ਦੇ ਕਾਰਕੁਨਾਂ, ਵਿਦਿਆਰਥੀਆਂ ਅਤੇ ਸਕੂਲ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।

ਇਸ ਸਮਾਗਮ ਦੇ ਮੁੱਖ ਬੁਲਾਰੇ ਅਤੇ ਨਾਮਵਰ ਸਾਹਿਤਕਾਰ ਗੁਰਮੀਤ ਕੜਿਆਲਵੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਗਿਆਨਕ ਚੇਤਨਾ ਅੱਜ ਤੱਕ ਦੇ ਮਨੁੱਖੀ ਵਿਕਾਸ ਦਾ ਮੁੱਖ ਆਧਾਰ ਹੈ ਪਰ ਆਜ਼ਾਦੀ ਤੋਂ ਬਾਅਦ ਸੱਤਾਧਾਰੀ ਜਮਾਤਾਂ ਨੇ ਸਿੱਖਿਆ ਨੀਤੀ ਵਿੱਚ ਵਿਗਿਆਨਕ ਚੇਤਨਾ ਵਿਕਸਤ ਕਰਨ ਦੀ ਥਾਂ ਰੂੜ੍ਹੀਵਾਦੀ ਪਾਠਕ੍ਰਮ ਸ਼ਾਮਿਲ ਕਰਕੇ ਵਿਦਿਆਰਥੀਆਂ ਨੂੰ ਵਿਗਿਆਨਕ ਨਜ਼ਰੀਆ ਅਪਨਾਉਣ ਤੋਂ ਵਾਂਝਿਆਂ ਕੀਤਾ ਹੈ ਜਦਕਿ ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ ਚਾਰ ਦਹਾਕਿਆਂ ਤੋਂ ਵਿਗਿਆਨਕ ਦ੍ਰਿਸ਼ਟੀਕੋਣ ਪ੍ਰਫੁੱਲਿਤ ਕਰਨ ਲਈ ਲਗਾਤਾਰ ਉਪਰਾਲੇ ਕਰਦੀ ਆ ਰਹੀ ਹੈ ਅਤੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਨੇ ਇਸ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਇਸ ਮੌਕੇ ਸੂਬਾਈ ਪੱਧਰ ਤੇ ਛੇਵੀਂ ਤੋਂ ਤੇਰ੍ਹਵੀਂ ਜਮਾਤ ਵਿਚ ਅਹਿਮ ਸਥਾਨ ਹਾਸਿਲ ਕਰਨ ਵਾਲੇ ਮਿਡਲ ਅਤੇ ਸੈਕੰਡਰੀ ਗਰੁੱਪ ਦੇ 30 ਵਿਦਿਆਰਥੀਆਂ ਨੂੰ ਨਕਦ ਇਨਾਮ, ਤਰਕਸ਼ੀਲ ਕਿਤਾਬਾਂ,ਯਾਦਗਾਰੀ ਚਿੰਨ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੋਹਰੀ ਰਹੇ ਕੁਝ ਵਿਦਿਆਰਥੀਆਂ ਨੇ

ਸੱਤਵੀਂ ਸੂਬਾਈ ਚੇਤਨਾ ਪ੍ਰੀਖਿਆ 'ਚ ਅੱਵਲ ਰਹੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ



ਸਟੇਜ ਤੋਂ ਪ੍ਰੀਖਿਆ ਬਾਰੇ ਆਪਣੇ ਤਜਰਬੇ ਵੀ ਸਾਂਝੇ ਕੀਤੇ। ਸੂਬਾ ਕਮੇਟੀ ਵੱਲੋਂ ਸਮਾਗਮ ਦੇ ਮੁੱਖ ਬੁਲਾਰੇ ਗੁਰਮੀਤ ਕੜਿਆਲਵੀ ਨੂੰ ਤਰਕਸ਼ੀਲ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਤਰਕਸ਼ੀਲ ਸੁਸਾਇਟੀ ਕੈਨੇਡਾ ਦੇ ਪ੍ਰਧਾਨ ਬਲਦੇਵ ਰਹਿਪਾ ਅਤੇ ਤਰਕਸ਼ੀਲ ਸੁਸਾਇਟੀ ਇੰਗਲੈਂਡ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਮੱਖਣ ਸਿੰਘ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚ ਉੱਤਮ ਕਾਰਗੁਜ਼ਾਰੀ ਵਿਖਾਉਣ ਵਾਲੀਆਂ ਇਕਾਈਆਂ ਸ਼ਾਹਕੋਟ, ਰੋਪੜ,ਬਠਿੰਡਾ, ਭਦੌੜ, ਮਲੇਰਕੋਟਲਾ, ਬਰਨਾਲਾ, ਸੰਗਰੂਰ, ਅਬੋਹਰ, ਪਟਿਆਲਾ ਸ਼ਹਿਰ, ਫ਼ਗਵਾੜਾ, ਅੰਮ੍ਰਿਤਸਰ, ਮੋਹਾਲੀ, ਦਿੜ੍ਹਬਾ, ਮਾਨਸਾ, ਪਟਿਆਲਾ ਅਰਬਨ ਅਸਟੇਟ, ਮੁਕਤਸਰ-ਲੱਖੇਵਾਲੀ, ਗੋਪਾਲਪੁਰ- ਮਝਵਿੰਡ, ਬੰਗਾ, ਤਰਨਤਾਰਨ, ਟਿੱਬਾ, ਧਾਰੀਵਾਲ ਭੋਜਾਂ ਅਤੇ ਫਰੀਦਕੋਟ ਨੂੰ ਸਨਮਾਨਤ ਕੀਤਾ ਗਿਆ।

ਇਸ ਮੌਕੇ ਸੂਬਾ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਨੇ ਪਿਛਲੇ ਸੱਤ ਸਾਲਾਂ ਤੋਂ ਕਰਵਾਈ ਜਾ ਰਹੀ ਵਿੱਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਉਣ ਦੇ ਮਕਸਦ ਬਾਰੇ ਦੱਸਿਆ ਅਤੇ ਇਸ ਵਿੱਚ ਸਹਿਯੋਗ ਕਰਨ ਵਾਲੇ ਸਕੂਲ ਮੁਖੀਆਂ, ਪ੍ਰਬੰਧਕਾਂ, ਅਧਿਆਪਕਾਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਜਦਕਿ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸੂਬਾਈ ਆਗੂ ਗੁਰਪ੍ਰੀਤ ਸ਼ਹਿਣਾ ਨੇ ਬਾਖੂਬੀ ਨਿਭਾਈ।

ਇਸ ਮੌਕੇ ਸੂਬਾ ਕਮੇਟੀ ਆਗੂ ਹੇਮ ਰਾਜ ਸਟੈਨੋ, ਰਾਜੇਸ਼ ਅਕਲੀਆ, ਰਾਜਪਾਲ ਸਿੰਘ, ਰਾਮ ਸਵਰਨ ਲੱਖੇਵਾਲੀ,ਜੋਗਿੰਦਰ ਕੁੱਲੇਵਾਲ, ਸੁਖਵਿੰਦਰ ਬਾਗਪੁਰ, ਸੁਮੀਤ ਅੰਮ੍ਰਿਤਸਰ, ਜਸਵੰਤ ਮੁਹਾਲੀ, ਜਸਵਿੰਦਰ ਫਗਵਾੜਾ, ਸੁਰਜੀਤ ਟਿੱਬਾ, ਜੁਝਾਰ ਲੌਂਗੋਵਾਲ,ਮੋਹਨ ਬਡਲਾ, ਕੁਲਜੀਤ ਡੰਗਰਖੇੜਾ ਅਤੇ ਜੋਨ ਆਗੂ ਪ੍ਰਵੀਨ ਜੰਡਵਾਲਾ,ਅਜੀਤ ਪ੍ਰਦੇਸੀ,ਸੰਦੀਪ ਧਾਰੀਵਾਲ ਭੋਜਾਂ, ਜਗਦੀਸ਼ ਰਾਏਪੁਰ ਡਿੱਬਾ,ਸੁਖਦੇਵ ਫਗਵਾੜਾ ਤੋਂ ਇਲਾਵਾ ਬੀਰਬਲ ਭਦੌੜ, ਪਰਮਜੀਤ ਸੰਘੇੜਾ,ਨਵਕਿਰਨ ਸ਼ਮੀਪਟਨ,ਹਰਜੀਤ ਬੇਦੀ,ਪ੍ਰਿੰਸੀਪਲ ਜਤਿੰਦਰ ਸਿੰਘ, ਪ੍ਰਿੰ ਹਰਿੰਦਰ ਕੌਰ, ਰਾਜਵੰਤ ਬਾਗੜੀਆਂ, ਰਣਧੀਰ ਗਿਲਪਤੀ,ਮੁਖਤਿਆਰ ਗੋਪਾਲਪੁਰ,ਜਸਪਾਲ ਬਾਸਰਕੇ, ਪ੍ਰਿੰਸੀਪਲ ਮੇਲਾ ਰਾਮ, ਰਾਮ ਕੁਮਾਰ ਭਦੌੜ,ਗਿਆਨ ਸਿੰਘ, ਵਿਸ਼ਵ ਕਾਂਤ,ਪਾਲ ਬਾਗਪੁਰ,ਦਮਨਜੀਤ ਕੌਰ, ਕੁਲਵਿੰਦਰ ਨਗਾਰੀ,ਗਿਆਨ ਸੈਦਪੁਰੀ,ਗਗਨ ਰਾਮਪੁਰਾ , ਪ੍ਰਿੰ ਮਨਜੀਤ ਸਿੰਘ,ਮਾਸਟਰ ਲੱਖਾ ਸਿੰਘ, ਰਮੇਸ਼ ਜੈਨ ਅਤੇ ਵੱਖ ਵੱਖ ਸਕੂਲਾਂ ਦੇ ਅਧਿਆਪਕ,ਵਿਦਿਆਰਥੀ ਅਤੇ ਮਾਪੇ ਵੀ ਸ਼ਾਮਲ ਹੋਏ।

# ਐੱਮ ਐੱਲ ਏ ਵੱਲੋਂ ਵਾਟਰ ਸਪਲਾਈ ਪਾਈਪ ਲਾਈਨ ਤੇ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ



**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਹਲਕਾ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਨਗਰ ਕੌਂਸਲ ਦੀ ਹੱਦ ਅੰਦਰ ਆਉਂਦੇ ਡੇਰਾਬੱਸੀ ਖੇਤਰ ਦੇ ਵਾਰਡ ਨੰਬਰ 13 ਵਾਲਮੀਕਿ ਨਗਰ ਵਿੱਚ 2 ਕਰੋੜ 42 ਲੱਖ 8 ਹਜ਼ਾਰ ਰੁਪਏ ਦੀ ਲਾਗਤ ਨਾਲ 4.70 ਕਿਲੋਮੀਟਰ ਪਾਣੀ ਦੀ ਸਪਲਾਈ ਦੇ ਪਾਈਪ ਲਾਈਨ ਵਿਛਾਉਣ ਤੇ ਨਵੇਂ ਟਿਊਬਵੈੱਲ ਨੂੰ ਲਗਾਉਣ ਦੇ ਕੰਮ ਦੀ ਸ਼ੁਰੂਆਤ ਨਗਰ ਕੌਂਸਲ ਪ੍ਰਧਾਨ ਆਸ਼ੂ ਨਰੇਸ਼ ਦੇ ਨਾਲ ਮਿਲਕੇ ਕਰਵਾਈ । ਇਸ ਕਦਮ ਨਾਲ ਸਥਾਨਕ ਨਿਵਾਸੀਆਂ ਨੂੰ ਸਾਫ਼ ਤੇ ਲਗਾਤਾਰ ਪਾਣੀ ਦੀ ਸਹੂਲਤ ਉਪਲਬਧ ਹੋਵੇਗੀ।ਇਸ ਮੌਕੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ, ਇਹ ਵਿਕਾਸ ਪ੍ਰੋਜੈਕਟ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਅਤੇ ਲੋਕ-ਮੁਖੀ ਨੀਤੀਆਂ ਦਾ ਨਤੀਜਾ ਹੈ। ਸਾਡਾ ਮੁੱਖ ਮਕਸਦ ਲੋਕਾਂ ਨੂੰ ਸਾਫ਼, ਸੁਚੱਜੇ ਅਤੇ ਲਗਾਤਾਰ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣਾ ਹੈ, ਤਾਂ ਜੋ ਹਰ ਨਿਵਾਸੀ ਨੂੰ ਬਿਹਤਰ ਸਹੂਲਤਾਂ ਮਿਲ ਸਕਣ। ਵਾਲਮੀਕਿ ਨਗਰ ਵਿੱਚ ਪਾਣੀ ਸਪਲਾਈ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਸਾਡੀ ਪਹਿਲ ਵਿਚ ਸ਼ਾਮਲ ਹੈ, ਅਤੇ ਇਹ ਦੋਨੋ ਕੰਮ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਨਗੇ ।

# ਸਿਲਵਰ ਓਕ ਇੰਟਰਨੈਸ਼ਨਲ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਵਿਖੇ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਸ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਦੌਰਾਨ ਡਾਕਟਰ ਨਰੇਸ਼ ਕੁਮਾਰ ਅਰੋੜਾ, ਡਾਇਰੈਕਟਰ ਜਨਰਲ ਪੁਲਸ, ਪੰਜਾਬ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ।ਇਸ ਸਮਾਰੋਹ ਦੌਰਾਨ ਸਭ ਤੋਂ ਖਾਸ ਗੱਲ ਇਹ ਸੀ ਕਿ ਨਰਸਰੀ ਤੋਂ ਲੈ ਕੇ ਬਾਰਵੀਂ ਕਲਾਸ ਤੱਕ ਦੇ ਜਿਆਦਾਤਰ ਵਿਦਿਆਰਥੀਆਂ ਨੇ ਅਲੱਗ ਅਲੱਗ ਆਈਟਮਾਂ ਵਿੱਚ ਭਾਗ ਲਿਆ ਜਿਨਾਂ ਭਾਰਤ ਦੇ ਅਲੱਗ ਅਲੱਗ ਖਿਤਿਆਂ ਦੇ ਲੋਕ ਨਾਚ, ਭਾਰਤੀ ਸੈਨਾ ਨੂੰ ਸਮਰਪਿਤ ਐਕਟ, ਪੁਲਿਸ ਵਿਭਾਗ ਨੂੰ ਸਮਰਪਿਤ ਐਕਟ, ਭੰਗੜੇ ਅਤੇ ਗਿੱਧੇ ਦੀਆਂ ਆਈਟਮਾਂ ਅਤੇ ਸਮਾਜਿਕ ਕੁਰੀਤੀਆਂ ਨੂੰ ਕਟਾਕਸ਼ ਕਰਦੇ ਹੋਏ ਐਕਟ ਸ਼ਾਮਿਲ ਸਨ।ਇਸ ਦੇ ਨਾਲ ਹੀ ਪ੍ਰਿੰਸੀਪਲ ਮੈਡਮ ਮਨੀਸ਼ਾ ਸੰਗਰ ਨੇ ਸਕੂਲ ਦੀ ਸਲਾਨਾ ਰਿਪੋਰਟ ਦੌਰਾਨ ਸਕੂਲ ਦੇ ਵਿੱਚ ਕਰਵਾਈਆਂ ਜਾ ਰਹੀਆਂ ਪੜ੍ਹਾਈ ਨਾਲ ਸਬੰਧਤ ਅਤੇ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੇ।



ਸਕੂਲ ਦੇ ਵਾਈਸ ਚੇਅਰ ਪਰਸਨ ਸ਼੍ਰੀਮਤੀ ਕਮਲੇਸ਼ ਕੌਰ, ਡਾਇਰੈਕਟਰ ਸ. ਗੁਰਪ੍ਰੀਤ ਸਿੰਘ ਐਡਵੋਕੇਟ, ਪੰਜਾਬ ਹਰਿਆਣਾ ਹਾਈਕੋਰਟ ਅਤੇ ਡਾਇਰੈਕਟਰ ਸ਼੍ਰੀਮਤੀ ਇਸ਼ਤਾ ਪਾਸੀ ਸੈਣੀ ਵਿਸ਼ੇਸ਼ ਤੌਰ ਤੇ ਬੱਚਿਆਂ ਦਾ ਹੌਸਲਾ ਵਧਾਉਣ ਇਸ ਸਮਾਰੋਹ ਵਿੱਚ ਸ਼ਾਮਿਲ ਹੋਏ। ਚੇਅਰਮੈਨ ਤਰਲੋਚਨ ਸਿੰਘ ਨੇ ਆਏ ਹੋਏ ਮਾਪਿਆਂ ਅਤੇ ਸਮੂਹ ਮਹਿਮਾਨਾਂ ਦਾ ਇਹ ਸਮਾਰੋਹ ਵਿੱਚ ਆਉਣ ਲਈ ਦਿਲੋਂ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਪਿਛਲੇ ਕਈ ਮਹੀਨਿਆਂ ਦੇ ਵੀ ਲਗਾਤਾਰ ਮਿਹਨਤ ਤੇ ਬੱਚਿਆਂ ਨੇ ਇਹ ਸਾਰੀਆਂ ਆਈਟਮਾਂ ਤਿਆਰ ਕੀਤੀਆਂ ਹਨ ਅਤੇ ਏਡੀ ਭਾਰੀ ਗਿਣਤੀ ਵਿੱਚ ਪਹੁੰਚੇ ਹੋਏ ਸਾਰੇ ਮਾਪਿਆਂ ਅਤੇ ਮਹਿਮਾਨਾਂ ਨੇ ਉਹਨਾਂ ਦਾ ਹੌਸਲਾ ਵਧਾਇਆ।

ਇਸ ਮੌਕੇ ਤੇ ਪਹੁੰਚੇ ਮੁੱਖ ਮਹਿਮਾਨ ਡਾ. ਨਰੇਸ਼ ਕੁਮਾਰ ਅਰੋੜਾ, ਡੀ ਜੀ ਪੀ, ਪੰਜਾਬ ਨੇ ਲੋਕਾਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਸਿਲਵਰ ਓਕ ਸਕੂਲ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਬਹੁਤ ਵੱਡੀਆਂ ਮੱਲਾਂ ਮਾਰ ਰਿਹਾ ਹੈ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਗੁਰਪ੍ਰੀਤ, ਅਮਰਜੀਤ ਕੌਰ ਸੈਣੀ, ਰਾਜਵਿੰਦਰ, ਰਾਜਵੀਰ, ਸੁਮਨ, ਨੇਹਾ ਅਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।

## ਚੰਡੀਗੜ੍ਹ ਪੰਜਾਬ ਤੋਂ ਖੋਹਣ ਦੀ ਕੇਂਦਰ ਦੀ ਸਾਜ਼ਿਸ਼ ਖ਼ਿਲਾਫ਼ ਇੱਕਜੁੱਟ ਹੋਣ ਪੰਜਾਬੀ : ਪਾਸਲਾ


**ਜਲੰਧਰ, (ਰਾਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਨੇ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਦੀ ਕੇਂਦਰ ਸਰਕਾਰ ਦੀ ਸਾਜ਼ਿਸ਼ ਦੀ ਜ਼ੋਰਦਾਰ



ਨਿਖੇਧੀ ਕੀਤੀ ਹੈ।ਇੱਥੋਂ ਜਾਰੀ ਇਕ ਬਿਆਨ ਰਾਹੀਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਹੈ ਕਿ ਪਹਿਲੀ ਦਸੰਬਰ ਤੋਂ ਸ਼ੁਰੂ ਹੋਣ ਜਾ ਰਹੇ ਸੰਸਦ ਦੇ ਸਰਦ ਰੁੱਤ ਸੈਸ਼ਨ ਚ ਲਿਆਂਦਾ ਜਾਣ ਵਾਲਾ ਸੰਵਿਧਾਨ (131ਵਾਂ ਸੋਧ) ਬਿਲ-2025 ਪੰਜਾਬ ਦੇ ਅਧਿਕਾਰਾਂ, ਭਾਸ਼ਾਈ ਰੁਤਬੇ ਅਤੇ ਸੱਭਿਆਚਾਰਕ ਵਿਰਸੇ ਦੇ ਖ਼ਾਤਮੇ ਦਾ ਘਾਤਕ ਹਮਲਾ ਹੈ। ਉਨ੍ਹਾਂ ਕਿਹਾ ਹੈ ਕਿ ਇਹ ਬਿਲ, ਜਿਸਦੇ ਨਤੀਜੇ ਵਜੋਂ ਪੰਜਾਬ ਦਾ ਚੰਡੀਗੜ੍ਹ 'ਤੇ ਪ੍ਰਸ਼ਾਸਨਕ ਤੇ ਰਾਜਨੀਤਕ ਅਧਿਕਾਰ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗਾ, ਚੰਡੀਗੜ੍ਹ ਨੂੰ ਉਪ ਰਾਜਪਾਲ (ਲੈਫ਼ਟੀਨੈਂਟ ਗਵਰਨਰ) ਦੇ ਹਵਾਲੇ ਕਰ ਕੇ ਪੂਰੀ ਤਰ੍ਹਾਂ ਕੇਂਦਰ ਸਰਕਾਰ ਦੇ ਅਧੀਨ ਕਰਨ ਦੀ ਚਿਰੋਕਣੀ ਯੋਜਨਾਬੰਦੀ ਦਾ ਹਿੱਸਾ ਹੈ। ਇਸ ਫ਼ੈਸਲੇ ਨਾਲ ਪੰਜਾਬ ਹੀ ਨਹੀਂ ਬਾਕੀ ਸੂਬਿਆਂ ਦਾ ਭਵਿੱਖ ਵੀ ਗੰਭੀਰ ਖ਼ਤਰੇ 'ਚ ਪੈ ਜਾਵੇਗਾ। ਸਾਥੀ ਪਾਸਲਾ ਨੇ ਇਹ ਬਿਲ ਤੁਰੰਤ ਵਾਪਸ ਲਏ ਜਾਣ ਦੀ ਮੰਗ ਕਰਦਿਆਂ ਸਮੁੱਚੇ ਪੰਜਾਬੀਆਂ ਨੂੰ ਇਸ ਹੱਲੇ ਵਿਰੁੱਧ ਇੱਕਜੁਟ ਹੋਣ ਦੀ ਪੁਰਜ਼ੋਰ ਅਪੀਲ ਕੀਤੀ ਹੈ।

# ਪੰਜਾਬ ਸਰਕਾਰ ਨੇ ਵਿਕਾਸ ਕਾਰਜਾਂ ਲਈ ਦਿੱਤੇ 2.21 ਕਰੋੜ ਦੇ ਚੈੱਕ : ਡਾ. ਸੁੱਖੀ

**ਬੰਗਾ (ਅਵਤਾਰ ਕਲੇਰ)**



ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਪਿੰਡਾਂ ਦੇ ਸਰਪੰਚਾਂ ਨੂੰ ਚੈੱਕ ਵੰਡਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰੰਗਲੇ ਪੰਜਾਬ ਦੇ ਸੁਪਨੇ ਨੂੰ ਹਕੀਕਤ ਦਾ ਰੂਪ ਦੇਣ ਲਈ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਪੰਜਾਬ ਦੇ ਵੱਖ-ਵੱਖ ਪਿੰਡਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਕਰਨ, ਸਮਾਜਿਕ ਸੁਵਿਧਾਵਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਨਵੇਂ ਵਿਕਾਸ ਪ੍ਰਾਜੈਕਟਾਂ ਨੂੰ ਅੱਗੇ ਵਧਾਉਣ ਲਈ 2 ਕਰੋੜ 21 ਲੱਖ ਰੁਪਏ ਦੀਆਂ ਸਰਕਾਰੀ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ।ਇਨ੍ਹਾਂ ਗ੍ਰਾਂਟਾਂ ਦਾ ਮੁੱਖ ਉਦੇਸ਼ ਪਿੰਡਾਂ ਨੂੰ ਮਾਡਲ ਰੂਪ ਵਿੱਚ ਤਿਆਰ ਕਰਨਾ, ਯੁਵਾ ਲਈ ਨਵੇਂ ਮੌਕੇ ਪੈਦਾ ਕਰਨਾ, ਸਿੱਖਿਆ, ਸਿਹਤ ਅਤੇ ਖੇਡਾਂ ਦੇ ਖੇਤਰਾਂ ਵਿੱਚ ਸੁਧਾਰ ਕਰਨੇ ਹਨ। ਇਹ ਗ੍ਰਾਂਟਾਂ ਉਹਨਾਂ ਖੇਤਰਾਂ ਵਿੱਚ ਵਰਤੀਆਂ ਜਾਣਗੀਆਂ ਜਿੱਥੇ ਵਿਕਾਸ ਦੀ ਸਭ ਤੋਂ ਵੱਧ ਲੋੜ ਹੈ। ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਫੰਡ ਲੋਕ ਭਲਾਈ ਯੋਜਨਾਵਾਂ ਦੇ ਤੇਜ਼ੀ ਨਾਲ ਲਾਗੂ ਕਰਨ ਅਤੇ ਜ਼ਮੀਨੀ ਪੱਧਰ 'ਤੇ ਵਿਕਾਸ ਨੂੰ ਤੇਜ਼ ਕਰਨ ਲਈ ਦਿੱਤੇ ਜਾ ਰਹੇ ਹਨ। ਇਸ ਕਾਰਜ ਨਾਲ ਨਾਂ ਕੇਵਲ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕੀ ਮੰਗਾਂ ਪੂਰੀਆਂ ਹੋਣਗੀਆਂ ਬਲਕਿ ਰੋਜ਼ਗਾਰ ਦੇ ਨਵੇਂ ਦਰਵਾਜ਼ੇ ਵੀ ਖੁੱਲ੍ਹਣਗੇ।ਇਸ ਮੌਕੇ ਇਸ ਮੌਕੇ ਸ਼੍ਰੀ ਸੋਹਣ ਲਾਲ ਢੰਡਾ ਜਿਲਾ ਪ੍ਰਧਾਨ ਐਸ ਸੀ ਵਿੰਗ ਸ. ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ , ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ,ਅਮਰਜੀਤ ਖਟਕੜ ,ਗੁਰਮਿੰਦਰ ਸਿੰਘ ਸਰਪੰਚ, ਹਰਭਗਵੰਤ ਸੱਲ੍ਹਾ, ਹਰਪ੍ਰੀਤ ਸਰਪੰਚ ਸੱਲ੍ਹਾ,ਸੁਖਵਿੰਦਰ ਸਰਪੰਚ ਜੰਡਿਆਲਾ, ਸਰਪੰਚ ਸਤਵੰਤ ਕੋਰ ਝਿੱਕਾ, ਸਰਪੰਚ ਨੀਲਮ ਉੱਚਾ , ਹਰਮੇਸ਼ ਲਾਲ ਪੱਦੀ ਮੱਟ ਵਾਲੀ, ਨਛੱਤਰ ਕੌਰ ਸਰਪੰਚ, ਹਰਜੀਤ ਸਿੰਘ ਸੰਧਵਾਂ ,ਕਮਲਜੀਤ ਮੇਹਲੀ,ਸਤਨਾਮ ਸਰਪੰਚ ਮੇਹਲੀ, ਲਾਡੀ ਮੇਹਲੀ, ਜਗਨ ਨਾਥ ਸੰਧਵਾਂ, ਤਲਵਿੰਦਰ ਸਰਪੰਚ ਗੁਣਾਚੌਰ,ਮੋਹਨ ਲਾਲ ਸਰਪੰਚ ਬਹਿਰਾਮ,ਮੋਹਿੰਦਰ ਪਾਲ ਬਹਿਰਾਮ,ਸੁਰਿੰਦਰ ਸਾਹ ਘੁੰਮਣ, ਸੁਖਵਿੰਦਰ ਸਰਪੰਚ ਘੁੰਮਣ , ਕੁਲਦੀਪ ਰਾਜ ਘੁੰਮਣ ਅਤੇ ਹੋਰ ਸਾਰੇ ਪਿੰਡਾਂ ਦੀਆਂ ਸਮੂਹ ਗ੍ਰਾਮ ਪੰਚਾਇਤਾ ਹਾਜ਼ਰ ਸਨ।

# ਸਾਲਾਨਾ ਸਮਾਰੋਹ ਸ਼ਾਨੋ-ਸ਼ੌਕਤ ਨਾਲ ਆਯੋਜਿਤ




**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਵਰਲਡ ਸਕੂਲ ਨੇ ਆਪਣੇ ਸਾਲਾਨਾ ਦਿਹਾੜੇ 'ਸ਼ੇਰ-ਏ-ਪੰਜਾਬ' ਨੂੰ ਅਦਭੁਤ ਰੌਣਕ ਅਤੇ ਸਾਂਸਕ੍ਰਿਤਿਕ ਚਮਕ ਨਾਲ ਮਨਾਇਆ। ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬ ਦੇ ਸ਼ੇਰ, ਮਹਾਰਾਜਾ ਰਣਜੀਤ ਸਿੰਘ ਦੀ ਵਿਸ਼ਾਲ ਜੀਵਨ-ਯਾਤਰਾ ਨੂੰ ਇਸ ਕਦਰ ਯਥਾਰਥਪੂਰਨ ਢੰਗ ਨਾਲ ਪੇਸ਼ ਕੀਤਾ ਕਿ ਪੂਰਾ ਆਡੀਟੋਰੀਅਮ ਇਤਿਹਾਸ ਦੀਆਂ ਗੂੰਜਾਂ ਨਾਲ ਭਰ ਗਿਆ। ਸਮਾਰੋਹ ਤਿਲਕ, ਜੰਗਾਂ, ਪਤਨ, ਧਰਮ ਨਿਰਪੱਖਤਾ ਅਤੇ ਸਿੱਖ ਰਾਜ ਦੇ ਪੁਨਰ-ਉਥਾਨ ਵਰਗੇ ਭਾਵਪੂਰਨ ਪੜਾਅ ਰਾਹੀਂ ਅੱਗੇ ਵਧਿਆ, ਜਿਸ ਨੇ ਮਹਾਰਾਜਾ ਦੀ ਸੂਰਮਈ, ਸਿਆਣਪ ਅਤੇ ਰਾਜਕਲਾ ਨੂੰ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਪਰੋਸਿਆ।ਸਮਾਰੋਹ ਦਾ ਕੇਂਦਰੀ ਆਕਰਸ਼ਣ ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸਕ ਵਿਰਾਸਤ ਦਾ ਅਦਭੁਤ ਪ੍ਰਸਤੁਤੀਕਰਨ ਸੀ। ਵਿਦਿਆਰਥੀਆਂ ਨੇ ਅਦਾਕਾਰੀ, ਰੂਹਾਨੀ ਨੈਰੇਸ਼ਨ ਅਤੇ ਸ਼ਾਹੀ ਪੋਸ਼ਾਕਾਂ ਰਾਹੀਂ ਸਿਖ ਰਾਜ ਦੇ ਉਭਾਰ ਨੂੰ ਬੜੇ ਸਲੀਕੇ ਨਾਲ ਮੰਚ ਉੱਤੇ ਦਿਖਾਇਆ। ਹਰ ਦ੍ਰਿਸ਼ ਨੇ ਮਹਾਰਾਜਾ ਦੀ ਦਿਲੇਰੀ, ਦਇਆਲਤਾ ਅਤੇ ਬੇਮਿਸਾਲ ਨੇਤ੍ਰਿਤਵ ਦੀ ਅਨੋਖੀ ਛਾਪ ਛੱਡੀ।ਸਮਾਰੋਹ ਨੂੰ ਮਾਣਯੋਗ ਹਸਤੀਆਂ ਨੇ ਆਪਣੀ ਹਾਜ਼ਰੀ ਨਾਲ ਮਹਿਕਾਇਆ। ਮੁੱਖ ਮਹਿਮਾਨ ਵਜੋਂ ਹਵਾਈ ਦਸਤਿਆਂ ਦੇ ਏਅਰ ਕਮੋਡੋਰ ਬ੍ਰਿਜੇਸ਼ ਪਾਲ, ਵੀ ਐੱਮ ਨੇ ਸ਼ਿਰਕਤ ਕੀਤੀ। ਇਸ ਮੌਕੇ ਸੀ.ਟੀ. ਗਰੁੱਪ ਦੇ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਕੋ-ਚੇਅਰਪਰਸਨ ਮੈਡਮ ਪਰਮਿੰਦਰ ਕੌਰ, ਜਾਇੰਟ ਮੈਨੇਜਿੰਗ ਡਾਇਰੈਕਟਰ ਸੁਸ਼੍ਰੀ ਤਾਨਿਕਾ ਚੰਨੀ, ਵਾਈਸ ਚੇਅਰਮੈਨ ਸ੍ਰੀ ਹਰਪ੍ਰੀਤ ਸਿੰਘ, ਐਗਜ਼ਿਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ ਅਤੇ ਸੀ.ਟੀ. ਵਰਲਡ ਸਕੂਲ ਦੀ ਪ੍ਰਿੰਸੀਪਲ ਸੁਸ਼੍ਰੀ ਆਰਤੀ ਜਸਵਾਲ ਵੀ ਮੌਜੂਦ ਸਨ। ਉਨ੍ਹਾਂ ਦੇ ਪ੍ਰੇਰਕ ਸੰਬੋਧਨ ਨੇ ਵਿਦਿਆਰਥੀਆਂ ਵਿੱਚ ਨਵੀਂ ਲਹਿਰ ਦਾ ਸੰਚਾਰ ਕੀਤਾ।

# ਹਲਕਾ ਨਕੋਦਰ 'ਚ 30 ਖੇਡ ਮੈਦਾਨ ਬਣਾਏ ਜਾਣਗੇ : ਇੰਦਰਜੀਤ ਕੌਰ ਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਪੇਂਡੂ ਖੇਤਰ ਦੇ ਖੇਡ ਮੈਦਾਨਾਂ ਦੀ ਆਧੁਨਿਕ ਨੁਹਾਰ ਬਦਲਣ ਲਈ ਪਹਿਲੀ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਲਕਾ ਨਕੋਦਰ ਵਿੱਚ 30 ਖੇਡ ਮੈਦਾਨ ਬਣਾਏ ਜਾਣੇ ਹਨ ਜਿਹਨਾਂ ਲਈ 9 ਕਰੋੜ ਦੀ ਗਰਾਂਟ ਖਰਚੀ ਜਾਣੀ ਹੈ ਜਿਹਨਾਂ ਵਿੱਚੋ 12 ਖੇਡ ਮੈਦਾਨਾਂ ਦੇ ਨੀਂਹ ਪੱਥਰ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਰੱਖੇ, 4 ਕਰੋੜ 1.41 ਲੱਖ ਰੁਪਏ ਦੀ ਗਰਾਂਟ ਨਾਲ ਪਿੰਡਾਂ ਵਿੱਚ ਖੇਡ ਕਲਚਰ ਪੈਦਾ ਕਰਨ ਲਈ, ਤੰਦਰੁਸਤ ਪੰਜਾਬ, ਰੰਗਲਾ ਪੰਜਾਬ ਬਣਨ ਦੀ ਪਹਿਲ ਕਦਮੀ ਕਰਨ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਹੁਣ ਪਿੰਡਾਂ ਵਿੱਚ ਹੋਣਹਾਰ ਖਿਡਾਰੀ ਪੈਦਾ ਹੋਣਗੇ ਨਾ ਕਿ ਗੈਂਗਸਟਰ। ਉਹਨਾਂ ਕਿਹਾ ਇਸ ਗਰਾਂਟ ਨਾਲ ਖੇਡ ਮੈਦਾਨਾਂ ਵਿੱਚ ਸਪਿੰਗਲਰ ਸਿਸਟਮ, ਲਾਈਟ, ਬਾਉਂਡਰੀਵਾਲ, ਬੈਂਚ, ਗਰੀਨ ਘਾਹ ਟੋਇਲਟ ਬਲਾਕ, ਸਟੋਰ ਰੂਮ, ਫੁੱਟਬਾਲ ਗਰਾਊਂਡ ,ਬਾਸਕਟ ਬਾਲ ਗਰਾਉਂਡ, ਬਾਲੀਵਾਲ ਗਰਾਉਂਡ, ਰੈਸਲਿੰਗ ਗਰਾਊਂਡ, ਖੇਡ ਮੈਦਾਨਾਂ ਆਲੇ ਦੁਆਲਾ ਰਸਤਾ ਅਤੇ ਇਹਨਾਂ ਰਸਤਿਆ ਤੇ ਲਾਇਟ ਲੱਗਣ ਗਈਆਂ। ਉਹਨਾ ਕਿਹਾ ਕਿ ਜਿਹਨਾਂ ਪਿੰਡਾਂ ਵਿਚ ਇਹ ਖੇਡ ਮੈਦਾਨ ਬਣਨ ਲਈ ਨੀਂਹ ਪੱਥਰ ਰੱਖੇ ਗਏ ਹਨ ਉਹਨਾਂ ਵਿੱਚ ਸ਼ਾਮਲ ਪਿੰਡਾਂ ਨੂੰ ਗਰਾਂਟ ਦੇ ਵੇਰਵੇ ਜਿਵੇਂ ਕੰਗਸਾਬੂ 35. 86 ਲੱਖ ਰੁਪਏ, ਮੁੱਧਾ 34. 33 ਲੱਖ ਰੁਪਏ, ਬੋਪਾਰਾਏ ਕਲਾਂ 27. 30 ਲੱਖ ਰੁਪਏ, ਗੋਹੀਰ 41. 28 ਲੱਖ ਰੁਪਏ, ਮਾਲੜੀ 41.76 ਲੱਖ ਰੁਪਏ, ਹੇਰਾਂ 23. 95 ਲੱਖ ਰੁਪਏ, ਤਲਵੰਡੀ ਭਰੋ, 37. 27 ਲੱਖ ਰੁਪਏ, ਰਸੂਲਪੁਰ ਕਲਾਂ 33.07 ਲੱਖ ਰੁਪਏ, ਉੱਗੀ 32. 27 ਲੱਖ ਰੁਪਏ, ਕੰਗਰਾਂਣਾ 22. 06 ਲੱਖ ਰੁਪਏ, ਨੂਰਪੁਰ 43.06 ਲੱਖ ਰੁਪਏ, ਗਾਂਧਰਾਂ 29.20 ਲੱਖ ਰੁਪਏ। ਬੀਬੀ ਮਾਨ ਨੇ ਆਖਿਆ ਬਾਕੀ ਰਹਿੰਦੇ ਖੇਡ ਮੈਦਾਨਾਂ ਦਾ ਵੀ ਜਲਦ ਨੀਂਹ ਪੱਥਰ ਰੱਖਿਆ ਜਾਵੇਗਾ।ਇਸ ਮੌਕੇ ਤੇ ਬੀਬੀ ਮਾਨ ਨਾਲ ਜਸਵੀਰ ਸਿੰਘ ਧੰਜਲ ਕੁਆਡੀਨੇਟਰ ਹਲਕਾ ਨਕੋਦਰ,ਰਜ਼ਨੀਸ਼ ਬੱਬਰ ਯੂਥ ਕੋਆਰਡੀਨੇਟਰ,ਪ੍ਰੇਮ ਕੁਮਾਰ ਰਾਜੂ ਉੱਪਲ ਐਸ ਸੀ ਵਿੰਗ ਕੋਆਰਡੀਨੇਟਰ, ਬਲਦੇਵ ਰਾਜ ਸਹੋਤਾ ਬਲਾਕ ਪ੍ਰੇਜੀਡੈਂਟ, ਕੁਲਦੀਪ ਕੰਗਣਾ ਬਲਾਕ ਪ੍ਰਧਾਨ, ਸੋਹਨ ਲਾਲ ਬਲਾਕ ਪ੍ਰਧਾਨ ਆਦਿ ਹਾਜ਼ਰ ਸਨ।



# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਧਾਰਮਿਕ ਸਮਾਗਮ



**ਸੁਲਤਾਨਪੁਰ ਲੋਧੀ, (ਹਨੀ)**-ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ ਪਵਿੱਤਰ ਜੀਵਨ ਅਤੇ ਸ਼ਹੀਦੀ ਨੂੰ ਸਮਰਪਤ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਗੁਰਬਾਣੀ ਦੇ ਕੀਰਤਨ ਨਾਲ ਹੋਈ । ਵਿਦਿਆਰਥੀਆਂ ਵੱਲੋਂ ਗੁਰੂ ਸਾਹਿਬ ਜੀ ਦੇ ਜੀਵਨ, ਉਨ੍ਹਾਂ ਦੀ ਸਿਖਿਆ ਅਤੇ ਕੁਰਬਾਨੀ ਬਾਰੇ ਸੁੰਦਰ ਭਾਸ਼ਣ ਪੇਸ਼ ਕੀਤੇ । ਵਿਦਿਆਰਥੀਆਂ ਨੇ ਗੁਰੂ ਜੀ ਦੀ ਨਿਰਭੈਤਾ, ਦਇਆ ਅਤੇ ਮਨੁੱਖਤਾ ਦੇ ਸਿਧਾਂਤਾਂ ਬਾਰੇ ਕਵਿਤਾਵਾਂ ਵੀ ਸੁਣਾਈਆਂ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋ ਅਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗੁਰੂ ਤੇਗ ਬਹਾਦੁਰ ਜੀ ਦੀ ਸ਼ਹੀਦੀ ਧਰਮ ਅਤੇ ਮਨੁੱਖਤਾ ਲਈ ਬੇਮਿਸਾਲ ਯੋਗਦਾਨ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਸੱਚ, ਹਿੰਮਤ ਅਤੇ ਤਿਆਗ ਵਾਲੇ ਰਸਤੇ 'ਤੇ ਤੁਰਨ ਦੀ ਪ੍ਰੇਰਣਾ ਦਿੱਤੀ।

# ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ ਦੇਸ਼ ਭਗਤੀ ਗੀਤ ਮੁਕਾਬਲਾ ਆਯੋਜਿਤ




**ਆਦਮਪੁਰ (ਪਰਮਜੀਤ ਸਿੰਘ)**

ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਜੀ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ 22 ਨਵੰਬਰ ਨੂੰ 8 ਪੰਜਾਬ ਬਟਾਲੀਅਨ ਐੱਨ ਸੀ ਸੀ ਦੁਆਰਾ ਨਿਰਧਾਰਤ ਵੰਦੇ ਮਾਤਰਮ ਯਾਦਗਾਰੀ ਪ੍ਰੋਗਰਾਮ ਦੇ ਤਹਿਤ ਇੱਕ ਦੇਸ਼ ਭਗਤੀ ਗੀਤ ਮੁਕਾਬਲਾ ਆਯੋਜਿਤ ਕੀਤਾ। ਇਸ ਸਮਾਗਮ ਦਾ ਉਦੇਸ਼ ਰਾਸ਼ਟਰੀ ਮਾਣ, ਏਕਤਾ ਅਤੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਪ੍ਰਤੀ ਸਤਿਕਾਰ ਨੂੰ ਉਤਸ਼ਾਹਿਤ ਕਰਨਾ ਸੀ। ਐਨ ਸੀ ਸੀ ਕੈਡਿਟਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪ੍ਰੇਰਨਾਦਾਇਕ ਦੇਸ਼ ਭਗਤੀ ਗੀਤ ਪੇਸ਼ ਕੀਤੇ। ਉਨ੍ਹਾਂ ਦੇ ਸ਼ਕਤੀਸ਼ਾਲੀ ਪ੍ਰਦਰਸ਼ਨਾਂ ਨੇ ਇੱਕ ਊਰਜਾਵਾਨ ਅਤੇ ਭਾਵਨਾਤਮਕ ਮਾਹੌਲ ਬਣਾਇਆ। ਮੁਕਾਬਲੇ ਦਾ ਨਿਰਣਾ ਸੁਰ, ਵਿਸ਼ਵਾਸ, ਟੀਮ ਵਰਕ ਅਤੇ ਦੇਸ਼ ਭਗਤੀ ਦੇ ਸੰਦੇਸ਼ 'ਤੇ ਕੀਤਾ ਗਿਆ। ਸੀ ਟੀ ਓ ਡਾ. ਮੋਹਨ ਲਾਲ ਨੇ ਪੂਰੇ ਸਮਾਗਮ ਦਾ ਕੁਸ਼ਲਤਾ ਨਾਲ ਤਾਲਮੇਲ ਕੀਤਾ ਅਤੇ ਤਿਆਰੀ ਦੌਰਾਨ ਕੈਡਿਟਾਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਦੀ ਅਗਵਾਈ ਅਤੇ ਮਾਰਗਦਰਸ਼ਨ ਨੇ ਮੁਕਾਬਲੇ ਦੇ ਸੁਚਾਰੂ ਅਤੇ ਸਫਲ ਸੰਚਾਲਨ ਵਿੱਚ ਮੁੱਖ ਭੂਮਿਕਾ ਨਿਭਾਈ। ਜੇਤੂਆਂ ਨੂੰ ਸਰਟੀਫਿਕੇਟ ਅਤੇ ਤਾੜੀਆਂ ਨਾਲ ਪ੍ਰਸ਼ੰਸਾ ਕੀਤੀ ਗਈ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨਾਲ ਸੰਬੰਧਤ ਪੈਦਲ ਯਾਤਰਾ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**

ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਭੋਗਪੁਰ ਦੇ ਵਿਦਿਆਰਥੀਆਂ ਨੇ ਬੜੀ ਸ਼ਰਧਾ ਅਤੇ ਭਗਤੀ ਭਾਵ ਨਾਲ ਪਿੰਡ ਜੌੜਾ ਦੇ ਵਿੱਚ ਪੈਦਲ ਯਾਤਰਾ ਕੀਤੀ ਗਈ। ਸਾਰੇ ਵਿਦਿਆਰਥੀਆਂ ਨੇ ਪੂਰੀ ਸਿੱਖੀ ਪਹਿਰਾਵੇ ਵਿੱਚ ਇਸ ਵਿੱਚ ਹਿੱਸਾ ਲਿਆ, ਜਿਸ ਨੇ ਇਸ ਮੌਕੇ ਨੂੰ ਹੋਰ ਵੀ ਖੂਬਸੂਰਤ ਅਤੇ ਅਨੰਦਮਈ ਬਣਾ ਦਿੱਤਾ। ਸਕੂਲ ਦੇ ਮੁਖੀ ਅਮਰੀਕ ਨੇ ਵੀ ਵਿਦਿਆਰਥੀਆਂ ਦਾ ਸਾਥ ਦਿੱਤਾ ਅਤੇ ਉਨ੍ਹਾਂ ਨੇ ਪੈਦਲ ਜਾ ਕੇ ਸਭ ਲਈ ਇੱਕ ਪ੍ਰੇਰਨਾਦਾਇਕ ਮਿਸਾਲ ਕਾਇਮ ਕੀਤੀ। ਮਾਹੌਲ ਸ਼ਾਂਤੀਪੂਰਨ ਅਤੇ ਅਧਿਆਤਮਿਕ ਸੀ। ਸਭ ਵਿਦਿਆਰਥੀਆਂ ਨੇ ਸਿਰ ਝੁਕਾਏ ਅਤੇ ਸਤਿਕਾਰ ਪੂਰਵਕ ਅਰਦਾਸਾ ਕੀਤਾ। ਇਸ ਨਗਰ ਫੇਰੀ ਦਾ ਮੁੱਖ ਉਦੇਸ਼ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਦਿਹਾੜੇ ਨੂੰ ਯਾਦ ਕਰਨਾ ਸੀ। ਵਿਦਿਆਰਥੀਆਂ ਨੇ ਮਨੁੱਖਤਾ ਅਤੇ ਧਾਰਮਿਕ ਅਜ਼ਾਦੀ ਲਈ ਉਨ੍ਹਾਂ ਦੇ ਉੱਚੇ ਬਲਿਦਾਨ ਬਾਰੇ ਜਾਣਕਾਰੀ ਹਾਸਲ ਕੀਤੀ। ਇਹ ਪੈਦਲ ਯਾਤਰਾ ਸਭ ਲਈ ਇੱਕ ਅਰਥਪੂਰਨ ਅਤੇ ਸਿੱਖਿਆਦਾਇਕ ਅਨੁਭਵ ਸਾਬਤ ਹੋਇਆ। ਇਸ ਪੈਦਲ ਯਾਤਰਾ ਵਿੱਚ ਪਿੰਡ ਜੌੜਾ ਦੀ ਸਮੂਹ ਸੰਗਤ ਨੇ ਸ਼ਾਮਲ ਹੋ ਕੇ ਪੂਰਾ ਸਾਥ ਦਿੱਤਾ। ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਦੇ ਉਪਰੰਤ ਸਭ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਵਿੱਚ ਸਕੂਲ ਦੇ ਮੁਖੀ ਅਮਰੀਕ ਸਿੰਘ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਸਭ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।



# ਰਿਆਤ-ਬਾਹਰਾ ਪ੍ਰੋਫੈਸ਼ਨਲ 'ਵਰਸਿਟੀ ਵੱਲੋਂ ਅਧਿਆਪਕ ਸਨਮਾਨ ਸਮਾਰੋਹ ਦਾ ਆਯੋਜਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਿਆਤ-ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਵੱਲੋਂ ਅਧਿਆਪਕ ਸਨਮਾਨ ਸਮਾਰੋਹ (ਫੇਜ਼-2) ਦਾ ਵਿਸ਼ਾਲ ਆਯੋਜਨ ਮੁਕੇਰੀਆਂ ਵਿੱਚ ਕੀਤਾ ਗਿਆ। ਇਹ ਸਮਾਰੋਹ ਦਸੂਹਾ ਰੀਜਨ ਟੀਮ ਵੱਲੋਂ ਆਯੋਜਿਤ ਕੀਤਾ ਗਿਆ। ਸਮਾਰੋਹ ਦਾ ਸੰਚਾਲਨ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਦੀ ਰਹਿਨੁਮਾਈ ਅਤੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਦੀ ਅਗਵਾਈ ਹੇਠ ਕੀਤਾ ਗਿਆ। ਮੁਕੇਰੀਆਂ, ਗੜ੍ਹਦੀਵਾਲਾ, ਹਰਿਆਣਾ, ਦਸੂਹਾ, ਤਲਵਾਰਾ ਅਤੇ ਗੁਰਦਾਸਪੁਰ ਇਲਾਕੇ ਤੋਂ 125 ਪ੍ਰਿੰਸੀਪਲ, ਅਕੈਡਮੀ ਮਾਲਕ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਅਧਿਆਪਕ ਸਮਾਰੋਹ ਵਿੱਚ ਸ਼ਾਮਲ ਹੋਏ। ਇਸ ਮੌਕੇ ਗੁਰਪ੍ਰੀਤ ਸਿੰਘ ਬੇਦੀ ਅਤੇ ਹਰਿੰਦਰ ਸਿੰਘ ਜਸਵਾਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਰਿਆਤ-ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੀਆਂ ਪ੍ਰਮੁੱਖ ਉਪਲਬਧੀਆਂ, ਵਿਜ਼ਨ ਬਾਰੇ ਰੌਸ਼ਨੀ ਪਾਈ। ਵਿਸ਼ੇਸ਼ ਮਹਿਮਾਨਾਂ ਦੇ ਤਜਰਬਿਆਂ ਨੇ ਸਮਾਰੋਹ ਨੂੰ ਹੋਰ ਵੀ ਪ੍ਰੇਰਨਾਦਾਇਕ ਬਣਾਇਆ। ਸਮਾਰੋਹ ਦੌਰਾਨ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਨਮਾਨਤ ਕੀਤਾ ਗਿਆ। ਮੰਚ ਦਾ ਸੰਚਾਲਨ ਰਮਨਦੀਪ ਵੱਲੋਂ ਕੀਤਾ ਗਿਆ। ਅੰਤ ਵਿੱਚ ਗੁਰਪ੍ਰੀਤ ਸਿੰਘ ਬੇਦੀ ਅਤੇ ਹਰਿੰਦਰ ਸਿੰਘ ਜਸਵਾਲ ਨੇ ਸਮਾਰੋਹ ਵਿੱਚ ਆਏ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ। ਸਮਾਰੋਹ ਵਿੱਚ ਯੂਨੀਵਰਸਿਟੀ ਦੀ ਐਡਮਿਸ਼ਨ ਅਤੇ ਮਾਰਕੀਟਿੰਗ ਟੀਮ ਸਮੇਤ ਸ਼ਹਿਰਵਾਸੀ ਵੀ ਮੌਜੂਦ ਸਨ।



# ਨਗਰ ਨਿਗਮ ਦਰੱਖਤਾਂ ਦੀ ਮਹੱਤਤਾ ਸਮਝਣ 'ਚ ਨਾਕਾਮ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**

ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਸ਼ਹਿਰ ਅੰਦਰ ਅਨੇਕਾਂ ਸੜਕਾਂ ਦੇ ਆਲੇ ਦੁਆਲੇ ਹਰ ਸਾਲ ਦੀ ਤਰ੍ਹਾਂ ਬੜੀ ਬੇਰਹਿਮੀ ਨਾਲ ਹਰੇ ਦਰਖਤਾਂ ਨੂੰ ਕੱਟ ਕੇ ਵਾਤਾਵਰਣ



ਸੰਤੁਲਨ ਅਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੀ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਹੈ ਕਿ ਨੇਸ਼ਨਲ ਗ੍ਰੀਨ ਟ੍ਰਿਬਿਊਨਲ ਵਲੋਂ ਪੰਜਾਬ ਅੰਦਰ ਘੱਟ ਰਹੀ ਦਰਖਤਾਂ ਦੀ ਗਿਣਤੀ ਨੂੰ ਰੋਕਣ ਲਈ ਅਤੇ ਦਰਖਤਾਂ ਦੀ ਸੰਭਾਲ ਲਈ ਆਉਣ ਵਾਲੇ ਭੱਵਿਖ ਨੂੰ ਲੈ ਕੇ ਵਾਤਾਵਰਣ ਪ੍ਰਤੀ ਚੇਤਾਵਨੀਆਂ ਦਿਤੀਆਂ ਜਾ ਚੁੱਕੀਆਂ ਹਨ।ਉਨ੍ਹਾਂ ਕਿਹਾ ਕਿ ਦਰਖਤ ਇਕਲਾ ਜੀਵਨ ਹੀ ਨਹੀਂ ਦਿੰਦੇ ਸਗੋਂ ਵਾਤਾਵਰਣ ਸੰਤੁਲਨ ਅਤੇ ਹਰੇਕ ਪ੍ਰਾਣੀ ਨੂੰ ਤੰਦਰੁਸਤੀ ਵੀ ਪ੍ਰਦਾਨ ਕਰਦੇ ਹਨ ਅਤੇ ਗਲੋਬਲ ਵਾਰਮਿੰਗ ਨੂੰ ਰੋਕਣ ਦਾ ਵੀ ਕੰਮ ਕਰਦੇ ਹਨ।ਧੀਮਾਨ ਨੇ ਕਿਹਾ ਕਿ ਜੇਲ੍ਹ ਰੋਡ ਤੇ ਸੜਕ ਦੇ ਕਿਨਾਰੇ ਉਤੇ ਬਿਜਲੀ ਦੇ ਖੰਭੇ ਲਗਾਉਣ ਲਈ ਦਰਖਤਾਂ ਦੇ ਸਿਰ ਹੀ ਕਲਮ ਨਹੀਂ ਕੀਤੇ ਜਾਂਦੇ ਸਗੋਂ ਬਿਲਕੁਲ ਸੜਕ ਦੇ ਕਿਨਾਰੇ ਖੰਭੇ ਲਗਾ ਕਿ ਐਕਸੀਡੈਂਟ ਹੋਣ ਦਾ ਵੀ ਰਾਹ ਪਧੱਰਾ ਕੀਤਾ ਜਾਂਦਾ ਹੈ।ਬਿਲਕੁਲ ਸੜਕ ਦੇ ਕਿਨਾਰੇ ਖੰਭਾ ਲਗਾਉਣਾ ਰੋਡ ਸੈਫਟੀ ਨਿਯਮਾਂ ਦੀ ਉਲੰਘਣਾ ਵੀ ਕਰਦਾ ਹੈ।ਫਿਰ ਜਗਾੜੂ ਟ੍ਰੇਕਟਰ ਉਤੇ ਡ੍ਰਿਲ ਵਰਮਾ ਲਗਾ ਕਿ ਗੈਰ ਕਾਨੂੰਨੀ ਕੰਮਾਂ ਨੂੰ ਤਰਜੀਹ ਦਿਤੀ ਜਾਂਦੀ ਹੈ।

# ਸ਼ਹੀਦੀ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸ਼ਰਧਾ ਭਾਵਨਾ ਨਾਲ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ

**ਜਲੰਧਰ, (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**-ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਵਿੱਤਰ ਨਗਰ ਕੀਰਤਨ ਨੂੰ ਜਲੰਧਰ ਦੇ ਗੁਰੂ ਨਾਨਕ ਮਿਸ਼ਨ ਚੌਕ ਵਿਖੇ ਪਹੁੰਚਣ 'ਤੇ ਪੰਜਾਬ ਪੁਲਸ ਦੀ ਟੁਕੜੀ ਵਲੋਂ 'ਗਾਰਡ ਆਫ਼ ਆਨਰ' ਦਿੱਤਾ ਗਿਆ। ਸ਼ੁੱਕਰਵਾਰ ਰਾਤ ਨੂੰ ਜ਼ਿਲ੍ਹੇ ਵਿੱਚ ਪ੍ਰਵੇਸ਼ ਹੋਣ ਵਾਲਾ ਇਹ ਪਵਿੱਤਰ ਨਗਰ ਕੀਰਤਨ ਸ਼ਨੀਵਾਰ ਨੂੰ ਗੁਰਦੁਆਰਾ ਡੇਰਾ ਸੰਤਗੜ੍ਹ ਸਾਹਿਬ ਤੋਂ ਆਪਣਾ ਅਗਲਾ ਪੜਾਅ ਮੁੜ ਆਰੰਭ ਕਰਕੇ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੋਂ ਹੁੰਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਇਆ। ਵੱਡੀ ਗਿਣਤੀ ਸੰਗਤਾਂ ਸਤਿਕਾਰ ਭੇਟ ਕਰਨ ਲਈ ਸੜਕਾਂ 'ਤੇ ਕਤਾਰਾਂ ਬੰਨ੍ਹ ਕੇ ਖੜ੍ਹੀਆਂ ਸਨ। ਜਿਵੇਂ ਹੀ ਨਗਰ ਕੀਰਤਨ ਅੱਗੇ ਵਧਿਆ, ਸੰਗਤਾਂ ਵੱਲੋਂ ਨਤਮਸਤਕ ਹੁੰਦਿਆਂ ਸ਼ਰਧਾ ਭਾਵ ਨਾਲ ਸਵਾਗਤ ਕੀਤਾ ਗਿਆ। ਗੁਰਬਾਣੀ ਦੇ ਸ਼ਬਦ ਗਾਇਨ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਸੀਸ ਝੁਕਾਇਆ ਗਿਆ, ਜਿਸ ਨਾਲ ਸਮੁੱਚਾ ਮਾਹੌਲ ਧਾਰਮਿਕ ਤੇ ਅਧਿਆਤਮਿਕਤਾ ਦੇ ਰੰਗ ਵਿੱਚ ਰੰਗਿਆ ਗਿਆ।



ਪਵਿੱਤਰ ਨਗਰ ਕੀਰਤਨ ਵਿੱਚ ਵੱਖ-ਵੱਖ ਸ਼ਖਸੀਅਤਾਂ, ਜਿਨ੍ਹਾਂ ਵਿੱਚ ਕੈਬਨਿਟ ਮੰਤਰੀ ਮੋਹਿੰਦਰ ਭਗਤ, ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਮੇਅਰ ਵਿਨੀਤ ਧੀਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਪੰਜਾਬ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੁੰਦਿਆਂ ਸ਼ਾਂਤੀ ਅਤੇ ਸਮੁੱਚੀ ਮਨੁੱਖਤਾ ਦੀ ਭਲਾਈ ਦੀ ਕਾਮਨਾ ਕਰਦਿਆਂ 'ਸਰਬੱਤ ਦੇ ਭਲੇ' ਦੀ ਅਰਦਾਸ ਕੀਤੀ ਗਈ।

ਇਸ ਮੌਕੇ ਸੰਗਤਾਂ ਦੇ ਰੂ-ਬਰੂ ਹੁੰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਯਾਦਗਾਰੀ ਸਮਾਗਮ ਕਰਵਾਏ ਜਾ ਰਹੇ ਹਨ। ਇਨ੍ਹਾਂ ਰਾਜ ਵਿਆਪੀ ਸਮਾਗਮਾਂ ਦੀ ਲੜੀ ਵਿੱਚ ਨਗਰ ਕੀਰਤਨ, ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ੇਸ਼ ਵਿਧਾਨ ਸਭਾ ਸੈਸ਼ਨ, ਡਰੋਨ ਸ਼ੋਅ, ਲਾਈਟ ਐਂਡ ਸਾਊਂਡ ਸ਼ੋਅ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਸਮਾਗਮ ਕਰਵਾਉਣ ਦਾ ਉਦੇਸ਼ ਗੁਰੂ ਸਾਹਿਬ ਜੀ ਦੇ ਸ਼ਾਂਤੀ ਅਤੇ ਵਿਸ਼ਵਵਿਆਪੀ ਭਾਈਚਾਰਕ ਸਾਂਝ ਦੇ ਸਦੀਵੀ ਸੰਦੇਸ਼ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਫੈਲਾਉਣਾ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਮਨੁੱਖੀ ਅਧਿਕਾਰਾਂ ਅਤੇ ਮਾਣ-ਸਨਮਾਨ ਦੀ ਰੱਖਿਆ ਲਈ ਅਦੁੱਤੀ ਸ਼ਹਾਦਤ ਦਿੱਤੀ ਗਈ, ਜੋ ਕਿ ਸਭ ਤਰ੍ਹਾਂ ਦੇ ਧਾਰਮਿਕ ਵਖਰੇਵਿਆਂ ਤੋਂ ਪਰੇ ਸੀ।ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਅਤੇ ਫਲਸਫਾ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ।

## ਲਾਡੀ ਸ਼ੇਰੋਵਾਲੀਆ ਦਾ ਦੂਸਰੀ ਵਾਰ ਪ੍ਰਧਾਨ ਬਣਨ 'ਤੇ ਸਵਾਗਤ

**ਨਕੋਦਰ (ਮਨਜੀਤ ਮਾਨ)**-ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਦੂਸਰੀ ਵਾਰ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਬਣਨ ਤੇ ਉੱਘੇ ਸਮਾਜ ਸੇਵਕ ਮੁਖਤਿਆਰ ਸਿੰਘ ਰਾਣਾ ਤੇ ਸਤਵਿੰਦਰ ਸਿੰਘ ਕੁਲਾਰ ਵੱਲੋਂ ਫੁੱਲਾਂ ਦਾ ਗੁਲਦਸਤਾ ਦੇ ਕੇ ਭਰਵਾਂ ਸਵਾਗਤ ਕੀਤਾ ਗਿਆ। ਉਕਤ ਆਗੂਆਂ ਨੇ ਕਿਹਾ ਕਿ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਇੱਕ ਬਹੁਤ ਹੀ ਇਮਾਨਦਾਰ ਤੇ ਸੂਝਵਾਨ ਲੀਡਰ ਹਨ ਜਿਨ੍ਹਾਂ ਦੇ ਦੂਸਰੀ ਵਾਰ ਪ੍ਰਧਾਨ ਬਣਨ ਤੇ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ।



## ਥਾਣਾ ਮੁਖੀ ਦਾ ਚਾਰਜ ਸੰਭਾਲਣ 'ਤੇ ਸਵਾਗਤ



**ਕਪੂਰਥਲਾ (ਮਨਜੀਤ ਮਾਨ)**-ਸੀ ਆਈ ਏ ਸਟਾਫ ਕਪੂਰਥਲਾ ਦੇ ਥਾਣਾ ਮੁਖੀ ਸ੍ਰੀ ਰਮਨ ਕੁਮਾਰ ਵੱਲੋਂ ਚਾਰਜ ਸੰਭਾਲਣ ਤੇ ਉੱਘੇ ਸਮਾਜ ਸੇਵਕ ਮੁਖਤਿਆਰ ਸਿੰਘ ਰਾਣਾ ਤੇ ਸਤਵਿੰਦਰ ਸਿੰਘ ਕੁਲਾਰ ਵੱਲੋਂ ਵਿਸ਼ੇਸ਼ ਤੌਰ 'ਤੇ ਸਵਾਗਤ ਕੀਤਾ ਗਿਆ। ਥਾਣਾ ਮੁਖੀ ਸ੍ਰੀ ਰਮਨ ਕੁਮਾਰ ਨੇ ਕਿਹਾ ਕਿ ਇਮਾਨਦਾਰ ਤੇ ਸੂਝਵਾਨ ਲੋਕਾਂ ਵਾਸਤੇ ਮੈਂ 24 ਘੰਟੇ ਹਾਜ਼ਰ ਹਾਂ। ਉਨ੍ਹਾਂ ਸਮੱਗਲਰਾਂ ਤੇ ਗੁੰਡਾ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।